@Qpatrika | @qaumipatrika punjabi | instagram.com/qaumipatrika

Largest Circulated

विश्व भर में सबसे ज्यादा पढ़ा जाने वाला

# ਕੌਮੀ ਪੱਤ੍ਰਿਕਾ

Qaumi Patrika NO.1

Punjabi National Daily

ਦਿੱਲੀ, ਹਿਮਾਚਲ, ਹਰਿਆਣਾ, ਪੰਜਾਬ, ਉੱਤਰ ਪ੍ਰਦੇਸ਼, ਉੱਤਰਾਖੰਡ से प्रसारित।

Saturday, 13 June 2026

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਸ਼ਨੀਵਾਰ 13 ਜੂਨ 2026, 30 ਜੇਠ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81— ਸੰਪਾਦਕ — ਗੁਰਚਰਨ ਸਿੰਘ ਬੱਬਰ — ਸਾਲ — 44, ਅੰਕ 219, qpatrika@gmail.com ਫੋਨ : 9971359517 www.qaumipatrika.org

## ਨੀਤੀ ਆਯੋਗ ਦੀ ਬੈਠਕ 'ਚ ਬੋਲੇ ਪ੍ਰਧਾਨ ਮੰਤਰੀ ਮੋਦੀ, 'ਭਾਰਤੀ ਅਰਥਵਿਵਸਥਾ ਬਣੀ ਹੋਈ ਹੈ ਮਜ਼ਬੂਤ'

**ਕੌਮੀ ਪੱਤ੍ਰਿਕਾ**
**ਸਿੰਮੀ ਕੌਰ ਬੱਬਰ**

ਨਵੀਂ ਦਿੱਲੀ 12 ਜੂਨ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਇਕ ਵਿਕਸਿਤ ਰਾਸ਼ਟਰ ਦੇ ਟੀਚਿਆਂ ਤੱਕ ਪਹੁੰਚਣ ਲਈ ਸਰਕਾਰ ਦੇ ਹਰ ਪੱਧਰ 'ਤੇ ਸਹਿਯੋਗ ਅਤੇ ਸਮੂਹਿਕ ਜ਼ਿੰਮੇਵਾਰੀ ਦੀ ਜ਼ਰੂਰਤ 'ਤੇ ਜ਼ੋਰ ਦਿੰਦੇ ਹੋਏ ਵੀਰਵਾਰ ਨੂੰ ਕਿਹਾ ਕਿ ਨੀਤੀ ਆਯੋਗ ਅਜਿਹੇ ਸਹਿਯੋਗ ਲਈ ਇਕ ਪ੍ਰਭਾਵਸ਼ਾਲੀ ਪਲੇਟਫਾਰਮ ਦੀ ਭੂਮਿਕਾ ਨਿਭਾ ਸਕਦਾ ਹੈ। ਪੀ.ਐੱਮ. ਮੋਦੀ ਨੇ ਨੌਜਵਾਨ ਆਬਾਦੀ ਨੂੰ ਦੇਸ਼ ਲਈ ਇਕ ਪ੍ਰਮੁੱਖ ਤਾਕਤ ਅਤੇ ਇਕ ਇਤਿਹਾਸਕ ਮੌਕਾ ਦੱਸਦੇ ਹੋਏ ਇਸ ਦਾ ਲਾਭ ਚੁੱਕਣ ਲਈ ਨੌਜਵਾਨਾਂ ਨੂੰ ਮੰਗ-ਅਧਾਰਤ ਸਿੱਖਿਆ ਅਤੇ ਸਿਖਲਾਈ ਪ੍ਰਦਾਨ ਕਰਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਉਹ ਰਾਜਧਾਨੀ 'ਚ ਨੀਤੀ ਆਯੋਗ ਦੀ ਗਵਰਨਿੰਗ ਕੌਂਸਲ ਦੀ 11ਵੀਂ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ। ਪ੍ਰਧਾਨ ਮੰਤਰੀ ਨੇ ਕਿਹਾ ਕਿ ਵਿਸ਼ਵਵਿਆਪੀ ਬੇਨਿਯਮੀਆਂ ਦੇ ਬਾਵਜੂਦ, ਭਾਰਤੀ ਅਰਥਵਿਵਸਥਾ ਚੰਗੀ ਗਤੀ ਨਾਲ ਵਧ ਰਹੀ ਹੈ ਅਤੇ ਮਜ਼ਬੂਤ ਬਣੀ ਹੋਈ ਹੈ। ਵੱਖ-ਵੱਖ ਦੇਸ਼ਾਂ ਅਤੇ ਸਮੂਹਾਂ ਨਾਲ ਦਸਤਖਤ ਕੀਤੇ ਗਏ ਮੁਕਤ ਵਪਾਰ ਸਮਝੌਤੇ (ਐਫ.ਟੀ.ਏ.) ਛੋਟੇ ਅਤੇ ਦਰਮਿਆਨੇ ਉੱਦਮਾਂ ਸਮੇਤ ਅਰਥਵਿਵਸਥਾ ਦੇ ਵੱਖ-ਵੱਖ ਖੇਤਰਾਂ ਲਈ ਮੌਕਿਆਂ ਦਾ ਵਿਸਤਾਰ ਕਰਨਗੇ। ਸਾਰੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਮੁੱਖ ਮੰਤਰੀਆਂ, ਲੈਫਟੀਨੈਂਟ ਗਵਰਨਰਾਂ, ਉਨ੍ਹਾਂ ਦੇ ਸੀਨੀਅਰ ਸਹਿਯੋਗੀਆਂ ਅਤੇ ਸੀਨੀਅਰ ਅਧਿਕਾਰੀਆਂ ਦੀ ਮੌਜੂਦਗੀ 'ਚ ਪੀਐੱਮ ਮੋਦੀ ਨੇ ਕਿਹਾ,ਜਿਵੇਂ ਜਿਵੇਂ ਭਾਰਤ ਇਕ 'ਵਿਕਸਿਤ ਰਾਸ਼ਟਰ' ਦੇ ਟੀਚੇ ਨੂੰ ਪ੍ਰਾਪਤ ਕਰਨ ਵੱਲ ਵਧਦਾ ਹੈ, ਸਾਡੀ ਸਮੂਹਿਕ ਜ਼ਿੰਮੇਵਾਰੀ ਹੋਰ ਵੀ ਵਧ ਜਾਂਦੀ ਹੈ। ਰਾਜਾਂ 'ਚ ਸਹਿਯੋਗ, ਗੱਲਬਾਤ ਅਤੇ ਅਨੁਭਵਾਂ ਦੀ ਸਾਂਝ ਮਾਰਗਦਰਸ਼ਕ ਸਿਧਾਂਤ ਹੋਣੇ ਚਾਹੀਦੇ ਹਨ। ਇਸ ਸੰਦਰਭ 'ਚ ਉਨ੍ਹਾਂ ਕਿਹਾ ਕਿ ਨੀਤੀ ਆਯੋਗ ਸਹਿਯੋਗ ਲਈ ਇਕ ਪ੍ਰਭਾਵਸ਼ਾਲੀ ਪਲੇਟਫਾਰਮ ਵਜੋਂ ਇਕ ਮਹੱਤਵਪੂਰਨ ਭੂਮਿਕਾ ਨਿਭਾ ਸਕਦਾ ਹੈ, ਜਿੱਥੇ ਰਾਜ ਵਿਚਾਰਾਂ ਦਾ ਆਦਾਨ-ਪ੍ਰਦਾਨ ਕਰ ਸਕਣ ਅਤੇ ਇਕ ਵਿਕਸਿਤ ਭਾਰਤ ਦੇ ਟੀਚੇ ਨੂੰ ਪ੍ਰਾਪਤ ਕਰਨ ਲਈ ਇਕੱਠੇ ਕੰਮ ਕਰ ਸਕਦੇ ਹਨ। ਪ੍ਰਧਾਨ ਮੰਤਰੀ ਨੇ ਦੇਸ਼ ਦੀ ਆਬਾਦੀ 'ਚ ਨੌਜਵਾਨਾਂ ਦੇ ਵੱਡੇ ਅਨੁਪਾਤ ਨੂੰ ਇਕ ਇਤਿਹਾਸਕ ਮੌਕਾ ਦੱਸਿਆ ਅਤੇ ਕਿਹਾ, ਅਸੀਂ ਇਸ ਨੂੰ ਗੁਆਉਣਾ ਦਾ ਜ਼ੋਖਮ ਨਹਂ ਚੁੱਕ ਸਕਦੇ। ਉਨ੍ਹਾਂ ਕਿਹਾ ਕਿ ਗੁਣਵੱਤਾ ਵਾਲੀ ਸਿੱਖਿਆ, ਮੰਗ-ਅਧਾਰਤ ਹੁਨਰ ਵਿਕਾਸ ਅਤੇ ਰੁਜ਼ਗਾਰ ਦੇ ਮੌਕਿਆਂ ਰਾਹੀਂ ਨੌਜਵਾਨਾਂ ਲਈ ਇਕ ਅਨੁਕੂਲ ਵਾਤਾਵਰਣ ਬਣਾਉਣਾ ਸਾਡੀ ਤਰਜੀਹ ਬਣੀ ਰਹਿਣੀ ਚਾਹੀਦੀ ਹੈ। ਸਸ਼ਕਤ ਨੌਜਵਾਨ ਭਾਰਤ ਦੀ ਵਿਕਾਸ ਯਾਤਰਾ ਦੇ ਸਭ ਤੋਂ ਵੱਡੇ ਚਾਲਕ ਹੋਣਗੇ। ਉਨ੍ਹਾਂ ਕਿਹਾ ਕਿ ਔਰਤਾਂ ਦੀ ਅਗਵਾਈ ਵਾਲਾ ਵਿਕਾਸ ਇਕ ਵਿਕਸਿਤ ਭਾਰਤ ਦੇ ਦ੍ਰਿਸ਼ਟੀਕੋਣ ਦੀ ਇਕ ਮੁੱਖ ਨੀਂਹ ਹੈ। ਔਰਤਾਂ ਖੇਤੀਬਾੜੀ, ਸਟਾਰਟਅੱਪ, ਵਿਗਿਆਨ ਅਤੇ ਨਵੀਨਤਾ ਸਮੇਤ ਵੱਖ-ਵੱਖ ਖੇਤਰਾਂ 'ਚ ਮਹੱਤਵਪੂਰਨ ਯੋਗਦਾਨ ਪਾ ਰਹੀਆਂ ਹਨ। ਰਾਜਾਂ ਨੂੰ ਆਪਣੀ ਪੂਰੀ ਸਮਰੱਥਾ ਦਾ ਉਪਯੋਗ ਕਰਦੇ ਹੋਏ ਭਾਰਤ ਦੀ ਵਿਕਾਸ ਯਾਤਰਾ ਨੂੰ ਤੇਜ਼ ਕਰਨ ਲਈ ਔਰਤਾਂ ਦੀ ਸਿੱਖਿਆ, ਹੁਨਰ ਵਿਕਾਸ, ਸੁਰੱਖਿਆ ਅਤੇ ਸਸ਼ਕਤੀਕਰਨ ਨੂੰ ਤਰਜੀਹ ਦੇਣੀ ਚਾਹੀਦੀ ਹੈ।




## ਮੁੱਖ ਮੰਤਰੀ ਵਿਜੇ ਨੇ ਕਿਸਾਨਾਂ ਲਈ ਖੋਲ੍ਹਿਆ ਖਜ਼ਾਨਾ, 134.83 ਕਰੋੜ ਦੇ ਵਿਸ਼ੇਸ਼ ਪੈਕੇਜ ਦਾ ਕੀਤਾ ਐਲਾਨ

**ਕੌਮੀ ਪੱਤ੍ਰਿਕਾ**

ਚੇਨਈ 12 ਜੂਨ। ਤਾਮਿਲਨਾਡੂ ਦੇ ਮੁੱਖ ਮੰਤਰੀ ਸੀ. ਜੋਸਫ਼ ਵਿਜੇ ਨੇ ਸ਼ੁੱਕਰਵਾਰ ਨੂੰ ਕਾਵੇਰੀ ਡੈਲਟਾ ਖੇਤਰ ਦੇ ਕਿਸਾਨਾਂ ਲਈ 134.83 ਕਰੋੜ ਰੁਪਏ ਦੇ ਵਿਸ਼ੇਸ਼ ਪੈਕੇਜ ਦਾ ਐਲਾਨ ਕੀਤਾ ਤਾਂ ਜੋ ਉਹ ਘੱਟ ਸਮੇਂ 'ਚ ਤਿਆਰ ਹੋਣ ਵਾਲੀ 'ਕੁਰੂਵਾਈ' ਝੋਨਾ ਅਤੇ ਹੋਰ ਫਸਲਾਂ ਦੀ ਖੇਤੀ ਕਰ ਸਕਣ। ਨਾਲ ਹੀ, ਸਰਕਾਰ ਨੇ ਸਿੰਚਾਈ ਲਈ ਰੋਜ਼ਾਨਾ 18 ਘੰਟੇ ਬਿਨਾਂ ਰੁਕਾਵਟ ਤਿੰਨ-ਫੇਜ਼ ਬਿਜਲੀ ਦੇਣ ਦਾ ਵੀ ਐਲਾਨ ਕੀਤਾ ਹੈ। ਦੱਸਣਯੋਗ ਹੈ ਕਿ ਮੇਟੂਰ ਡੈਮ 'ਚ ਪਾਣੀ ਦਾ ਪੱਧਰ ਘੱਟ ਹੋਣ ਕਾਰਨ, ਇਸ ਸਾਲ 12 ਜੂਨ ਨੂੰ ਸਿੰਚਾਈ ਲਈ ਪਾਣੀ ਨਹੀਂ ਛੱਡਿਆ ਜਾ ਸਕਿਆ। ਕਰਨਾਟਕ ਵਾਧੂ ਪਾਣੀ ਤਾਂ ਛੱਡ ਰਿਹਾ ਹੈ, ਪਰ ਕਾਵੇਰੀ ਜਲ ਵਿਵਾਦ ਟ੍ਰਿਬਿਊਨਲ ਦੇ ਅੰਤਿਮ ਫੈਸਲੇ ਅਨੁਸਾਰ ਤਾਮਿਲਨਾਡੂ ਨੂੰ ਮਿਲਣ ਵਾਲਾ ਹਰ ਮਹੀਨੇ ਦਾ ਤੈਅ ਪਾਣੀ ਨਹੀਂ ਦਿੱਤਾ ਹੈ। ਇਸੇ ਕਾਰਨ ਸਟੈਨਲੀ ਰਿਜ਼ਰਵਾਇਰ (ਮੇਟੂਰ ਡੈਮ) 'ਚ ਪਾਣੀ ਦਾ ਪੱਧਰ ਘੱਟ ਗਿਆ ਹੈ। ਇਸ ਬੰਨ੍ਹ ਦੀ ਕੁੱਲ ਸਮਰੱਥਾ 120 ਫੁੱਟ ਹੈ ਪਰ ਫਿਲਹਾਲ ਇਸ 'ਚ ਸਿਰਫ਼ 80 ਫੁੱਟ ਦੇ ਨੇੜੇ-ਤੇੜੇ ਹੀ ਪਾਣੀ ਹੈ। ਨਿਯਮਾਂ ਅਨੁਸਾਰ, ਖੇਤਾਂ ਦੇ ਆਖਰੀ ਛੋਰ ਤੱਕ ਪਾਣੀ ਪਹੁੰਚਾਉਣ ਲਈ ਬੰਨ੍ਹ 'ਚ ਘੱਟੋ-ਘੱਟ 90 ਫੁੱਟ ਪਾਣੀ ਹੋਣਾ ਜ਼ਰੂਰੀ ਹੈ, ਉਦੋਂ ਸਿੰਚਾਈ ਲਈ ਪਾਣੀ ਛੱਡਿਆ ਜਾ ਸਕਦਾ ਹੈ। ਮੁੱਖ ਮੰਤਰੀ ਨੇ ਇਕ ਬਿਆਨ 'ਚ ਕਿਹਾ ਕਿ ਮੌਸਮ ਵਿਭਾਗ ਅਨੁਸਾਰ, ਅਲ ਨੀਨੋ ਦੇ ਅਸਰ ਕਾਰਨ ਇਸ ਵਾਰ ਦੱਖਣ-ਪੱਛਮੀ ਮਾਨਸੂਨ 'ਚ ਆਮ ਤੋਂ ਘੱਟ ਬਾਰਿਸ਼ ਦਾ ਅਨੁਮਾਨ ਹੈ। ਇਸ ਕਾਰਨ ਮਾਨਸੂਨ ਵੀ ਤਿੰਨ ਦਿਨ ਦੇਰੀ ਨਾਲ ਆਇਆ ਹੈ। ਫਿਲਹਾਲ ਮੇਟੂਰ ਬੰਨ੍ਹ 'ਚ ਪਾਣੀ ਦਾ ਪੱਧਰ 79.56 ਫੁੱਟ ਹੈ, ਜੋ ਕੁਰੂਵਈ ਦੀ ਖੇਤੀ ਲਈ ਪਾਣੀ ਛੱਡਣ ਦੇ ਤੈਅ ਪੈਮਾਨੇ ਤੋਂ ਘੱਟ ਹੈ। ਆਮ ਤੌਰ 'ਤੇ ਡੈਲਟਾ ਜ਼ਿਲ੍ਹਿਆਂ 'ਚ ਕਰੀਬ 5 ਲੱਖ ਏਕੜ 'ਚ ਕੁਰੂਵਈ ਝੋਨੇ ਦੀ ਖੇਤੀ ਹੁੰਦੀ ਹੈ। ਪਿਛਲੇ ਸਾਲ ਤਾਂ ਇਹ 6 ਲੱਖ ਹੈਕਟੇਅਰ ਦੇ ਪਾਰ ਪਹੁੰਚ ਗਈ ਸੀ, ਜਿਸ ਨਾਲ ਰਿਕਾਰਡ ਪੈਦਾਵਾਰ ਹੋਈ ਸੀ ਪਰ ਇਸ ਸਾਲ ਪਾਣੀ ਦੀ ਕਿੱਲਤ ਕਾਰਨ ਖੇਤੀ ਸਿਰਫ਼ 3.55 ਲੱਖ ਏਕੜ ਤੱਕ ਸੀਮਿਤ ਰਹਿਣ ਦਾ ਖ਼ਦਸ਼ਾ ਹੈ। ਸ਼ਰੀ ਵਿਜੇ ਨੇ ਦੱਸਿਆ ਕਿ ਪ੍ਰਭਾਵਿਤ ਕਿਸਾਨਾਂ ਦੀ ਮਦਦ ਲਈ ਸਰਕਾਰ ਨੇ ਮੁੱਖ ਝੋਨਾ ਉਤਪਾਦਕ ਡੈਲਟਾ ਜ਼ਿਲ੍ਹਿਆਂ ਨੂੰ ਕੁਰੂਵਈ ਪੈਕੇਜ ਦੇ ਅਧੀਨ 77.50 ਕਰੋੜ ਰੁਪਏ ਦਿੱਤੇ ਹਨ। ਇਸ ਤੋਂ ਇਲਾਵਾ, ਗੈਰ-ਡੈਲਟਾ ਜ਼ਿਲ੍ਹਿਆਂ ਲਈ 57.33 ਕਰੋੜ ਰੁਪਏ ਤੈਅ ਕੀਤੇ ਗਏ ਹਨ, ਜਿੱਥੇ ਕਾਰ, ਕੁਰੂਵਈ ਅਤੇ ਸੋਰਨਾਵਰੀ ਫਸਲਾਂ ਉਗਾਈਆਂ ਜਾਂਦੀਆਂ ਹਨ। ਇਸ ਪੈਕੇਜ ਦੇ ਅਧੀਨ ਮੁੱਖ ਮੰਤਰੀ ਇਹ ਸਾਫ਼ ਕੀਤਾ ਕਿ ਖੇਤੀ-ਕਿਸਾਨੀ ਦੇ ਕੰਮ 'ਚ ਕੋਈ ਰੁਕਾਵਟ ਨਾ ਆਏ, ਇਸ ਲਈ ਕਿਸਾਨਾਂ ਨੂੰ ਦਿਨ 'ਚ 18 ਘੰਟੇ ਬਿਨਾਂ ਰੁਕਾਵਟ ਦੇ ਤਿੰਨ ਫੇਜ਼ 'ਚ ਬਿਜਲੀ ਮਿਲੇਗੀ। ਇਸ ਫੈਸਲੇ ਨਾਲ ਖੇਤੀ ਦੇ ਸੀਜ਼ਨ 'ਚ ਸਿੰਚਾਈ ਦੇ ਕੰਮ ਨੂੰ ਬਹੁਤ ਵੱਡੀ ਰਾਹਤ ਮਿਲਣ ਦੀ ਉਮੀਦ ਹੈ। ਸਰਕਾਰ ਨੇ ਭਰੋਸਾ ਦਿੱਤਾ ਹੈ ਕਿ ਖੇਤੀ ਦੇ ਸੀਜਨ ਨੂੰ ਦੇਖਦੇ ਹੋਏ ਜ਼ਰੂਰੀ ਚੀਜ਼ਾਂ ਦਾ ਪੂਰਾ ਇੰਤਜ਼ਾਮ ਕਰ ਲਿਆ ਗਿਆ ਹੈ।



## ਬੋਸ਼ੀਆ ਇੰਡੀਆ ਵੱਲੋਂ ਭਾਰਤ ਦੇ ਤਿੰਨਾਂ ਸੈਨਾਵਾਂ ਦੇ ਮੁਖੀਆਂ ਦਾ ਸਨਮਾਨ

ਜੈਤੋ 12 ਜੂਨ। ਬੋਸ਼ੀਆ ਸਪੋਰਟਸ ਫੈਡਰੇਸ਼ਨ ਆਫ ਇੰਡੀਆ ਵੱਲੋਂ ਭਾਰਤ ਦੇਸ਼ ਦੇ ਤਿੰਨ ਸੈਨਾਵਾਂ ਦੇ ਮੁਖੀ ਮਾਣਯੋਗ ਜਨਰਲ ਐਨ. ਐਸ. ਰਾਜਾ ਸੁਬਰਮਨੀ ਨੂੰ ਬੋਸ਼ੀਆ ਸਪੋਰਟਸ ਫੈਡਰੇਸ਼ਨ ਆਫ ਇੰਡੀਆ ਟੀਮ ਵੱਲੋਂ ਦਿੱਲੀ ਵਿਖੇ ਵਿਸ਼ੇਸ਼ ਸਨਮਾਨ ਸਮਾਰੋਹ ਦਾ ਆਯੋਜਨ ਕਰਕੇ ਸਨਮਾਨਿਤ ਕੀਤਾ ਗਿਆ ਅਤੇ ਸਭ ਨੂੰ ਡਿਨਰ ਕਰਵਾਇਆ ਗਿਆ। ਇਸ ਵਿਚ ਭਾਰਤ ਸਰਕਾਰ ਦੇ ਬਹੁਤ ਹੀ ਉੱਚ ਕੋਟੀ ਦੇ ਅਫਸਰ ਸਾਹਿਬਾਨਾਂ ਨੇ ਵੀ ਸ਼ਿਰਕਤ ਕੀਤੀ। ਬੋਸੀਆ ਇੰਡੀਆ ਦੇ ਖਿਡਾਰੀਆਂ ਦੀ ਸ਼ੁਰੂ ਤੋਂ ਹੀ ਸਪੋਰਟ ਕਰਨ ਵਾਲੇ ਜਨਰਲ ਐੱਨ. ਐੱਸ. ਰਾਜਾ ਸੁਬਰਮਨੀ ਨੂੰ ਭਾਰਤ ਦੀਆਂ ਤਿੰਨੇ ਸੈਨਾਵਾਂ ਦੇ ਮੁਖੀ ਦੀ ਸੇਵਾ ਮਿਲਣ ਦੀ ਖੁਸ਼ੀ ਵਿਚ ਬੋਸੀਆ ਸਪੋਰਟਸ ਫੈਡਰੇਸ਼ਨ ਆਫ ਇੰਡੀਆ ਵੱਲੋਂ ਉਨ੍ਹਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬੋਸ਼ੀਆ ਇੰਡੀਆ ਦੇ ਅੰਤਰਰਾਸ਼ਟਰੀ ਪੱਧਰ ਦੇ ਖਿਡਾਰੀ ਵੀ ਹਾਜ਼ਰ ਸਨ। ਇਸ ਮੌਕੇ ਬੋਸ਼ੀਆ ਸਪੋਰਟਸ ਫੈਡਰੇਸ਼ਨ ਆਫ ਇੰਡੀਆ ਦੇ ਚੇਅਰਮੈਨ ਅਸ਼ੋਕ ਬੇਦੀ, ਪ੍ਰਧਾਨ ਜਸਪ੍ਰੀਤ ਸਿੰਘ ਧਾਲੀਵਾਲ, ਜਨਰਲ ਸਕੱਤਰ ਸ਼ਮਿੰਦਰ ਸਿੰਘ ਢਿੱਲੋਂ,ਡਾਕਟਰ ਰਜਿੰਦਰ ਕੁਮਾਰ, ਦਵਿੰਦਰ ਸਿੰਘ ਟਫੀ ਬਰਾੜ, ਪ੍ਰਮੋਦ ਧੀਰ, ਗੁਰਪ੍ਰੀਤ ਸਿੰਘ ਧਾਲੀਵਾਲ, ਜਗਰੂਪ ਸਿੰਘ, ਜਾਸਿੰਦਰ ਸਿੰਘ, ਅਮਨਦੀਪ ਸਿੰਘ, ਸੁਖਜਿੰਦਰ ਸਿੰਘ ਆਦਿ ਨੇ ਜਨਰਲ ਐਨ ਐਸ ਰਾਜਾ ਸੁਬਰਮਨੀ ਜੀ ਨੂੰ ਸ਼ੁੱਭ ਕਾਮਨਾਵਾਂ ਦਿੱਤੀਆਂ।

## ਮਰਿਆਂ ਦੇ ਖਾਤਿਆਂ 'ਚ ਪਾ'ਤੇ 128 ਕਰੋੜ ਰੁਪਏ, ਫਿਰ ਰਿਸ਼ਤੇਦਾਰ ਹੌਲੀ-ਹੌਲੀ...

ਨੈਸ਼ਨਲ ਡੈਸਕ 12 ਜੂਨ। ਕਰਨਾਟਕ ਸਰਕਾਰ ਦੀਆਂ ਸਭ ਤੋਂ ਵੱਡੀਆਂ ਯੋਜਨਾਵਾਂ 'ਚੋਂ ਇਕ ਗ੍ਰਹਿਲਕਸ਼ਮੀ ਯੋਜਨਾ 'ਚ ਇਕ ਵੱਡਾ ਘਪਲਾ ਸਾਹਮਣੇ ਆਇਆ ਹੈ। ਰਾਜ 'ਚ ਲਗਭਗ 1.48 ਲੱਖ ਅਜਿਹੀਆਂ ਔਰਤਾਂ ਦੇ ਖਾਤਿਆਂ 'ਚ ਪਿਛਲੇ 5 ਮਹੀਨਿਆਂ ਤੋਂ ਪੈਸੇ ਟਰਾਂਸਫਰ ਹੋ ਰਹੇ ਸਨ, ਜਿਨ੍ਹਾਂ ਦੀ ਮੌਤ ਹੋ ਚੁੱਕੀ ਹੈ। ਇਸ ਲਾਪਰਵਾਹੀ ਦੇ ਨਤੀਜੇ ਵਜੋਂ ਸਰਕਾਰ ਨੇ 128 ਕਰੋੜ ਰੁਪਏ ਦੀ ਦੁਰਵਰਤੋਂ ਕੀਤੀ। ਮਾਮਲੇ ਦਾ ਪਤਾ ਲੱਗਣ 'ਤੇ ਮੁੱਖ ਮੰਤਰੀ ਡੀਕੇ ਸ਼ਿਵਕੁਮਾਰ ਨੇ ਪੂਰੀ ਲਿਸਟ ਨੂੰ ਹੋਲਡ 'ਤੇ ਰੱਖਣ ਦਾ ਫੈਸਲਾ ਕੀਤਾ ਅਤੇ ਨਿਯਮਾਂ ਨੂੰ ਸਖ਼ਤ ਕਰਨ ਦੇ ਨਿਰਦੇਸ਼ ਦਿੱਤੇ। ਦਰਅਸਲ ਇਸ ਪੂਰੇ ਮਾਮਲੇ ਦਾ ਖੁਲਾਸਾ ਉਸ ਸਮੇਂ ਹੋਇਆ, ਜਦੋਂ ਰਾਜ ਗਾਰੰਟੀ ਯੋਜਨਾ ਲਾਗੂਕਰਨ ਕਮੇਟੀ ਦੇ ਡਿਪਟੀ ਚੇਅਰਮੈਨ ਦਿਨੇਸ਼ ਗੁਲੀਗੌੜਾ ਨੇ ਯੋਜਨਾ ਦਾ 'ਟੈਕਨੀਕਲ ਆਡਿਟ' (ਬਾਰੀਕੀ ਨਾਲ ਨਿਰੀਖਣ) ਕੀਤਾ। ਜਾਂਚ ਰਿਪੋਰਟ 'ਚ ਖੁਲਾਸਾ ਹੋਇਆ ਕਿ ਜਿਹੜੀਆਂ ਔਰਤਾਂ ਦਾ ਦਿਹਾਂਤ ਹੋ ਚੁੱਕਾ ਸੀ, ਉਨ੍ਹਾਂ ਦੇ ਖਾਤਿਆਂ 'ਚ ਹਰ ਮਹੀਨੇ 2,000 ਰੁਪਏ ਦੀ ਕਿਸ਼ਤ ਜਾ ਰਹੀ ਸੀ। ਮ੍ਰਿਤਕ ਔਰਤਾਂ ਦੇ ਪਰਿਵਾਰਕ ਮੈਂਬਰ ਅਤੇ ਰਿਸ਼ਤੇਦਾਰ ਏਟੀਐੱਮ ਅਤੇ ਯੂਪੀਆਈ ਰਾਹੀਂ ਇਹ ਪੈਸੇ ਲਗਾਤਾਰ ਕਢਵਾ ਰਹੇ ਸਨ। ਜਾਂਚ 'ਚ ਇਹ ਵੀ ਪਾਇਆ ਗਿਆ ਕਿ ਯੋਜਨਾ ਤਹਿਤ ਰਜਿਸਟਰ ਕੀਤੇ ਬੈਂਕ ਖਾਤਿਆਂ ਦੇ ਨਾਮ ਅਤੇ ਮੋਬਾਈਲ ਨੰਬਰ ਮੇਲ ਨਹੀਂ ਖਾ ਰਹੇ ਸਨ।

## ਧੀ ਦੇ ਕਤਲ ਦੇ ਦੋਸ਼ 'ਚ ਮਹਿਲਾ ਵਕੀਲ ਗ੍ਰਿ਼ਫਤਾਰ, ਇੰਸਪੈਕਟਰ ਸਮੇਤ 3 ਪੁਲਸ ਮੁਲਾਜ਼ਮ ਮੁਅੱਤਲ

**ਕੌਮੀ ਪੱਤ੍ਰਿਕਾ**

ਵੈੱਬ ਡੈਸਕ 12 ਜੂਨ। ਬੈਂਗਲੁਰੂ ਪੁਲਸ ਨੇ ਆਪਣੀ ਪੰਜ ਸਾਲਾ ਧੀ ਦੇ ਕਤਲ ਦੇ ਦੋਸ਼ 'ਚ 39 ਸਾਲਾ ਮਹਿਲਾ ਵਕੀਲ ਨੂੰ ਗ੍ਰਿ਼ਫਤਾਰ ਕੀਤਾ ਹੈ। ਪੁਲਸ ਨੇ ਸ਼ੁੱਕਰਵਾਰ ਨੂੰ ਦੱਸਿਆ ਕਿ ਦੋਸ਼ੀ ਪ੍ਰਿਯੰਕਾ ਨੂੰ ਵੀਰਵਾਰ ਨੂੰ ਸਕਲੇਸ਼ਪੁਰ 'ਚ ਗ੍ਰਿ਼ਫਤਾਰ ਕੀਤਾ ਗਿਆ ਸੀ; ਉਸਦੇ ਲਿਵ-ਇਨ ਸਾਥੀ ਮੋਹਨ ਜੀ. ਨੂੰ ਪਹਿਲਾਂ ਗ੍ਰਿ਼ਫਤਾਰ ਕੀਤਾ ਜਾ ਚੁੱਕਿਆ ਸੀ। ਜਾਂਚ ਦੌਰਾਨ ਲਾਪਰਵਾਹੀ ਵਰਤਣ ਦੇ ਦੋਸ਼ 'ਚ ਤਿੰਨ ਪੁਲਸ ਅਧਿਕਾਰੀਆਂ, ਇੱਕ ਇੰਸਪੈਕਟਰ, ਇੱਕ ਸਬ-ਇੰਸਪੈਕਟਰ ਤੇ ਇੱਕ ਕਾਂਸਟੇਬਲ, ਨੂੰ ਮੁਅੱਤਲ ਕਰ ਦਿੱਤਾ ਗਿਆ ਹੈ। ਪੁਲਸ ਅਨੁਸਾਰ, ਇਹ ਮਾਮਲਾ 25 ਮਾਰਚ ਨੂੰ ਉਦੋਂ ਸਾਹਮਣੇ ਆਇਆ ਜਦੋਂ ਬੱਚੀ ਵੇਨੇਲਾ ਦੀ ਲਾਸ਼ ਮਿਲੀ। ਬੱਚੀ ਦੇ ਪਿਤਾ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ 4 ਜੂਨ ਨੂੰ ਕਡੂਗੋਡੀ ਪੁਲਸ ਸਟੇਸ਼ਨ 'ਚ ਦੋਵਾਂ ਮੁਲਜ਼ਮਾਂ ਖ਼?ਲਾਫ਼ ਕਤਲ ਦਾ ਕੇਸ ਦਰਜ ਕੀਤਾ ਗਿਆ ਸੀ। ਜਾਂਚ ਦੌਰਾਨ ਪ੍ਰਿਯੰਕਾ ਗ੍ਰਿ਼ਫਤਾਰੀ ਤੋਂ ਬਚਣ ਲਈ ਬੈਂਗਲੁਰੂ ਤੋਂ ਭੱਜ ਗਈ, ਪਹਿਲਾਂ ਮੈਸੂਰ ਤੇ ਬਾਅਦ 'ਚ ਸਕਲੇਸ਼ਪੁਰ ਚਲੀ ਗਈ। ਪੁਲਸ ਨੇ ਦੱਸਿਆ ਕਿ ਪੁੱਛਗਿੱਛ ਦੌਰਾਨ ਮੋਹਨ ਨੇ ਕਥਿਤ ਤੌਰ 'ਤੇ ਬੱਚੀ ਨੂੰ ਕਾਰ ਦੇ ਅੰਦਰ ਕੁੱਟਣ ਤੇ ਉਸਦਾ ਗਲਾ ਘੁੱਟ ਕੇ ਕਤਲ ਕਰਨ ਦੀ ਗੱਲ ਕਬੂਲ ਕੀਤੀ। ਪ੍ਰਿਯੰਕਾ ਤੋਂ ਘਟਨਾ ਸਮੇਂ ਉਸਦੀ ਭੂਮਿਕਾ ਅਤੇ ਕੀ ਉਹ ਕਿਸੇ ਸਾਜ਼ਿਸ਼ ਦਾ ਹਿੱਸਾ ਸੀ, ਇਸ ਬਾਰੇ ਪੁੱਛਗਿੱਛ ਕੀਤੀ ਜਾ ਰਹੀ ਹੈ। ਇੱਕ ਸੀਨੀਅਰ ਪੁਲਸ ਅਧਿਕਾਰੀ ਨੇ ਦੱਸਿਆ ਕਿ ਜਾਂਚਕਰਤਾ ਇਹ ਵੀ ਜਾਂਚ ਕਰ ਰਹੇ ਹਨ ਕਿ ਕੀ ਬੱਚੇ ਦੇ ਸਰੀਰਕ ਦਿੱਖ ਨਾਲ ਕਥਿਤ ਅਸੰਤੁਸ਼ਟੀ ਕਤਲ ਦਾ ਇੱਕ ਸੰਭਾਵੀ ਕਾਰਨ ਸੀ। ਬੰਗਲੁਰੂ ਪੁਲਸ ਕਮਿਸ਼ਨਰ ਸੀਮੰਤ ਕੁਮਾਰ ਸਿੰਘ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਜਾਂਚ ਸੰਬੰਧੀ ਸੀਨੀਅਰ ਅਧਿਕਾਰੀਆਂ ਦੁਆਰਾ ਪੇਸ਼ ਕੀਤੀ ਗਈ ਇੱਕ ਰਿਪੋਰਟ 'ਚ ਕੁਝ ਕਮੀਆਂ ਨੂੰ ਉਜਾਗਰ ਕੀਤਾ ਗਿਆ ਹੈ। ਇਸ ਦੌਰਾਨ, ਗ੍ਰਹਿ ਮੰਤਰੀ ਪ੍ਰਿਯੰਕ ਖੜਗੇ ਨੇ ਕਿਹਾ ਕਿ ਜਦੋਂ 4 ਅਪ੍ਰੈਲ ਨੂੰ ਪੋਸਟਮਾਰਟਮ ਰਿਪੋਰਟ ਪ੍ਰਾਪਤ ਹੋਈ ਤਾਂ ਪੁਲਸ ਨੂੰ ਮਾਮਲੇ ਦੀ ਸ਼ੱਕੀ ਮੌਤ ਵਜੋਂ ਜਾਂਚ ਕਰਨੀ ਚਾਹੀਦੀ ਸੀ।

## ਬੇਅਦਬੀ ਦੀ ਕੋਸ਼ਿਸ਼ ਮਾਮਲੇ 'ਤੇ ਆਰ.ਪੀ. ਸਿੰਘ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ

**ਕੌਮੀ ਪੱਤ੍ਰਿਕਾ**
**ਨਵਦੀਪ ਸਿੰਘ ਸਾਹਨੀ**

ਨਵੀਂ ਦਿੱਲੀ 12 ਜੂਨ। ਸੱਚਖੰਡ ਸ੍ਰੀ ਦਰਬਾਰ ਸਾਹਿਬ ਕੰਪਲੈਕਸ ਅੰਦਰ ਸਥਿਤ ਗੁਰਦੁਆਰਾ ਸ਼ਹੀਦ ਬਾਬਾ ਗੁਰਬਖਸ਼ ਸਿੰਘ ਜੀ ਵਿਖੇ ਇਕ ਵਿਅਕਤੀ ਵੱਲੋਂ ਬੇਅਦਬੀ ਕਰਨ ਦੀ ਕੋਸ਼ਿਸ਼ ਤੋਂ ਬਾਅਦ ਸਿਆਸੀ ਮਾਹੌਲ ਗਰਮਾ ਗਿਆ ਹੈ। ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਸੀਨੀਅਰ ਆਗੂ ਅਤੇ ਬੁਲਾਰੇ ਆਰ.ਪੀ. ਸਿੰਘ ਨੇ ਇਸ ਘਟਨਾ 'ਤੇ ਡੂੰਘੇ ਦੁੱਖ ਅਤੇ ਰੋਸ ਦਾ ਪ੍ਰਗਟਾਵਾ ਕਰਦਿਆਂ ਪੰਜਾਬ ਸਰਕਾਰ ਤੋਂ ਸਵਾਲ ਪੁੱਛੇ ਹਨ। ਆਰ.ਪੀ. ਸਿੰਘ ਨੇ ਕਿਹਾ ਕਿ ਸਿੱਖਾਂ ਦੇ ਸਰਵਉੱਚ ਧਾਰਮਿਕ ਅਸਥਾਨ ਸ੍ਰੀ ਹਰਿਮੰਦਰ ਸਾਹਿਬ ਵਿਖੇ ਅਜਿਹੀ ਘਟਨਾ ਕੇਵਲ ਸੁਰੱਖਿਆ 'ਚ ਲਾਪਰਵਾਹੀ ਨਹੀਂ, ਸਗੋਂ ਸਮੁੱਚੀ ਸਿੱਖ ਕੌਮ ਦੀਆਂ ਧਾਰਮਿਕ ਭਾਵਨਾਵਾਂ 'ਤੇ ਸਿੱਧਾ ਹਮਲਾ ਹੈ। ਉਨ੍ਹਾਂ ਚਿੰਤਾ ਪ੍ਰਗਟਾਈ ਕਿ ਦਸੰਬਰ 2021 ਦੀ ਬੇਅਦਬੀ ਦੀ ਕੋਸ਼ਿਸ਼ ਤੋਂ ਸਬਕ ਨਾ ਲੈਂਦੇ ਹੋਏ, ਇਕ ਵਾਰ ਫਿਰ ਅਜਿਹੀ ਘਟਨਾ ਦਾ ਵਾਪਰਨਾ ਪੰਜਾਬ ਸਰਕਾਰ ਦੇ ਸੁਰੱਖਿਆ ਅਤੇ ਖੁਫੀਆ ਤੰਤਰ ਦੀ ਨਾਕਾਮੀ ਨੂੰ ਦਰਸਾਉਂਦਾ ਹੈ। ਭਾਜਪਾ ਬੁਲਾਰੇ ਨੇ ਕਿਹਾ ਕਿ ਸਰਕਾਰ ਸਿਰਫ ਨਿੰਦਾ ਦੇ ਬਿਆਨ ਜਾਰੀ ਕਰਕੇ ਆਪਣੀ ਜ਼ਿੰਮੇਵਾਰੀ ਤੋਂ ਭੱਜ ਨਹੀਂ ਸਕਦੀ। ਉਨ੍ਹਾਂ ਸਰਕਾਰ ਨੂੰ ਸਵਾਲ ਕੀਤੇ ਕਿ ਪਿਛਲੀਆਂ ਘਟਨਾਵਾਂ ਤੋਂ ਬਾਅਦ ਵੀ ਅਜਿਹੀਆਂ ਹਰਕਤਾਂ ਕਿਉਂ ਜਾਰੀ ਹਨ? 2021 ਦੀ ਘਟਨਾ ਤੋਂ ਬਾਅਦ ਕਿਹੜੇ ਠੋਸ ਸੁਰੱਖਿਆ ਕਦਮ ਚੁੱਕੇ ਗਏ ਸਨ? ਕੀ ਉਸ ਸਮੇਂ ਦੀਆਂ ਸਿਫ਼ਾਰਸ਼ਾਂ ਨੂੰ ਪੂਰੀ ਤਰ੍ਹਾਂ ਲਾਗੂ ਕੀਤਾ ਗਿਆ ਸੀ? ਵਾਰ-ਵਾਰ ਭਰੋਸੇ ਦੇਣ ਦੇ ਬਾਵਜੂਦ ਲੋਕਾਂ ਦਾ ਭਰੋਸਾ ਕਿਉਂ ਬਹਾਲ ਨਹੀਂ ਹੋ ਸਕਿਆ? ਇਹ ਜਾਇਜ਼ ਸਵਾਲ ਹੈ, ਜਿਨ੍ਹਾਂ ਦੇ ਸਪੱਸ਼ਟ ਅਤੇ ਠੋਸ ਜਵਾਬ ਮਿਲਣੇ ਚਾਹੀਦੇ ਹਨ। ਆਰ.ਪੀ. ਸਿੰਘ ਨੇ ਖਦਸ਼ਾ ਪ੍ਰਗਟਾਇਆ ਕਿ ਅਜਿਹੀਆਂ ਘਟਨਾਵਾਂ ਫਿਰਕੂ ਸਦਭਾਵਨਾ ਨੂੰ ਵਿਗਾੜਨ ਅਤੇ ਅਸ਼ਾਂਤੀ ਪੈਦਾ ਕਰਨ ਦੀ ਕੋਸ਼ਿਸ਼ ਹੋ ਸਕਦੀਆਂ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਸ ਮਾਮਲੇ ਨੂੰ ਇਕੱਲੀ ਘਟਨਾ ਵਜੋਂ ਨਹੀਂ ਦੇਖਿਆ ਜਾਣਾ ਚਾਹੀਦਾ, ਸਗੋਂ ਇਸ ਦੇ ਪਿੱਛੇ ਮੌਜੂਦ ਵੱਡੀਆਂ ਸਾਜ਼ਿਸ਼ਾਂ ਅਤੇ ਜਥੇਬੰਦਕ ਤਾਕਤਾਂ ਦੀ ਬਾਰੀਕੀ ਨਾਲ ਜਾਂਚ ਹੋਣੀ ਚਾਹੀਦੀ ਹੈ।



## ਅਮਰਨਾਥ ਯਾਤਰੀਆਂ ਦੀ ਸੁਰੱਖਿਆ ਤੇ ਸੁਚਾਰੂ ਯਾਤਰਾ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਸਰਕਾਰ : ਅਮਿਤ ਸ਼ਾਹ

**ਕੌਮੀ ਪੱਤ੍ਰਿਕਾ**

ਨਵੀਂ ਦਿੱਲੀ 12 ਜੂਨ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਸ਼ੁੱਕਰਵਾਰ ਨੂੰ ਇੱਥੇ ਇਕ ਬੈਠਕ 'ਚ ਪਵਿੱਤਰ ਅਮਰਨਾਥ ਯਾਤਰਾ ਦੀ ਸੁਰੱਖਿਆ ਤਿਆਰੀਆਂ ਦੀ ਸਮੀਖਿਆ ਕੀਤੀ ਅਤੇ ਕਿਹਾ ਕਿ ਸਰਕਾਰ ਸ਼ਰਧਾਲੂਆਂ ਦੀ ਸੁਰੱਖਿਆ ਨੂੰ ਸਰਵਉੱਚ ਪਹਿਲ ਦਿੰਦੇ ਹੋਏ ਇਸ ਸੁਚਾਰੂ ਅਤੇ ਸਹੂਲਤਜਨਕ ਬਣਾਉਣ ਲਈ ਵਚਨਬੱਧ ਹੈ। ਸ਼ਾਹ ਦੀ ਪ੍ਰਧਾਨਗੀ 'ਚ ਹੋਈ ਬੈਠਕ 'ਚ ਰਾਸ਼ਟਰੀ ਸੁਰੱਖਿਆ ਸਲਾਹਕਾਰ ਅਜੀਤ ਡੋਭਾਲ, ਜੰਮੂ ਕਸ਼ਮੀਰ ਦੇ ਉੱਪ ਰਾਜਪਾਲ ਮਨੋਜ ਸਿਨਹਾ, ਫ਼ੌਜ ਮੁਖੀ ਜਨਰਲ ਉਪੇਂਦਰ ਦਿਵੇਦੀ, ਕੇਂਦਰੀ ਰਿਜ਼ਰਵ ਪੁਲਸ ਫ਼ੋਰਸ ਦੇ ਡਾਇਰੈਕਟਰ ਜਨਰਲ ਗਿਆਨੇਂਦਰ ਪ੍ਰਤਾਪ ਸਿੰਘ ਅਤੇ ਹੋਰ ਸੀਨੀਅਰ ਅਧਿਕਾਰੀਆਂ ਨੇ ਹਿੱਸਾ ਲਿਆ। ਗ੍ਰਹਿ ਮੰਤਰੀ ਨੇ ਕਿਹਾ ਕਿ ਸਰਕਾਰ ਸ਼?ਰੀ ਅਮਰਨਾਥ ਯਾਤਰਾ ਦੇ ਸ਼ਰਧਾਲੂਆਂ ਦੀ ਸਰਵਉੱਚ ਸੁਰੱਖਿਆ ਅਤੇ ਸੁਚਾਰੂ ਯਾਤਰਾ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਸ ਦੇ ਅਧੀਨ ਯਾਤਰਾ ਮਾਰਗ 'ਤੇ ਕੇਂਦਰੀ ਪੁਲਸ ਫ਼ੋਰਸਾਂ, ਜੰਮੂ ਕਸ਼ਮੀਰ ਪੁਲਸ ਅਤੇ ਸਾਰੀਆਂ ਸੁਰੱਖਿਆ ਏਜੰਸੀਆਂ ਦੀਆਂ ਤਾਲਮੇਲ ਕੋਸ਼ਿਸ਼ਾਂ ਨਾਲ ਕਈ ਪੱਧਰ 'ਤੇ ਸੁਰੱਖਿਆ ਗਰਿੱਡ ਸਥਾਪਤ ਕੀਤੀ ਜਾਵੇਗੀ। ਇਸ ਤੋਂ ਇਲਾਵਾ ਡਰੋਨ, ਸੀਸੀਟੀਵੀ ਨਿਗਰਾਨੀ, ਸਰਵਿਲਾਂਸ ਸਿਸਟਮ ਅਤੇ ਹੋਰ ਆਧੁਨਿਕ ਤਕਨੀਕਾਂ ਦੇ ਵਿਆਪਕ ਉਪਯੋਗ ਦੇ ਨਾਲ ਰਵਾਇਤੀ ਸੁਰੱਖਿਆ ਤੰਤਰ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ। ਯਾਤਰਾ ਦੌਰਾਨ ਜੰਮੂ ਕਸ਼ਮੀਰ ਪੁਲਸ ਦੇ ਸੀਨੀਅਰ ਅਧਿਕਾਰੀ ਕੈਂਪ ਸਥਾਨਾਂ 'ਤੇ ਵਿਵਸਥਾਵਾਂ ਦੀ ਲਗਾਤਾਰ ਨਿਗਰਾਨੀ ਕਰਨਗੇ। ਉਨ੍ਹਾਂ ਨੇ ਅਧਿਕਾਰੀਆਂ ਨੂੰ ਕਿਹਾ ਕਿ ਸ਼ਰਧਾਲੂਆਂ ਦੇ ਰਜਿਸਟਰੇਸ਼ਨ, ਰਿਹਾਇਸ਼, ਸਿਹਤ ਸੇਵਾਵਾਂ ਅਤੇ ਆਫ਼ਤ ਪ੍ਰਬੰਧਨ ਸਮੇਤ ਸਾਰੀਆਂ ਜ਼ਰੂਰੀ ਸਹੂਲਤਾਂ ਲਈ ਢੁਕਵੇਂ ਪ੍ਰਬੰਧ ਕੀਤੇ ਜਾਣੇ ਚਾਹੀਦੇ ਹਨ। ਬੈਠਕ 'ਚ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤਾ ਗਿਆ ਕਿ ਯਾਤਰਾ ਨਾਲ ਜੁੜੇ ਸਥਾਨਕ ਲੋਕਾਂ ਅਤੇ ਪਸ਼ੂਆਂ ਦੇ ਰਜਿਸਟਰੇਸ਼ਨ ਜ਼ਰੂਰੀ ਕਰ ਕੇ ਕਿਊ ਆਰ ਕੋਡ ਯੁਕਤ ਪਛਾਣ ਪੱਤਰ ਜਾਰੀ ਕੀਤੇ ਜਾਣਗੇ। ਇਸ ਦੇ ਨਾਲ ਹੀ ਪਸ਼ੂਆਂ ਦੇ ਸਿਹਤ ਪ੍ਰੀਖਣ ਲਈ ਵੀ ਕੈਂਪ ਲਗਾਏ ਜਾਣ। ਇਹ ਫੈਸਲਾ ਲਿਆ ਗਿਆ ਕਿ ਮੌਸਮ ਦੀ ਸਥਿਤੀ ਅਤੇ ਭਵਿੱਖਬਾਣੀ ਦੇ ਅਨੁਰੂਪ ਹੀ ਸ਼ਰਧਾਲੂਆਂ ਦੇ ਜੱਥਿਆਂ ਨੂੰ ਅੱਗੇ ਵਧਾਉਣ ਦੀ ਵਿਵਸਥਾ ਕੀਤੀ ਜਾਵੇਗੀ। ਯਾਤਰਾ ਮਾਰਗ ਤੋਂ ਇਲਾਵਾ ਹੋਰ ਮੁੱਖ ਸੈਰ-ਸਪਾਟਾ ਸਥਾਨਾਂ 'ਤੇ ਵੀ ਮਜ਼ਬੂਤ ਸੁਰੱਖਿਆ ਵਿਵਸਥਾ ਯਕੀਨੀ ਕੀਤੀ ਜਾਵੇਗੀ, ਜਿਸ ਨਾਲ ਸ਼ਰਧਾਲੂ ਸੁਰੱਖਿਅਤ ਰੂਪ ਨਾਲ ਸੈਰ-ਸਪਾਟੇ ਦਾ ਆਨੰਦ ਮਾਣ ਸਕਣ। ਪਵਿੱਤਰ ਅਮਰਨਾਥ ਯਾਤਰਾ 3 ਜੁਲਾਈ ਤੋਂ 28 ਅਗਸਤ ਤੱਕ ਹੋਵੇਗੀ। ਕਰੀਬ 2 ਮਹੀਨੇ ਤੱਕ ਚੱਲਣ ਵਾਲੀ ਇਸ ਸਾਲਾਨਾ ਤੀਰਥ ਯਾਤਰਾ ਲਈ ਰਜਿਸਟਰੇਸ਼ਨ ਲਾਜ਼ਮੀ ਹੈ।




## ਵਿਰੋਧੀ ਦਲਾਂ ਨੂੰ ਤੋੜਨ ਦੀ ਕੋਸ਼ਿਸ਼ ਬਣਾ ਰਹੀ ਹੈ ਲੋਕਤੰਤਰ ਦਾ ਮਜ਼ਾਕ : ਜੈਰਾਮ ਰਮੇਸ਼

ਨਵੀਂ ਦਿੱਲੀ 12 ਜੂਨ। ਤ੍ਰਿਣਮੂਲ ਕਾਂਗਰਸ 'ਚ ਚੱਲ ਰਹੀ ਬਗਾਵਤ ਵਿਚਾਲੇ ਕਾਂਗਰਸ ਨੇ ਦੋਸ਼ ਲਗਾਇਆ ਹੈ ਕਿ ਭਾਜਪਾ ਮਾਨਸੂਨ ਸੈਸ਼ਨ ਤੋਂ ਪਹਿਲਾਂ ਲੋਕ ਸਭਾ 'ਚ ਦੋ-ਤਿਹਾਈ ਬਹੁਮਤ ਜੁਟਾਉਣ ਲਈ ਵਿਰੋਧੀ ਦਲਾਂ ਨੂੰ ਤੋੜਨ ਦੀ ਕੋਸ਼ਿਸ਼ ਕਰ ਰਹੀ ਹੈ ਅਤੇ ਇਸ ਤਰ੍ਹਾਂ ਦੀ ਕੋਸ਼ਿਸ਼ ਕਰ ਕੇ ਉਹ ਲੋਕਤੰਤਰ ਦਾ ਮਜ਼ਾਕ ਬਣਾ ਰਹੀ ਹੈ। ਕਾਂਗਰਸ ਸੰਚਾਰ ਵਿਭਾਗ ਦੇ ਇੰਚਾਰਜ ਜੈਰਾਮ ਰਮੇਸ਼ ਨੇ ਸੋਸ਼ਲ ਮੀਡੀਆ 'ਐਕਸ' 'ਤੇ ਸ਼ੁੱਕਰਵਾਰ ਨੂੰ ਕਿਹਾ ਕਿ ਇਸ ਤੋਂ ਪਹਿਲਾਂ ਕਦੇ ਕਿਸੇ ਨੇਤਾ ਨੇ ਲੋਕ ਸਭਾ 'ਚ ਆਪਣੀ ਪਾਰਟੀ ਲਈ ਦੋ-ਤਿਹਾਈ ਬਹੁਮਤ ਜੁਟਾਉਣ ਲਈ ਅਜਿਹੀ ਕੋਸ਼ਿਸ਼ ਨਹੀਂ ਕੀਤੀ, ਜਿਹੜੀ ਗ੍ਰਹਿ ਮੰਤਰੀ ਇੰਨੀਂ ਦਿਨੀਂ ਕਰ ਰਹੇ ਹਨ। ਉਨ੍ਹਾਂ ਕਿਹਾ ਕਿ 17 ਅਪ੍ਰੈਲ 2026 ਨੂੰ ਰਾਸ਼ਟਰੀ ਜਨਤਾਂਤਰਿਕ ਗਠਜੋੜ (ਐੱਨਡੀਏ) ਜ਼ਰੂਰੀ ਦੋ-ਤਿਹਾਈ ਬਹੁਮਤ ਨਹੀਂ ਜੁਟਾ ਪਾਇਆ ਅਤੇ ਹੱਦਬੰਦੀ ਨਾਲ ਸੰਬੰਧਤ ਸੰਵਿਧਾਨ ਸੋਧ ਬਿੱਲ ਚੰਗੇ ਅੰਤਰ ਨਾਲ ਖਾਰਜ ਹੋ ਗਿਆ ਸੀ। ਸ਼?ਰੀ ਰਮੇਸ਼ ਨੇ ਕਿਹਾ ਕਿ ਉਹ ਹਾਰ ਤੋਂ ਬੌਖਲਾਏ ਅਮਿਤ ਸ਼ਾਹ ਹੁਣ ਵਿਰੋਧੀ ਦਲਾਂ ਨੂੰ ਤੋੜਨ 'ਚ ਲੱਗੇ ਹਨ। ਉਨ੍ਹਾਂ ਦਾ ਦੋਸ਼ ਸੀ ਕਿ ਇਹ ਲੋਕਤੰਤਰੀ ਕਦਰਾਂ-ਕੀਮਤਾਂ ਦੇ ਉਲਟ ਹੈ ਅਤੇ ਇਸ ਨਾਲ ਲੋਕਤੰਤਰ ਦਾ ਮਜ਼ਾਕ ਬਣ ਰਿਹਾ ਹੈ। ਕਾਂਗਰਸ ਆਗੂ ਨੇ ਕਿਹਾ ਕਿ ਇਸ ਮੁੱਦੇ 'ਤੇ ਸੰਘਰਸ਼ ਜਾਰੀ ਹੈ ਅਤੇ ਵਿਰੋਧੀ ਧਿਰ ਗ੍ਰਹਿ ਮੰਤਰੀ ਦੇ ਮੰਦਭਾਗੀ ਮਨਸੂਬਿਆਂ ਨੂੰ ਸਫ਼ਲ ਨਹੀਂ ਹੋਣ ਦੇਵੇਗਾ।



## ਇੰਡੀਗੋ ਦੀ ਉਡਾਣ 'ਚ ਬੰਬ! ਲਖਨਊ ਤੋਂ ਨਵੀਂ ਦਿੱਲੀ ਜਾਣ ਵਾਲੇ 180 ਯਾਤਰੀਆਂ 'ਚ ਮਚੀ ਸਨਸਨੀ

ਲਖਨਊ 12 ਜੂਨ। ਲਖਨਊ ਤੋਂ ਦਿੱਲੀ ਜਾਣ ਵਾਲੀ ਇੰਡੀਗੋ ਦੀ ਇਕ ਉਡਾਣ ਵਿਚ ਸ਼ੁੱਕਰਵਾਰ ਨੂੰ ਉਸ ਸਮੇਂ ਸਨਸਨੀ ਫੈਲ ਗਈ, ਜਦੋਂ ਜਹਾਜ਼ ਵਿਚ ਬੰਬ ਰੱਖੇ ਜਾਣ ਦੀ ਝੂਠੀ ਧਮਕੀ ਮਿਲੀ। ਬੰਬ ਦੀ ਧਮਕੀ ਮਿਲਣ ਕਾਰਨ ਉਡਾਣ ਕਾਫ਼ੀ ਦੇਰੀ ਨਾਲ ਰਵਾਨਾ ਹੋਈ। ਸੂਤਰਾਂ ਅਨੁਸਾਰ, ਲਗਭਗ 180 ਯਾਤਰੀਆਂ ਨੂੰ ਲੈ ਕੇ ਜਾਣ ਵਾਲੀ ਉਡਾਣ ਸਵੇਰੇ 10:45 ਵਜੇ ਲਖਨਊ ਤੋਂ ਦਿੱਲੀ ਲਈ ਰਵਾਨਾ ਹੋਣ ਵਾਲੀ ਸੀ। ਰਵਾਨਗੀ ਤੋਂ ਥੋੜ੍ਹੀ ਦੇਰ ਪਹਿਲਾਂ ਚਾਲਕ ਦਲ ਨੂੰ ਸੰਭਾਵਿਤ ਬੰਬ ??ਧਮਕੀ ਬਾਰੇ ਜਾਣਕਾਰੀ ਮਿਲੀ। ਜਾਣਕਾਰੀ ਤੋਂ ਬਾਅਦ ਜਹਾਜ਼ ਨੂੰ ਤੁਰੰਤ ਐਪਰਨ 'ਤੇ ਰੋਕ ਦਿੱਤਾ ਗਿਆ ਅਤੇ ਸੁਰੱਖਿਆ ਏਜੰਸੀਆਂ ਨੇ ਸਾਵਧਾਨੀ ਨਾਲ ਇਸ ਦੀ ਤਲਾਸ਼ੀ ਲੈਣੀ ਸ਼ੁਰੂ ਕਰ ਦਿੱਤੀ। ਇੱਕ ਹੋਰ ਸੂਤਰ ਨੇ ਦੱਸਿਆ ਕਿ ਜਹਾਜ਼ ਦੇ ਟਾਇਲਟ ਵਿੱਚੋਂ ਇੱਕ ਟਿਸ਼ੂ ਪੇਪਰ ਮਿਲਿਆ, ਜਿਸ ਉੱਤੇ ਬੰਬ ਸ਼ਬਦ ਲਿਖਿਆ ਹੋਇਆ ਸੀ। ਇਸ ਗੱਲ ਦਾ ਪਤਾ ਲੱਗਣ ਤੋਂ ਬਾਅਦ ਹਫ਼ੜਾ-ਦਫ਼ੜੀ ਵਾਲੀ ਸਥਿਤੀ ਪੈਦਾ ਹੋ ਗਈ।

## ਕਾਂਗਰਸ ਨੇ ਸਾਰੇ ਸੂਬਾ ਪ੍ਰਧਾਨਾਂ ਤੇ ਸੀਨੀਅਰ ਆਗੂਆਂ ਦੀ ਨਾਲ ਕੀਤੀ ਮੀਟਿੰਗ ! ਕਈ ਅਹਿਮ ਮੁੱਦਿਆਂ 'ਤੇ ਕੀਤੀ ਚਰਚਾ

**ਕੌਮੀ ਪੱਤ੍ਰਿਕਾ**
**ਤੇਜਿੰਦਰ ਕੌਰ ਬੱਬਰ**

ਨਵੀਂ ਦਿੱਲੀ 12 ਜੂਨ। ਕਾਂਗਰਸ ਨੇ ਇੱਥੇ ਇੰਦਰਾ ਭਵਨ 'ਚ ਪਾਰਟੀ ਦੇ ਸਾਰੇ ਪ੍ਰਦੇਸ਼ ਪ੍ਰਧਾਨਾਂ, ਇੰਚਾਰਜਾਂ ਅਤੇ ਸੀਨੀਅਰ ਆਗੂਆਂ ਦੀ ਮਹੱਤਵਪੂਰਨ ਬੈਠਕ ਆਯੋਜਿਤ ਕੀਤੀ। ਲਗਭਗ 3 ਘੰਟਿਆਂ ਤੱਕ ਚੱਲੀ ਇਸ ਬੈਠਕ 'ਚ ਸੰਗਠਨਾਤਮਕ ਅਤੇ ਰਾਜਨੀਤਕ ਮੁੱਦਿਆਂ ਦੇ ਨਾਲ-ਨਾਲ ਦੇਸ਼ ਦੀ ਮੌਜੂਦਾ ਆਰਥਿਕ ਅਤੇ ਲੋਕਤੰਤਰੀ ਸਥਿਤੀ 'ਤੇ ਚਰਚਾ ਕੀਤੀ ਗਈ। ਬੈਠਕ ਤੋਂ ਬਾਅਦ ਆਯੋਜਿਤ ਪੱਤਰਕਾਰ ਸੰਮੇਲਨ 'ਚ ਕਾਂਗਰਸ ਦੇ ਰਾਸ਼ਟਰੀ ਜਨਰਲ ਸਕੱਤਰ ਕੇ.ਸੀ. ਵੇਣੂਗੋਪਾਲ ਨੇ ਮੱਧ ਪ੍ਰਦੇਸ਼ ਅਤੇ ਝਾਰਖੰਡ 'ਚ ਰਾਜ ਸਭਾ ਚੋਣਾਂ ਨਾਲ ਜੁੜੇ ਘਟਨਾਕ੍ਰਮ ਨੂੰ ਲੋਕਤੰਤਰ 'ਤੇ ਹਮਲਾ ਦੱਸਿਆ। ਉਨ੍ਹਾਂ ਕਿਹਾ ਕਿ ਮੱਧ ਪ੍ਰਦੇਸ਼ 'ਚ ਕਾਂਗਰਸ ਉਮੀਦਵਾਰ ਮੀਨਾਕਸ਼ੀ ਨਟਰਾਜਨ ਦੀ ਨਾਮਜ਼ਦਗੀ ਇਕ ਅਦਾਲਤ ਨੇ ਨੋਟਿਸ ਦਾ ਜ਼ਿਕਰ ਨਾ ਕਰਨ ਦੇ ਆਧਾਰ 'ਤੇ ਖਾਰਜ ਕਰ ਦਿੱਤੀ ਗਈ, ਜਦੋਂ ਕਿ ਉਨ੍ਹਾਂ ਖ਼?ਲਾਫ਼ ਨਾ ਕੋਈ ਅਪਰਾਧਕ ਮਾਮਲਾ ਸੀ, ਨਾ ਐੱਫਆਈਆਰ ਅਤੇ ਨਾ ਹੀ ਕੋਈ ਦੋਸ਼ ਪੱਤਰ ਦਾਖ ਕੀਤਾ ਗਿਆ ਹੈ। ਵੇਣੂਗੋਪਾਲ ਨੇ ਦੋਸ਼ ਲਗਾਇਆ ਕਿ ਦੂਜੇ ਪਾਸੇ ਝਾਰਖੰਡ 'ਚ ਭਾਜਪਾ ਸਮਰਥਿਤ ਕਾਰਪੋਰੇਟ ਉਮੀਦਵਾਰ ਦੇ ਨਾਮਜ਼ਦਗੀ ਪੱਤਰ 'ਚ ਗੰਭੀਰ ਗਲਤੀਆਂ ਦੇ ਬਾਵਜੂਦ ਰਿਟਰਨਿੰਗ ਅਫ਼ਸਰ ਨੇ ਉਸ ਦੀ ਨਾਮਜ਼ਦਗੀ ਸਵੀਕਾਰ ਕਰ ਲਈ। ਉਨ੍ਹਾਂ ਕਿਹਾ ਕਿ ਇਕ ਪਾਸੇ ਕਾਂਗਰਸ ਉਮੀਦਵਾਰ ਦੀ ਨਾਮਜ਼ਦਗੀ ਖਾਰਜ ਕੀਤੀ ਗਈ ਅਤੇ ਦੂਜੇ ਪਾਸੇ ਭਾਰੀ ਗਲਤੀਆਂ ਵਾਲੀ ਨਾਮਜ਼ਦਗੀ ਨੂੰ ਮਨਜ਼ੂਰੀ ਦੇ ਦਿੱਤੀ ਗਈ। ਇਹ ਭਾਰਤੀ ਲੋਕਤੰਤਰ ਦੀ ਬਦਹਾਲ ਸਥਿਤੀ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ 'ਵੋਟ ਚੋਰੀ ਤੋਂ ਬਾਅਦ ਹੁਣ ਸੀਟ ਚੋਰੀ ਦਾ ਦੌਰ ਸ਼ੁਰੂ ਹੋ ਗਿਆ ਹੈ।' ਕਾਂਗਰਸ ਦੇ ਜਨਰਲ ਸਕੱਤਰ ਨੇ ਦੱਸਿਆ ਕਿ ਪਾਰਟੀ ਨੇ ਇਸ ਮਾਮਲੇ ਨੂੰ ਕਾਨੂੰਨੀ ਅਤੇ ਰਾਜਨੀਤਕ ਦੋਵੇਂ ਪੱਧਰਾਂ 'ਤੇ ਲੜਨ ਦਾ ਫੈਸਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਪੈਟਰੋਲ, ਡੀਜ਼ਲ ਅਤੇ ਰਸੋਈ ਗੈਸ ਦੀਆਂ ਵਧੀਆਂ ਕੀਮਤਾਂ ਤੋਂ ਆਮ ਜਨਤਾ ਪਰੇਸ਼ਾਨ ਹੈ, ਜਦੋਂ ਕਿ ਸਰਕਾਰ ਇਸ ਵੱਲ ਕੋਈ ਠੋਸ ਕਦਮ ਨਹੀਂ ਚੁੱਕ ਰਹੀ। ਉਨ੍ਹਾਂ ਦੋਸ਼ ਲਗਾਇਆ ਕਿ ਸੂਖਮ, ਲਘੂ ਅਤੇ ਮੱਧਮ ਉਦਯੋਗ (ਐੱਮਐੱਸਐੱਮਈ) ਬੁਰੀ ਤਰ੍ਹਾਂ ਪ੍ਰਭਾਵਿਤ ਹੋਏ ਹਨ ਅਤੇ ਨੌਜਵਾਨਾਂ ਦੇ ਸਾਹਮਣੇ ਰੁਜ਼ਗਾਰ ਦਾ ਗੰਭੀਰ ਸੰਕਟ ਖੜ੍ਹਾ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਮਹਿੰਗਾਈ, ਬੇਰੁਜ਼ਗਾਰੀ ਅਤੇ ਪ੍ਰੀਖਿਆ ਪੇਪਰ ਲੀਕ ਦੇਸ਼ ਦੇ ਸਭ ਤੋਂ ਵੱਡੇ ਮੁੱਦੇ ਬਣ ਚੁੱਕੇ ਹਨ। ਨੀਟ ਅਤੇ ਸੀਬੀਐੱਸਈ ਪ੍ਰੀਖਿਆ ਨਾਲ ਜੁੜੇ ਵਿਵਾਦਾਂ ਨੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਨਿਰਾਸ਼ ਕੀਤਾ ਹੈ ਪਰ ਸਰਕਾਰ ਕਿਸੇ ਵੀ ਤਰ੍ਹਾਂ ਦੀ ਨੈਤਿਕ ਜ਼ਿੰਮੇਵਾਰੀ ਲੈਣ ਨੂੰ ਤਿਆਰ ਨਹੀਂ ਹੈ। ਵੇਣੂਗੋਪਾਲ ਨੇ ਕਿਹਾ ਕਿ ਦੇਸ਼ 'ਚ ਇਕ ਪਾਸੇ ਲੋਕਤੰਤਰ ਖਤਰੇ 'ਚ ਹੈ ਤਾਂ ਦੂਜੇ ਪਾਸੇ ਜਨਤਾ ਆਰਥਿਕ ਸੰਕਟ ਅਤੇ ਪਰੇਸ਼ਾਨੀਆਂ ਨਾਲ ਜੂਝ ਰਹੀ ਹੈ। ਉਨ੍ਹਾਂ ਐਲਾਨ ਕੀਤਾ ਕਿ ਕਾਂਗਰਸ ਆਉਣ ਵਾਲੇ ਦਿਨਾਂ 'ਚ ਰਾਸ਼ਟਰੀ, ਰਾਜ, ਜ਼ਿਲ੍ਹਾ ਅਤੇ ਬਲਾਕ ਪੱਧਰ 'ਤੇ ਵਿਆਪਕ ਜਨ ਅੰਦੋਲਨ ਸ਼ੁਰੂ ਕਰੇਗੀ। ਅਗਲੇ 2 ਤੋਂ 3 ਮਹੀਨਿਆਂ ਦੇ ਅੰਦੋਲਨ ਪ੍ਰੋਗਰਾਮ ਦੀ ਵਿਸਤ੍ਰਿਤ ਰੂਪਰੇਖਾ ਅਗਲੇ 3 ਤੋਂ 4 ਦਿਨਾਂ 'ਚ ਜਾਰੀ ਕੀਤੀ ਜਾਵੇਗੀ।



# ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ 'ਚ ਏ.ਟੀ.ਐਮ. ਲੁੱਟਣ ਵਾਲੇ ਗਿਰੋਹ ਦਾ ਪਰਦਾਫਾਸ਼, ਪੁਲਸ 'ਤੇ ਗੋਲ?ੀਆਂ ਚਲਾ ਕੇ ਦੌੜੇ ਲੁਟੇਰੇ

**ਕੌਮੀ ਪਤ੍ਰਿਕਾ**

ਲੁਧਿਆਣਾ 12 ਜੂਨ। ਲੁਧਿਆਣਾ ਕਮਿਸ਼ਨਰੇਟ ਪੁਲਸ ਨੇ ਐਡੀਸ਼ਨਲ ਸੀ.ਪੀ. ਰੁਪਿੰਦਰ ਸਿੰਘ, ਡੀ.ਸੀ.ਪੀ. ਇਨਵੈਸਟੀਗੇਸ਼ਨ ਹਰਪਾਲ ਸਿੰਘ, ਏ.ਡੀ.ਸੀ.ਪੀ. ਇਨਵੈਸਟੀਗੇਸ਼ਨ ਅਮਨਦੀਪ ਸਿੰਘ ਬਰਾੜ, ਏ.ਸੀ.ਪੀ.-1 ਸਮੀਰ ਵਰਮਾ ਦੀ ਅਗਵਾਈ ਵਿੱਚ ਅਤੇ ਏ.ਸੀ.ਪੀ. ਇਨਵੈਸਟੀਗੇਸ਼ਨ-1 ਹਰਸ਼ਪ੍ਰੀਤ ਸਿੰਘ ਤੇ ਏ.ਸੀ.ਪੀ. ਨੌਰਥ ਕਿੱਕਰ ਸਿੰਘ ਦੀ ਨਿਗਰਾਨੀ ਹੇਠ, ਸੀ.ਆਈ.ਏ. ਸਟਾਫ਼, ਕ੍ਰਾਈਮ ਬ੍ਰਾਂਚ ਅਤੇ ਥਾਣਾ ਬਸਤੀ ਜੋਧੇਵਾਲ ਦੀਆਂ ਸਾਂਝੀਆਂ ਆਪ੍ਰੇਸ਼ਨਲ ਟੀਮਾਂ ਦੀ ਮਦਦ ਨਾਲ ਇਕ ਸੰਗਠਿਤ ਅੰਤਰ-ਜ਼ਿਲ੍ਹਾ ਏ.ਟੀ.ਐਮ. ਤੋੜਨ ਵਾਲੇ ਗਿਰੋਹ ਦਾ ਸਫ਼ਲਤਾਪੂਰਵਕ ਪਰਦਾਫਾਸ਼ ਕੀਤਾ ਹੈ। ਇੰਸਪੈਕਟਰ ਅਵਤਾਰ ਸਿੰਘ, ਇੰਸਪੈਕਟਰ ਨਵਦੀਪ ਸਿੰਘ ਅਤੇ ਇੰਸਪੈਕਟਰ ਜਸਵੀਰ ਸਿੰਘ ਦੀ ਅਗਵਾਈ ਵਾਲੀ ਪੁਲਸ ਟੀਮਾਂ ਨੇ ਦੋ ਮੁੱਖ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ ਅਤੇ ਉਨ੍ਹਾਂ ਦੇ ਕਬਜ਼ੇ ਵਿਚੋਂ ਇਕ .32 ਬੋਰ ਦਾ ਪਿਸਤੌਲ ਸਮੇਤ 2 ਜ਼ਿੰਦਾ ਕਾਰਤੂਸ, ਇਕ ਇੰਡਸਟਰੀਅਲ ਗੈਸ ਕੱਟਰ ਸੈੱਟ, ਇਕ ਗੈਸ ਸਿਲੰਡਰ, ਇਕ ਪੋਰਟੇਬਲ ਕੱਟਣ ਵਾਲੀ ਮਸ਼ੀਨ ਅਤੇ ਵਾਰਦਾਤ ਵਿਚ ਵਰਤੀ ਜਾਣ ਵਾਲੀ ਮਾਰੂਤੀ ਸੁਜ਼ੂਕੀ ਅਰਟਿਗਾ ਗੱਡੀ ਬਰਾਮਦ ਕੀਤੀ ਹੈ। ਪੁਲਸ ਕਮਿਸ਼ਨਰ, ਲੁਧਿਆਣਾ, ਸਵਪਨ ਸ਼ਰਮਾ ਨੇ ਦੱਸਿਆ ਕਿ ਉਨ੍ਹਾਂ ਨੂੰ ਉਥੋਂ ਭੱਜਣਾ ਪਿਆ। ਜਦੋਂ ਪੀ.ਸੀ.ਆਰ. ਟੈਂਗੋ-6 ਦੀ ਪੈਟਰੋਲਿੰਗ ਟੀਮ ਨੇ ਉਨ੍ਹਾਂ ਨੂੰ ਰੋਕਣ ਦੀ ਕੋਸ਼ਿਸ਼ ਕੀਤੀ, ਤਾਂ ਮੁਲਜ਼ਮਾਂ ਨੇ ਗ੍ਰਿਫ਼ਤਾਰੀ ਤੋਂ ਬਚਣ ਲਈ ਪੁਲਸ



ਇਹ ਗ੍ਰਿਫ਼ਤਾਰੀਆਂ ਨੂਰਵਾਲਾ ਰੋਡ, ਸ਼ਿਵਪੁਰੀ ਚੌਕ ਦੇ ਨੇੜੇ 19 ਅਤੇ 20 ਮਈ 2026 ਦੀ ਦਰਮਿਆਨੀ ਰਾਤ ਨੂੰ ਹੋਈ ਇਕ ਅਪਰਾਧਿਕ ਕੋਸ਼ਿਸ਼ ਤੋਂ ਬਾਅਦ ਅਮਲ ਵਿੱਚ ਆਈਆਂ ਹਨ। ਜਦੋਂ ਮੁਲਜ਼ਮ ਏ.ਟੀ.ਐਮ. ਦੀ ਤਿਜੋਰੀ (ਵਾਲਟ) ਨੂੰ ਕੱਟ ਰਹੇ ਸਨ, ਤਾਂ ਬਿਜਲੀ ਦੇ ਸ਼ਾਰਟ-ਸਰਕਟ ਕਾਰਨ ਅੱਗ ਲੱਗ ਗਈ, ਜਿਸ ਕਾਰਨ ਮੁਲਾਜ਼ਮਾਂ 'ਤੇ ਸਿੱਧੀ ਗੋਲੀਬਾਰੀ ਕਰ ਦਿੱਤੀ। ਇਸ ਦੇ ਸਿੱਟੇ ਵਜੋਂ, ਥਾਣਾ ਬਸਤੀ ਜੋਧੇਵਾਲ ਵਿਖੇ ਭਾਰਤੀ ਨਿਆਏ ਸੰਹਿਤਾ ਦੀਆਂ ਸਬੰਧਤ ਧਾਰਾਵਾਂ ਤਹਿਤ ਐਫ.ਆਈ.ਆਰ. ਨੰਬਰ 88 ਮਿਤੀ 20-05-2026 ਦਰਜ ਕੀਤੀ ਗਈ ਸੀ। ਸਵਪਨ ਸ਼ਰਮਾ ਨੇ ਦੱਸਿਆ ਕਿ ਉੱਨਤ ਤਕਨੀਕੀ ਅਤੇ ਇਲੈਕਟ੍ਰਾਨਿਕ ਇੰਟੈਲੀਜੈਂਸ ਦੀ ਵਰਤੋਂ ਕਰਦਿਆਂ, ਪੁਲਿਸ ਟੀਮਾਂ ਨੇ ਪਹਿਲਾਂ 25 ਮਈ 2026 ਨੂੰ ਜਸਮਿੰਦਰ ਸਿੰਘ ਉਰਫ਼ ਜੱਸ ਨੂੰ ਵਾਰਦਾਤ ਵਿੱਚ ਵਰਤੀ ਗਈ ਗੱਡੀ ਸਮੇਤ ਗ੍ਰਿਫ਼ਤਾਰ ਕੀਤਾ। ਉਸ ਦੇ ਖੁਲਾਸੇ ਤੋਂ ਪਤਾ ਲੱਗਿਆ ਕਿ ਅੰਮ੍ਰਿਤਸਰ ਦਾ ਇੱਕ 6 ਮੈਂਬਰੀ ਗਿਰੋਹ ਏ.ਟੀ.ਐਮ. ਨੂੰ ਨਿਸ਼ਾਨਾ ਬਣਾਉਣ ਲਈ ਲੁਧਿਆਣਾ ਆਇਆ ਸੀ। ਉਸ ਦੀ ਨਿਸ਼ਾਨਦੇਹੀ 'ਤੇ ਕਾਰਵਾਈ ਕਰਦੇ ਹੋਏ, ਪੁਲਸ ਨੇ 2 ਜੂਨ 2026 ਨੂੰ ਇੱਕ ਟਿਕਾਣੇ 'ਤੇ ਛਾਪੇਮਾਰੀ ਕੀਤੀ ਅਤੇ ਦੂਜੇ ਮੁੱਖ ਮੁਲਜ਼ਮ ਦੀਪਕ ਕੁਮਾਰ ਉਰਫ਼ ਦੀਪੂ ਬਿਹਾਰੀ ਨੂੰ ਗ੍ਰਿਫ਼ਤਾਰ ਕਰ ਲਿਆ, ਅਤੇ ਪੀ.ਸੀ.ਆਰ. ਟੀਮ ਖ਼ਿਲਾਫ਼ ਵਰਤਿਆ ਗਿਆ ਹਥਿਆਰ ਸਿੱਧਾ ਉਸ ਦੇ ਕਬਜ਼ੇ ਵਿੱਚੋਂ ਬਰਾਮਦ ਕੀਤਾ ਗਿਆ। ਕਮਿਸ਼ਨਰ ਨੇ ਅੱਗੇ ਦੱਸਿਆ ਕਿ ਇਹ ਗਿਰੋਹ ਦਿਨ ਵੇਲੇ ਸੁੰਨਸਾਨ ਏ.ਟੀ.ਐਮਜ਼ ਦੀ ਰੇਕੀ ਕਰਦਾ ਸੀ ਅਤੇ ਰਾਤ ਨੂੰ ਹਾਈ-ਟੈਂਪਰੇਚਰ ਗੈਸ ਕੱਟਰਾਂ ਦੀ ਵਰਤੋਂ ਕਰਕੇ ਉਨ੍ਹਾਂ ਨੂੰ ਨਿਸ਼ਾਨਾ ਬਣਾਉਂਦਾ ਸੀ। ਉਨ੍ਹਾਂ ਨੇ ਲੁਧਿਆਣਾ, ਜਲੰਧਰ ਅਤੇ ਪੰਜਾਬ ਦੇ ਹੋਰ ਜ਼ਿਲ੍ਹਿਆਂ ਵਿਚ ਏ.ਟੀ.ਐਮ. ਲੁੱਟ ਦੀਆਂ ਕਈ ਵਾਰਦਾਤਾਂ ਕਬੂਲ ਕੀਤੀਆਂ ਹਨ। ਗ੍ਰਿਫ਼ਤਾਰ ਮੁਲਜ਼ਮ 'ਤੇ ਪਹਿਲਾਂ ਵੀ ਕਈ ਮਾਮਲੇ ਦਰਜ ਹਨ। ਦੀਪਕ ਕੁਮਾਰ ਉਰਫ਼ ਦੀਪੂ ਬਿਹਾਰੀ 'ਤੇ 2007 ਤੋਂ 2022 ਦਰਮਿਆਨ ਅੰਮ੍ਰਿਤਸਰ ਅਤੇ ਬਠਿੰਡਾ ਵਿਚ 21 ਮਾਮਲੇ ਦਰਜ ਹਨ, ਜਿਨ੍ਹਾਂ ਵਿਚ ਇਰਾਦਾ ਕਤਲ ਕਤਲ ਲੁੱਟ-ਖੋਹ, ਅਸਲਾ ਐਕਟ, ਪ੍ਰਿਜ਼ਨ ਐਕਟ, ਐਕਟ ਦੇ ਉਲੰਘਣ ਸ਼ਾਮਲ ਹਨ। ਉਥੇ ਹੀ ਜਸਮਿੰਦਰ ਸਿੰਘ ਉਰਫ਼ ਜੱਸ ਖ਼ਿਲਾਫ਼ ਇਨ੍ਹਾਂ ਲੜੀਵਾਰ ਵਾਰਦਾਤਾਂ ਤੋਂ ਪਹਿਲਾਂ ਕੋਈ ਐੱਫ.ਆਈ.ਆਰ. ਦਰਜ ਨਹੀਂ ਸੀ। ਸਵਪਨ ਸ਼ਰਮਾ ਨੇ ਪ੍ਰੈਸ ਨੂੰ ਜਾਣਕਾਰੀ ਦਿੱਤੀ ਕਿ ਮੁਢਲੀ ਪੁੱਛਗਿੱਛ ਦੌਰਾਨ ਇਸ ਗਿਰੋਹ ਨਾਲ ਸਿੱਧੇ ਤੌਰ 'ਤੇ ਜੁੜੇ 5 ਵੱਡੇ ਅੰਤਰ-ਜ਼ਿਲ੍ਹਾ ਮਾਮਲਿਆਂ ਨੂੰ ਸਫ਼ਲਤਾਪੂਰਵਕ ਸੁਲਝਾ ਲਿਆ ਗਿਆ ਹੈ।

# ਚੰਡੀਗੜ੍ਹ 'ਚ ਆਪਸੀ ਝਗੜੇ ਦੌਰਾਨ ਚੱਲੀ ਗੋਲੀ, ਇਲਾਕੇ 'ਚ ਦਹਿਸ਼ਤ ਦਾ ਮਾਹੌਲ

**ਕੌਮੀ ਪਤ੍ਰਿਕਾ**

ਚੰਡੀਗੜ੍ਹ 12 ਜੂਨ। ਸ਼ਹਿਰ ਦੇ ਸੈਕਟਰ-20ਏ 'ਚ ਦੇਰ ਰਾਤ ਵਾਪਰੀ ਫਾਇਰਿੰਗ ਦੀ ਇੱਕ ਘਟਨਾ ਨੇ ਪੂਰੇ ਇਲਾਕੇ 'ਚ ਸਨਸਨੀ ਫੈਲਾ ਦਿੱਤੀ ਹੈ। ਜਾਣਕਾਰੀ ਅਨੁਸਾਰ 4 ਨੌਜਵਾਨਾਂ ਨੇ ਪਹਿਲਾਂ ਇੱਕ ਬੁਲੇਟ ਮੋਟਰਸਾਈਕਲ ਦੀ ਬੁਰੀ ਤਰ੍ਹਾਂ ਭੰਨਤੋੜ ਕੀਤੀ ਅਤੇ ਜਦੋਂ ਪੀੜਤ ਪੱਖ ਨੇ ਉਨ੍ਹਾਂ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਤਾਂ ਮੁਲਜ਼ਮਾਂ ਨੇ ਭੱਜਦੇ ਸਮੇਂ ਗੋਲੀ ਚਲਾ ਦਿੱਤੀ। ਪੁਲਸ ਨੇ ਮੌਕੇ ਤੋਂ ਇੱਕ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ ਹੈ, ਜਦੋਂ ਕਿ ਉਸ ਦੇ ਤਿੰਨ ਸਾਥੀ ਫ਼ਰਾਰ ਹੋਣ 'ਚ ਕਾਮਯਾਬ ਹੋ ਗਏ। ਪੁਲਸ ਕੋਲ ਦਰਜ ਕਰਵਾਈ ਸ਼ਿਕਾਇਤ ਅਨੁਸਾਰ ਸੈਕਟਰ-33 ਦੇ ਰਹਿਣ ਵਾਲਾ ਰਾਜੀਵ ਆਪਣੇ ਦੋਸਤ ਸੁਨੀਲ ਨਾਲ ਦੇਰ ਰਾਤ ਮੋਟਰਸਾਈਕਲ 'ਤੇ ਵਾਪਸ ਆ ਰਿਹਾ ਸੀ। ਰਸਤੇ 'ਚ ਸੈਕਟਰ-20 ਦੀ ਮਾਰਕੀਟ ਕੋਲ ਐਕਟਿਵਾ ਸਵਾਰ ਦੋ ਨੌਜਵਾਨਾਂ ਨਾਲ ਉਨ੍ਹਾਂ ਦੀ ਕਿਸੇ ਗੱਲ ਨੂੰ ਲੈ ਕੇ ਬਹਿਸ ਹੋ ਗਈ। ਇਸ ਤੋਂ ਬਾਅਦ ਰਾਜੀਵ ਅਤੇ ਸੁਨੀਲ ਆਪਣੇ ਘਰ ਪਰਤ ਆਏ ਅਤੇ ਮੋਟਰਸਾਈਕਲ ਸੈਕਟਰ-20ਏ ਸਥਿਤ ਮਕਾਨ ਨੰਬਰ-58 ਦੇ ਬਾਹਰ ਖੜ੍ਹਾ ਕਰ ਦਿੱਤਾ। ਕੁੱਝ ਸਮੇਂ ਬਾਅਦ ਉਨ੍ਹਾਂ ਨੂੰ ਬਾਹਰੋਂ ਭੰਨਤੋੜ ਦੀ ਆਵਾਜ਼ ਸੁਣਾਈ ਦਿੱਤੀ। ਜਦੋਂ ਉਨ੍ਹਾਂ ਨੇ ਹੇਠਾਂ ਆ ਕੇ ਦੇਖਿਆ ਤਾਂ ਚਾਰ ਨੌਜਵਾਨ ਬੁਲੇਟ ਮੋਟਰਸਾਈਕਲ ਦੀ ਭੰਨਤੋੜ ਕਰ ਰਹੇ ਸਨ। ਪੀੜਤਾਂ ਨੇ ਹਿੰਮਤ ਦਿਖਾਉਂਦੇ ਹੋਏ ਇੱਕ ਮੁਲਜ਼ਮ ਜੈ ਕਿਸ਼ਨ (ਵਾਸੀ ਸੈਕਟਰ-30) ਨੂੰ ਮੌਕੇ 'ਤੇ ਹੀ ਕਾਬੂ ਕਰ ਲਿਆ, ਜਿਸ ਦੀ ਐਕਟਿਵਾ ਵੀ ਪੁਲਸ ਨੇ ਕਬਜ਼ੇ 'ਚ ਲੈ ਲਈ ਹੈ। ਆਪਣੇ ਸਾਥੀ ਨੂੰ ਫੜਿ ਆ ਦੇਖ ਬਾਕੀ ਤਿੰਨ ਮੁਲਜ਼ਮਾਂ ਨੇ ਮਕਾਨ ਨੰਬਰ-39 ਦੇ ਸਾਹਮਣੇ ਫਾਇਰਿੰਗ ਕਰ ਦਿੱਤੀ ਅਤੇ ਮੌਕੇ ਤੋਂ ਫ਼ਰਾਰ ਹੋ ਗਏ। ਫ਼ਰਾਰ ਮੁਲਜ਼ਮਾਂ ਵਿੱਚੋਂ ਇੱਕ ਦੀ ਪਛਾਣ 'ਅਭੀ' ਵਜੋਂ ਹੋਈ ਹੈ। ਘਟਨਾ ਦੀ ਸੂਚਨਾ ਮਿਲਦੇ ਹੀ ਸੈਕਟਰ-19 ਅਤੇ ਸੈਕਟਰ-26 ਦੀ ਪੁਲਸ ਸਮੇਤ ਉੱਚ ਅਧਿਕਾਰੀ ਮੌਕੇ 'ਤੇ ਪਹੁੰਚ ਗਏ। ਜਾਂਚ



ਅਧਿਕਾਰੀ ਏ. ਐੱਸ. ਆਈ. ਸੁਰਿੰਦਰ ਨੇ ਦੱਸਿਆ ਕਿ ਮੌਕੇ ਤੋਂ ਸਬੂਤ ਇਕੱਠੇ ਕਰ ਲਏ ਗਏ ਹਨ ਅਤੇ ਫ਼ਰਾਰ ਮੁਲਜ਼ਮਾਂ ਦੀ ਭਾਲ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ। ਪੁਲਸ ਨੇ ਫਾਇਰਿੰਗ ਅਤੇ ਭੰਨਤੋੜ ਸਬੰਧੀ ਵੱਖ-ਵੱਖ ਧਾਰਾਵਾਂ ਤਹਿਤ ਕੇਸ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਪੰਜਾਬ ਦੇ ਸਭ ਤੋਂ ਮਹਿੰਗੇ ਟੋਲ ਪਲਾਜ਼ੇ ਵੱਲ ਜਾਣ ਵਾਲੇ ਦੇਣ ਧਿਆਨ, ਵਾਹਨ ਚਾਲਕਾਂ ਦੇ ਮਤਲਬ ਦੀ ਹੈ ਖ਼ਬਰ

ਚੰਡੀਗੜ੍ਹ/ਲੁਧਿਆਣਾ 12 ਜੂਨ। ਨੈਸ਼ਨਲ ਹਾਈਵੇ 'ਤੇ ਸਥਿਤ ਲਾਡੋਵਾਲ ਟੋਲ ਪਲਾਜ਼ਾ ਇਕ ਵਾਰ ਫਿਰ ਤੋਂ 2 ਘੰਟੇ ਲਈ ਫ਼ਰੀ ਕੀਤਾ ਜਾ ਰਿਹਾ ਹੈ। ਇਸ ਬਾਰੇ ਲੁਧਿਆਣਾ 'ਚ ਕੌਮੀ ਇਨਸਾਫ਼ ਮੋਰਚੇ ਦੇ ਵਰਕਰਾਂ ਵੱਲੋਂ ਇਕ ਪੱਤਰਕਾਰ ਸੰਮੇਲਨ ਦੌਰਾਨ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਕੇਂਦਰ ਸਰਕਾਰ ਵੱਲੋਂ ਪਿਛਲੇ 30 ਸਾਲਾਂ ਤੋਂ ਜੇਲ੍ਹਾਂ 'ਚ ਸਜ਼ਾ ਕੱਟ ਰਹੇ ਬੰਦੀ ਸਿੰਘਾਂ ਦੀ ਰਿਹਾਈ ਨਾ ਕਰਨ ਦੇ ਵਿਰੋਧ 'ਚ 9 ਜੂਨ ਨੂੰ ਨੈਸ਼ਨਲ ਹਾਈਵੇ 'ਤੇ ਸਥਿਤ ਲਾਡੋਵਾਲ ਟੋਲ ਪਲਾਜ਼ਾ ਨੂੰ 2 ਘੰਟੇ ਲਈ ਪੂਰਨ ਰੂਪ 'ਚ ਟੋਲ ਫ਼ਰੀ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਪਿਛਲੇ ਕਈ ਸਾਲਾਂ ਤੋਂ ਕੌਮੀ ਇਨਸਾਫ਼ ਮੋਰਚੇ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਲਈ ਧਰਨੇ ਲਗਾਏ ਜਾ ਰਹੇ ਹਨ ਪਰ ਕੇਂਦਰ ਸਰਕਾਰ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਨਹੀਂ ਕੀਤੀ ਜਾ ਰਹੀ। ਇਸ ਦੇ ਵਿਰੋਧ 'ਚ 9 ਜੂਨ ਨੂੰ ਲਾਡੋਵਾਲ ਟੋਲ ਪਲਾਜ਼ਾ ਨੂੰ ਦੁਪਹਿਰ 12 ਵਜੇ ਤੋਂ ਲੈ ਕੇ 2 ਵਜੇ ਤੱਕ ਟੋਲ ਫ਼ਰੀ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਕੌਮੀ ਇਨਸਾਫ਼ ਮੋਰਚਾ ਕੇਂਦਰ ਸਰਕਾਰ ਤੱਕ ਆਪਣੀ ਆਵਾਜ਼ ਪਹੁੰਚਾਉਣ ਲਈ ਨੈਸ਼ਨਲ ਹਾਈਵੇ 'ਤੇ ਸਥਿਤ ਲਾਡੋਵਾਲ ਟੋਲ ਪਲਾਜ਼ਾ ਨੂੰ ਫ਼ਰੀ ਕਰ ਰਿਹਾ ਹੈ

# ਗੱਡੀ ਖੜ੍ਹੀ ਕਰਨ ਨੂੰ ਲੈ ਕੇ ਹੋਇਆ ਵਿਵਾਦ, ਮਹਿਲਾ 'ਤੇ ਬੇਸਬਾਲ ਨਾਲ ਕੀਤਾ ਹਮਲਾ

**ਕੌਮੀ ਪਤ੍ਰਿਕਾ**

ਫਿਰੋਜ਼ਪੁਰ 12 ਜੂਨ। ਫਿਰੋਜ਼ਪੁਰ ਕੈਂਟ ਦੇ ਬਾਜ਼ਾਰ ਨੰਬਰ 7 ਵਿਚ ਗੱਡੀ ਖੜ੍ਹੀ ਕਰਨ ਦੇ ਵਿਵਾਦ ਨੂੰ ਲੈ ਕੇ ਇਕ ਮਹਿਲਾ ਅਤੇ ਉਸ ਦੀ ਲੜਕੀ ਨਾਲ ਬਦਸਲੂਕੀ ਕਰਨ, ਬੇਸਬਾਲ ਨਾਲ ਹਮਲਾ ਦੀ ਕੋਸ਼ਿਸ਼ ਅਤੇ ਮੋਬਾਇਲ ਫ਼ੋਨ ਖੋਹਣ ਦੇ 'ਚ ਥਾਣਾ ਕੈਂਟ ਫਿਰੋਜ਼ਪੁਰ ਪੁਲਸ ਨੇ ਇਕ ਨੌਜਵਾਨ ਖ਼?ਲਾਫ਼ 304, 333, 79 ਬੀ. ਐੱਨ. ਐੱਸ. ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਪੂਜਾ ਰਾਣੀ ਪਤਨੀ ਯੋਗੇਸ਼ ਕੁਮਾਰ ਵਾਸੀ ਮਕਾਨ ਨੰਬਰ 10, ਬਾਜ਼ਾਰ ਨੰਬਰ 7, ਫਿਰੋਜ਼ਪੁਰ ਕੈਂਟ ਨੇ ਦੱਸਿਆ ਕਿ ਬੀਤੀ 27 ਮਈ 2026 ਨੂੰ ਸ਼ਾਮ ਕਰੀਬ 4.30 ਤੋਂ 6.30 ਵਜੇ ਦੇ ਦਰਮਿਆਨ ਉਹ ਆਪਣੇ ਘਰ ਮੌਜੂਦ ਸੀ। ਉਨ੍ਹਾਂ ਦੇ ਘਰ ਦੇ ਬਿਲਕੁਲ ਸਾਹਮਣੇ ਗਲੀ ਦੇ ਮੋੜ (ਚੌਂਕ) 'ਤੇ ਲਾਡੀ ਪਤਨੀ ਗੁਰਮਿੰਦਰ ਸਿੰਘ ਵਾਸੀ ਬਾਜ਼ਾਰ ਨੰਬਰ 7 ਦਾ ਇਕ ਸ਼ੋਅਰੂਮ ਬਣ ਰਿਹਾ ਹੈ। ਪੂਜਾ ਰਾਣੀ ਨੇ ਦੱਸਿਆ ਕਿ ਲਾਡੀ ਨੇ ਉਸ ਨੂੰ ਬੁਲਾਇਆ ਅਤੇ ਸ਼ੋਅਰੂਮ ਦੇ ਸਾਹਮਣੇ ਸੜਕ 'ਤੇ ਗੱਡੀ ਨਾ ਖੜ੍ਹੀ ਕਰਨ ਲਈ ਆਖਿਆ। ਜਦੋਂ ਇਸ ਗੱਲ ਦਾ ਵਿਰੋਧ ਕੀਤਾ ਗਿਆ ਤਾਂ ਲਾਡੀ ਨੇ ਉਸ ਨੂੰ ਧਮਕੀ ਦਿੱਤੀ ਕਿ ਜੇਕਰ ਦੋਬਾਰਾ ਇਥੇ ਕਾਰ ਖੜ੍ਹੀ ਕੀਤੀ ਤਾਂ ਉਹ ਉਸ ਦੀ ਗੱਡੀ ਦੇ ਤਾਰ ਤੋੜ ਦੇਵੇਗੀ। ਇਸ ਤਕਰਾਰ ਤੋਂ ਬਾਅਦ ਉਹ ਬਾਜ਼ਾਰ ਵਿਚ ਕੁਝ ਸਾਮਾਨ ਲੈਣ ਲਈ ਚਲੀ ਗਈ। ਪੂਜਾ ਰਾਣੀ ਨੇ ਦੱਸਿਆ ਕਿ ਉਸ ਦੇ ਬਾਜ਼ਾਰ ਜਾਣ ਤੋਂ ਕੁਝ ਸਮੇਂ ਬਾਅਦ ਲਾਡੀ ਦਾ ਲੜਕਾ ਮਨਕਰਨ ਸਿੰਘ ਹੱਥ ਵਿਚ ਬੇਸਬਾਲ ਲੈ ਕੇ ਉਸ ਦੇ ਘਰ ਆਇਆ ਤੇ ਉਸ ਦੀ ਲੜਕੀ ਘਰ ਵਿਚ ਇਕੱਲੀ ਸੀ। ਪੂਜਾ ਰਾਣੀ ਨੇ ਦੱਸਿਆ ਕਿ ਨੌਜਵਾਨ ਨੇ ਉਸ ਦੀ ਲੜਕੀ ਦੇ ਸਾਹਮਣੇ ਹੀ ਉਸ ਬਾਰੇ ਅਤੇ ਉਸ ਦੀ ਮਾਂ ਬਾਰੇ ਘਟੀਆ ਅਤੇ ਗਲਤ ਸ਼ਬਦਾਵਲੀ ਦੀ ਵਰਤੋਂ ਕਰਨੀ ਸ਼ੁਰੂ ਕਰ ਦਿੱਤੀ। ਉਸ ਦੀ ਲੜਕੀ ਨੇ ਫ਼ੋਨ ਕਰਕੇ ਉਸ ਨੂੰ ਇਸ ਦੀ ਸੂਚਨਾ ਦਿੱਤੀ, ਜਿਸ 'ਤੇ ਉਹ ਜਲਦਬਾਜ਼ੀ ਵਿਚ ਵਾਪਸ ਘਰ ਪਹੁੰਚੀ। ਜਿਵੇਂ ਹੀ ਉਹ ਘਰ ਆਈ ਤਾਂ ਉਸ ਨੂੰ ਦੇਖਦਿਆਂ ਹੀ ਮਨਕਰਨ ਸਿੰਘ ਨੇ ਉਸ ਉੱਪਰ ਬੇਸਬਾਲ ਨਾਲ ਹਮਲਾ ਕਰਨ ਦੀ ਕੋਸ਼ਿਸ਼ ਕੀਤੀ। ਇਸ ਦੌਰਾਨ ਆਸ-ਪਾਸ ਇਕੱਠੀ ਹੋਈ ਪਬਲਿਕ ਨੇ ਮਨਕਰਨ ਸਿੰਘ ਨੂੰ ਅਜਿਹਾ ਕਰਨ ਤੋਂ ਰੋਕਿਆ। ਪੂਜਾ ਰਾਣੀ ਨੇ ਦੱਸਿਆ ਕਿ ਜਦੋਂ ਉਹ ਇਸ ਘਟਨਾ ਦੀ ਮੋਬਾਇਲ 'ਤੇ ਵੀਡੀਓ ਬਣਾ ਰਹੀ ਸੀ ਤਾਂ ਮਨਕਰਨ ਸਿੰਘ ਨੇ ਝਪਟਾ ਮਾਰ ਕੇ ਉਸ ਦੇ ਹੱਥੋਂ ਮੋਬਾਇਲ ਫ਼ੋਨ ਖੋਹ ਲਿਆ, ਜੋਕਿ ਅਜੇ ਵੀ ਮੁਲਜ਼ਮ ਦੇ ਕਬਜ਼ੇ ਵਿਚ ਹੀ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਏ. ਐੱਸ. ਆਈ. ਸਲਵਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ ਦੇ ਆਧਾਰ 'ਤੇ ਮਨਕਰਨ ਸਿੰਘ ਖ਼?ਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

# ਪਠਾਨਕੋਟ-ਡਲਹੌਜ਼ੀ ਸੜਕ 'ਤੇ ਵਾਪਰਿਆ ਹਾਦਸਾ, ਕਾਰ ਤੇ ਮੋਟਰਸਾਈਕਲ ਖੱਡ 'ਚ ਡਿੱਗੇ

ਪਠਾਨਕੋਟ 12 ਜੂਨ। ਪਠਾਨਕੋਟ-ਡਲਹੌਜ਼ੀ ਕੌਮੀ ਰਾਜਮਾਰਗ 'ਤੇ ਸਥਿਤ ਸਿੰਬਲਾਂ ਪਿੰਡ ਦੇ ਇਕ ਤਿੱਖੇ ਮੋੜ 'ਤੇ ਕਾਰ ਅਤੇ ਮੋਟਰਸਾਈਕਲ ਵਿਚਕਾਰ ਹੋਈ ਭਿਆਨਕ ਟੱਕਰ 'ਚ 2 ਔਰਤਾਂ ਸਮੇਤ ਚਾਰ ਲੋਕ ਜ਼ਖਮੀ ਹੋ ਗਏ। ਹਾਦਸਾ ਇੰਨਾ ਗੰਭੀਰ ਸੀ ਕਿ ਟੱਕਰ ਤੋਂ ਬਾਅਦ ਦੋਵੇਂ ਵਾਹਨ ਸੜਕ ਕਿਨਾਰੇ ਡੂੰਘੀ ਖੱਡ 'ਚ ਜਾ ਡਿੱਗੇ। ਘਟਨਾ ਦੀ ਜਾਣਕਾਰੀ ਮਿਲਦੇ ਹੀ 108 ਐਂਬੂਲੈਂਸ ਦੇ ਈ. ਐੱਮ. ਟੀ. ਸੰਦੀਪ ਅਤੇ ਪਾਇਲਟ ਸੁਖਵਿੰਦਰ




ਸਿੰਘ ਤੁਰੰਤ ਮੌਕੇ 'ਤੇ ਪਹੁੰਚੇ ਅਤੇ ਰਾਹਤ ਕਾਰਜ ਸ਼ੁਰੂ ਕੀਤੇ। ਮੋਟਰਸਾਈਕਲ ਸਵਾਰ ਮਾਂ-ਪੁੱਤ ਜੋਤੀ ਅਤੇ ਮਾਨਵ ਵਾਸੀ ਪਿੰਡ ਮੱਟੀ, ਧਾਰਕਲਾਂ ਸੜਕ ਕਿਨਾਰੇ ਜ਼ਖਮੀ ਹਾਲਤ 'ਚ ਮਿਲੇ। ਦੂਜੇ ਪਾਸੇ ਕਾਰ ਸਵਾਰ ਰਘੁਵੀਰ ਸਿੰਘ ਅਤੇ ਜੋਤੀ ਪਠਾਨੀਆ ਵਾਸੀ ਸਿੰਬਲ ਚੌਕ, ਪਠਾਨਕੋਟ ਗੱਡੀ ਦੇ ਅੰਦਰ ਹੀ ਫਸ ਗਏ। ਐਂਬੂਲੈਂਸ ਸਟਾਫ਼ ਨੇ ਸਥਾਨਕ ਲੋਕਾਂ ਦੀ ਮਦਦ ਨਾਲ ਸਾਰੇ ਜ਼ਖਮੀਆਂ ਨੂੰ ਖੱਡ 'ਚੋਂ ਸੁਰੱਖਿਅਤ ਬਾਹਰ ਕੱਢਿਆ ਅਤੇ ਤੁਰੰਤ ਬਧਾਨੀ ਦੇ ਕਮਿਊਨਿਟੀ ਹੈਲਥ ਸੈਂਟਰ ਪਹੁੰਚਾਇਆ। ਡਾਕਟਰਾਂ ਮੁਤਾਬਕ ਕਾਰ ਸਵਾਰ ਜੋੜੇ ਨੂੰ ਗੰਭੀਰ ਸੱਟਾਂ ਲੱਗੀਆਂ ਹਨ, ਜਿਸ ਕਾਰਨ ਉਨ੍ਹਾਂ ਨੂੰ ਮੁੱਢਲੀ ਸਹਾਇਤਾ ਤੋਂ ਬਾਅਦ ਪਠਾਨਕੋਟ ਦੇ ਸਿਵਲ ਹਸਪਤਾਲ ਰੈਫਰ ਕਰ ਦਿੱਤਾ ਗਿਆ। ਮੋਟਰਸਾਈਕਲ ਸਵਾਰ ਮਾਂ-ਪੁੱਤ ਨੂੰ ਮਾਮੂਲੀ ਬਾਹਰੀ ਸੱਟਾਂ ਲੱਗੀਆਂ ਸਨ, ਜੋ ਇਲਾਜ ਤੋਂ ਬਾਅਦ ਘਰ ਪਰਤ ਗਏ। ਹਾਦਸੇ ਨੂੰ ਲੈ ਕੇ ਦੋਵਾਂ ਧਿਰਾਂ ਦੇ ਬਿਆਨ ਵੱਖੋ-ਵੱਖਰੇ ਹਨ। ਕਾਰ ਸਵਾਰ ਜੋਤੀ ਪਠਾਨੀਆ ਨੇ ਪਠਾਨੀਆ ਨੇ ਦੱਸਿਆ ਕਿ ਉਲਟ ਦਿਸ਼ਾ ਤੋਂ ਆ ਰਹੀ ਇਕ ਮੋਟਰਸਾਈਕਲ ਕਾਰਨ ਉਨ੍ਹਾਂ ਦੀ ਕਾਰ ਕੰਟਰੋਲ ਗੁਆ ਬੈਠੀ ਅਤੇ ਖੱਡ 'ਚ ਡਿੱਗ ਗਈ। ਉਹ ਕਾਰ 'ਚ ਆਪਣੇ ਜੱਦੀ ਪਿੰਡ ਭੰਗੂਰੀ ਵੱਲ ਜਾ ਰਹੇ ਸਨ। ਦੂਜੇ ਪਾਸੇ ਮੋਟਰਸਾਈਕਲ ਸਵਾਰ ਜੋਤੀ ਦਾ ਦਾਅਵਾ ਹੈ ਕਿ ਤੇਜ਼ ਰਫ਼ਤਾਰ ਕਾਰ ਆਪਣੇ ਅੱਗੇ ਜਾ ਰਹੇ ਇਕ ਵਾਹਨ ਨੂੰ ਓਵਰਟੇਕ ਕਰਨ ਦੀ ਕੋਸ਼ਿਸ਼ ਕਰ ਰਹੀ ਸੀ ਜਦੋਂ ਇਹ ਹਾਦਸਾ ਵਾਪਰਿਆ। ਉਹ ਆਪਣੇ ਪੁੱਤਰ ਨਾਲ ਕਿਸੇ ਨਿੱਜੀ ਕੰਮ ਲਈ ਮੋਟਰਸਾਈਕਲ 'ਤੇ ਬੁੰਗਲ ਪਿੰਡ ਜਾ ਰਹੀ ਸੀ।

## ਪੰਜਾਬ 'ਚ ਹੋ ਜਾਣਾ ਸੀ ਵੱਡਾ ਵਾਕਾ, ਗ੍ਰਨੇਡ ਚੱਕੀ ਫਿਰਦੇ ਮੁੰਡੇ ਚੜ੍ਹੇ ਪੁਲਸ ਅੜਿਕੇ

ਅੰਮ੍ਰਿਤਸਰ 12 ਜੂਨ। ਅੰਮ੍ਰਿਤਸਰ ਦਿਹਾਤੀ ਪੁਲਸ ਨੇ ਇੱਕ ਕੇਂਦਰੀ ਏਜੰਸੀ ਨਾਲ ਸਾਂਝੇ ਆਪ੍ਰੇਸ਼ਨ ਵਿੱਚ ਇੱਕ ਵੱਡੀ ਸਫਲਤਾ ਹਾਸਲ ਕੀਤੀ। ਇਸ ਆਪ੍ਰੇਸ਼ਨ ਦੌਰਾਨ, ਸਰਹੱਦ ਪਾਰ ਹੈਂਡਲਰਾਂ ਨਾਲ ਜੁੜੇ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਪੁਲਸ ਨੇ ਮੁਲਜ਼ਮਾਂ ਤੋਂ ਦੋ ਹੈਂਡ ਗ੍ਰਨੇਡ ਵੀ ਬਰਾਮਦ ਕੀਤੇ, ਜਿਸ ਨਾਲ ਸੁਰੱਖਿਆ ਏਜੰਸੀਆਂ ਵਿੱਚ ਚਿੰਤਾ ਵਧ ਗਈ। ਪੰਜਾਬ ਪੁਲਸ ਦੇ ਅਨੁਸਾਰ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਦੋਵੇਂ ਮੁਲਜ਼ਮ ਵਿਦੇਸ਼ੀ ਹੈਂਡਲਰਾਂ ਦੇ ਸੰਪਰਕ ਵਿੱਚ ਸਨ ਅਤੇ ਉਨ੍ਹਾਂ ਦੇ ਨਿਰਦੇਸ਼ਾਂ 'ਤੇ ਕੰਮ ਕਰ ਰਹੇ ਸਨ। ਮੁਲਜ਼ਮਾਂ ਤੋਂ ਬਰਾਮਦ ਕੀਤੇ ਗਏ ਹੈਂਡ ਗ੍ਰਨੇਡ ਦਰਸਾਉਂਦੇ ਹਨ ਕਿ ਪੰਜਾਬ ਵਿੱਚ ਸ਼ਾਂਤੀ ਅਤੇ ਕਾਨੂੰਨ ਵਿਵਸਥਾ ਨੂੰ ਭੰਗ ਕਰਨ ਲਈ ਇੱਕ ਵੱਡੀ ਸਾਜ਼ਿਸ਼ ਰਚੀ ਜਾ ਰਹੀ ਸੀ। ਜਾਂਚ ਏਜੰਸੀਆਂ ਦਾ ਮੰਨਣਾ ਹੈ ਕਿ ਇਹ ਮਾਮਲਾ ਸਰਹੱਦ ਪਾਰ ਨੈੱਟਵਰਕ ਨਾਲ ਜੁੜਿਆ ਹੋ ਸਕਦਾ ਹੈ। ਪੁਲਸ ਹੁਣ ਜਾਂਚ ਕਰ ਰਹੀ ਹੈ ਕਿ ਦੋਸ਼ੀਆਂ ਨੂੰ ਹਥਿਆਰ ਅਤੇ ਵਿਸਫੋਟਕ ਕਿਵੇਂ ਮੁਹੱਈਆ ਕਰਵਾਏ ਗਏ ਅਤੇ ਇਸ ਸਾਜ਼ਿਸ਼ ਵਿੱਚ ਹੋਰ ਕੌਣ ਸ਼ਾਮਲ ਸੀ। ਇਸ ਸਬੰਧ ਵਿੱਚ ਘਰਿੰਡਾ ਪੁਲਸ ਸਟੇਸ਼ਨ ਵਿੱਚ ਸਬੰਧਤ ਧਾਰਾਵਾਂ ਤਹਿਤ ਐਫਆਈਆਰ ਦਰਜ ਕੀਤੀ ਗਈ ਹੈ। ਪੁਲਸ ਮੁਲਜ਼ਮਾਂ ਤੋਂ ਉਨ੍ਹਾਂ ਦੇ ਅੱਗੇ ਅਤੇ ਪਿੱਛੇ ਸਬੰਧਾਂ ਦਾ ਪਤਾ ਲਗਾਉਣ ਲਈ ਵਿਆਪਕ ਪੁੱਛਗਿੱਛ ਕਰ ਰਹੀ ਹੈ। ਨੈੱਟਵਰਕ ਦੇ ਹੋਰ ਸਾਥੀਆਂ ਦੀ ਪਛਾਣ ਕਰਨ ਅਤੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਰਨ ਲਈ ਵੀ ਛਾਪੇਮਾਰੀ ਕੀਤੀ ਜਾ ਰਹੀ ਹੈ। ਪੰਜਾਬ ਪੁਲਸ ਨੇ ਸਪੱਸ਼ਟ ਕੀਤਾ ਹੈ ਕਿ ਸੂਬੇ 'ਚ ਅੱਤਵਾਦੀ ਗਤੀਵਿਧੀਆਂ, ਸੰਗਠਿਤ ਅਪਰਾਧ ਅਤੇ ਸਰਹੱਦ ਪਾਰ ਨੈੱਟਵਰਕਾਂ ਵਿਰੁੱਧ ਉਨ੍ਹਾਂ ਦੀ ਮੁਹਿੰਮ ਜਾਰੀ ਰਹੇਗੀ। ਉਨ੍ਹਾਂ ਦਾ ਦਾਅਵਾ ਹੈ ਕਿ ਪੰਜਾਬ ਵਿੱਚ ਸ਼ਾਂਤੀ, ਸੁਰੱਖਿਆ ਅਤੇ ਜਨਤਕ ਵਿਵਸਥਾ ਬਣਾਈ ਰੱਖਣ ਲਈ ਕਿਸੇ ਵੀ ਸਾਜ਼ਿਸ਼ ਨੂੰ ਸਫਲ ਨਹੀਂ ਹੋਣ ਦਿੱਤਾ ਜਾਵੇਗਾ। ਪੁਲਸ ਅਧਿਕਾਰੀਆਂ ਦੇ ਅਨੁਸਾਰ, ਇਹ ਕਾਰਵਾਈ ਸੂਬੇ ਵਿੱਚ ਅੱਤਵਾਦ ਅਤੇ ਸੰਗਠਿਤ ਅਪਰਾਧ ਵਿਰੁੱਧ ਚੱਲ ਰਹੀ ਮੁਹਿੰਮ ਦਾ ਇੱਕ ਮਹੱਤਵਪੂਰਨ ਹਿੱਸਾ ਹੈ।

# ਕਾਰ ਤੇ ਸਕੂਟਰੀ ਦੀ ਭਿਆਨਕ ਟੱਕਰ, ਬਜ਼ੁਰਗ ਸਮੇਤ ਚਾਰ ਜ਼ਖ਼ਮੀ

ਹਲਵਾਰਾ/ਸੁਧਾਰ, 12 ਜੂਨ। ਲੁਧਿਆਣਾ-ਬਠਿੰਡਾ ਰਾਜਮਾਰਗ 'ਤੇ ਪਿੰਡ ਬੋਪਾਰਾਏ ਕਲਾਂ ਨੇੜੇ ਸੋਮਵਾਰ ਸਵੇਰੇ ਵਾਪਰੇ ਇਕ ਦਰਦਨਾਕ ਸੜਕ ਹਾਦਸੇ ਵਿੱਚ ਇਕ ਬਜ਼ੁਰਗ ਸਕੂਟਰੀ ਸਵਾਰ ਸਮੇਤ ਚਾਰ ਵਿਅਕਤੀ ਜ਼ਖ਼ਮੀ ਹੋ ਗਏ। ਟੱਕਰ ਮਗਰੋਂ ਬੇਕਾਬੂ ਹੋਈ ਬ੍ਰੇਜ਼ਾ ਕਾਰ ਸੜਕ ਕਿਨਾਰੇ ਖੜ੍ਹੇ ਇਕ ਵਿਸ਼ਾਲ ਦਰੱਖਤ ਨਾਲ ਜਾ ਟਕਰਾਈ, ਜਿਸ ਕਾਰਨ ਕਾਰ ਬੁਰੀ ਤਰ੍ਹਾਂ ਨੁਕਸਾਨੀ ਗਈ ਤੇ ਮੌਕੇ 'ਤੇ ਹੜਕੰਪ ਮਚ ਗਿਆ। ਮਿਲੀ ਜਾਣਕਾਰੀ ਅਨੁਸਾਰ ਇਹ ਹਾਦਸਾ ਟਕਰਾਈ। ਟੱਕਰ ਦੀ ਆਵਾਜ਼ ਦੂਰ ਤੱਕ ਸੁਣਾਈ ਦਿੱਤੀ, ਜਿਸਨੂੰ ਮੌਕੇ 'ਤੇ ਮੌਜੂਦ ਲੋਕਾਂ ਨੇ ਧਮਾਕੇ ਵਰਗੀ ਆਵਾਜ਼ ਕਰਾਰ ਦਿੱਤਾ। ਹਾਦਸੇ ਤੋਂ ਤੁਰੰਤ ਬਾਅਦ ਇਲਾਕੇ ਦੇ ਲੋਕ ਮੌਕੇ 'ਤੇ ਇਕੱਠੇ ਹੋ ਗਏ ਅਤੇ ਕਾਫੀ ਮੁਸ਼ੱਕਤ ਮਗਰੋਂ ਕਾਰ ਵਿੱਚ ਫਸੇ ਪਤੀ-ਪਤਨੀ ਸਮੇਤ ਤਿੰਨ ਸਵਾਰਾਂ ਨੂੰ ਬਾਹਰ ਕੱਢਿਆ। ਸਾਰੇ ਜ਼ਖ਼ਮੀਆਂ ਨੂੰ ਤੁਰੰਤ ਇਲਾਜ ਲਈ ਸਥਾਨਕ ਸਿਵਲ ਹਸਪਤਾਲ ਪਹੁੰਚਾਇਆ ਗਿਆ। ਡਾਕਟਰਾਂ ਮੁਤਾਬਕ ਸਕੂਟਰੀ ਸਵਾਰ ਬਜ਼ੁਰਗ ਦੀ ਹਾਲਤ ਗੰਭੀਰ ਹੋਣ ਕਾਰਨ



ਸਵੇਰੇ ਕਰੀਬ 9 ਵਜੇ ਉਸ ਵੇਲੇ ਵਾਪਰਿਆ ਜਦੋਂ ਪਿੰਡ ਬੁਢੇਲ ਵੱਲੋਂ ਆ ਰਹੇ ਇਕ ਬਜ਼ੁਰਗ ਸਕੂਟੀ ਚਾਲਕ ਨੇ ਲਿੰਕ ਸੜਕ ਰਾਹੀਂ ਰਾਜਮਾਰਗ 'ਤੇ ਚੜ੍ਹ ਕੇ ਸੜਕ ਪਾਰ ਕਰਨ ਦੀ ਕੋਸ਼ਿਸ਼ ਕੀਤੀ। ਇਸ ਦੌਰਾਨ ਮੁੱਲਾਂਪੁਰ ਵੱਲੋਂ ਆ ਰਹੀ ਬ੍ਰੇਜ਼ਾ ਕਾਰ ਨਾਲ ਉਸਦੀ ਆਮਨੇ-ਸਾਮਨੇ ਭਿਆਨਕ ਟੱਕਰ ਹੋ ਗਈ। ਚਸ਼ਮਦੀਦਾਂ ਅਨੁਸਾਰ ਕਾਰ ਚਾਲਕ ਨੇ ਸਕੂਟਰੀ ਸਵਾਰ ਨੂੰ ਬਚਾਉਣ ਲਈ ਪੂਰੀ ਕੋਸ਼ਿਸ਼ ਕੀਤੀ, ਪਰ ਹਾਦਸਾ ਟਾਲਿਆ ਨਾ ਜਾ ਸਕਿਆ। ਟੱਕਰ ਦੀ ਤੀਬਰਤਾ ਇੰਨੀ ਜ਼ਿਆਦਾ ਸੀ ਕਿ ਕਾਰ ਬੇਕਾਬੂ ਹੋ ਕੇ ਰਾਜਮਾਰਗ ਕਿਨਾਰੇ ਖੜ੍ਹੇ ਇਕ ਵੱਡੇ ਦਰੱਖਤ ਨਾਲ ਜਾ ਉਸਨੂੰ ਅਗਲੇ ਇਲਾਜ ਲਈ ਲੁਧਿਆਣਾ ਰੈਫਰ ਕੀਤਾ ਗਿਆ ਸੀ, ਹਾਲਾਂਕਿ ਸ਼ਾਮ ਤੱਕ ਉਸਦੀ ਹਾਲਤ ਖਤਰੇ ਤੋਂ ਬਾਹਰ ਦੱਸੀ ਗਈ। ਉੱਧਰ, ਕਾਰ ਵਿੱਚ ਸਵਾਰ ਤਿੰਨਾਂ ਜ਼ਖ਼ਮੀਆਂ ਨੂੰ ਮੁੱਢਲੀ ਸਹਾਇਤਾ ਦੇਣ ਮਗਰੋਂ ਛੁੱਟੀ ਦੇ ਦਿੱਤੀ ਗਈ। ਹਾਦਸੇ ਦੀ ਸੂਚਨਾ ਮਿਲਦੇ ਹੀ ਸੁਧਾਰ ਪੁਲਿਸ ਮੌਕੇ 'ਤੇ ਪਹੁੰਚ ਗਈ ਅਤੇ ਨੁਕਸਾਨੀ ਗਈ ਕਾਰ ਤੇ ਸਕੂਟਰੀ ਨੂੰ ਕਬਜ਼ੇ ਵਿੱਚ ਲੈ ਕੇ ਜਾਂਚ ਸ਼ੁਰੂ ਕਰ ਦਿੱਤੀ। ਥਾਣਾ ਸੁਧਾਰ ਦੇ ਥਾਣੇਦਾਰ ਮਨੋਹਰ ਲਾਲ ਨੇ ਦੱਸਿਆ ਕਿ ਮਾਮਲੇ ਸਬੰਧੀ ਅਗਲੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।

# ਸਰਕਾਰੀ ਅਧਿਆਪਕ ਨੇ ਕੀਤੀ ਖ਼ੁਦਕੁਸ਼ੀ, ਘਰੇਲੂ ਕਲੇਸ਼ ਤੋਂ ਪਰੇਸ਼ਾਨ ਸੀ ਦਿਲਬਾਗ ਸਿੰਘ

**ਕੌਮੀ ਪਤ੍ਰਿਕਾ**

ਤਰਨਤਾਰਨ 12 ਜੂਨ। ਸ਼ਹਿਰ ਦੇ ਨਿਵਾਸੀ ਇਕ ਸਰਕਾਰੀ ਅਧਿਆਪਕ ਵੱਲੋਂ ਘਰੇਲੂ ਕਲੇਸ਼ ਦੇ ਚੱਲਦਿਆਂ ਜ਼ਹਿਰੀਲੀ ਵਸਤੂ ਨਿਗਲਣ ਨਾਲ ਆਪਣੀ ਜੀਵਨ ਲੀਲਾ ਸਮਾਪਤ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧੀ ਮ੍ਰਿਤਕ ਦੇ ਪਿਤਾ ਵੱਲੋਂ ਪੁਲਸ ਨੂੰ ਸ਼ਿਕਾਇਤ ਦਿੰਦੇ ਹੋਏ ਐੱਸ.ਐੱਸ.ਪੀ. ਪਾਸੋਂ ਇਨਸਾਫ਼ ਦੀ ਗੁਹਾਰ ਲਗਾਈ ਗਈ ਹੈ। ਜਾਣਕਾਰੀ ਦਿੰਦੇ ਹੋਏ ਕੁਲਵੰਤ ਸਿੰਘ ਪੁੱਤਰ ਗੁਰਦੀਪ ਸਿੰਘ ਨਿਵਾਸੀ ਗਲੀ ਸਾਲਗ੍ਰਾਮ ਵਾਲੀ, ਮੁਹੱਲਾ ਟਾਂਕ ਛੱਤਰੀ ਨੇ ਦੱਸਿਆ ਕਿ ਉਸ ਦਾ ਛੋਟਾ ਭਰਾ ਦਿਲਬਾਗ ਸਿੰਘ (46), ਜਿਸ ਦਾ ਵਿਆਹ ਜਸਪ੍ਰੀਤ ਕੌਰ ਨਾਲ ਹੋਇਆ ਸੀ, ਦੇ ਦੋ ਬੇਟੇ ਹਨ। ਕੁਲਵੰਤ ਸਿੰਘ ਨੇ ਦੱਸਿਆ ਕਿ ਦਿਲਬਾਗ ਸਿੰਘ ਦੇ ਵਿਆਹ ਤੋਂ ਕਰੀਬ ਛੇ ਮਹੀਨੇ ਬਾਅਦ ਹੀ ਉਸ ਦੀ ਪਤਨੀ ਜਸਪ੍ਰੀਤ ਕੌਰ ਉਸ ਨੂੰ ਸਾਡੇ ਤੋਂ ਵੱਖ ਕਰਕੇ ਤਰਨਤਾਰਨ ਸ਼ਹਿਰ ਵਿਚ ਰਹਿਣ ਲੱਗ ਪਈ ਸੀ। ਦਿਲਬਾਗ ਸਿੰਘ ਬਹੁਤ ਹੀ ਮਿਹਨਤੀ ਅਤੇ ਹੋਣਹਾਰ ਨੌਜਵਾਨ ਸੀ, ਜਿਸ ਨੇ ਆਪਣੀ ਸਾਰੀ ਪੜ੍ਹਾਈ-ਲਿਖਾਈ ਕਰਕੇ ਆਪਣੇ ਬਲਬੂਤੇ ਉੱਪਰ ਸਰਕਾਰੀ ਨੌਕਰੀ ਹਾਸਲ ਕੀਤੀ ਸੀ। ਉਹ ਬੀਤੇ ਕਰੀਬ 16 ਸਾਲਾਂ ਤੋਂ ਨਜ਼ਦੀਕੀ ਪਿੰਡ ਸ਼ਹਾਬਪੁਰ ਵਿਖੇ ਬਤੌਰ ਸਰਕਾਰੀ ਅਧਿਆਪਕ ਬੱਚਿਆਂ ਨੂੰ ਵਧੀਆ ਪੜ੍ਹਾ-ਲਿਖਾ ਰਿਹਾ ਸੀ, ਜਿਸ ਦੀ ਪੰਚਾਇਤ ਨੇ ਕਦੇ ਵੀ ਬਦਲੀ ਨਹੀਂ ਹੋਣ ਦਿੱਤੀ। ਕੁਲਵੰਤ ਸਿੰਘ ਅਤੇ ਉਸ ਦੇ ਪਿਤਾ ਗੁਰਦੀਪ ਸਿੰਘ ਨੇ ਸਾਂਝੇ ਤੌਰ 'ਤੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਬੀਤੇ ਵੀਰਵਾਰ ਤੜਕਸਾਰ ਉਨ੍ਹਾਂ ਨੂੰ ਫ਼ੋਨ ਰਾਹੀਂ ਸੂਚਨਾ ਮਿਲਦੀ ਹੈ ਕਿ ਦਿਲਬਾਗ ਸਿੰਘ ਦੀ ਹਾਲਤ ਠੀਕ ਨਾ ਹੋਣ ਕਰਕੇ ਉਸ ਨੂੰ ਹਸਪਤਾਲ ਲਿਜਾਇਆ ਜਾ ਰਿਹਾ ਹੈ। ਕੁਲਵੰਤ ਸਿੰਘ ਅਤੇ ਗੁਰਦੀਪ ਸਿੰਘ ਨੇ ਦੱਸਿਆ ਕਿ ਜਦੋਂ ਉਹ ਦਿਲਬਾਗ ਨੂੰ ਮਿਲੇ ਤਾਂ ਉਹ ਰੋ ਰਿਹਾ ਸੀ। ਦਿਲਬਾਗ ਸਿੰਘ ਵੱਲੋਂ ਕੋਈ ਜ਼ਹਿਰੀਲੀ ਵਸਤੂ ਨਿਗਲੀ ਜਾ ਚੁੱਕੀ ਸੀ, ਜਿਸ ਦੀ ਹਾਲਤ ਖ਼ਰਾਬ ਹੋਣ ਦੌਰਾਨ ਉਸ ਨੂੰ ਪਹਿਲਾਂ ਤਰਨਤਾਰਨ ਦੇ ਹਸਪਤਾਲ ਲਿਜਾਇਆ ਗਿਆ ਅਤੇ ਬਾਅਦ ਵਿਚ ਅੰਮ੍ਰਿਤਸਰ ਦੇ ਇਕ ਨਿੱਜੀ ਹਸਪਤਾਲ ਵਿਚ ਦਾਖ਼ਲ ਕਰਵਾਇਆ ਗਿਆ, ਜਿਥੇ ਉਸ ਦੀ ਮੌਤ ਹੋ ਗਈ। ਕੁਲਵੰਤ ਸਿੰਘ ਨੇ ਦੱਸਿਆ ਕਿ ਸਿਵਲ ਹਸਪਤਾਲ ਤਰਨਤਾਰਨ ਵਿਖੇ ਪੁਲਸ ਵੱਲੋਂ ਸ਼ੁੱਕਰਵਾਰ ਪੋਸਟਮਾਰਟਮ ਕਰਵਾਉਣ ਉਪਰੰਤ ਪਰਿਵਾਰਕ ਮੈਂਬਰਾਂ ਵੱਲੋਂ ਅੰਤਮ ਸੰਸਕਾਰ ਕਰ ਦਿੱਤਾ ਗਿਆ ਹੈ। ਕੁਲਵੰਤ ਸਿੰਘ ਨੇ ਦੱਸਿਆ ਕਿ ਇਸ ਸਬੰਧੀ ਥਾਣਾ ਸਿਟੀ ਤਰਨਤਾਰਨ ਦੀ ਪੁਲਸ ਨੂੰ ਸ਼ੁੱਕਰਵਾਰ ਸ਼ਾਮ ਦਰਖ਼ਾਸਤ ਦਿੰਦੇ ਹੋਏ ਦਿਲਬਾਗ ਸਿੰਘ ਦੀ ਮੌਤ ਦੀ ਬਾਰੀਕੀ ਨਾਲ ਜਾਂਚ ਕਰਵਾਉਣ ਦੀ ਮੰਗ ਕੀਤੀ ਗਈ ਹੈ। ਕੁਲਵੰਤ ਸਿੰਘ ਅਤੇ ਗੁਰਦੀਪ ਸਿੰਘ ਨੇ ਦੱਸਿਆ ਕਿ ਦਿਲਬਾਗ ਸਿੰਘ ਨੂੰ ਘਰੇਲੂ ਕਲੇਸ਼ ਦੇ ਚੱਲਦਿਆਂ ਹੀ ਆਪਣੀ ਜੀਵਨ ਲੀਲਾ ਸਮਾਪਤ ਕਰਨੀ ਪਈ ਹੈ, ਜਿਸ ਸਬੰਧੀ ਜ਼ਿਲੇ ਦੇ ਐੱਸ.ਐੱਸ.ਪੀ. ਪਾਸੋਂ ਇਨਸਾਫ਼ ਦੀ ਮੰਗ ਕੀਤੀ ਜਾ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਸਿਟੀ ਤਰਨਤਾਰਨ ਦੇ ਮੁਖੀ ਨਵਦੀਪ ਭੱਟੀ ਨੇ ਦੱਸਿਆ ਕਿ ਦਿਲਬਾਗ ਸਿੰਘ ਦੇ ਪਿਤਾ ਗੁਰਦੀਪ ਸਿੰਘ ਵੱਲੋਂ ਸ਼ਿਕਾਇਤ ਦਿੰਦੇ ਹੋਏ ਇਨਸਾਫ਼ ਦੀ ਮੰਗ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਪੋਸਟਮਾਰਟਮ ਦੀ ਰਿਪੋਰਟ ਆਉਣ ਤੋਂ ਬਾਅਦ ਬਣਦੀ ਅਗਲੇਰੀ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

## ਜ਼ਮੀਨ ਦਾ ਬਿਆਨਾਂ ਕਰਵਾਉਣ ਦੇ ਨਾਂ 'ਤੇ 11 ਲੱਖ 50 ਹਜ਼ਾਰ ਠੱਗੇ

ਗੁਰੂਹਰਸਹਾਏ 12 ਜੂਨ। ਲੱਖੋਕੇ ਬਹਿਰਾਮ ਦੇ ਅਧੀਨ ਆਉਂਦੇ ਪਿੰਡ ਮਾਦੀ ਕੇ ਵਿਖੇ ਇਕ ਵਿਅਕਤੀ ਨੂੰ ਜ਼ਮੀਨ ਦਾ ਬਿਆਨਾਂ ਕਰਵਾਉਣ ਦੇ ਨਾਂ 'ਤੇ 11 ਲੱਖ 50 ਹਜ਼ਾਰ ਰੁਪਏ ਠੱਗਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧ 'ਚ ਥਾਣਾ ਲੱਖੋਕੇ ਬਹਿਰਾਮ ਪੁਲਸ ਨੇ 3 ਲੋਕਾਂ ਖ਼?ਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ 'ਚ ਸੁਖਜਿੰਦਰ ਸਿੰਘ ਪੁੱਤਰ ਨਿਰੰਜਣ ਸਿੰਘ ਵਾਸੀ ਮਾਦੀ ਕੇ ਨੇ ਦੱਸਿਆ ਕਿ ਦੋਸ਼ੀਅਨ ਜੋਗਾ ਸਿੰਘ ਪੁੱਤਰ ਟਹਿਲ ਸਿੰਘ, ਹਰਜੀਤ ਕੌਰ ਪੁੱਤਰੀ ਜੋਗਾ ਸਿੰਘ ਅਤੇ ਰਾਜ ਸਿੰਘ ਪੁੱਤਰ ਸਤਨਾਮ ਸਿੰਘ ਵਾਸੀਅਨ ਵਾਦੀਆਂ ਨੇ ਉਸ ਦੇ ਨਾਮ 'ਤੇ ਜ਼ਮੀਨ ਦਾ ਬਿਆਨਾ ਕਰਾਉਣ ਦੇ ਨਾਮ 'ਤੇ 11 ਲੱਖ 50 ਹਜ਼ਾਰ ਰੁਪਏ ਦੀ ਠੱਗੀ ਮਾਰੀ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਮਹਿਲ ਸਿੰਘ ਨੇ ਦੱਸਿਆ ਕਿ ਪੁਲਿਸ ਨੇ ਬਾਅਦ ਪੜਤਾਲ ਡੀ. ਐੱਸ. ਪੀ. (ਪੀ. ਬੀ. ਆਈ.) ਫਿਰੋਜ਼ਪੁਰ ਦੇ ਬਾਅਦ ਅਪਰੂਵਲ ਐੱਸ. ਐੱਸ. ਪੀ. ਦੇ ਉਕਤ ਦੋਸ਼ੀਅਨ ਖ਼?ਲਾਫ਼ ਮਾਮਲਾ ਦਰਜ ਕੀਤਾ ਗਿਆ ਹੈ।

## ਨੌਜਵਾਨ ਵੱਲੋਂ ਗੁਪਤ ਅੰਗ ਨੇੜੇ ਚਿੱਟੇ ਦਾ ਟੀਕਾ ਲਾਉਣ ਦੀ ਵੀਡੀਓ ਵਾਇਰਲ, ਮਚਿਆ ਹੜਕੰਪ

ਮੋਗਾ 12 ਜੂਨ। ਸੋਸ਼ਲ ਮੀਡੀਆ 'ਤੇ ਮੋਗਾ ਵਿਚ ਇਕ ਨੌਜਵਾਨ ਵੱਲੋਂ ਗੁਪਤ ਅੰਗ ਦੇ ਨੇੜੇ ਨਸ਼ੇ ਦਾ ਟੀਕਾ ਲਾਉਣ ਦੀ ਵੀਡੀਓ ਵਾਇਰਲ ਹੋਣ ਕਾਰਨ ਲੋਕਾਂ ਵਿਚ ਹੜਕੰਪ ਮਚ ਗਿਆ ਅਤੇ ਲੋਕ ਪੁੱਛ ਰਹੇ ਹਨ ਕਿ ਪੁਲਸ ਦੀ ਇੰਨੀ ਸਖ਼ਤੀ ਦੇ ਬਾਵਜੂਦ ਇਹ ਚਿੱਟਾ ਆਖਿਰ ਕਿੱਥੋਂ ਆ ਰਿਹਾ ਹੈ? ਸੋਸ਼ਲ ਮੀਡੀਆ 'ਤੇ ਵੀਡੀਓ ਵਾਇਰਲ ਹੋਣ ਉਪਰੰਤ ਮੋਗਾ ਪੁਲਸ ਤੁਰੰਤ ਹਰਕਤ ਵਿਚ ਆ ਗਈ ਅਤੇ ਡੀ. ਐੱਸ. ਪੀ. ਸਿਟੀ ਜਤਿੰਦਰ ਸਿੰਘ ਗਿੱਲ ਨੇ ਸੋਸ਼ਲ ਮੀਡੀਆ ਰਾਹੀਂ ਦੱਸਿਆ ਕਿ ਉਕਤ ਵੀਡੀਓ ਕਾਫ਼ੀ ਪੁਰਾਣੀ ਹੈ ਅਤੇ ਜਾਂਚ ਤੋਂ ਬਾਅਦ ਹੀ ਇਸ ਦੀ ਅਸਲ ਸੱਚਾਈ ਸਾਹਮਣੇ ਆਵੇਗੀ। ਉਨ੍ਹਾਂ ਕਿਹਾ ਕਿ ਜਿਸ ਕਿਸੇ ਨੇ ਵੀ ਇਹ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਕੀਤੀ ਹੈ, ਉਸ ਨੇ ਜਾਣ-ਬੁੱਝ ਕੇ ਸਨਸਨੀ ਫੈਲਾਉਣ ਦੀ ਕੋਸ਼ਿਸ਼ ਕੀਤੀ ਹੈ, ਜਦਕਿ ਉਸ ਨੂੰ ਚਾਹੀਦਾ ਸੀ ਕਿ ਇਸ ਦੀ ਜਾਣਕਾਰੀ ਪੁਲਸ ਨੂੰ ਦਿੰਦਾ। ਉਨ੍ਹਾਂ ਦੱਸਿਆ ਕਿ ਸ਼ੁਰੂਆਤੀ ਜਾਂਚ ਵਿਚ ਪਤਾ ਲੱਗਿਆ ਹੈ ਕਿ ਇਹ ਵੀਡੀਓ ਗਿੱਲ ਰੋਡ 'ਤੇ ਇਕ ਖਾਲੀ ਪਲਾਟ ਦੀ ਹੈ। ਉਨ੍ਹਾਂ ਕਿਹਾ ਕਿ ਮਾਮਲੇ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਮੋਗਾ ਪੁਲਸ ਜ਼ਿਲੇ ਨੂੰ ਨਸ਼ਾ ਮੁਕਤ ਬਣਾਉਣ ਲਈ ਹਰ ਸੰਭਵ ਕੋਸ਼ਿਸ਼ ਕਰ ਰਹੀ ਹੈ ਅਤੇ ਨਸ਼ੇ ਦੀ ਦਲਦਲ ਵਿਚ ਫਸੇ ਨੌਜਵਾਨਾਂ ਨੂੰ ਨਸ਼ਾ ਛੁਡਾਓ ਕੇਂਦਰਾਂ ਵਿਚ ਦਾਖ਼ਲ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਖਾਲੀ ਪਏ ਪਲਾਟਾਂ ਦੇ ਮਾਲਕਾਂ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਉਹ ਆਪਣੇ ਪਲਾਟਾਂ ਦੀ ਚਾਰਦੀਵਾਰੀ ਕਰਵਾਉਣ, ਨਹੀਂ ਤਾਂ ਉਨ੍ਹਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।

# 4 ਸਾਲਾਂ ਦੇ ਇਸ਼ਕ ਦਾ ਬੇਹੱਦ ਦੁਖ਼ਦਾਈ ਅੰਤ, 30 ਸਾਲਾ ਮੁੰਡੇ ਨੇ ਜੋ ਕੀਤਾ, ਕਿਸੇ ਨੇ ਸੋਚਿਆ ਨਾ ਸੀ

**ਕੌਮੀ ਪਤ੍ਰਿਕਾ**

ਬਠਿੰਡਾ 12 ਜੂਨ। ਪੰਜਾਬ ਦੇ ਬਠਿੰਡਾ ਜ਼ਿਲ੍ਹੇ ਤੋਂ ਇੱਕ ਦਿਲ ਦਹਿਲਾ ਦੇਣ ਵਾਲਾ ਮਾਮਲਾ ਸਾਹਮਣੇ ਆਇਆ ਹੈ, ਜਿੱਥੇ ਪ੍ਰੇਮ ਸਬੰਧਾਂ 'ਚ ਉਲਝੇ ਇੱਕ ਨੌਜਵਾਨ ਨੇ ਕਥਿਤ ਮਾਨਸਿਕ ਤੰਗ-ਪਰੇਸ਼ਾਨੀ ਅਤੇ ਲੱਖਾਂ ਰੁਪਏ ਦੀ ਠੱਗੀ ਤੋਂ ਦੁਖੀ ਹੋ ਕੇ ਆਪਣੀ ਕਾਰ ਨੂੰ ਅੱਗ ਲਗਾਉਣ ਮਗਰੋਂ ਜ਼ਹਿਰੀਲਾ ਪਦਾਰਥ ਨਿਗਲ ਕੇ ਖ਼ੁਦਕੁਸ਼ੀ ਕਰ ਲਈ। ਮਰਨ ਤੋਂ ਪਹਿਲਾਂ ਨੌਜਵਾਨ ਨੇ ਇੱਕ ਵੀਡੀਓ ਬਣਾ ਕੇ ਆਪਣੀ ਮੌਤ ਲਈ ਆਪਣੀ ਪ੍ਰੇਮਿਕਾ ਅਤੇ ਉਸ ਦੇ ਪਰਿਵਾਰ ਨੂੰ ਜ਼ਿੰਮੇਵਾਰ ਠਹਿਰਾਇਆ। ਪੁਲਸ ਨੇ ਇਸ ਮਾਮਲੇ 'ਚ 4 ਵਿਅਕਤੀਆਂ ਖ਼?ਲਾਫ਼ ਕੇਸ ਦਰਜ ਕਰਕੇ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਜਾਣਕਾਰੀ ਅਨੁਸਾਰ ਫੂਸ ਮੰਡੀ ਨਿਵਾਸੀ 30 ਸਾਲਾ ਚਰਨਪ੍ਰੀਤ ਸਿੰਘ ਪਿਛਲੇ ਕਰੀਬ ਚਾਰ ਸਾਲਾਂ ਤੋਂ ਬਰਨਾਲਾ ਦੀ ਇੱਕ ਔਰਤ ਨਾਲ ਲਿਵ-ਇਨ ਰਿਲੇਸ਼ਨਸ਼ਿਪ 'ਚ ਰਹਿ ਰਿਹਾ ਸੀ। ਪਰਿਵਾਰ ਦੇ ਦੋਸ਼ ਹਨ ਕਿ ਚਰਨਪ੍ਰੀਤ ਨੇ ਔਰਤ ਦੀ ਧੀ ਨੂੰ ਵਿਦੇਸ਼ ਭੇਜਣ ਲਈ ਕਰੀਬ ਸਾਢੇ ਚਾਰ ਲੱਖ ਰੁਪਏ ਦਿੱਤੇ ਸਨ ਪਰ ਬਾਅਦ 'ਚ ਨਾ ਤਾਂ ਪੈਸੇ ਵਾਪਸ ਕੀਤੇ ਗਏ ਅਤੇ ਨਾ ਹੀ ਕੋਈ ਹੱਲ ਕੱਢਿਆ ਗਿਆ। ਇਸ ਦੇ ਉਲਟ ਨੌਜਵਾਨ 'ਤੇ ਘਰ ਛੱਡਣ ਦਾ ਦਬਾਅ ਬਣਾਇਆ ਜਾਣ ਲੱਗ ਪਿਆ ਅਤੇ ਉਸ ਨੂੰ ਲਗਾਤਾਰ ਤੰਗ-ਪਰੇਸ਼ਾਨ ਕੀਤਾ ਗਿਆ। ਮ੍ਰਿਤਕ ਦੇ ਭਰਾ ਮੁਤਾਬਕ ਘਟਨਾ



ਤੋਂ ਇੱਕ ਦਿਨ ਪਹਿਲਾਂ ਚਰਨਪ੍ਰੀਤ ਨੇ ਉਸ ਨਾਲ ਮਿਲ ਕੇ ਆਪਣੀ ਪਰੇਸ਼ਾਨੀ ਸਾਂਝੀ ਕੀਤੀ ਸੀ। ਉਸ ਨੇ ਦੱਸਿਆ ਸੀ ਕਿ ਕੁੱਝ ਲੋਕ ਉਸ ਨੂੰ ਲਗਾਤਾਰ ਮਾਨਸਿਕ ਤੌਰ 'ਤੇ ਪਰੇਸ਼ਾਨ ਕਰ ਰਹੇ ਹਨ ਅਤੇ ਉਸ ਦੀ ਜ਼ਿੰਦਗੀ ਮੁਸ਼ਕਲ ਬਣਾ ਦਿੱਤੀ ਹੈ। ਇਸ ਤੋਂ ਬਾਅਦ ਉਹ ਆਪਣੇ ਨਾਨਕੇ ਘਰ ਵੱਲ ਚਲਾ ਗਿਆ। ਅਗਲੇ ਦਿਨ ਪਰਿਵਾਰ ਦੇ ਮੋਬਾਇਲ 'ਤੇ ਇੱਕ ਵੀਡੀਓ ਪਹੁੰਚੀ, ਜਿਸ 'ਚ ਚਰਨਪ੍ਰੀਤ ਪਹਿਲਾਂ ਆਪਣੀ ਕਾਰ ਨੂੰ ਅੱਗ ਦੇ ਹਵਾਲੇ ਕਰਦਾ ਦਿਖਾਈ ਦਿੱਤਾ ਅਤੇ ਫਿਰ ਜ਼ਹਿਰੀਲਾ ਪਦਾਰਥ ਨਿਗਲ ਕੇ ਆਪਣੀ ਜੀਵਨ ਲੀਲਾ ਖ਼ਤਮ ਕਰ ਲਈ। ਵੀਡੀਓ 'ਚ ਉਸ ਨੇ ਸਪੱਸ਼ਟ ਤੌਰ 'ਤੇ ਕੁੱਝ ਲੋਕਾਂ ਨੂੰ ਆਪਣੀ ਮੌਤ ਦਾ ਜ਼ਿੰਮੇਵਾਰ ਦੱਸਿਆ। ਘਟਨਾ ਤੋਂ ਬਾਅਦ ਪੁਲਸ ਤੁਰੰਤ ਹਰਕਤ 'ਚ ਆ ਗਈ ਅਤੇ ਮ੍ਰਿਤਕ ਦੇ ਭਰਾ ਦੇ ਬਿਆਨਾਂ ਦੇ ਆਧਾਰ 'ਤੇ ਔਰਤ, ਉਸ ਦੇ ਪੁੱਤਰ, ਮਾਂ ਅਤੇ ਭੈਣ ਸਮੇਤ ਚਾਰ ਵਿਅਕਤੀਆਂ ਖ਼?ਲਾਫ਼ ਮਾਮਲਾ ਦਰਜ ਕਰ ਲਿਆ। ਪੁਲਸ ਨੇ ਮੁੱਢਲੀ ਕਾਰਵਾਈ ਕਰਦੇ ਹੋਏ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ, ਜਦੋਂ ਕਿ ਬਾਕੀਆਂ ਦੀ ਭਾਲ ਜਾਰੀ ਹੈ। ਇਹ ਘਟਨਾ ਇੱਕ ਵਾਰ ਫਿਰ ਸਵਾਲ ਖੜ੍ਹੇ ਕਰਦੀ ਹੈ ਕਿ ਪ੍ਰੇਮ ਸਬੰਧਾਂ 'ਚ ਆਰਥਿਕ ਲੈਣ-ਦੇਣ ਅਤੇ ਆਪਸੀ ਵਿਵਾਦ ਕਿਸ ਹੱਦ ਤੱਕ ਲੋਕਾਂ ਨੂੰ ਮਾਨਸਿਕ ਦਬਾਅ ਹੇਠ ਧੱਕ ਸਕਦੇ ਹਨ। ਪੁਲਸ ਹੁਣ ਵੀਡੀਓ, ਕਾਲ ਰਿਕਾਰਡ ਅਤੇ ਹੋਰ ਸਬੂਤਾਂ ਦੇ ਆਧਾਰ 'ਤੇ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰ ਰਹੀ ਹੈ।

**ਕੌਮੀ ਪਤ੍ਰਿਕਾ**

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689
011-23315814

Mob. : 9971359517
9312262300

E-mail address:
qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਪੰਜਾਬ ’ਚ ਵੱਡਾ ਹਾਦਸਾ, ਸੁਨਿਆਰੇ ਦੀ ਦੁਕਾਨ ’ਚ ਜਾ ਵੜਿਆ ਕੈਂਟਰ, ਭਿਆਨਕ ਬਣੇ ਹਾਲਾਤ

**ਕੌਮੀ ਪਤ੍ਰਿਕਾ**

ਗੁਰਦਾਸਪੁਰ 12 ਜੂਨ। ਪੁਰਾਣਾ ਸ਼ਾਲਾ ਬਾਜ਼ਾਰ ਵਿਚ ਬਣੇ ਵਿਵਾਦਤ ਅਤੇ ਬੇਤਰਤੀਬੇ ਡਿਵਾਈਡਰ ਕਾਰਨ ਇਕ ਹੋਰ ਵੱਡਾ ਹਾਦਸਾ ਵਾਪਰ ਗਿਆ। ਅੱਜ ਤੜਕੇ ਕਰੀਬ 3 ਵਜੇ ਮੁਕੇਰੀਆਂ ਮਾਰਗ ਤੋਂ ਗੁਰਦਾਸਪੁਰ ਵੱਲ ਆ ਰਿਹਾ ਇਕ ਕੈਂਟਰ ਟਰੱਕ ਡਿਵਾਈਡਰ ਨਾਲ ਟਕਰਾਉਣ ਤੋਂ ਬਾਅਦ ਬੇਕਾਬੂ ਹੋ ਕੇ ਸੜਕ ਕਿਨਾਰੇ ਸਥਿਤ ਵਰਮਾ ਜਿਊਲਰਜ਼ ਦੀ ਦੁਕਾਨ ਵਿਚ ਜਾ ਵੜਿਆ। ਹਾਦਸੇ ਦੌਰਾਨ ਦੁਕਾਨ ਦੀ ਇਮਾਰਤ ਨੂੰ ਕਾਫ਼ੀ ਨੁਕਸਾਨ ਪੁੱਜਿਆ, ਜਦਕਿ ਟਰੱਕ ਦਾ ਅਗਲਾ ਹਿੱਸਾ ਵੀ ਬੁਰੀ ਤਰ੍ਹਾਂ ਨੁਕਸਾਨਿਆ ਗਿਆ। ਮੌਕੇ ’ਤੇ ਮਿਲੀ ਜਾਣਕਾਰੀ ਅਨੁਸਾਰ ਹਾਦਸਾ ਇੰਨਾ ਜ਼ਬਰਦਸਤ ਸੀ ਕਿ ਦੁਕਾਨ ਦੇ ਪਿੱਲਰ ਹਿੱਲ ਗਏ ਅਤੇ ਬਰਾਂਡੇ ਵਿਚ ਤਰੇੜਾਂ ਪੈ ਗਈਆਂ। ਖ਼ੁਸ਼ਕਿਸਮਤੀ ਨਾਲ ਟਰੱਕ ਚਾਲਕ ਨੂੰ ਕੋਈ ਗੰਭੀਰ ਸੱਟ ਨਹੀਂ ਲੱਗੀ ਅਤੇ ਵੱਡਾ ਜਾਨੀ ਨੁਕਸਾਨ ਹੋਣ ਤੋਂ ਟਲ ਗਿਆ। ਟਰੱਕ ਚਾਲਕ ਨੇ ਦੱਸਿਆ ਕਿ ਉਹ ਮਕੇਰੀਆਂ ਵੱਲੋਂ ਗੁਰਦਾਸਪੁਰ ਆ ਰਿਹਾ ਸੀ। ਇਸ ਦੌਰਾਨ ਸਾਹਮਣੇ ਤੋਂ ਆ ਰਹੇ ਇਕ ਵਾਹਨ ਦੀ ਤੇਜ਼ ਰੋਸ਼ਨੀ ਕਾਰਨ ਉਸ ਨੂੰ ਸੜਕ ਦੇ ਵਿਚਕਾਰ ਬਣਿਆ ਡਿਵਾਈਡਰ ਨਜ਼ਰ ਨਹੀਂ ਆਇਆ। ਨਤੀਜੇ ਵਜੋਂ ਟਰੱਕ ਡਿਵਾਈਡਰ ਨਾਲ ਟਕਰਾ ਗਿਆ ਅਤੇ ਬੇਕਾਬੂ ਹੋ ਕੇ ਡਿਵਾਈਡਰ ਪਾਰ ਕਰਦਾ ਹੋਇਆ ਸਿੱਧਾ ਵਰਮਾ ਜਿਊਲਰਜ਼ ਦੀ ਦੁਕਾਨ ਵਿਚ ਜਾ ਵੜਿਆ। ਘਟਨਾ ਮੌਕੇ ਪਹੁੰਚੇ ਪੱਗੜੀ ਸੰਭਾਲ ਜੱਟਾ ਲਹਿਰ ਦੇ ਆਗੂ ਸਰਬਜੀਤ ਸਿੰਘ ਲਾਲੀਆ ਅਤੇ ਦੁਕਾਨਦਾਰ ਆਗੂ ਸ਼ਿਵਪਾਲ ਸਿੰਘ ਨੇ ਕਿਹਾ ਕਿ ਇਸ ਖ਼ਤਰਨਾਕ ਡਿਵਾਈਡਰ ਕਾਰਨ ਪਹਿਲਾਂ ਵੀ ਦਰਜਨਾਂ ਸੜਕ ਹਾਦਸੇ ਵਾਪਰ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਕੁਝ ਦਿਨ ਪਹਿਲਾਂ ਇਸ ਮਸਲੇ ਨੂੰ ਲੈ ਕੇ ਬਾਜ਼ਾਰ ਵਿਚ ਧਰਨਾ ਵੀ ਦਿੱਤਾ ਗਿਆ ਸੀ, ਜਿਸ ਦੌਰਾਨ ਪ੍ਰਸ਼ਾਸਨ ਵੱਲੋਂ ਸਮੱਸਿਆ ਦੇ ਜਲਦੀ ਹੱਲ ਦਾ ਭਰੋਸਾ ਦਿੱਤਾ ਗਿਆ ਸੀ ਪਰ ਅਜੇ ਤੱਕ ਕੋਈ ਠੋਸ ਕਾਰਵਾਈ ਨਹੀਂ ਹੋਈ। ਆਗੂਆਂ ਨੇ ਦੋਸ਼ ਲਾਇਆ ਕਿ ਡਿਵਾਈਡਰ ਦੇ ਦੋਹਾਂ ਪਾਸਿਆਂ ਬਣੀਆਂ ਉੱਚੀਆਂ ਕੰਕਰੀਟ ਰੋਕਾਂ ਵਾਹਨ ਚਾਲਕਾਂ ਲਈ ਵੱਡਾ ਖ਼ਤਰਾ ਬਣੀਆਂ ਹੋਈਆਂ ਹਨ। ਲਗਾਤਾਰ ਵਾਪਰ ਰਹੇ ਹਾਦਸਿਆਂ ਦੇ ਬਾਵਜੂਦ ਲੋਕ ਨਿਰਮਾਣ ਵਿਭਾਗ ਵੱਲੋਂ ਇਸ ਮਸਲੇ ਨੂੰ ਗੰਭੀਰਤਾ ਨਾਲ ਨਹੀਂ ਲਿਆ ਜਾ ਰਿਹਾ। ਸਥਾਨਕ ਲੋਕਾਂ ਨੇ ਵੀ ਵਿਭਾਗ ਪ੍ਰਤੀ ਰੋਸ ਜਤਾਉਂਦਿਆਂ ਕਿਹਾ ਕਿ ਜੇਕਰ ਸਮੇਂ ਸਿਰ ਡਿਵਾਈਡਰ ਦੀ ਬਣਤਰ ਵਿਚ ਲੋੜੀਂਦੇ ਸੁਧਾਰ ਨਾ ਕੀਤੇ ਗਏ ਤਾਂ ਕਿਸੇ ਵੀ ਸਮੇਂ ਵੱਡਾ ਜਾਨੀ ਨੁਕਸਾਨ ਹੋ ਸਕਦਾ ਹੈ। ਇਸ ਮੌਕੇ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਅਗਲੇ ਦੋ ਦਿਨਾਂ ਅੰਦਰ ਡਿਵਾਈਡਰ ਦੇ ਦੋਹਾਂ ਪਾਸਿਆਂ ਬਣੀਆਂ ਉੱਚੀਆਂ ਰੋਕਾਂ ਨੂੰ ਹਟਾ ਕੇ ਸਮੱਸਿਆ ਦਾ ਪੱਕਾ ਹੱਲ ਨਾ ਕੀਤਾ ਗਿਆ ਤਾਂ ਉਹ ਲੋਕਾਂ ਨੂੰ ਨਾਲ ਲੈ ਕੇ ਤਿੱਖਾ ਸੰਘਰਸ਼ ਸ਼ੁਰੂ ਕਰਨ ਲਈ ਮਜਬੂਰ ਹੋਣਗੇ।



## ਫਰਜ਼ੀ ਦਸਤਾਵੇਜ਼ ਦੇ ਕੇ ਰਜਿਸਟਰੇਸ਼ਨ ਕਰਵਾਉਣ ਵਾਲੀਆਂ ਫ਼ਰਮਾਂ ਖ਼ਿਲਾਫ਼ ਪਰਚਾ ਦਰਜ

ਲੁਧਿਆਣਾ 12 ਜੂਨ। ਜੀ. ਐੱਸ. ਟੀ. ਵਿਭਾਗ ਨੂੰ ਫਰਜ਼ੀ ਦਸਤਾਵੇਜ਼ ਦੇ ਕੇ ਰਜਿਸਟ?ਰੇਸ਼ਨ ਕਰਵਾਉਣ ਵਾਲੀਆਂ ਫ਼ਰਮਾਂ ਨੂੰ ਵਿਭਾਗ ਦੇ ਅਫ਼ਸਰਾਂ ਨੇ ਜਾਂਚ ਦੌਰਾਨ ਬੇਨਕਾਮ ਕਦਿਆਂ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਵਿਭਾਗ ਦੇ ਅਫ਼ਸਰਾਂ ਦੀ ਸ਼ਿਕਾਇਤ ’ਤੇ ਪੁਲਸ ਨੇ ਮਾਮਲੇ ਦਰਜ ਕੀਤੇ ਹਨ। ਥਾਣਾ ਡਵੀਜ਼ਨ ਨੰਬਰ 6 ਦੀ ਪੁਲਸ ਨੇ ਇਸ ਸਬੰਧੀ 2 ਮਾਮਲੇ ਦਰਜ ਕੀਤੇ ਹਨ। ਪੁਲਸ ਨੇ ਜੀ. ਐੱਸ. ਟੀ. ਵਿਭਾਗ ਦੇ ਵਾਰਡ ਨੰਬਰ 2 ਦੇ ਐੱਸ. ਟੀ. ਓ. ਦੇ ਅਧਿਕਾਰੀ ਦੀ ਸ਼ਿਕਾਇਤ ’ਤੇ ਪ੍ਰਭਾਤ ਨਗਰ ਢੋਲੇਵਾਲ ਵਿਚ ਸਥਿਤ ਪਾਲ ਇੰਟਰਪ੍ਰਾਇਜ਼ੇਜ ਤੇ ਵਾਹਿਗੁਰੂ ਇੰਡਸਟ?ਰੀਜ਼ ਦੇ ਪ੍ਰਬੰਧਕਾਂ ਦੇ ਖ਼?ਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੀ ਸ਼ਿਕਾਇਤ ਵਿਚ ਅਫ਼ਸਰ ਨੇ ਦੱਸਿਆ ਕਿ ਉਕਤ ਫ਼ਰਮਾਂ ਨੇ ਵਿਭਾਗ ਤੋਂ ਰਜਿਸਟ?ਰੇਸ਼ਨ ਕਰਵਾਈ ਸੀ, ਪਰ ਬਾਅਦ ਵਿਚ ਜਦੋਂ ਫਿਜ਼ੀਕਲ ਚੈਕਿੰਗ ਕੀਤੀ ਗਈ ਤਾਂ ਪਤਾ ਲੱਗਿਆ ਕਿ ਉਕਤ ਫ਼ਰਮਾਂ ਦੇ ਪ੍ਰਬੰਧਕਾਂ ਵੱਲੋਂ ਵਿਭਾਗ ਨੂੰ ਫਰਜ਼ੀ ਦਸਤਾਵੇਜ਼ ਦੇ ਕੇ ਰਜਿਸਟ?ਰੇਸ਼ਨ ਕਰਵਾਈ ਗੀ ਸੀ ਤੇ ਹੋਰ ਦਸਤਾਵੇਜ਼ ਵੀ ਫਰਜ਼ੀ ਨਿਕਲੇ। ਥਾਣਾ ਸ਼ਿਮਲਾਪੁਰੀ ਦੀ ਪੁਲਸ ਨੇ ਵਿਭਾਗ ਦੇ ਵਾਰਡ ਨੰਬਰ 9 ਦੇ ਐੱਸ. ਟੀ. ਓ. ਦੀ ਸ਼ਿਕਾਇਤ ’ਤੇ ਐੱਮ.ਕੇ. ਟ?ਰੇਡਰਜ਼ ਦੇ ਅਭਿਸ਼ੇਕ ਕੁਮਾਰ ਮਿਸ਼ਰਾ ਦੇ ਖ਼?ਲਾਫ਼ ਕਾਰਵਾਈ ਕੀਤੀ ਹੈ। ਅਫ਼ਸਰ ਮੁਤਾਬਕ ਉਕਤ ਫ਼ਰਮ ਦੇ ਪ੍ਰਬੰਧਕ ਵੱਲੋਂ ਵੀ ਵਿਭਾਗ ਦੇ ਨਾਲ ਧੋਖਾਧੜੀ ਕਰਦਿਆਂ ਫਰਜ਼ੀ ਦਸਤਾਵੇਜ਼ ਦੇ ਕੇ ਰਜਿਸਟ?ਰੇਸ਼ਨ ਕਰਵਾਈ ਗਈ ਸੀ। ਜ਼ਿਕਰਯੋਗ ਹੈ ਕਿ ਉਕਤ ਫ਼ਰਮਾਂ ਕਾਫ਼ੀ ਸਮੇਂ ਤਕ ਬਾਜ਼ਾਰ ਵਿਚ ਕੰਮ ਕਰ ਰਹੀਆਂ ਸਨ, ਪਰ ਅਫ਼ਸਰਾਂ ਵੱਲੋਂ ਸਮੇਂ ਸਿਰ ਇਨ੍ਹਾਂ ਕੰਪਨੀਆਂ ਦੇ ਕਾਗਜ਼ਾਂ ਦੀ ਜਾਂਚ ਨਹੀਂ ਕੀਤੀ ਗਈ।

**NAME CHANGE**
I, PRITI DAS D/O DALIP KUMAR residing at D-293 J.J COLONY KHYALA, DELHI-110018 . have changed my name to PRITY DASS for all future purposes.

**NAME CHANGE**
I, S BHASKARA VIJAY KUMAR residing at-H NO-6-225/6, PADMANABHANAGAR, VENKATAPURAM, NEAR RAMALAYAM, VISAKHAPATNAM, ANDHRA PRADESH-530029, have changed my mother's name from SENAPATHI VENKATA RATNAM to SENAPATHI APPALA RATNAM for all future purposes vide Affidavit dated 16/07/2025 before Notary Public, Delhi.

**NAME CHANGE**
I, SWETA RAI BHUTIA Wife of No. 5458488P Rank-NK Name-TSHERING BHUTIA Presently residing at VILL-DURPIN GUMBA, PO-KALIMPONG, DISTT-KALIMPONG, WEST BENGAL-734301, have changed my name from SWETA RAI BHUTIA to SWETA RAI for all future purposes vide Affidavit dated 16/07/2025 before Notary Public, Delhi.

**NAME CHANGE**
I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

**NAME CHANGE**
I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

**NAME CHANGE**
I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

**NAME CHANGE**
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**PUBLIC NOTICE**
It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

**PUBLIC NOTICE**
It is for general information that 1 INDU CHAUHAN W/O NARENDER SINGH CHAUHAN R/O N-129/1, T-HUTS, KHILONA BAGH DIST NORTH WEST DELHI-110009 declare that name of mine has been wrongly written as INDU KANWAR in my minor son namely HARSH VARDHAN SINGH CHAUHAN aged 13 years in his school record and birth certificate No. MCDOLIR -2211-005020356. The actual name of mine is INDU CHAUHAN which may be amended accordingly

**PUBLIC NOTICE**
It is for general information that CHANDER VEER S/O RAM JI LAL R/O Q-157 Vikas Vihar Uttam Nagar West Delhi Delhi-110059 declare that name of mine has been wrongly written as CHANDER PAL in my minor daughter namely KIRTI aged 15 years in her birth certificate No.MCDOLIR-0110-004425168. The actual name of mine is CHANDER VEER which may be amended accordingly

**NAME CHANGE**
I, hitherto known as ASHISH KUMAR RATHOR S/O PURAN LAL R/O Q-48, RAJEEV NAGAR BEGUM PUR, NORTH WEST DELHI, DELHI-110086, have changed my name and shall hereafter be known as RAZA AHMED.

**NAME CHANGE**
It is for general information that I ASHISH KUMAR SINHA S/o KHAGEN CHANDRA SINHA R/o House No. 67, Alipur Road, Near Kasturi Ram College, Kureni, North West Delhi, Delhi - 110040, declare that name of my wife and my minor Daughter has been wrongly written as PINKI SINHA and ANUGYA SINHA in my minor Daughter namely ANUGYA aged 16 year in her 10th Class Educational Documents. The actual name of my wife and my minor daughter are PINKI KUMARI and ANUGYA, which may be amended accordingly.

**PUBLIC NOTICE**
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

**NAME CHANGE**
I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PERALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

**NAME CHANGE**
I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

**NAME CHANGE**
I hitherto known as Farman S/o Akeel Ahmed R/o B 272/27, Gali No 4, Subhash Mohalla North Ghonda, Garhi Mendu, Bhajan Pura, North East, Delhi-110053 have changed my name and shall hereafter be known as Farman Ahmed.

**NAME CHANGE**
I hitherto known as Atif S/o Manzoor Khan R/o 1/99-C, 4F/F, Gali No-5, Guru Harkrishan School Wali Gali, Kabir Nagar, Gokal Pur, North East Delhi, Delhi-110094 have changed my name and shall hereafter be known as Atif Khan.

**NAME CHANGE**
I hitherto known as Aakash S/o Makan Singh Rawat R/o 2087/5, Gali No.20, Prem Nagar Patel Nagar, Patel Nagar S.O, Central Delhi, Delhi-110008 have changed my name and shall hereafter be known as Akash Rawat.

**NAME CHANGE**
I hitherto known as Sanam Kumari W/o Samarjeet Gupta R/o E-400-D, Block-E, Ashok Nagar, Vasundhra Enclave, East Delhi, Delhi, Delhi-110096 have changed my name and shall hereafter be known as Sonam Sav.

**NAME CHANGE**
I hitherto known as Laxman Yadav alias Bhavikshan Yadav S/O Bechan Yadav R/O Gram Debra, Post Bela, Thana Babubarhi, Ward No-02, Bela, PO Bela, Dist Madhubani, Bihar-847224 have changed my name and shall hereafter be known as Bhavikshna Yadav.

**NAME CHANGE**
It is for general information that I, DINDAYAL KAPIL S/o BANWAR LAL KAPIL, R/o RZ-12 G, Gali No. 3, Gandhi Market, New Delhi, West Sagar Pur, South West Delhi, Delhi - 110046, declare that name of mine has been wrongly written as DIN-DAYAL in my PPO No. 08/14/8/05982/1994. The actual name of mine is DINDAYAL KAPIL, which may be amended accordingly.

**PUBLIC NOTICE**
It is for general information that I, NIDHI AGGARWAL YADAV D/o VIRENDER KUMAR AGGARWAL, and Ex. Wife of AMIT YADAV, R/o H.No E-12, Hauz Khas, South West Delhi-110016, declare that I got divorce from my Ex. Husband AMIT YADAV vide Court Decree HMA No. 603/2019 dated 30 - 04-2019, further I have changed my name and shall hereafter be known as NIDHI AGGARWAL. I also have changed the name of my minor Son namely AAYAN YADAV, aged 16 years and my minor daughter namely ARSHIYA YADAV, aged 13 years and they shall hereafter be known as AAYAN AGGARWAL and ARSHIYA AGGARWAL respectively, which may be amended accordingly.

**NAME CHANGE**
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

**NAME CHANGE**
I, Sansare Amrut Narayan father of No.4580889H Rank-Hav Name Sansare Ravindra Amrut residing at Vill. Deolali Pravara, Tehsil - Rahuri, District.Ahilyanagar, Maharashtra - 413716 have changed my name from Sansare Amrut Narayan to Amrut Narayan Sansare vide affidavit dated 15.07.2025 executed before Notary Public, Delhi.

**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**
I Suvita Rana(d/o.Shri Omvir Singh) wife of Vikram Singh Rana was Suvita Rani before Marriage. After marriage I am also known as Suvita Rana and as such in my daughter's educational certificate my name (as her mother) is endorsed as Suvita Rana. Thus I affirm and confirm that Suvita Rani (my maiden name) and Suvita Rana (my name having surname of my husband Vikram Singh Rana) is the same person.

**NAME CHANGE**
I, HASINA BEGAM KHAN W/O SALIM IQBAL KHAN R/O TAURU ROAD, MARIA MANJIL SCHOOL ,ARAVALY COLONY, NUH, MEWAT, HARYANA-122107 HAVE CHANGED MY NAME TO HASINA BEGAM FOR ALL PURPOSE.

**NAME CHANGE**
I, Sudama Sharma S/O Devi Ram Sharma,R/O A - 3/106 - 107 , Sector-16 Rohini, Rohini Sector 15, North West Delhi, Delhi - 110089, have changed the name of my minor son namely Yash Sharma aged 15 years and he shall hereafter be known as Aayush Sharma.

**NAME CHANGE**
I, S VANITHA W/o No. 14838283N Rank-HAV/MT Name-RAMESH P R/o VILL-SEDRAMPUTTU, PO-SEDRAMPUTTU, TEH-POLUR, DIST-THRUVANNAMALAI, TAMIL NADU-632315, have changed my name from S VANITHA to VANITHA R for all future purposes vide Affidavit dated 15/07/2025 before Notary Public, Kupwara.

**NAME CHANGE**
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

**NAME CHANGE**
I, SANJAY KUMAR CHOUDHARY S/o LATE SH. LAXMAN CHAUDHARY Permanent R/o Parsauni Khirodhar, Sitamarhi, Bihar-843325 and Presently Residing at Plot No. B-20, Second Floor, Dass Garden, Baprola Vihar, Najafgarh, New Delhi-110043. declare that name of mine has been wrongly written as SANJAY CHOUDHARY in my minor daughter namely SHIWANGI CHOUDHARY aged 17 years in her 10th class Marksheet. The actual name of mine is SANJAY KUMAR CHOUDHARY, which may be amended accordingly.

**NAME CHANGE**
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

**PUBLIC NOTICE**
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

**NAME CHANGE**
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

## ਰੋਹਤਕ ਦੇ ਸ਼ੋਅਰੂਮ ’ਚ ਅੱਗ ਨੇ ਮਚਾਏ ਭਾਂਬੜ, 3 ਲੋਕਾਂ ਦੀ ਮੌਤ

ਹਰਿਆਣਾ 12 ਜੂਨ। ਹਰਿਆਣਾ ਦੇ ਰੋਹਤਕ ਸ਼ਹਿਰ ਦੇ ਡੀ-ਪਾਰਕ ਮਾਰਕੀਟ ਖੇਤਰ ਵਿੱਚ ਮੰਗਲਵਾਰ ਨੂੰ ਕੁਝ ਦੁਕਾਨਾਂ ਵਿੱਚ ਭਿਆਨਕ ਅੱਗ ਲੱਗ ਗਈ, ਜਿਸ ਕਾਰਨ ਤਿੰਨ ਲੋਕਾਂ ਦੀ ਮੌਤ ਹੋ ਗਈ। ਇਸ ਦੀ ਜਾਣਕਾਰੀ ਅਧਿਕਾਰੀਆਂ ਵਲੋਂ ਦਿੱਤੀ ਗਈ ਹੈ। ਅੱਗ ਲੱਗਣ ਨਾਲ 10 ਤੋਂ ਵੱਧ ਦੁਕਾਨਾਂ ਸੜ ਗਈਆਂ। ਸਿਵਲ ਲਾਈਨਜ਼ ਪੁਲਸ ਸਟੇਸ਼ਨ ਦੇ ਇੰਚਾਰਜ ਮਹਿੰਦਰ ਸਿੰਘ ਨੇ ਫ਼ੋਨ ’ਤੇ ਕਿਹਾ, ਇਸ ਘਟਨਾ ਵਿੱਚ ਤਿੰਨ ਲੋਕਾਂ ਦੀ ਮੌਤ ਹੋ ਗਈ ਹੈ। ਉਨ੍ਹਾਂ ਦੀਆਂ ਲਾਸ਼ਾਂ ਬਰਾਮਦ ਕਰ ਲਈਆਂ ਗਈਆਂ ਹਨ। ਮਿਲੀ ਜਾਣਕਾਰੀ ਮੁਤਾਬਕ ਜਿਸ ਬਾਜ਼ਾਰ ਵਿੱਚ ਅੱਗ ਲੱਗੀ, ਉਹ ਰੋਹਤਕ ਸ਼ਹਿਰ ਦੇ ਸਭ ਤੋਂ ਪੁਰਾਣੇ ਬਾਜ਼ਾਰਾਂ ਵਿੱਚੋਂ ਇੱਕ ਹੈ ਅਤੇ ਇਹ ਹਰਿਆਣਾ ਦੇ ਸਾਬਕਾ ਮੁੱਖ ਮੰਤਰੀ ਭੁਪਿੰਦਰ ਸਿੰਘ ਹੁੱਡਾ ਦੇ ਘਰ ਦੇ ਨੇੜੇ ਸਥਿਤ ਹੈ। ਅੱਗ ਲੱਗਣ ਤੋਂ ਬਾਅਦ ਸੀਨੀਅਰ ਪੁਲਸ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀ ਤੁਰੰਤ ਮੌਕੇ ’ਤੇ ਪਹੁੰਚੇ ਅਤੇ ਬਚਾਅ ਕਾਰਜਾਂ ਦੀ ਨਿਗਰਾਨੀ ਕੀਤੀ। ਮੰਨਿਆ ਜਾ ਰਿਹਾ ਹੈ ਕਿ ਅੱਗ ਦੁਪਹਿਰ ਵੇਲੇ ਇੱਕ ਜੁੱਤੀਆਂ ਦੇ ਸ਼ੋਅਰੂਮ ਵਿੱਚ ਲੱਗੀ ਅਤੇ ਤੇਜ਼ੀ ਨਾਲ ਨੇੜਲੀਆਂ ਦੁਕਾਨਾਂ ਵਿੱਚ ਫੈਲ ਗਈ। ਅਧਿਕਾਰੀਆਂ ਨੇ ਕਿਹਾ ਕਿ ਅੱਗ ਲੱਗਣ ਦੇ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ। ਰੋਹਤਕ ਤੋਂ ਕਾਂਗਰਸ ਸੰਸਦ ਮੈਂਬਰ ਦੀਪੇਂਦਰ ਸਿੰਘ ਹੁੱਡਾ ਵੀ ਮੌਕੇ ’ਤੇ ਪਹੁੰਚੇ ਅਤੇ ਪ੍ਰਭਾਵਿਤ ਦੁਕਾਨਦਾਰਾਂ ਨਾਲ ਮੁਲਾਕਾਤ ਕੀਤੀ। ਕਾਂਗਰਸੀ ਨੇਤਾ ਨੇ ✓ ’ਤੇ ਕਿਹਾ, ਰੋਹਤਕ ਦੇ ਡੀ-ਪਾਰਕ ਇਲਾਕੇ ਵਿੱਚ ਲੱਗੀ ਭਿਆਨਕ ਅੱਗ ਨਾਲ ਹੋਏ ਜਾਨ-ਮਾਲ ਦੇ ਵੱਡੇ ਨੁਕਸਾਨ ਦੀ ਖ਼ਬਰ ਬਹੁਤ ਦੁਖਦਾਈ ਹੈ। ਇਸ ਮੰਦਭਾਗੀ ਘਟਨਾ ਦੀ ਜਾਣਕਾਰੀ ਮਿਲਣ ’ਤੇ ਮੈਂ ਮੌਕੇ ’ਤੇ ਪਹੁੰਚਿਆ, ਪ੍ਰਭਾਵਿਤ ਦੁਕਾਨਦਾਰਾਂ ਨਾਲ ਮੁਲਾਕਾਤ ਕੀਤੀ

**NAME CHANGE**
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**NAME CHANGE**
I hitherto known as JAGANATH KAPUR alias JAYANTI KAPUR W/o RAJ KUMAR KAPUR, R/o Near Dhingra Park, House No. 26, Road No. 14, East Punjabi Bagh, West Delhi, Delhi-110026, have changed my name and shall hereafter be known as JAYANTI KAPUR.

**NAME CHANGE**
It is for general information that I, VISHAL SONI S/o SUGHAR SINGH R/o 1338A/8, Gali No.-8, Nearby SK Depot, Govindpuri Kalkaji, Kalkaji, South Delhi, Delhi-110019, declare that name of mine has been wrongly written as VISHAL in my Driving Licence No. DL03 20090024443. The actual name of mine is VISHAL SONI, which may be amended accordingly.

**PUBLIC NOTICE**
My client Gokul Chand S/o Prabhu Ram and his Wife Maya, H.No- 83, 84, F-4 Block, Sultanpuri, New Delhi- 86, has severed all his relations & connections from his Son Rajesh Kumar & disowned his from her all movable and immovable properties. My client shall not be responsible for his any acts.
**Shyam Sharma (Adv)**

**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**PUBLIC NOTICE**
I, IMRAJ S/o SHAKIL, R/o B-29, Nanda Road Adarsh Nagar North West Delhi-110033, do hereby solemnly affirm and declare that I have embraced HINDUISM RELIGION and renounced ISLAM RELIGION with effect from 07.06.2025

**NAME CHANGE**
I, IMRAJ S/o SHAKIL, R/o B-29, Nanda Road Adarsh Nagar North West Delhi-110033 have changed my name to RINKU THAKUR

**PUBLIC NOTICE**
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.
**ARJUN BIDHURI Advocate**
CH. NO.536, Saket Courts
New Delhi-110017.

## ☛ ਯਾਤਰੀਗਣ ਕ੍ਰਿਪਾ ਧਿਆਨ ਦੇਣ ! ☚

## ਇਮਤਿਹਾਨ ਵਿਸ਼ੇਸ਼ ਰੇਲਗੱਡੀਆਂ-2026

**ਸਰਵ ਸਬੰਧਿਤ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉੱਤਰ ਰੇਲਵੇ ਦੁਆਰਾ ਆਰ.ਆਰ.ਬੀ. ਐਨਟੀਪੀਸੀ ਇਮਤਿਹਾਨ ਵਿਚ ਸ਼ਾਮਿਲ ਹੋਣ ਵਾਲੇ ਉਮੀਦਵਾਰਾਂ ਦੀ ਸੁਵਿਧਾ ਦੇ ਲਈ ਹੇਠਾ ਲਿਖੀ ਇਮਤਿਹਾਨ ਵਿਸ਼ੇਸ਼ ਰੇਲਗੱਡੀਆਂ ਚਲਾਈ ਜਾਵੇਗੀ, ਜਿਨ੍ਹਾਂ ਦਾ ਵੇਰਵਾ ਹੇਠਾ ਅਨੁਸਾਰ ਹੈ:-**

**ਰੇਲਗੱਡੀ ਨੰ: 04321/04322 ਮੁਰਾਦਾਬਾਦ - ਦੇਹਰਾਦੂਨ - ਮੁਰਾਦਾਬਾਦ ਅਣਰਿਜ਼ਵਰ ਇਮਤਿਹਾਨ ਵਿਸ਼ੇਸ਼ ਐਕਸਪ੍ਰੈਸ** — 05 ਫੇਰੇ

| ਗੱਡੀ ਨੰ: 04321 | | ↓ ਸਟੇਸ਼ਨ ↑ | ਗੱਡੀ ਨੰ: 04322 | |
|---|---|---|---|---|
| ਆਉਣਾ | ਜਾਣਾ | | ਆਉਣਾ | ਜਾਣਾ |
| ---- | 22:00 | ਮੁਰਾਦਾਬਾਦ | 05:00 | ---- |
| 06:15 | ---- | ਦੇਹਰਾਦੂਨ | ---- | 19:50 |

ਚਲਨ ਦੇ ਦਿਨ : 04321 ਮੁਰਾਦਾਬਾਦ ਤੋਂ ਮਿਤੀ 13.06.2026 ਤੇ 14.06.2026 ਨੂੰ ਅਤੇ 04322 ਦੇਹਰਾਦੂਨ ਤੋਂ ਮਿਤੀ 13.06.2026, 14.06.2026 ਤੇ 15.06.2026 ਨੂੰ।
ਠਹਿਰਾਵ : ਅਮਰੋਹਾ, ਗਜਰੋਲਾ ਜੰ:, ਮੰਡੀ ਘਨੋਰਾ, ਚਾਂਦ ਸਿਯਾਊ, ਹਲਦੋਰ, ਬਿਜਨੋਰ, ਬਾਸੀ ਕਿਰਤਪੁਰ, ਮੁਅਜਜਮਪੁਰ ਨਾਰਾਯਣ ਜੰ:, ਲਕਸਰ ਜੰ:, ਜਵਾਲਾਪੁਰ ਅਤੇ ਹਰਿਦੁਆਰ ਜੰ: ਸਟੇਸ਼ਨ।
ਜਗ੍ਹਾਂ : ਜਨਰਲ ਸ਼੍ਰੇਣੀ।

**ਰੇਲਗੱਡੀ ਨੰ: 04323/04324 ਬਰੇਲੀ - ਗਾਜੀਆਬਾਦ - ਬਰੇਲੀ ਅਣਰਿਜ਼ਵਰ ਇਮਤਿਹਾਨ ਵਿਸ਼ੇਸ਼ ਐਕਸਪ੍ਰੈਸ** — 05 ਫੇਰੇ

| ਗੱਡੀ ਨੰ: 04323 | | ↓ ਸਟੇਸ਼ਨ ↑ | ਗੱਡੀ ਨੰ: 04324 | |
|---|---|---|---|---|
| ਆਉਣਾ | ਜਾਣਾ | | ਆਉਣਾ | ਜਾਣਾ |
| ---- | 22:50 | ਬਰੇਲੀ | 23:50 | ---- |
| 04:35 | ---- | ਗਾਜ਼ੀਆਬਾਦ | ---- | 20:10 |

ਚਲਨ ਦੇ ਦਿਨ : 04323 ਬਰੇਲੀ ਤੋਂ ਮਿਤੀ 13.06.2026 ਤੇ 14.06.2026 ਨੂੰ ਅਤੇ 04324 ਗਾਜੀਆਬਾਦ ਤੋਂ ਮਿਤੀ 13.06.2026, 14.06.2026 ਤੇ 15.06.2026 ਨੂੰ।
ਠਹਿਰਾਵ : ਰਾਮਪੁਰ, ਮੁਰਾਦਾਬਾਦ, ਅਮਰੋਹਾ, ਗਜਰੋਲਾ ਜੰ: ਅਤੇ ਹਾਪੁੜ ਸਟੇਸ਼ਨ।
ਜਗ੍ਹਾਂ : ਜਨਰਲ ਸ਼੍ਰੇਣੀ।

**ਰੇਲਗੱਡੀ ਨੰ: 04425 ਨਵੀਂ ਦਿੱਲੀ - ਸਹਾਰਨਪੁਰ ਜੰ: ਅਣਰਿਜ਼ਵਰ ਇਮਤਿਹਾਨ ਵਿਸ਼ੇਸ਼ ਐਕਸਪ੍ਰੈਸ** — 04 ਫੇਰੇ

| ਸਟੇਸ਼ਨ ↓ | ਗੱਡੀ ਨੰ: 04425 | |
|---|---|---|
| | ਆਉਣਾ | ਜਾਣਾ |
| ਨਵੀਂ ਦਿੱਲੀ | ---- | 04:30 |
| ਸਹਾਰਨਪੁਰ ਜੰ: | 08:30 | ---- |

ਚਲਨ ਦੇ ਦਿਨ : 04424 ਨਵੀਂ ਦਿੱਲੀ ਤੋਂ ਮਿਤੀ 13.06.2026, 14.06.2026 15.06.2026 ਤੇ 16.06.2026 ਨੂੰ।
ਠਹਿਰਾਵ : ਤਿਲਕ ਬ੍ਰਿਜ, ਆਨੰਦ ਵਿਹਾਰ, ਸਾਹਿਬਾਬਾਦ, ਗਾਜੀਆਬਾਦ, ਨਵਾ ਗਾਜੀਆਬਾਦ, ਮੁਰਾਦਨਗਰ, ਮੋਦੀਨਗਰ, ਮੇਰਠ ਨਗਰ, ਮੇਰਠ ਛਾਵਣੀ, ਦੋਰਾਲਾ, ਖਤੋਲੀ, ਮਨਸੂਰਪੁਰ, ਮੁਜੱਫਰਨਗਰ, ਦੇਵਬੰਦ, ਨਾਗਲ ਅਤੇ ਟਪਰੀ ਜੰ: ਸਟੇਸ਼ਨ।
ਜਗ੍ਹਾਂ : ਜਨਰਲ ਸ਼੍ਰੇਣੀ।

**ਰੇਲਗੱਡੀ ਨੰ: 04426 ਸਹਾਰਨਪੁਰ ਜੰ: - ਸ਼ਕੂਰ ਬਸਤੀ ਅਣਰਿਜ਼ਵਰ ਇਮਤਿਹਾਨ ਵਿਸ਼ੇਸ਼ ਐਕਸਪ੍ਰੈਸ** — 04 ਫੇਰੇ

| ਸਟੇਸ਼ਨ ↓ | ਗੱਡੀ ਨੰ: 04426 | |
|---|---|---|
| | ਆਉਣਾ | ਜਾਣਾ |
| ਸਹਾਰਨਪੁਰ ਜੰ: | ---- | 11:30 |
| ਸ਼ਕੂਰ ਬਸਤੀ | 16:20 | ---- |

ਚਲਨ ਦੇ ਦਿਨ : 04426 ਸਹਾਰਨਪੁਰ ਤੋਂ ਮਿਤੀ 13.06.2026, 14.06.2026 15.06.2026 ਤੇ 16.06.2026 ਨੂੰ।
ਠਹਿਰਾਵ : ਟਪਰੀ ਜੰ:, ਨਾਗਲ, ਦੇਵਬੰਦ, ਮੁਜੱਫਰਨਗਰ, ਮਨਸੂਰਪੁਰ, ਖਤੋਲੀ, ਦੋਰਾਲਾ, ਮੇਰਠ ਛਾਵਣੀ, ਮੇਰਠ ਨਗਰ, ਮੋਦੀਨਗਰ, ਮੁਰਾਦਨਗਰ, ਨਵਾ ਗਾਜੀਆਬਾਦ, ਗਾਜੀਆਬਾਦ, ਸਾਹਿਬਾਬਾਦ, ਆਨੰਦ ਵਿਹਾਰ, ਤਿਲਕ ਬ੍ਰਿਜ, ਨਵੀਂ ਦਿੱਲੀ, ਦਿੱਲੀ ਕਿਸ਼ਨਗੰਜ ਅਤੇ ਦਯਾ ਬਸਤੀ ਸਟੇਸ਼ਨ।
ਜਗ੍ਹਾਂ : ਜਨਰਲ ਸ਼੍ਰੇਣੀ।

**ਰੇਲਗੱਡੀ ਨੰ: 04427 ਸ਼ਕੂਰ ਬਸਤੀ - ਸਹਾਰਨਪੁਰ ਜੰ: ਅਣਰਿਜ਼ਵਰ ਇਮਤਿਹਾਨ ਵਿਸ਼ੇਸ਼ ਐਕਸਪ੍ਰੈਸ** — 04 ਫੇਰੇ

| ਸਟੇਸ਼ਨ ↓ | ਗੱਡੀ ਨੰ: 04427 | |
|---|---|---|
| | ਆਉਣਾ | ਜਾਣਾ |
| ਸ਼ਕੂਰ ਬਸਤੀ | ---- | 17:15 |
| ਸਹਾਰਨਪੁਰ ਜੰ: | 22:00 | ---- |

ਚਲਨ ਦੇ ਦਿਨ : 04427 ਸ਼ਕੂਰ ਬਸਤੀ ਤੋਂ ਮਿਤੀ 13.06.2026, 14.06.2026 15.06.2026 ਤੇ 16.06.2026 ਨੂੰ।
ਠਹਿਰਾਵ : ਦਯਾ ਬਸਤੀ, ਦਿੱਲੀ ਕਿਸ਼ਨਗੰਜ, ਨਵੀਂ ਦਿੱਲੀ, ਤਿਲਕ ਬ੍ਰਿਜ, ਆਨੰਦ ਵਿਹਾਰ, ਸਾਹਿਬਾਬਾਦ, ਗਾਜੀਆਬਾਦ, ਨਵਾ ਗਾਜੀਆਬਾਦ, ਮੁਰਾਦਨਗਰ, ਮੋਦੀਨਗਰ, ਮੇਰਠ ਨਗਰ, ਮੇਰਠ ਛਾਵਣੀ, ਦੋਰਾਲਾ, ਖਤੋਲੀ, ਮਨਸੂਰਪੁਰ, ਮਜੱਫਰਨਗਰ, ਦੇਵਬੰਦ, ਨਾਗਲ ਅਤੇ ਟਪਰੀ ਜੰ: ਸਟੇਸ਼ਨ।
ਜਗ੍ਹਾਂ : ਜਨਰਲ ਸ਼੍ਰੇਣੀ।

**ਰੇਲਗੱਡੀ ਨੰ: 04428 ਸਹਾਰਨਪੁਰ - ਸ਼ਕੂਰ ਬਸਤੀ ਅਣਰਿਜ਼ਵਰ ਇਮਤਿਹਾਨ ਵਿਸ਼ੇਸ਼ ਐਕਸਪ੍ਰੈਸ** — 04 ਫੇਰੇ

| ਸਟੇਸ਼ਨ ↓ | ਗੱਡੀ ਨੰ: 04428 | |
|---|---|---|
| | ਆਉਣਾ | ਜਾਣਾ |
| ਸਹਾਰਨਪੁਰ ਜੰ: | ---- | 04:45 |
| ਸ਼ਕੂਰ ਬਸਤੀ | 09:40 | ---- |

ਚਲਨ ਦੇ ਦਿਨ : 04428 ਸਹਾਰਨਪੁਰ ਜੰ: ਤੋਂ ਮਿਤੀ 14.06.2026 15.06.2026, 16.06.2026 ਤੇ 17.06.2026 ਨੂੰ।
ਠਹਿਰਾਵ : ਟਪਰੀ ਜੰ:, ਨਾਗਲ, ਦੇਵਬੰਦ, ਮੁਜੱਫਰਨਗਰ, ਮਨਸੂਰਪੁਰ, ਖਤੋਲੀ, ਦੋਰਾਲਾ, ਮੇਰਠ ਛਾਵਣੀ, ਮੇਰਠ ਨਗਰ, ਮੋਦੀਨਗਰ, ਮੁਰਾਦਨਗਗ, ਨਵਾ ਗਾਜੀਆਬਾਦ, ਗਾਜੀਆਬਾਦ, ਸਾਹਿਬਾਬਾਦ, ਆਨੰਦ ਵਿਹਾਰ, ਤਿਲਕ ਬ੍ਰਿਜ, ਨਵੀਂ ਦਿੱਲੀ, ਦਿੱਲੀ ਕਿਸ਼ਨਗੰਜ ਅਤੇ ਦਯਾ ਬਸਤੀ ਸਟਸ਼ਨ।
ਜਗ੍ਹਾਂ : ਜਨਰਲ ਸ਼੍ਰੇਣੀ।

**ਰੇਲਗੱਡੀ ਨੰ: 04429 ਸ਼ਕੂਰ ਬਸਤੀ - ਸਹਾਰਨਪੁਰ ਜੰ: ਅਣਰਿਜ਼ਵਰ ਇਮਤਿਹਾਨ ਵਿਸ਼ੇਸ਼ ਐਕਸਪ੍ਰੈਸ** — 04 ਫੇਰੇ

| ਸਟੇਸ਼ਨ ↓ | ਗੱਡੀ ਨੰ: 04429 | |
|---|---|---|
| | ਆਉਣਾ | ਜਾਣਾ |
| ਸ਼ਕੂਰ ਬਸਤੀ | ---- | 10:50 |
| ਸਹਾਰਨਪੁਰ ਜੰ: | 15:30 | ---- |

ਚਲਨ ਦੇ ਦਿਨ : 04429 ਸ਼ਕੂਰ ਬਸਤੀ ਤੋਂ ਮਿਤੀ 13.06.2026, 14.06.2026 15.06.2026 ਤੇ 16.06.2026 ਨੂੰ।
ਠਹਿਰਾਵ : ਦਯਾ ਬਸਤੀ, ਦਿੱਲੀ ਕਿਸ਼ਨਗੰਜ, ਨਵੀਂ ਦਿੱਲੀ, ਤਿਲਕ ਬ੍ਰਿਜ, ਆਨੰਦ ਵਿਹਾਰ, ਸਾਹਿਬਾਬਾਦ, ਗਾਜੀਆਬਾਦ, ਨਵਾ ਗਾਜੀਆਬਾਦ, ਮੁਰਾਦਨਗਰ, ਮੋਦੀਨਗਰ, ਮੇਰਠ ਨਗਰ, ਮੇਰਠ ਛਾਵਣੀ, ਦੋਰਾਲਾ, ਖਤੋਲੀ, ਮਨਸੂਰਪੁਰ, ਮਜੱਫਰਨਗਰ, ਦੇਵਬੰਦ, ਨਾਗਲ ਅਤੇ ਟਪਰੀ ਜੰ: ਸਟੇਸ਼ਨ।
ਜਗ੍ਹਾਂ : ਜਨਰਲ ਸ਼੍ਰੇਣੀ।

**ਰੇਲਗੱਡੀ ਨੰ: 04430 ਸਹਾਰਨਪੁਰ ਜੰ: - ਨਵੀਂ ਦਿੱਲੀ ਅਣਰਿਜ਼ਵਰ ਇਮਤਿਹਾਨ ਵਿਸ਼ੇਸ਼ ਐਕਸਪ੍ਰੈਸ** — 04 ਫੇਰੇ

| ਸਟੇਸ਼ਨ ↓ | ਗੱਡੀ ਨੰ: 04430 | |
|---|---|---|
| | ਆਉਣਾ | ਜਾਣਾ |
| ਸਹਾਰਨਪੁਰ ਜੰ: | ---- | 17:45 |
| ਨਵੀਂ ਦਿੱਲੀ | 22:30 | ---- |

ਚਲਨ ਦੇ ਦਿਨ : 04430 ਸਹਾਰਨਪੁਰ ਤੋਂ ਮਿਤੀ 13.06.2026, 14.06.2026 15.06.2026 ਤੇ 16.06.2026 ਨੂੰ।
ਠਹਿਰਾਵ : ਟਪਰੀ ਜੰ:, ਨਾਗਲ, ਦੇਵਬੰਦ, ਮੁਜੱਫਰਨਗਰ, ਮਨਸੂਰਪੁਰ, ਖਤੋਲੀ, ਦੋਰਾਲਾ, ਮੇਰਠ ਛਾਵਣੀ, ਮੇਰਠ ਨਗਰ, ਮੋਦੀਨਗਰ, ਮੁਰਾਦਨਗਰ, ਨਵਾ ਗਾਜੀਆਬਾਦ, ਗਾਜੀਆਬਾਦ, ਸਾਹਿਬਾਬਾਦ, ਆਨੰਦ ਵਿਹਾਰ, ਤਿਲਕ ਬ੍ਰਿਜ, ਨਵੀਂ ਦਿੱਲੀ, ਦਿੱਲੀ ਕਿਸ਼ਨਗੰਜ ਅਤੇ ਦਯਾ ਬਸਤੀ ਸਟੇਸ਼ਨ।
ਜਗ੍ਹਾਂ : ਜਨਰਲ ਸ਼੍ਰੇਣੀ।

**ਰੇਲਗੱਡੀ ਨੰ: 04643/04644 ਫ਼ਿਰੋਜ਼ਪੁਰ ਛਾਵਣੀ - ਅੰਮ੍ਰਿਤਸਰ ਫ਼ਿਰੋਜ਼ਪੁਰ ਛਾਵਣੀ ਅਣਰਿਜ਼ਵਰ ਇਮਤਿਹਾਨ ਵਿਸ਼ੇਸ਼ ਐਕਸਪ੍ਰੈਸ** — 16 ਫੇਰੇ

| ਗੱਡੀ ਨੰ: 04643 | | ↓ ਸਟੇਸ਼ਨ ↑ | ਗੱਡੀ ਨੰ: 04644 | |
|---|---|---|---|---|
| ਆਉਣਾ | ਜਾਣਾ | | ਆਉਣਾ | ਜਾਣਾ |
| ---- | 05:10 | ਫ਼ਿਰੋਜ਼ਪੁਰ ਛਾਵਣੀ | 23:20 | ---- |
| 09:30 | ---- | ਅੰਮ੍ਰਿਤਸਰ | ---- | 19:30 |

ਚਲਨ ਦੇ ਦਿਨ : 04643 ਫ਼ਿਰੋਜ਼ਪੁਰ ਛਾਵਣੀ ਅਤੇ 04644 ਅੰਮ੍ਰਿਤਸਰ ਤੋਂ ਮਿਤੀ 13.06.2026 20.06.2026 ਤਕ
ਠਹਿਰਾਵ : ਮਕਖੂ, ਲੋਹਿਯਾ ਖਾਸ ਜੰ:, ਸੁਲਤਾਨਪੁਰ ਲੋਦੀ, ਕਪੂਰਥਲਾ, ਜਲੰਧਰ ਸ਼ਹਿਰ ਅਤੇ ਬਯਾਸ ਸਟੇਸ਼ਨ।
ਜਗ੍ਹਾਂ : ਜਨਰਲ ਸ਼੍ਰੇਣੀ।

**ਰੇਲਗੱਡੀ ਨੰ: 04645/04646 ਲੁਧਿਆਣਾ ਜੰ: - ਜਲੰਧਰ ਸ਼ਹਿਰ - ਲੁਧਿਆਣਾ ਜੰ: ਅਣਰਿਜ਼ਵਰ ਇਮਤਿਹਾਨ ਵਿਸ਼ੇਸ਼ ਐਕਸਪ੍ਰੈਸ** — 16 ਫੇਰੇ

| ਗੱਡੀ ਨੰ: 04645 | | ↓ ਸਟੇਸ਼ਨ ↑ | ਗੱਡੀ ਨੰ: 04646 | |
|---|---|---|---|---|
| ਆਉਣਾ | ਜਾਣਾ | | ਆਉਣਾ | ਜਾਣਾ |
| ---- | 12:00 | ਲੁਧਿਆਣਾ ਜੰ: | 20:50 | ---- |
| 13:10 | ---- | ਜਲੰਧਰ ਸ਼ਹਿਰ | ---- | 19:30 |

ਚਲਨ ਦੇ ਦਿਨ : 04645 ਲੁਧਿਆਣਾ ਜੰ: ਤੋਂ ਅਤੇ 04646 ਜਲੰਧਰ ਸ਼ਹਿਰ ਤੋਂ ਮਿਤੀ 13.06.2026 20.06.2026 ਤਕ
ਠਹਿਰਾਵ : ਫਿਲੌਰ ਜੰ: ਅਤੇ ਫਗਵਾੜਾ ਜੰ: ਸਟੇਸ਼ਨ।
ਜਗ੍ਹਾਂ : ਜਨਰਲ ਸ਼੍ਰੇਣੀ।

**ਰੇਲਗੱਡੀ ਨੰ: 04549/04550 ਸਹਾਰਨਪੁਰ ਜੰ: - ਜਲੰਧਰ ਸ਼ਹਿਰ - ਸਹਾਰਨਪੁਰ ਜੰ: ਅਣਰਿਜ਼ਵਰ ਇਮਤਿਹਾਨ ਵਿਸ਼ੇਸ਼ ਐਕਸਪ੍ਰੈਸ** — 16 ਫੇਰੇ

| ਗੱਡੀ ਨੰ: 04549 | | ↓ ਸਟੇਸ਼ਨ ↑ | ਗੱਡੀ ਨੰ: 04550 | |
|---|---|---|---|---|
| ਆਉਣਾ | ਜਾਣਾ | | ਆਉਣਾ | ਜਾਣਾ |
| ---- | 05:00 | ਸਹਾਰਨਪੁਰ ਜੰ: | 21:15 | ---- |
| 10:50 | ---- | ਜਲੰਧਰ ਸ਼ਹਿਰ | ---- | 15:20 |

ਚਲਨ ਦੇ ਦਿਨ : 04549 ਸਹਾਰਨਪੁਰ ਜੰ: ਤੋਂ ਅਤੇ 04550 ਜਲੰਧਰ ਸ਼ਹਿਰ ਤੋਂ ਮਿਤੀ 13.06.2026 20.06.2026 ਤਕ
ਠਹਿਰਾਵ : ਸਰਸਾਵਾ, ਯਮੁਨਾਨਗਰ ਜਗਾਧਰੀ, ਜਗਾਧਰੀ ਵਰਕਸ਼ਾਪ, ਮੁਸਤਫਾਬਾਦ, ਬਰਾੜਾ, ਅੰਬਾਲਾ ਛਾਵਣੀ ਜੰ:, ਅੰਬਾਲਾ ਸ਼ਹਿਰ, ਰਾਜਪੁਰਾਜੰ:, ਸਰਹਿੰਦ ਜੰ:, ਖੰਨਾ, ਲੁਧਿਆਣਾ ਜੰ:, ਫਿਲੌਰ ਜੰ: ਅਤੇ ਫਗਵਾੜਾ ਜੰ: ਸਟੇਸ਼ਨ।
ਜਗ੍ਹਾਂ : ਜਨਰਲ ਸ਼੍ਰੇਣੀ।

**ਰੇਲਯਾਤਰੀਆਂ ਨੂੰ ਅਨੁਰੋਧ ਹੈ ਕਿ ਕਿਸੀ ਵੀ ਜਾਣਕਾਰੀ ਦੇ ਲਈ ਕ੍ਰਿਪਾ ਰੇਲਮਦਦ ਹੈਲਪਲਾਈਨ ਨੰ: 139 ਉਤੇ ਸੰਪਰਕ ਕਰੋ ਜਾਂ ਰੇਲਵੇ ਦੀ ਵੈੱਬਸਾਈਟ https://enquiry.indianrail.gov.in ਜਾਂ NTES ਏਪ ਦੇਖੋ।**

ਉਤੇ ਸਾਨੂੰ ਫਾਲੋ ਕਰੋ

**ਉੱਤਰ ਰੇਲਵੇ**
ਤੁਹਾਡੀ ਸੁਵਿਧਾ - ਸਾਡਾ ਸ਼੍ਰੇਯ
ਸਾਨੂੰ www.nr.indianrailways.gov.in ਉਤੇ ਮਿਲੋ
ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਉੱਤਰ ਰੇਲਵੇ

### ਖੁਲ੍ਹੀ ਨਿਵਿਦਾ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਸੀਨੀਅਰ ਮੰਡਲ ਇੰਜੀਨੀਅਰ-IV, ਉਤਰ ਰੇਲਵੇ, ਨਵੀਂ ਦਿੱਲੀ ਦੁਆਰਾ ਨਿਮਨ ਕੰਮ ਦੇ ਲਈ ਈ-ਟੈਂਡਰ ਦੇ ਮਾਧਿਅਮ ਨਾਲ ਨਿਵਿਦਾਵਾਂ ਦੀ ਮੰਗ ਕੀਤੀ ਜਾਂਦੀ ਹੈ।

| | |
|---|---|
| ਕੰਮ ਦਾ ਨਾਮ | DEN-IV-DLI ਦੇ ਅਧਿਕਾਰ ਖੇਤਰ ਵਿਚ ਦਿੱਲੀ-ਬਠਿੰਡਾ ਸੈਕਸ਼ਨ ਵਿਚ ਯਾਰਡ ਸੁਧਾਰ ਕੰਮ। ਲੂਪ ਲਾਈਨਾਂ ਵਿਚ 45.05 ਟੀਕੇਐਮ ਸੀਟੀਆਰ (ਜਿਸ ਵਿਚ ਠੇਕੇਦਾਰ ਦੀ SQRS ਦੁਆਰਾ 28.90 ਟੀਕੇਐਮ ਅਤੇ ਮੈਨੂੰਅਲ ਸਿਸਟਮ ਨਾਲ 16.15 ਟੀਕੇਐਮ), 54 ਸੇਟ ਟੀਟੀਆਰ, 34 ਸੇਟ ਟ੍ਰੈਪ ਅਤੇ 83 ਸੈਟ ਐਸਈਜੇ ਦਾ ਨਵੀਨੀਕਰਨ (ਨਿਵਿਦਾ ਮੰਗ ਸੂਚਨਾ - 18-26-27-ਡਬਲਯੂ-IV) |
| ਅੰਦਾਜਨ ਲਾਗਤ | ਰੁ. 9,67,97,826.23 /- |
| ਬਿਆਨਾ ਰਾਸ਼ੀ | ਰੁ. 19,36,000.00 /- |
| ਈ-ਨਿਵਿਦਾ ਭਰਨ ਦੀ ਮਿਤੀ ਅਤੇ ਸਮਾਂ ਅਤੇ ਈ-ਨਿਵਿਦਾ ਖੋਹਲਣ ਦੀ ਮਿਤੀ ਅਤੇ ਸਮਾਂ | ਈ-ਨਿਵਿਦਾ ਭਰਨ ਦਾ ਸਮਾਂ ਕੰਮ 23.06.2026 ਨੂੰ 15.00 ਵਜੇ ਤਕ ਪੇਸ਼ ਕਰਨ ਅਤੇ ਨਿਵਿਦਾ ਖੁਲਣ ਦਾ ਸਮਾਂ ਮਿਤੀ 07.07.2026 ਨੂੰ 15:00 ਵਜੇ ਤਕ। |
| ਨਿਵਿਦਾ ਦੀ ਵੈਬਸਾਈਟ ਜਿਥੇ ਨਿਵਿਦਾ ਫਾਰਮ ਖਰੀਦਿਆ ਜਾ ਸਕਦਾ ਹੈ | www.ireps.gov.in ’ਤੇ ਉਪਲਬਧ ਹੈ। |

ਪੱਤਰ ਨੰਬਰ: 128-ਡਬਲੂ/260/ਨਿਵਿਦਾ ਸੂਚਨਾ/18/26-27-ਡਬਲਯੂ-IV ਮਿਤੀ: 12.06.2026
2022/2026
ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਉੱਤਰ ਰੇਲਵੇ

### ਨਿਵਿਦਾ ਮੰਗ ਸੂਚਨਾ

**ਕੰਮ ਦਾ ਨਾਮ ਅਤੇ ਇਸ ਦੀ ਸਥਿਤੀ:- 90-SRDEE-G-DLI-2026-27**
ਇਸ ਨਾਲ ਸਬੰਧਿਤ ਬਿਜਲੀ ਕੰਮ (i) ਪੁਰਾਣੇ ਓਆਰਐਚ ਦੀ ਥਾਂ ਤੇ ਓਆਰਐਚ ਗਾਜੀਆਬਾਦ ਵਿਚ 2 ਪਾਰਿਵਾਰਿਕ ਅਤੇ 6 ਵਿਅਕਤੀਗਤ ਸੁਈਟਸ ਦਾ ਪ੍ਰਾਵਧਾਨ। (ii) ਅਡੇਨ/ਗਾਜੀਆਬਾਦ ਦੇ ਤਹਿਤ ਜਮੀਨਦੋਜ ਟੈਂਕ ਅਤੇ ਪੰਪ ਹਾਊਸ, ਬਿਜਲੀ ਉਪ-ਸਟੇਸ਼ਨ ਦੀ ਉਸਾਰੀ, ਪਾਣੀ ਸਪਲਾਈ ਪ੍ਰਣਾਲੀ ਵਿਚ ਸੁਧਾਰ, (iii) ਈਐਲਐਸ/ਗਾਜੀਆਬਾਦ ਦੀ ਆਵਾਸ ਸਮਰਕਾ ਨੂੰ 200 ਤੋਂ ਵਧਾ ਕੇ 225 ਕਰਨਾ। (iv) ਈਐਲਐਸ / ਗਾਜੀਆਬਾਦ ਵਿਚ ਸ਼ੇਡ ਅਤੇ ਦੁਕਾਨ ਵਿਚ ਉਪਲਬਧ ਸਹੂਲਤਾਂ ਦਾ ਪੁਨਰਗਠਨ। (v) ਈਐਲਐਸ/ਗਾਜੀਆਬਾਦ ਵਿਚ ਵੇਸਟ ਪਾਣੀ ਉਪਚਾਰ ਸੰਯੰਤਰ ਦਾ ਪ੍ਰਾਵਧਾਨ।

| | |
|---|---|
| ਨਿਵਿਦਾ ਦੀ ਅੰਦਾਜਨ ਲਾਗਤ:- | ₹ 11909661.90 /- |
| ਦਫਤਰ ਦਾ ਪਤਾ:- ਸੀਨੀਅਰ ਮੰਡਲ ਬਿਜਲੀ ਇੰਜੀਨੀਅਰ/ਜਨਰਲ, ਡੀਆਰਐਮ ਦਫਤਰ, ਦਿੱਲੀ ਮੰਡਲ, ਉਤਰ ਰੇਲਵੇ, ਸਟੇਟ ਐਂਟ੍ਰੀ ਰੋਡ, ਨਵੀਂ ਦਿੱਲੀ - 110055 | |
| ਬਿਆਨਾ ਰਾਸ਼ੀ:- | ₹ 238200.00 /- |
| ਨਿਵਿਦਾ ਨਿਵੇਦਨ ਦੀ ਮਿਤੀ ਤੇ ਸਮਾਂ:- | 06.07.2026, 16.00 ਵਜੇ |
| ਨਿਵਿਦਾ ਖੋਹਲਣ ਦੀ ਮਿਤੀ ਤੇ ਸਮਾਂ:- | 06.07.2026, 16.00 ਵਜੇ |
| ਵੈਬਸਾਈਟ ਤੇ ਨੋਟਿਸ ਬੋਰਡ:- | www.ireps.gov.in<br>ਸੀਨੀਅਰ ਮੰਡਲ ਬਿਜਲੀ ਇੰਜੀਨੀਅਰ/ਜੀ, ਨਵੀਂ ਦਿੱਲੀ |

2018/2026
ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਪਾਵਰਕਾਮ ਐਂਡ ਟਰਾਂਸਕੋ ਪੈਨਸ਼ਨਰਜ ਯੂਨੀਅਨ ਮੰਡਲ ਸੁਨਾਮ ਨੇ ਮਹੀਨਾਵਾਰ ਮੀਟਿੰਗ ਆਯੋਜਿਤ



**ਸੁਨਾਮ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪਾਵਰਕਾਮ ਐਂਡ ਟਰਾਂਸਕੋ ਪੈਨਸ਼ਨਰਜ ਯੂਨੀਅਨ ਮੰਡਲ ਸੁਨਾਮ ਦੀ ਮਹੀਨਾਵਾਰ ਮੀਟਿੰਗ ਪ੍ਰਧਾਨ ਸਾਥੀ ਸੁਰਿੰਦਰ ਸਿੰਘ ਸੁਨਾਮ ਦੀ ਪ੍ਰਧਾਨਗੀ ਹੇਠ ਹੋਈ ਅਤੇ ਵਿਛੜੇ ਸਾਥੀਆਂ ਨੂੰ ਸਰਧਾਂਜਲੀ ਦੇਣ ਉਪਰੰਤ ਮੀਟਿੰਗ ਵਿੱਚ ਜਿੱਥੇ ਪੈਨਸ਼ਨਰ ਸਾਥੀਆਂ ਦੀਆਂ ਮੰਗਾਂ, ਮੁਸ਼ਕਿਲਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ, ਉੱਥੇ ਹੀ ਪੰਜਾਬ ਦੀ ਭਗਵੰਤ ਮਾਨ ਸਰਕਾਰ ਦੀ ਜੰਮ ਕੇ ਨਿਖੇਧੀ ਕੀਤੀ ਗਈ। ਇਸ ਮੀਟਿੰਗ ਦੌਰਾਨ ਬੀਤੇ ਦਿਨੀਂ ਪਟਿਆਲਾ ਵਿਖੇ ਸ਼ਾਂਤਮਈ ਢੰਗ ਨਾਲ ਸੰਘਰਸ਼ ਕਰ ਰਹੇ ਅਪਰੈਂਟਿਸ ਸਾਥੀਆਂ ਉੱਤੇ ਅੰਨੇਵਾਹ ਕੀਤੇ ਤਸ਼ੱਦਦ ਦਾ ਜਥੇਬੰਦੀ ਵੱਲੋਂ ਸ਼ਖਤ ਨੋਟਿਸ ਲਿਆ ਗਿਆ ਅਤੇ ਪੰਜਾਬ ਸਰਕਾਰ ਤੇ ਪਾਵਰਕਾਮ ਮੈਨੇਜਮੈਂਟ ਦੀ ਅਰਥੀ ਸਾੜੀ ਗਈ। ਇਸ ਮੌਕੇ ਸੰਬੋਧਨ ਕਰਦੇ ਹੋਏ ਸੂਬਾ ਆਗੂ ਸਾਥੀ ਜਗਦੇਵ ਸਿੰਘ ਬਾਹੀਆ ਨੇ ਸਾਥੀਆਂ ਨੂੰ ਆਉਣ ਵਾਲੇ ਤਕੜੇ ਸੰਘਰਸ਼ ਲਈ ਤਿਆਰ ਰਹਿਣ ਦਾ ਸੱਦਾ ਦਿੱਤਾ। ਇਸ ਦੌਰਾਨ ਸਾਥੀਆਂ ਨੇ ਮੰਗ ਕੀਤੀ ਕਿ ਮਨੁੱਖੀ ਅਧਿਕਾਰ ਕਮਿਸ਼ਨ ਇਸਦਾ ਗੰਭੀਰ ਨੋਟਿਸ ਲਏ ਅਤੇ ਤਸੱਦਦ ਕਰਨ ਵਾਲੇ ਅਧਿਕਾਰੀਆਂ ਤੇ ਕੇਸ ਦਰਜ ਕੀਤਾ ਜਾਵੇ, ਕਰਮਚਾਰੀਆਂ, ਪੈਨਸ਼ਨਰਾਂ ਦਾ ਡੀ ਏ, ਏਰੀਅਰ ਤਰੁੰਤ ਜਾਰੀ ਕੀਤਾ ਜਾਵੇ, ਸਰਕਾਰ ਵੱਲੋਂ ਥੋਪਿਆ ਜਜੀਆ ਟੈਕਸ ਭਾਵ ਡਿਵੈਲਪਮੈਂਟ ਟੈਕਸ ਬੰਦ ਕੀਤਾ ਜਾਵੇ, 2.59 ਦਾ ਫਾਰਮੂਲਾ, 23 ਸਾਲਾ ਸਾਰੇ ਪੈਨਸ਼ਨਰਾਂ ਤੇ ਲਾਗੂ ਕੀਤਾ ਜਾਵੇ। ਇਸ ਮੌਕੇ ਸਾਥੀ ਤੇਜਿੰਦਰ ਸਿੰਘ, ਪ੍ਰਿਤਪਾਲ ਸਿੰਘ ਮਹਿਰੋਕ, ਬਰਖਾ ਸਿੰਘ, ਮਹਿੰਦਰ ਸਿੰਘ, ਸਰਕਲ ਆਗੂ ਕਰਨੈਲ ਸਿੰਘ ਦਿੜ੍ਹਬਾ, ਕਰਮਚੰਦ ਮਾਰਕੰਡਾ ਨੇ ਸੰਬੋਧਨ ਕਰਦਿਆਂ 14 ਜੂਨ 2026 ਨੂੰ ਸੰਗਰੂਰ ਵਿਖੇ ਮੁੱਖ ਮੰਤਰੀ ਭਗਵੰਤ ਮਾਨ ਦੀ ਰਿਹਾਇਸ਼ ਤੇ ਕੀਤੇ ਜਾ ਰਹੇ ਮੁਜਾਹਰੇ ਵਿੱਚ ਵੱਡੀ ਗਿਣਤੀ ਵਿੱਚ ਪਹੁੰਚਣ ਦਾ ਸੱਦਾ ਦਿੱਤਾ ਅਤੇ ਬਿਜਲੀ ਮੁਲਾਜ਼ਮਾਂ ਵੱਲੋਂ 16 ਅਤੇ 17 ਜੂਨ ਨੂੰ ਕੀਤੀ ਜਾ ਰਹੀ ਹੜਤਾਲ ਦਾ ਸਮਰਥਨ ਕਰਦਿਆਂ ਪੈਨਸ਼ਨਰਾਂ ਨੂੰ ਜੇਲ੍ਹ ਭਰਨ ਅਤੇ ਗ੍ਰਿਫ਼ਤਾਰੀਆਂ ਲਈ ਆਪਣੇ ਆਪ ਨੂੰ ਪੇਸ਼ ਕਰਨ ਦਾ ਵੀ ਸੱਦਾ ਦਿੱਤਾ।

# ਰੁੱਖਾਂ ਦੀ ਕਟਾਈ ਕਾਰਨ ਹੀ ਮਨੁੱਖ ਨੂੰ ਅੱਜ ਕੁਦਰਤੀ ਆਫ਼ਤਾਂ ਦਾ ਕਰਨਾ ਪੈ ਰਿਹਾ ਹੈ ਸਾਹਮਣਾ : ਸੁਖਜਿੰਦਰ ਬਾਜਵਾ

**ਪਟਿਆਲਾ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਵੱਲੋਂ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ, ਗਿਆਨ ਜੋਤੀ ਐਜੂਕੇਸ਼ਨ ਸੁਸਾਇਟੀ ਦੇ ਸਹਿਯੋਗ ਅਤੇ ਡਾਇਰੈਕਟਰ ਜਨਰਲ ਆਫ਼ ਪੁਲਿਸ ਗੋਰਵ ਯਾਦਵ , ਸਪੈਸ਼ਲ ਡੀ ਜੀ ਪੀ ਕਮਊਨਿਟੀ ਅਫੇਅਰ ਡਵੀਜ਼ਨ ਪੰਜਾਬ ਮੈਡਮ ਗੁਰਪ੍ਰੀਤ ਕੌਰ ਦਿਉ ਜੀ ਦੀ ਸਰਪ੍ਰਸਤੀ ਅਤੇ , ਡੀ ਆਈ ਜੀ ਪਟਿਆਲਾ ਰੇਂਜ ਕੁਲਦੀਪ ਸਿੰਘ ਚਾਹਲ,ਐਸ ਐਸ ਪੀ ਪਟਿਆਲਾ ਵਰੁਣ ਸ਼ਰਮਾ,ਐਸ ਪੀ ਹੈਡਕੁਆਰਟਰ -ਕਮ- ਜ਼ਿਲ੍ਹਾ ਕਾਮਊਨਟੀ ਅਫੇਅਰ ਅਫਸਰ ਵੈਭਵ ਚੋਧਰੀ ਦੀ ਅਗਵਾਈ ਹੇਠ ਦੂਸ਼ਿਤ ਹੁੰਦੇ ਜਾਂ ਰਹੇ ਵਾਤਾਵਰਣ ਨੂੰ ਬਚਾਉਣ ਲਈ ਵੱਖ ਵੱਖ ਥਾਵਾਂ ਉਪਰ ਰੁੱਖ ਲਗਾਊ ਮੁਹਿਮ ਦੀ ਸ਼ੁਰੂਆਤ ਕੀਤੀ ਗਈ। ਜਿਸ ਵਿੱਚ ਮੁੱਖ ਮਹਿਮਾਨ ਸੁਖਜਿੰਦਰ ਸਿੰਘ




ਬਾਜਵਾ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਬਰ ਜ਼ਿਲ੍ਹਾ ਸਾਝ ਕੇਂਦਰ ਪਟਿਆਲਾ ਪੁਲਿਸ, ਮੈਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ ਪਟਿਆਲਾ ਪੁਲਿਸ, ਮੈਬਰ ਵੂਮੈਨ ਕੋਸਲਿੰਗ ਸੈਲ ਪਟਿਆਲਾ ਪੁਲਿਸ, ਮੈਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਕੀਤੀ। ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਸਾਰੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਗਿਆ।

ਵਿਸ਼ੇਸ਼ ਤੌਰ ਤੇ ਰਾਸ਼ਟਰਪਤੀ ਪੁਲਿਸ ਮੈਡਲ ਵਿਜੇਤਾ ਐਸ ਆਈ ਜਸਪਾਲ ਸਿੰਘ ਇੰਚਾਰਜ ਸਾਂਝ ਕੇਂਦਰ ਸਦਰ ਪਟਿਆਲਾ, ਐਸ ਆਈ ਜਸਵੰਤ ਕੁਮਾਰ ਇੰਚਾਰਜ ਸਾਂਝ ਕੇਂਦਰ ਸਿਟੀ 2, ਵਰਿੰਦਰ ਸਿੰਘ ਖਰੋੜ ਡੈਟਾ ਅਪਰੇਟਰ ਜ਼ਿਲ੍ਹਾ ਸਾਝ ਕੇਂਦਰ ਪਟਿਆਲਾ, ਉਪਕਾਰ ਸਿੰਘ ਪ੍ਰਧਾਨ ਗਿਆਨ ਜੋਤੀ ਐਜੂਕੇਸ਼ਨ ਸੁਸਾਇਟੀ,ਰੁਦਰਪ੍ਰਤਾਪ ਸਿਘ ਬੀ ਸੀ ਏ ਵਿਦਿਆਰਥੀ ਗੋਰਮਿੰਟ ਬਿਕਰਮ ਕਾਲਜ਼ ਆਫ ਕਾਮਰਸ, ਗਗਨਪ੍ਰੀਤ ਕੋਰ, ਖੁਸ਼ਪ੍ਰੀਤ ਕੋਰ , ਗੁਰਿੰਦਰਪਾਲ ਸਿੰਘ ਸੰਧੂ,ਨੇ ਵੀ ਭਰਪੂਰ ਸਹਿਯੋਗ ਦਿੱਤਾ।ਇਸ ਮੌਕੇ ਸੰਬੋਧਨ ਕਰਦਿਆ ਜ਼ਿਲ੍ਹਾ ਸਾਝ ਕੇਂਦਰ ਪਟਿਆਲਾ ਪੁਲਿਸ ਇੰਚਾਰਜ ਸੁਖਜਿੰਦਰ ਬਾਜਵਾ ਅਤੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨੇ ਕਿਹਾ ਕਿ ਮਨੁੱਖ ਨੇ ਆਪਣੀਆਂ ਲੋੜਾਂ ਪੂਰੀਆਂ ਕਰਨ ਲਈ ਰੁੱਖਾਂ ਨੂੰ ਕੱਟਣਾ ਸ਼ੁਰੂ ਕਰ ਦਿੱਤਾ ਸੀ ਜਿਸ ਦੇ ਚਲਦਿਆਂ ਹੁਣ ਮਨੁੱਖ ਨੂੰ ਕੁਦਰਤੀ ਆਫ਼ਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਇਹਨਾਂ ਕੁਦਰਤੀ ਆਫ਼ਤਾਂ ਦਾ ਮਨੁੱਖ ਖ਼ੁਦ ਜ਼ਿੰਮੇਵਾਰ ਹੈ ।

ਉਹਨਾਂ ਕਿਹਾ ਕਿ ਹਰ ਮਨੁੱਖ ਨੂੰ ਆਪਣਾ ਨੈਤਿਕ ਫਰਜ਼ ਸਮਝਦੇ ਹੋਏ ਸਾਲ ਵਿੱਚ ਘੱਟ ਤੋਂ ਘੱਟ ਪੰਜ ਰੁੱਖ ਲਗਾਕੇ ਉਹਨਾਂ ਦੀ ਸਾਭ ਸੰਭਾਲ ਕਰਨੀ ਚਾਹੀਦੀ ਹੈ ਤਾਂ ਹੀ ਅਸੀਂ ਕੁਦਰਤੀ ਆਫ਼ਤਾਂ ਤੋਂ ਬਚ ਸਕਾਂਗੇ। ਇਸ ਮੌਕੇ ਜ਼ਿਲ੍ਹਾ ਸਾਝ ਕੇਂਦਰ ਪਟਿਆਲਾ ਪੁਲਿਸ ਵੱਲੋਂ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਵੱਖ ਵੱਖ ਥਾਵਾਂ ਉਪਰ ਛਾਂਦਾਰ ਅਤੇ ਫਲਦਾਰ ਬੂਟੇ ਲਗਾਉਣ ਲਈ ਵੰਡੇ ਗਏ।

## ਡਿਪਟੀ ਕਮਿਸ਼ਨਰ ਵੱਲੋਂ ਪੰਜਾਬ ਟਰੇਡਰਜ ਕਮਿਸ਼ਨ ਦੀ ਸਮੀਖਿਆ ਮੀਟਿੰਗ

# ਵਪਾਰੀਆਂ ਦੀਆਂ ਸ਼ਿਕਾਇਤਾਂ ਦੇ ਸਮਾਂਬੱਧ ਨਿਪਟਾਰੇ ਲਈ ਆਪਸੀ ਤਾਲਮੇਲ ਨਾਲ ਕੰਮ ਕਰਨ ਸਬੰਧਤ ਵਿਭਾਗ : ਡਾ. ਹਿਮਾਂਸ਼ੂ ਅਗਰਵਾਲ



**ਪਟਿਆਲਾ, 12 ਜੂਨ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਪੰਜਾਬ ਰਾਜ ਟ੍ਰੇਡਰਜ਼ ਕਮਿਸ਼ਨ ਦੇ ਮੈਂਬਰਾਂ ਨਾਲ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕੀਤੀ, ਜਿਸ ਵਿੱਚ ਵਪਾਰੀਆਂ ਦੀਆਂ ਸਾਰੀਆਂ ਸ਼ਿਕਾਇਤਾਂ ਦਾ ਸਮਾਂਬੱਧ ਨਿਪਟਾਰਾ ਯਕੀਨੀ ਬਣਾਉਣ ਲਈ ਸਖ਼ਤ ਦਿਸ਼ਾ-ਨਿਰਦੇਸ਼ ਜਾਰੀ ਕੀਤੇ। ਇਸ ਮੌਕੇ ਕਮਿਸ਼ਨ ਦੇ ਵਾਈਸ ਚੇਅਰਮੈਨ ਗੁਰਪ੍ਰੀਤ ਸਿੰਘ ਧਮੌਲੀ ਤੇ ਹੋਰ ਮੈਂਬਰ ਵੀ ਹਾਜ਼ਰ ਸਨ।

ਡਿਪਟੀ ਕਮਿਸ਼ਨਰ ਨੇ ਸਾਰੇ ਸਬੰਧਤ ਵਿਭਾਗਾਂ ਨੂੰ ਨਿਰਧਾਰਤ ਪੋਰਟਲ 'ਤੇ ਲਗਾਤਾਰ ਨਿਗਰਾਨੀ ਰੱਖਣ ਅਤੇ ਇਹ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਕਿ ਆਉਣ ਵਾਲੀਆਂ ਸ਼ਿਕਾਇਤਾਂ ਦਾ ਸੱਤ ਦਿਨਾਂ ਦੇ ਅੰਦਰ ਪੂਰੀ ਤਰ੍ਹਾਂ ਨਿਪਟਾਰਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਕਿਸੇ ਵੀ ਸ਼ਿਕਾਇਤ ਦੇ ਨਿਪਟਾਰੇ ਉਪਰੰਤ ਸਬੰਧਤ ਮੈਂਬਰਾਂ ਨੂੰ ਜਾਣਕਾਰੀ ਦਿੱਤੀ ਜਾਵੇ ਤਾਂ ਕਿ ਸ਼ਿਕਾਇਤ ਕਰਤਾ ਨੂੰ ਤਸੱਲੀ ਹੋ ਜਾਵੇ।

ਉਨ੍ਹਾਂ ਕਿਹਾ ਕਿ ਜੇਕਰ ਕਿਸੇ ਅਧਿਕਾਰੀ ਨੇ ਸ਼ਿਕਾਇਤਾਂ ਦੇ ਨਿਪਟਾਰੇ ਵਿੱਚ ਦੇਰੀ ਕੀਤੀ ਤਾਂ ਉਸ ਵਿਰੁੱਧ ਬਣਦੀ ਕਾਰਵਾਈ ਕੀਤੀ ਜਾਵੇਗੀ।

ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਦਿੱਤੇ ਗਏ ਨਿਰਦੇਸ਼ਾਂ ਮੁਤਾਬਕ ਵਪਾਰਕ ਭਾਈਚਾਰੇ ਨਾਲ ਮਜ਼ਬੂਤ ਸੰਚਾਰ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਜਾ ਰਿਹਾ ਹੈ। ਉਨ੍ਹਾਂ ਨੇ ਵਿਭਾਗੀ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਵਪਾਰੀਆਂ ਦੀਆਂ ਸ਼ਿਕਾਇਤਾਂ ਦੇ ਸਮਾਂਬੱਧ ਨਿਪਟਾਰੇ ਲਈ ਆਪਸੀ ਤਾਲਮੇਲ ਨਾਲ ਕੰਮ ਕਰਨਾ ਯਕੀਨੀ ਬਣਾਇਆ ਜਾਵੇ।

ਇਸ ਮੌਕੇ ਗੁਰਪ੍ਰੀਤ ਸਿੰਘ ਧਮੌਲੀ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ 'ਆਪ' ਦੇ ਕਨਵੀਨਰ ਅਰਵਿੰਦ ਕੇਜਰੀਵਾਲ ਅਗਲੇ ਹਫ਼ਤੇ ਤੋਂ ਵਪਾਰੀਆਂ ਨਾਲ ਹੋਣ ਵਾਲੀਆਂ ਮੀਟਿੰਗਾਂ ਦੀ ਨਿੱਜੀ ਤੌਰ 'ਤੇ ਪ੍ਰਧਾਨਗੀ ਕਰਦਿਆਂ ਸ਼ਿਕਾਇਤ ਨਿਵਾਰਨ ਪ੍ਰਣਾਲੀ ਨੂੰ ਹੋਰ ਤੇਜ਼ ਅਤੇ ਮਜ਼ਬੂਤ ??ਕਰਨਗੇ। ਮੀਟਿੰਗ ਦੌਰਾਨ ਏਡੀਸੀ (ਜ) ਅਨੁਪ੍ਰਿਤਾ ਜੌਹਲ ਨੇ ਕਿਹਾ ਕਿ ਡਿਪਟੀ ਕਮਿਸ਼ਨਰ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਨਿਪਟਾਰੇ ਲਈ ਵਚਨਬੱਧ ਹੈ। ਇਸ ਮੌਕੇ ਕਮਿਸ਼ਨ ਦੇ ਵੱਖ-ਵੱਖ ਮੈਂਬਰਾਂ ਨੇ ਜ਼ਮੀਨੀ ਪੱਧਰ ਦੀ ਫੀਡਬੈਕ ਅਤੇ ਵਿਚਾਰ ਵੀ ਸਾਂਝੇ ਕੀਤੇ।

ਇਸ ਮੀਟਿੰਗ ਵਿੱਚ ਟਿੰਕੂ ਬਾਂਸਲ ਹਲਕਾ ਚੇਅਰਮੈਨ ਰਾਜਪੁਰਾ, ਦੁਰਗਾ ਦਾਸ ਹਲਕਾ ਚੇਅਰਮੈਨ ਪਾਤੜਾਂ, ਕੀਰਤ ਸੇਹਰਾ ਮੈਂਬਰ ਹਲਕਾ ਘਨੌਰ, ਵਿਨੋਦ ਸਿੰਗਲਾ, ਪੁਨੀਤ ਬੁੱਧੀਰਾਜਾ ਅਤੇ ਵੇਦ ਪ੍ਰਕਾਸ਼ ਗਰਗ ਸਮੇਤ ਨਗਰ ਨਿਗਮ ਦੇ ਸੰਯੁਕਤ ਕਮਿਸ਼ਨਰ ਮਨਰੀਤ ਰਾਣਾ, ਡੀ ਐਸ ਪੀ ਨੇਹਾ ਅਗਰਵਾਲ, ਸਹਾਇਕ ਕਮਿਸ਼ਨਰ ਜੀਐਸਟੀ ਗੁਰਸਿਮਰਨ ਕੌਰ, ਡੀਡੀਪੀਓ ਮਹਿੰਦਰਜੀਤ ਸਿੰਘ, ਸਾਰੇ ਕਾਰਜ ਸਾਧਕ ਅਫ਼ਸਰ ਤੇ ਵੱਖ-ਵੱਖ ਵਿਭਾਗਾਂ ਦੇ ਹੋਰ ਅਧਿਕਾਰੀ ਮੌਜੂਦ ਸਨ।

# ਸਰਕਾਰ ਗੱਲਬਾਤ ਅਤੇ ਸਹਿਮਤੀ ਰਾਹੀਂ ਮੁਲਾਜ਼ਮਾਂ ਦੇ ਮਸਲੇ ਹੱਲ ਕਰਨ ਲਈ ਵਚਨਬੱਧ; ਹਰਪਾਲ ਸਿੰਘ ਚੀਮਾ



**ਚੰਡੀਗੜ੍ਹ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਜੋ ਕਿ ਮੁਲਾਜ਼ਮਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਲਈ ਗਠਿਤ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਵੀ ਹਨ, ਨੇ ਅੱਜ ਇੱਥੇ ਸਿੱਖਿਆ ਵਿਭਾਗ ਦੀਆਂ ਪੰਜ ਵੱਖ-ਵੱਖ ਮੁਲਾਜ਼ਮ ਯੂਨੀਅਨਾਂ ਨਾਲ ਉਨ੍ਹਾਂ ਦੇ ਮਸਲਿਆਂ ਅਤੇ ਮੰਗਾਂ 'ਤੇ ਹਮਦਰਦੀ ਪੂਰਵਕ ਵਿਚਾਰ-ਵਟਾਂਦਰਾ ਕਰਨ ਲਈ ਵਿਸਥਾਰਪੂਰਵਕ ਮੀਟਿੰਗਾਂ ਕੀਤੀਆਂ।

ਇਸ ਸਬੰਧੀ ਗੱਲਬਾਤ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, ਇਨ੍ਹਾਂ ਮੀਟਿੰਗਾਂ ਦਾ ਉਦੇਸ਼ ਇੱਕ ਸਾਰਥਕ ਗੱਲਬਾਤ ਨੂੰ ਉਤਸ਼ਾਹਿਤ ਕਰਨਾ ਹੈ, ਜੋ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਆਪਣੇ ਕਰਮਚਾਰੀਆਂ ਦੀ ਭਲਾਈ ਅਤੇ ਚਿੰਤਾਵਾਂ ਨੂੰ ਯੋਜਨਾਬੱਧ ਤਰੀਕੇ ਨਾਲ ਹੱਲ ਕਰਨ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਵਿਚਾਰ-ਵਟਾਂਦਰੇ ਦੌਰਾਨ, ਸਿੱਖਿਆ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨੇ ਵਿੱਤ ਮੰਤਰੀ ਨੂੰ ਯੂਨੀਅਨਾਂ ਦੀਆਂ ਮੰਗਾਂ ਦੇ ਸਬੰਧ ਵਿੱਚ ਮੌਜੂਦਾ ਪ੍ਰਸ਼ਾਸਨਿਕ ਸਥਿਤੀ ਅਤੇ ਉਨ੍ਹਾਂ ਦੇ ਹੱਲ ਲਈ ਕੀਤੀਆਂ ਜਾ ਰਹੀਆਂ ਕਾਰਵਾਈਆਂ ਬਾਰੇ ਜਾਣੂ ਕਰਵਾਇਆ।

ਵਿਭਾਗ ਦੇ ਪੱਖ ਦੀ ਬਾਰੀਕੀ ਨਾਲ ਸਮੀਖਿਆ ਕਰਨ ਤੋਂ ਬਾਅਦ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਯੂਨੀਅਨਾਂ ਦੀਆਂ ਜਾਇਜ਼ ਮੰਗਾਂ ਨੂੰ ਜਲਦੀ ਹੱਲ ਕਰਨ ਲਈ ਪ੍ਰਸ਼ਾਸਨਿਕ ਪ੍ਰਕਿਰਿਆਵਾਂ ਵਿੱਚ ਤੇਜ਼ੀ ਲਿਆਉਣ ਤਾਂ ਜੋ ਮੁਲਾਜ਼ਮਾਂ ਨੂੰ ਸਮੇਂ ਸਿਰ ਰਾਹਤ ਅਤੇ ਸਹਾਇਤਾ ਯਕੀਨੀ ਬਣਾਈ ਜਾ ਸਕੇ।

ਹਰੇਕ ਜਥੇਬੰਦੀ ਦੇ ਨੁਮਾਇੰਦਿਆਂ ਦੀਆਂ ਮੁੱਖ ਮੰਗਾਂ ਨੂੰ ਬੜੇ ਧਿਆਨ ਨਾਲ ਸੁਣਿਆ ਗਿਆ।

ਇਹ ਮੀਟਿੰਗਾਂ ਪੰਜਾਬ ਸਿਵਲ ਸਕੱਤਰੇਤ ਵਿਖੇ ਵਿੱਤ ਮੰਤਰੀ ਦੇ ਦਫ਼ਤਰ ਵਿੱਚ ਹੋਈਆਂ। ਇਨ੍ਹਾਂ ਸੈਸ਼ਨਾਂ ਵਿੱਚ ਬੇਰੁਜ਼ਗਾਰ ਪੀ.ਐਸ.ਟੀ.ਈ.??. ਪਾਸ ਆਰਟ ਐਂਡ ਕ੍ਰਾਫਟ ਸੰਘਰਸ਼ ਯੂਨੀਅਨ, ਅਨ-ਏਡਿਡ ਸਟਾਫ਼ ਆਫ਼ ਏਡਿਡ ਸਕੂਲ ਫਰੰਟ, ਮੁੜ ਬਹਾਲ ਕੱਚੇ ਅਧਿਆਪਕ ਯੂਨੀਅਨ, ਮੈਰੀਟੋਰੀਅਸ ਟੀਚਰਜ਼ ਯੂਨੀਅਨ ਅਤੇ ਬੇਰੁਜ਼ਗਾਰ ਬੀ.ਐਡ. ਟੈਟ ਪਾਸ ਅਧਿਆਪਕ ਯੂਨੀਅਨ ਦੇ ਪ੍ਰਤੀਨਿਧ ਵਫ਼ਦਾਂ ਨੇ ਸ਼ਿਰਕਤ ਕੀਤੀ।

ਮੀਟਿੰਗਾਂ ਦੌਰਾਨ ਬੇਰੁਜ਼ਗਾਰ ਪੀ.ਐਸ.ਟੀ.ਈ.ਟੀ. ਪਾਸ ਆਰਟ ਐਂਡ ਕ੍ਰਾਫਟ ਸੰਘਰਸ਼ ਯੂਨੀਅਨ ਵੱਲੋਂ ਰਾਕੇਸ਼ ਕੁਮਾਰ, ਕਿਰਨਦੀਪ ਕੌਰ ਅਤੇ ਹਰਬੰਸ ਸਿੰਘ, ਅਨ-ਏਡਿਡ ਸਟਾਫ਼ ਆਫ਼ ਏਡਿਡ ਸਕੂਲ ਫਰੰਟ ਵੱਲੋਂ ਨਿਰਭੈ ਸਿੰਘ, ਸੁਖਚੈਨ ਸਿੰਘ ਅਤੇ ਜਸਵੰਤ ਸਿੰਘ, ਮੁੜ ਬਹਾਲ ਕੱਚੇ ਅਧਿਆਪਕ ਯੂਨੀਅਨ ਵੱਲੋਂ ਵਿਕਾਸ ਸਾਹਨੀ, ਲਖਵਿੰਦਰ ਕੌਰ ਅਤੇ ਵਰੁਣ ਖੇੜਾ, ਮੈਰੀਟੋਰੀਅਸ ਟੀਚਰਜ਼ ਯੂਨੀਅਨ ਵੱਲੋਂ ਡਾ. ਟੀਨਾ, ਸਿਮਰਨ ਅਤੇ ਰਾਕੇਸ਼, ਅਤੇ ਬੇਰੁਜ਼ਗਾਰ ਬੀ.ਐਡ. ਟੈਟ ਪਾਸ ਅਧਿਆਪਕ ਯੂਨੀਅਨ ਵੱਲੋਂ ਜਸਵੰਤ ਘੁਬਾਇਆ, ਹਰਦੀਪ ਸਿੰਘ ਅਤੇ ਹਰਪ੍ਰੀਤ ਸਿੰਘ ਨੇ ਆਪਣਾ ਪੱਖ ਪੇਸ਼ ਕੀਤਾ।

# ਗੁਰੂ ਨਾਨਕ ਫਾਊਂਡੇਸ਼ਨ ਸਕੂਲ ਕੋਲ ਖੜਦਾ ਜੂਸ ਵਾਲਾ ਲੋਕਾਂ ਨੂੰ ਸ਼ਰੇਆਮ ਪਰੋਸ ਰਿਹਾ ਗੰਦ ਤੇ ਬਿਮਾਰੀਆਂ

## ਗੁਰਮਤਿ ਕਾਲਜ ਅੰਦਰ ਵੀ ਸੁੱਟ ਦਿੰਦੇ ਹਨ ਜ਼ਰਦੇ ਦੀਆਂ ਪੂੜੀਆਂ



**ਪਟਿਆਲਾ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਜੇਕਰ ਤੁਸੀਂ ਗੰਨੇ ਦਾ ਜੂਸ ਪੀਣ ਦੇ ਸ਼ੌਕੀਨ ਹੋ ਤਾਂ ਜ਼ਰੂਰ ਪੀਓ, ਪਰ ਇਸ ਗੱਲ ਦਾ ਖਿਆਲ ਰੱਖੋ ਕਿ ਜਿਹੜਾ ਗੰਨੇ ਦਾ ਜੂਸ ਤੁਸੀਂ ਗੱਡੀ ਵਿਚ ਬੈਠੇ ਬੈਠੇ ਪੀ ਰਹੇ ਹੋ, ਉਸ ਵਿਚ ਜ਼ਰਦਾ, ਗੰਦੇ ਪੋਚੇ ਦਾ ਪਾਣੀ ਜਾਂ ਗੰਦੀ ਬਰਫ ਤਾਂ ਨਹੀਂ। ਗੁਰੂ ਨਾਨਕ ਫਾਊਂਡੇਸ਼ਨ ਪਬਲਿਕ ਸਕੂਲ ਦੇ ਨਾਲ ਖੜਦਾ ਇਕ ਜੂਸ ਵਾਲਾ ਤਾਂ ਲੋਕਾਂ ਨੂੰ ਇਹੀ ਕੁਝ ਪਿਆ ਰਿਹਾ ਹੈ, ਕਿਉਂਕਿ ਇਹ ਜ਼ਰਦਾ ਅਤੇ ਪੋਚਾ ਲਾਉਣ ਮਗਰੋਂ ਹੱਥ ਨਹੀਂ ਧੋਂਦਾ, ਸਗੋਂ ਇਹੀ ਗੰਦ-ਮੰਦ ਉਸ ਦੇ ਹੱਥਾਂ ਰਾਹੀਂ ਨੁਚੜ ਕੇ ਗੰਨੇ ਦੇ ਜੂਸ ਵਿਚ ਚਲਾ ਜਾਂਦਾ ਹੈ। ਇਸ ਰੇਹੜੀ ਵਾਲੇ ਵਲੋਂ ਸ਼ਰੇਆਮ ਲੋਕਾਂ ਨੂੰ ਗੰਦ ਅਤੇ ਬਿਮਾਰੀਆਂ ਪਰੋਸੀਆਂ ਜਾ ਰਹੀਆਂ ਹਨ। ਇਹ ਰੇਹੜੀ ਵੀ ਨਗਰ ਨਿਗਮ ਦੇ ਏਰੀਏ ਵਿਚ ਲਗਾਈ ਗਈ ਹੈ, ਜਿਸ ਕਾਰਨ ਸ਼ਹਿਰ ਦੀ ਟ੍ਰੈਫਿਕ ਵੀ ਪ੍ਰਭਾਵਿਤ ਹੋ ਰਹੀ ਹੈ, ਕਿਉਂਕਿ ਇਨ੍ਹਾਂ ਦਾ ਜੂਸ ਪੀਣ ਖੜਦੀਆਂ ਗੱਡੀਆਂ ਕਾਰਨ ਅਕਸਰ ਜਾਮ ਲੱਗ ਜਾਂਦਾ ਹੈ। ਅਫਸੋਸ ਦੀ ਗੱਲ ਹੈ ਕਿ ਇਸ ਉਤੇ ਨਾ ਤਾਂ ਨਗਰ ਨਿਗਮ ਦੇ ਅਧਿਕਾਰੀ ਕੋਈ ਕਾਰਵਾਈ ਕਰ ਰਹੇ ਹਨ ਅਤੇ ਨਾ ਹੀ ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰ ਰਹੇ ਜੂਸ ਵਾਲੇ ਖਿਲਾਫ ਸਿਹਤ ਵਿਭਾਗ ਦੇ ਜ਼ਿਲ੍ਹਾ ਫੂਡ ਸੇਫਟੀ ਅਫਸਰ ਕੋਈ ਕਾਰਵਾਈ ਕੀਤੀ ਜਾ ਰਹੀ ਹੈ।

ਇਹ ਗੰਦਾ ਜੂਸ ਪਰੋਸਣ ਵਾਲਾ ਜਿਸ ਥਾਂ 'ਤੇ ਖੜਦਾ ਹੈ, ਉਥੇ ਨਾਲ ਹੀ ਰੀਲਿਜਨ ਦੀ ਐਮ ਏ ਲਈ ਮਸ਼ਹੂਰ ਗੁਰਮਤਿ ਕਾਲਜ ਹੈ। ਇਨ੍ਹਾਂ ਵਲੋਂ ਅਕਸਰ ਜ਼ਰਦਾ ਖਾ ਕੇ ਗੁਰਮਤਿ ਕਾਲਜ ਅੰਦਰ ਪੂੜੀਆਂ ਸੁੱਟ ਦਿੱਤੀਆਂ ਜਾਂਦੀਆਂ ਹਨ। ਇਸ ਬਾਬਤ ਗੁਰਮਿਤ ਕਾਲਜ ਦੇ ਪ੍ਰਬੰਧਕਾਂ ਨੇ ਦੱਸਿਆ ਕਿ ਇਨ੍ਹਾਂ ਨੂੰ ਜ਼ਰਦੇ ਦੀਆਂ ਪੂੜੀਆਂ ਸੁੱਟਣ ਤੋਂ ਕਈ ਵਾਰ ਰੋਕਿਆ ਪਰ ਇਹ ਨਹੀਂ ਰੁਕਦੇ ਅੱਗੋਂ ਬਦਮਾਸ਼ੀ 'ਤੇ ਉਤਰ ਆਉਂਦੇ ਹਨ।

### ਕੀ ਕਹਿਣੈ ਨਗਰ ਨਿਗਮ ਅਧਿਕਾਰੀ ਦਾ ?

ਪਟਿਆਲਾ : ਇਸ ਸਬੰਧ ਵਿਚ ਨਗਰ ਨਿਗਮ ਦੇ ਏਰੀਆ ਇੰਚਾਰਜ ਵਿਸ਼ਾਲ ਵਰਮਾ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਉਨ੍ਹਾਂ ਕੋਲ ਇਹ ਏਰੀਆ ਨਵਾਂ ਹੈ ਅਤੇ ਜਲਦ ਹੀ ਇਸ 'ਤੇ ਬਣਦੀ ਕਾਰਵਾਈ ਕੀਤੀ ਜਾਵੇਗੀ।

### ਕੀ ਕਹਿਣੈ ਸਿਹਤ ਵਿਭਾਗ ਦੇ ਅਧਿਕਾਰੀ ਦਾ ?

ਪਟਿਆਲਾ : ਇਸ ਸਬੰਧੀ ਜਦੋਂ ਸਿਹਤ ਵਿਭਾਗ ਦੇ ਅਧਿਕਾਰੀਆਂ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਸਾਨੂੰ ਇਸ ਦੀ ਲੋਕੇਸ਼ਨ ਅਤੇ ਪ੍ਰੋਪਰ ਥਾਂ ਦੱਸ ਦਿਓ, ਜਲਦ ਹੀ ਇਸ ਵਲੋਂ ਪਿਲਾਏ ਜਾ ਰਹੇ ਜੂਸ ਦਾ ਮਿਆਰ ਚੈਕ ਕਰਵਾਇਆ ਜਾਵੇਗਾ ਅਤੇ ਜਲਦ ਦੀ ਟੀਮ ਭੇਜ ਕੇ ਇਸ ਦੀ ਰੇਹੜੀ ਸਫਾਈ ਬਾਰੇ ਚੈਕਿੰਗ ਕੀਤੀ ਜਾਵੇਗੀ ਤੇ ਨਿਯਮਾਂ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇਗੀ।

# ਡੀਸੀ ਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਹੋਰ ਤੇਜ਼ ਕਰਨ 'ਤੇ ਦਿੱਤਾ ਜ਼ੋਰ

## ਸਕੂਲਾਂ 'ਚ ਨਸ਼ਾ ਵਿਰੋਧੀ ਜਾਗਰੂਕਤਾ ਮੁਹਿੰਮਾਂ ਨੂੰ ਤੀਬਰ ਕਰਨ ਦੀ ਹਦਾਇਤ : ਡਾ. ਹਿਮਾਂਸ਼ੂ ਅਗਰਵਾਲ

**ਪਟਿਆਲਾ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਚਲਾਈ ਗਈ ਮੁਹਿੰਮ ਤਹਿਤ ਅਤੇ ਜ਼ਿਲ੍ਹਾ ਪਟਿਆਲਾ ਨੂੰ ਨਸ਼ਾ ਮੁਕਤ ਬਣਾਉਣ ਦੇ ਉਦੇਸ਼ ਨਾਲ ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਸਖ਼ਤ ਅਤੇ ਪ੍ਰਭਾਵਸ਼ਾਲੀ ਕਦਮ ਚੁੱਕਣ 'ਤੇ ਜ਼ੋਰ ਦਿੱਤਾ ਗਿਆ ਹੈ। ਡਿਪਟੀ ਕਮਿਸ਼ਨਰ ਨਾਰਕੋ ਕੋਆਰਡੀਨੇਸ਼ਨ ਸੈਂਟਰ ਮੈਕੇਨਿਜ਼ਮ ਅਤੇ ਨਸ਼ਾ ਮੁਕਤ ਭਾਰਤ ਅਭਿਆਨ ਹੇਠ ਜ਼ਿਲ੍ਹਾ ਪੱਧਰੀ ਕਮੇਟੀ ਦੀ ਮੀਟਿੰਗ ਦੀ ਅਗਵਾਈ ਕਰ ਰਹੇ ਸਨ। ਮੀਟਿੰਗ ਦੌਰਾਨ ਉਨ੍ਹਾਂ ਸਿਵਲ ਪ੍ਰਸ਼ਾਸਨ ਅਤੇ ਪੁਲਿਸ ਵੱਲੋਂ ਨਸ਼ਿਆਂ ਖ਼ਿਲਾਫ ਕੀਤੀਆਂ ਜਾ ਰਹੀਆਂ ਕਾਰਵਾਈਆਂ ਦੀ ਵਿਸਥਾਰ ਨਾਲ ਸਮੀਖਿਆ ਕੀਤੀ ਅਤੇ ਸਾਰੇ ਸੰਬੰਧਿਤ ਵਿਭਾਗਾਂ ਨੂੰ ਇਕਜੁੱਟ ਹੋ ਕੇ ਕੰਮ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ



ਨਸ਼ਿਆਂ ਦੀ ਸਮੱਸਿਆ ਨਾਲ ਨਜਿੱਠਣ ਲਈ ਇੱਕ ਸੁਚੱਜੀ ਰਣਨੀਤੀ ਅਪਣਾਉਣ ਦੀ ਲੋੜ ਹੈ।

ਡਿਪਟੀ ਕਮਿਸ਼ਨਰ ਨੇ ਨੌਜਵਾਨਾਂ ਵਿੱਚ ਜਾਗਰੂਕਤਾ ਫੈਲਾਉਣ ਲਈ ਖੇਡ ਮੈਦਾਨਾਂ ਵਿਚ ਫੌਜ ਤੇ ਪੁਲਿਸ ਵਿਚ ਭਰਤੀ ਸਬੰਧੀ ਸੂਚਨਾ ਦੇ ਫ਼ਲੈਕਸ ਲਗਾਉਣ ਦੇ ਹੁਕਮ ਜਾਰੀ ਕੀਤੇ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤੀ ਦਾ ਸੰਦੇਸ਼ ਘਰ-ਘਰ ਤੱਕ ਪਹੁੰਚਾਇਆ ਜਾਣਾ ਚਾਹੀਦਾ ਹੈ ਅਤੇ ਇਸ ਲਈ ਹਰ ਵਰਗ ਦੀ ਭਾਗੀਦਾਰੀ ਜ਼ਰੂਰੀ ਹੈ। ਉਨ੍ਹਾਂ ਨੌਜਵਾਨਾਂ ਨੂੰ ਸਿਹਤਮੰਦ ਜੀਵਨਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਨ 'ਤੇ ਵੀ ਜ਼ੋਰ ਦਿੱਤਾ।

ਸਿੱਖਿਆ ਵਿਭਾਗ ਨੂੰ ਨਿਰਦੇਸ਼ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹੇ ਦੇ ਸਾਰੇ ਸਕੂਲਾਂ ਅਤੇ ਕਾਲਜਾਂ ਵਿੱਚ ਨਸ਼ਿਆਂ ਵਿਰੁੱਧ ਜਾਗਰੂਕਤਾ ਮੁਹਿੰਮਾਂ ਨੂੰ ਹੋਰ ਤੇਜ਼ ਕੀਤਾ ਜਾਵੇ। ਉਨ੍ਹਾਂ ਇਹ ਵੀ ਯਕੀਨੀ ਬਣਾਉਣ ਲਈ ਕਿਹਾ ਕਿ ਹਰ ਸਿੱਖਿਆ ਸੰਸਥਾ ਦੇ ਘੇਰੇ ਵਿੱਚ ਕਿਸੇ ਵੀ ਤਰ੍ਹਾਂ ਦੇ ਤੰਬਾਕੂ ਜਾਂ ਨਸ਼ੀਲੇ ਪਦਾਰਥਾਂ ਦੀ ਵਿਕਰੀ ਨਾ ਹੋਵੇ।

ਮੀਟਿੰਗ ਦੌਰਾਨ ਡਰੱਗ ਇੰਸਪੈਕਟਰਾਂ ਨੂੰ ਵੀ ਹਦਾਇਤ ਕੀਤੀ ਗਈ ਕਿ ਨਸ਼ੀਲੀਆਂ ਦਵਾਈਆਂ ਦੀ ਬਰਾਮਦਗੀ ਮੌਕੇ ਉਨ੍ਹਾਂ ਦੀ ਸਪਲਾਈ ਚੇਨ ਦੀ ਪੂਰੀ ਜਾਂਚ ਕਰਕੇ ਵਿਸਥਾਰਪੂਰਵਕ ਰਿਪੋਰਟ ਕਮੇਟੀ ਅੱਗੇ ਪੇਸ਼ ਕੀਤੀ ਜਾਵੇ। ਓਹਨਾ ਕੈਮਿਸਟ ਐਸੋਸੀਏਸ਼ਨ ਦੇ ਸਹਿਯੋਗ ਨਾਲ ਚੈਕਿੰਗ ਮੁਹਿੰਮ ਨੂੰ ਲਗਾਤਾਰ ਜਾਰੀ ਰੱਖਣ 'ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਰੋਕਥਾਮ ਲਈ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਬਣਦੀ ਹੈ ਅਤੇ ਇਸ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਡੀ ਸੀ ਨੇ ਜ਼ਿਲ੍ਹਾ ਖੇਡ ਅਧਿਕਾਰੀ ਨੂੰ ਨਿਰਦੇਸ਼ ਦਿੱਤੇ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਖੇਡਾਂ, ਮੈਦਾਨਾਂ ਅਤੇ ਹੋਰ ਰਚਨਾਤਮਕ ਗਤੀਵਿਧੀਆਂ ਨੂੰ ਵਧਾਵਾ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਜਦੋਂ ਨੌਜਵਾਨ ਆਪਣੀ ਊਰਜਾ ਨੂੰ ਸਕਾਰਾਤਮਕ ਦਿਸ਼ਾ ਵਿੱਚ ਲਗਾਉਣਗੇ ਤਾਂ ਉਹ ਨਸ਼ਿਆਂ ਤੋਂ ਦੂਰ ਰਹਿਣਗੇ ਅਤੇ ਸਮਾਜ ਦੇ ਵਿਕਾਸ ਵਿੱਚ ਯੋਗਦਾਨ ਪਾਉਣਗੇ।

ਡਿਪਟੀ ਕਮਿਸ਼ਨਰ ਨੇ ਅੰਤ ਵਿੱਚ ਸਾਰੇ ਵਿਭਾਗਾਂ ਨੂੰ ਅਪੀਲ ਕੀਤੀ ਕਿ ਨਸ਼ਾ ਮੁਕਤ ਪਟਿਆਲਾ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਮਿਲਜੁਲ ਕੇ ਕੰਮ ਕੀਤਾ ਜਾਵੇ ।

ਇਸ ਮੌਕੇ ਐਸ ਪੀ ਵੈਭਵ ਚੌਧਰੀ, ਜ਼ਿਲ੍ਹਾ ਹੈਲਥ ਅਫ਼ਸਰ ਡਾ. ਗੁਰਪ੍ਰੀਤ ਕੌਰ, ਜ਼ਿਲ੍ਹਾ ਸਿੱਖਿਆ ਅਫ਼ਸਰ ਸ਼ਾਲੂ ਮਹਿਰਾ ਤੋਂ ਇਲਾਵਾ ਡਰੱਗ ਇੰਸਪੈਕਟਰ ਅਤੇ ਹੋਰ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

# ਉਦਯੋਗਿਕ ਸਿਖ਼ਲਾਈ ਸੰਸਥਾ ਆਦਮਪੁਰ ਵਿਖੇ ਠੇਕੇ ਦੇ ਆਧਾਰ 'ਤੇ/ਆਰਜ਼ੀ ਤੌਰ 'ਤੇ ਗੈਸਟ ਫੈਕਲਟੀ ਲਈ ਅਰਜ਼ੀਆਂ ਦੀ ਮੰਗ

**ਜਲੰਧਰ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਉਦਯੋਗਿਕ ਸਿਖ਼ਲਾਈ ਸੰਸਥਾ ਆਦਮਪੁਰ ਵਿਖੇ ਵੱਖ-ਵੱਖ ਟਰੇਡਾਂ ਲਈ ਠੇਕੇ ਦੇ ਆਧਾਰ 'ਤੇ/ ਆਰਜ਼ੀ ਤੌਰ 'ਤੇ ਗੈਸਟ ਫੈਕਲਟੀ ਲਈ ਅਰਜ਼ੀਆਂ ਦੀ ਮੰਗ ਕੀਤੀ ਗਈ ਹੈ। ਆਈ.ਐਮ.ਸੀ. ਉਦਯੋਗਿਕ ਸਿਖ਼ਲਾਈ ਸੰਸਥਾ, ਆਦਮਪੁਰ ਦੇ ਮੈਂਬਰ ਸਕੱਤਰ ਪੁਸ਼ਪਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਿਭਾਗ ਵੱਲੋਂ ਚਲਾਈ ਜਾ ਰਹੀ ਸੀ.ਟੀ.ਐਸ.ਸਕੀਮ ਅਧੀਨ ਸੈਸ਼ਨ 2026-27 ਲਈ ਨਿਰੋਲ ਠੇਕੇ ਦੇ ਆਧਾਰ/ਆਰਜ਼ੀ ਤੌਰ 'ਤੇ ਸੈਸ਼ਨ ਦੀ ਸਮਾਪਤੀ ਤੱਕ ਜਾਂ ਰੈਗੂਲਰ ਇੰਸਟਰਕਟਰ ਦੇ ਪ੍ਰਬੰਧ ਹੋਣ ਤੱਕ ਪਲੰਬਰ, ਮਸ਼ੀਨਿਸਟ, ਰੈਫਿਜਰੇਸ਼ਨ ਅਤੇ ਏਅਰ ਕੰਡੀਸ਼ਨਰ ਅਤੇ ਸਵਿੰਗ ਟੈਕਨਾਲੋਜੀ ਟਰੇਡ ਲਈ ਇਕ-ਇਕ ਅਤੇ ਮਕੈਨਿਕ ਡੀਜ਼ਲ ਤੇ ਮਕੈਨਿਕ ਇਲੈਕਟ੍ਰੀਕਲ ਵਹੀਕਲ ਲਈ 2-2 ਗੈਸਟ ਫੈਕਲਟੀ 15000 ਰੁਪਏ ਉੱਕਾ-ਪੁੱਕਾ ਪ੍ਰਤੀ ਮਹੀਨਾ ਮਿਹਨਤਾਨੇ ਉਤੇ ਰੱਖੇ ਜਾਣੇ ਹਨ।

# ਆਲ ਇੰਡੀਆ ਕੇ. ਐੱਮ. ਐੱਮ. ਦੇ ਸੱਦੇ ਤੇ ਅੰਮ੍ਰਿਤਸਰ ਵਿੱਚ 12 ਥਾਵਾਂ ਤੇ ਕੇਂਦਰ ਅਤੇ ਪੰਜਾਬ ਸਰਕਾਰ ਵਿਰੁੱਧ ਅਰਥੀ ਫੂਕ ਮੁਜ਼ਾਹਰੇ

**ਅੰਮ੍ਰਿਤਸਰ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਕਿਸਾਨ ਮਜਦੂਰ ਮੋਰਚਾ ਭਾਰਤ ਦੇ ਦੇਸ਼ ਪੱਧਰੀ ਸੱਦੇ ਤੇ ਅੱਜ 5 ਸਟੇਟਾਂ ਵਿੱਚ ਕੇਂਦਰ ਅਤੇ ਸਟੇਟ ਸਰਕਾਰਾਂ ਖ਼ਿਲਾਫ਼ ਸਖ਼ਤ ਰੋਸ ਪ੍ਰਦਰਸ਼ਨ ਦੌਰਾਨ ਜਿਲ੍ਹਾ ਅੰਮ੍ਰਿਤਸਰ ਵਿੱਚ ਕਿਸਾਨ ਮਜਦੂਰ ਸੰਘਰਸ਼ ਕਮੇਟੀ ਵੱਲੋਂ ਸੂਬਾ ਆਗੂ ਸਰਵਣ ਸਿੰਘ ਪੰਧੇਰ ਅਤੇ ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਕਲੇਰ ਬਾਲਾ ਦੀ ਅਗਵਾਈ ਹੇਠ ਗੋਲਡਨ ਗੇਟ, ਰਈਆ, ਜੰਡਿਆਲਾ ਗੁਰੂ, ਮਹਿਤਾ ਚੌਂਕ, ਟੋਲ ਪਲਾਜ਼ਾ ਕੱਥੂਨੰਗਲ, ਮਜੀਠਾ, ਖਤਰਾਏ ਕਲਾ, ਰਮਦਾਸ, ਗੱਗੋਮਾਹਲ ਚੌਂਕ, ਅਜਨਾਲਾ, ਲੋਪੋਕੇ, ਖਾਸਾ ਸਮੇਤ 12 ਥਾਵਾਂ ਤੇ ਵੱਡੀ ਗਿਣਤੀ ਵਿੱਚ ਕਿਸਾਨਾਂ ਮਜਦੂਰਾਂ ਨੇ ਇੱਕਠ ਕਰਕੇ ਜਬਰਦਸਤ ਤਰੀਕੇ ਨਾਲ਼ ਪੁਤਲਾ ਫੂਕ ਮੁਜ਼ਾਹਰੇ ਕੀਤੇ ਗਏ। ਇਸ ਮੌਕੇ ਆਗੂਆਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਰ ਵਾਰ ਦੀ ਤਰ੍ਹਾਂ ਝੋਨੇ ਦੀ ਲਵਾਈ ਦੇ ਸ਼ੁਰੂ ਹੁੰਦੇ ਹੀ ਯੂਰੀਆ ਖਾਦ ਦੀ ਵੱਡੇ ਪੱਧਰ ਤੇ ਕਿੱਲਤ ਹੈ ਅਤੇ ਕਾਲਾ ਬਾਜ਼ਾਰੀ ਜ਼ੋਰਾਂ ਤੇ ਚੱਲ ਰਹੀ ਹੈ ਇੱਥੋਂ ਤੱਕ ਕਿ ਪ੍ਰਾਈਵੇਟ ਦੁਕਾਨਦਾਰਾਂ ਦੇ ਨਾਲ ਨਾਲ ਸਹਿਕਾਰੀ ਸੋਸਾਇਟੀਆਂ ਵਿੱਚ ਵੀ ਧੱਕੇ ਨਾਲ ਨੈਨੋ ਯੂਰੀਆ, ਸਲਫ਼ਰ ਜਿਹੇ ਹੋਰ ਬੇਲੋੜੇ ਉਤਪਾਦ ਟੈਗ ਕਰਕੇ



ਕਿਸਾਨਾਂ ਦੀ ਅੰਨ੍ਹੀ ਲੁੱਟ ਕੀਤੀ ਜਾ ਰਹੀ ਹੈ। ਉਹਨਾ ਕਿਹਾ ਕਿ ਡੀਜ਼ਲ, ਪੈਟਰੋਲ ਅਤੇ ਰਸੋਈ ਗੈਸ ਦੀਆਂ ਕੀਮਤਾਂ ਲਗਾਤਾਰ ਵਧਾਈਆਂ ਜਾ ਰਹੀਆਂ ਹਨ ਜਦਕਿ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਕੱਚੇ ਤੇਲ ਦੀਆਂ ਕੀਮਤਾਂ ਅੱਜ ਵੀ ਪਿਛਲੇ 10 ਸਾਲ ਦੇ ਮੁਕਾਬਲੇ ਵਿੱਚ ਘਟ ਹਨ ਪਰ ਕੀਮਤਾਂ ਵਧਾ ਕੇ ਜਿੱਥੇ ਸਰਕਾਰ ਦੁਆਰਾ ਟੈਕਸਾਂ ਰਾਹੀਂ ਆਮ ਲੋਕਾਂ ਦੀ ਲੁੱਟ ਕੀਤੀ ਜਾ ਰਹੀ ਹੈ ਉੱਥੇ ਹੀ ਪ੍ਰਾਈਵੇਟ ਕੰਪਨੀਆਂ, ਜਿਸ ਸਮੇਂ ਭਾਰਤ ਵਿੱਚ ਤੇਲ ਦੀ ਕਮੀ ਹੈ, ਇਸ ਮੌਕੇ ਵਿਦੇਸ਼ਾਂ ਨੂੰ ਤੇਲ ਭੇਜ ਕੇ ਮੋਟੀ ਕਮਾਈ ਕਰ ਰਹੀਆਂ ਹਨ ਜਦਕਿ ਆਮ ਭਾਰਤ ਵਾਸੀ ਦਾ ਕਚੂੰਮਰ ਨਿਕਲਿਆ ਪਿਆ ਹੈ।

ਉਹਨਾ ਕਿਹਾ ਕਿ ਰਾਜਿਸਥਾਨ, ਮੱਧ ਪ੍ਰਦੇਸ਼, ਬਿਹਾਰ, ਪੰਜਾਬ ਅਤੇ ਹਰਿਆਣਾ ਵਿੱਚ ਕਿਸਾਨਾਂ ਅਤੇ ਆਦਿਵਾਸੀਆਂ ਦੀ ਮਰਜ਼ੀ ਤੋਂ ਉਲਟ ਜਬਰਦਸਤੀ ਜਮੀਨਾਂ ਅਕਵਾਇਰ ਕੀਤੀਆਂ ਜਾ ਰਹੀਆਂ ਹਨ, ਜ਼ੋ ਕਿ ਲੋਕਾਂ ਦੇ ਸੰਵਿਧਾਨਿਕ ਅਤੇ ਮਨੁੱਖੀ ਅਧਿਕਾਰਾਂ ਦੀ ਸਿੱਧੀ ਲੁੱਟ ਹੈ।

ਉਹਨਾ ਕਿਹਾ ਕਿ ਬੇਲੋੜੇ ਸੜਕੀ ਮਾਰਗ ਬਣਾ ਕੇ ਕਾਰਪੋਰੇਟ ਘਰਾਣਿਆਂ ਦੇ ਹਿੱਤ ਪੂਰੇ ਜਾ ਰਹੇ ਹਨ। ਉਹਨਾ ਕਿਹਾ ਕਿ ਭਾਰਤ ਅਮਰੀਕਾ ਫ੍ਰੀ ਟ੍ਰੇਡ ਵਪਾਰਕ ਡੀਲ ਰਾਹੀਂ ਭਾਰਤ ਅਮਰੀਕਾ ਦੀ ਮੰਡੀ ਬਣਕੇ ਰਹਿ ਜਾਵੇਗਾ। ਉਹਨਾ ਕਿਹਾ ਕਿ ਭਾਰਤ ਸਰਕਾਰ ਜਿਸ ਤਰ੍ਹਾਂ ਅਮਰੀਕਾ ਅੱਗੇ ਗੋਡੇ ਟੇਕ ਰਹੀ ਹੈ ਇਸ ਨਾਲ ਦੇਸ਼ ਦੀ ਆਰਥਿਕ ਆਜ਼ਾਦੀ ਤੱਕ ਖਤਰੇ ਵਿੱਚ ਪੈਂਦੀ ਨਜ਼ਰ ਆ ਰਹੀ ਹੈ, ਕਿਉਕਿ ਜਦੋਂ ਅਮਰੀਕੀ ਉਤਪਾਦ ਬਿਨਾਂ ਕਿਸੇ ਟੈਕਸ ਤੋਂ ਭਾਰਤੀ ਬਜ਼ਾਰ ਵਿੱਚ ਆਉਣਗੇ ਤਾਂ ਓਹਨਾ ਦੇ ਰੇਟ ਘਟ ਹੋਣ ਕਾਰਨ ਇੱਕ ਵਾਰ ਦੇਸ਼ ਦੇ ਅੰਦਰੂਨੀ ਉਤਪਾਦਨ ਨੂੰ ਟੱਕਰ ਦੇਣਗੇ ਜਿਸ ਕਾਰਨ ਅੰਦਰੂਨੀ ਆਰਥਿਕਤਾ ਨੂੰ ਵੱਡਾ ਝੱਟਕਾ ਲੱਗੇਗਾ। ਉਹਨਾ ਕਿਹਾ ਕਿ ਅਜਿਹੇ ਹਾਲਾਤ ਵਿੱਚ ਪਹਿਲਾਂ ਹੀ ਆਰਥਿਕ ਤੌਰ ਤੇ ਖਰਾਬ ਹਾਲਾਤ ਦੇ ਚਲਦੇ ਖੇਤੀ ਸੈਕਟਰ ਅਤੇ ਹੋਰ ਕਾਰੋਬਾਰ ਤਬਾਹ ਹੋ ਜਾਣਗੇ, ਜਿਸ ਮਗਰੋਂ ਅਮਰੀਕਾ ਵਰਗਾ ਤਗੜਾ ਦੇਸ਼ ਇੱਥੇ ਦੇ ਲੋਕਾਂ ਦੀ ਸ਼ਰੇਆਮ ਆਰਥਿਕ ਲੁੱਟ ਕਰੇਗਾ। ਉਹਨਾ ਪੰਜਾਬ ਸਰਕਾਰ ਵੱਲੋਂ ਪਟਿਆਲਾ ਵਿੱਚ ਬਿਜਲੀ ਕਾਮਿਆਂ ਦੇ ਪ੍ਰਦਰਸ਼ਨ ਤੇ ਕੀਤੇ ਲਾਠੀਚਾਰਜ ਦਾ ਸਖ਼ਤ ਨੋਟਿਸ ਲੈਂਦਿਆਂ ਕਿਹਾ ਕਿ ਸਰਕਾਰ ਵੱਲੋਂ ਅਜਿਹੀ ਕਰਤੂਤ ਦੀ ਕਿਸਾਨ ਮਜਦੂਰ ਮੋਰਚਾ ਅਤੇ ਕਿਸਾਨ ਮਜਦੂਰ ਸੰਘਰਸ਼ ਕਮੇਟੀ ਪੰਜਾਬ ਸਖ਼ਤ ਨਿਖੇਧੀ ਕਰਦੀ ਹੈ ਅਤੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਓਸ ਪਿੱਛੇ ਪਰਦੇ ਪਿੱਛੇ ਕੰਮ ਕਰ ਰਹੀ ਦਿੱਲੀ ਦੀ ਜੁੰਡਲੀ ਨੂੰ ਤਾੜਨਾ ਕੀਤੀ ਜਾਂਦੀ ਹੈ ਕਿ ਅਜਿਹੀਆਂ ਹੋਸ਼ੀਆਂ ਹਰਕਤਾਂ ਤੋਂ ਬਾਜ਼ ਆਉਣ।

ਉਹਨਾ ਕਿਹਾ ਕਿ ਅੱਜ ਅਜਿਹੇ ਵਿੱਚ ਸਭ ਨੂੰ ਇੱਕ ਸੁਰ ਵਿੱਚ ਆਵਾਜ਼ ਬੁਲੰਦ ਕਰਨੀ ਚਾਹੀਦੀ ਹੈ ਅਤੇ ਅਗਰ ਸਰਕਾਰ ਬਾਜ਼ ਨਾ ਆਉਂਦੀ ਦਿਖਾਈ ਦਿੱਤੀ ਤਾਂ ਤਿੱਖੇ ਸੰਘਰਸ਼ ਦਾ ਐਲਾਨ ਵੀ ਕੀਤਾ ਜਾਵੇਗਾ। ਉਹਨਾ ਮੰਗ ਕੀਤੀ ਕਿ ਇਹਨਾਂ ਮਸਲਿਆਂ ਤੇ ਸਰਕਾਰਾਂ ਤੁਰੰਤ ਲੋਕ ਪੱਖੀ ਫੈਸਲਾ ਕਰਨ ਨਹੀਂ ਤਾਂ ਆਉਂਦੇ ਦਿਨਾਂ ਵਿੱਚ ਵੱਡੇ ਸੰਘਰਸ਼ ਦਾ ਸਾਹਮਣਾ ਕਰਨ ਲਈ ਤਿਆਰ ਰਹਿਣ। ਉਹਨਾ ਲੋਕਾਂ ਨੂੰ ਆਪਣੇ ਹੱਕਾਂ ਦੀ ਰਾਖੀ ਲਈ ਜਥੇਬੰਦ ਹੋਣ ਅਤੇ ਸਾਰੀਆਂ ਸੰਘਰਸ਼ੀ ਧਿਰਾਂ ਨੂੰ ਏਕਤਾ ਨਾਲ ਸੰਘਰਸ਼ ਲਈ ਇੱਕਜੁਟ ਹੋਣ ਦੀ ਅਪੀਲ ਕੀਤੀ।

# ਮੰਗਾਂ ਦਾ ਹੱਲ ਨਾਂ ਕਰਨ ਦੇ ਰੋਸ ਵਜੋਂ ਦਰਜਾਚਾਰ ਮੁਲਾਜਮਾਂ ਨੇ ਪਸ਼ੂ ਪਾਲਣ ਵਿਭਾਗ ਦੇ ਡਿਪਟੀ ਡਾਇਰੈਕਟਰ ਦਫਤਰ ਅੱਗੇ ਕੜਕਦੀ ਗਰਮੀ ਵਿੱਚ ਲਾਇਆ ਧਰਨਾ



**ਪਟਿਆਲਾ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸੁਬਾਰਡੀਨੇਟ ਸਰਵਿਸਿਜ ਫੈਡਰੇਸ਼ਨ ਜਿਲਾ ਪਟਿਆਲਾ ਵੱਲੋਂ ਲਖਵਿੰਦਰ ਸਿੰਘ ਖਾਨਪੁਰ,ਦਿਆਲ ਸਿੰਘ ਸਿੱਧੂ,ਚਮਕੌਰ ਸਿੰਘ ਧਾਰੋਕੀ, ਗੁਰਮੀਤ ਸਿੰਘ ਪੇਦਨ ਦੀ ਅਗਵਾਈ ਵਿੱਚ ਡਿਪਟੀ ਡਾਇਰੈਕਟਰ ਪਸੂ ਪਾਲਣ ਵਿਭਾਗ ਰੌਣੀ ਫਾਰਮ ਪਟਿਆਲਾ ਦੇ ਦਫ਼ਤਰ ਅੱਗੇ ਵਿਸ਼ਾਲ ਰੋਸ ਧਰਨਾ ਦਿੱਤਾ ਗਿਆ ਰੋਸ ਧਰਨੇ ਨੂੰ ਸੰਬੋਧਨ ਕਰਦਿਆਂ ਸੂਬਾ ਆਗੂ ਦਰਸ਼ਨ ਸਿੰਘ ਬੇਲੂਮਾਜਰਾ ,ਜਸਵਿੰਦਰ ਸਿੰਘ ਸੌਜਾ,ਜਸਵੀਰ ਸਿੰਘ ਖੋਖਰ, ਹਰਦੇਵ ਸਿੰਘ ਸਮਾਣਾ, ਨਾਥ ਸਿੰਘ ਬੁਜਰਕ, ਧਰਮਪਾਲ ਸਿੰਘ ਲੌਟ, ਗੁਰਜੰਟ ਸਿੰਘ ਛੰਨਾ , ਰਜਿੰਦਰ ਸਿੰਘ ਧਾਲੀਵਾਲ, ਸਤਨਾਮ ਸਿੰਘ ਨਾਭਾ,ਆਦਿ ਨੇ ਦੱਸਿਆ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਪਟਿਆਲਾ ਵੱਲੋਂ ਕੱਚੇ ਕਾਮਿਆਂ ਦੀ ਸੀਨੀਅਰਤਾ ਸੂਚੀ ਨਹੀਂ ਬਣਾਈ ਜਾ ਰਹੀ, ਪੰਜਾਬ ਸਰਕਾਰ ਵੱਲੋਂ ਕੱਚੇ ਕਾਮਿਆਂ ਦੀਆਂ ਉਜਰਤਾਂ ਵਿੱਚ ਇਕ ਮਈ ਤੋਂ ਕੀਤਾ ਗਿਆ 15% ਵਾਧਾ ਲਾਗੂ ਨਹੀਂ ਕੀਤਾ ਜਾ ਰਿਹਾ ਕੱਚੇ ਮੁਲਾਜ਼ਮਾ ਨੂੰ ਤਨਖਾਹ ਹਰ ਮਹੀਨੇ 17 ਤੋਂ 20 ਤਰੀਕ ਤੱਕ ਦਿੱਤੀ ਜਾ ਰਹੀ ਹੈ ਜਦੋਂ ਕਿ ਕਿਰਤ ਕਾਨੂੰਨ ਮੁਤਾਬਕ ਕੱਚੇ ਕਾਮਿਆ ਦੀ ਤਨਖਾਹ 7 ਤਾਰੀਖ ਤੋਂ ਪਹਿਲਾਂ ਦੇਣੀ ਬਣਦੀ ਹੈ ਅਤੇ 10 ਸਾਲ ਬਾਅਦ ਸੈਮੀ ਸਕਿਲਡ,15 ਸਾਲ ਬਾਅਦ ਸਕਿਲਡ ਅਨੁਸਾਰ ਤਨਖਾਹ ਚ ਵਾਧਾ ਨਹੀਂ ਕੀਤਾ ਜਾ ਰਿਹਾ,ਰੈਗੂਲਰ ਦਰਜਾ ਚਾਰ ਮੁਲਾਜ਼ਮਾਂ ਦੇ ਪੇ ਕਮਿਸ਼ਨ ਦੇ ਬਕਾਏ ਵੀ ਨਹੀਂ ਦਿੱਤੇ ਜਾ ਰਹੇ ਜਦੋਂ ਕਿ ਉੱਚ ਅਧਿਕਾਰੀਆਂ ਦੇ ਬਕਾਏ ਦਿੱਤੇ ਜਾ ਚੁੱਕੇ ਹਨ ਉਨ੍ਹਾਂ ਦੱਸਿਆ ਕਿ ਜਦੋਂ ਮੁਲਾਜ਼ਮ ਆਪਣੀਆਂ ਮੰਗਾਂ ਸਬੰਧੀ ਦਫਤਰ ਜਾਂਦੇ ਹਨ ਤਾਂ ਉਨਾ ਨਾਲ ਗਲਤ ਵਿਵਹਾਰ ਕੀਤਾ ਜਾਂਦਾ ਹੈ ਜਿਸ ਕਾਰਨ ਪਸੂ ਪਾਲਣ ਵਿਭਾਗ ਚ ਕੰਮ ਕਰਦੇ ਕੱਚੇ ਤੇ ਪੱਕੇ ਮੁਲਾਜ਼ਮਾਂ ਚ ਭਾਰੀ ਰੋਸ ਪਾਇਆ ਜਾ ਰਿਹਾ ਹੈ ਜਿਸ ਦੇ ਵਿਰੋਧ ਵਿੱਚ ਅੱਜ ਰੋਸ ਧਰਨਾ ਦਿੱਤਾ ਗਿਆ ਜਿਸ ਦੇ ਦਬਾਅ ਚ ਅਧਿਕਾਰੀਆਂ ਵੱਲੋਂ ਵਿਸ਼ਵਾਸ ਦਵਾਇਆ ਗਿਆ ਕਿ ਜਲਦੀ ਹੀ ਡਿਪਟੀ ਡਾਇਰੈਕਟਰ ਵੱਲੋਂ ਜਥੇਬੰਦੀ ਨਾਲ਼ ਮੀਟਿੰਗ ਕਰਕੇ ਮੰਗਾਂ ਦਾ ਸਥਾਈ ਹੱਲ ਕੀਤਾ ਜਾਵੇਗਾ।

ਧਰਨੇ ਚ ਪਹੁੰਚੇ ਹਰਜਿੰਦਰ ਸਿੰਘ ਜਿੰਦੂ, ਹਰਪਾਲ ਸਿੰਘ, ਹਰਬੰਸ ਸਿੰਘ ਪੇਦਰ, ਸ਼ਰਮਾ ਭੀਲੋਵਾਲ, ਨਰੇਸ ਕੁਮਾਰ ਪਟਿਆਲਾ, ਮਹਿੰਦਰ ਸਿੰਘ ਕਾਠਮੱਠੀ, ਮਨਪ੍ਰੀਤ ਸਿੰਘ ਮਨੀ ਕੁਲੇਮਾਜਰਾ ਆਦਿ ਨੇ ਚੇਤਾਵਨੀ ਦਿੱਤੀ ਕਿ ਜੇਕਰ ਮੰਗਾਂ ਦਾ ਹੱਲ ਨਾ ਕੀਤਾ ਤਾਂ 16 ਜੂਨ ਨੂੰ ਮੀਟਿੰਗ ਕਰਕੇ ਅਗਲੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ ਅੱਜ ਦੇ ਇੱਕਠ ਵਲੋ ਇਕ ਵਿਸ਼ੇਸ਼ ਮਤਾ ਪਾਸ ਕਰਕੇ ਸਹਾਇਕ ਲਾਈਨਮੈਨ ਤੇ ਸੁਵਿਧਾ ਕੇਂਦਰ ਦੇ ਮੁਲਾਜ਼ਮਾਂ ਤੇ ਪੰਜਾਬ ਸਰਕਾਰ ਦੀ ਸ਼ਹਿ ਤੇ ਪੁਲੀਸ ਵੱਲੋਂ ਕੀਤੇ ਅਣਮਨੁੱਖੀ ਤਸੱਦਦ ਦੀ ਸਖਤ ਸ਼ਬਦਾਂ ਚ ਨਿੰਦਾ ਕੀਤੀ ਅਤੇ ਮੰਗ ਕੀਤੀ ਕਿ ਤਸ਼ਦਦ ਕਰਨ ਵਾਲੇ ਅਧਿਕਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ।

# ਅੰਮ੍ਰਿਤਸਰ 'ਚ 30 ਕਿਲੋ ਹੈਰੋਇਨ ਬਰਾਮਦ; ਦੋ ਨਾਬਾਲਗਾਂ ਸਮੇਤ ਛੇ ਵਿਅਕਤੀ ਗ੍ਰਿਫ਼ਤਾਰ

## ਗ੍ਰਿਫ਼ਤਾਰ ਮੁਲਜ਼ਮ ਦੁਬਈ ਅਧਾਰਤ ਤਸਕਰ ਦੇ ਸੰਪਰਕ 'ਚ ਸਨ, ਜੋ ਸਰਹੱਦ ਪਾਰੋਂ ਹੈਰੋਇਨ ਦੀ ਤਸਕਰੀ ਦਾ ਕਰਦਾ ਸੀ ਪ੍ਰਬੰਧ: ਡੀਜੀਪੀ ਗੌਰਵ ਯਾਦਵ

**ਚੰਡੀਗੜ੍ਹ/ਅੰਮ੍ਰਿਤਸਰ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਜਾਰੀ ਮੁਹਿੰਮ ਦੌਰਾਨ ਵੱਡੀ ਸਫਲਤਾ ਤਹਿਤ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਛੇ ਵਿਅਕਤੀਆਂ, ਜਿਨ੍ਹਾਂ ਵਿੱਚੋਂ ਦੋ ਨਾਬਾਲਗ ਹਨ, ਨੂੰ 30.045 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਕੇ ਸਰਹੱਦ ਪਾਰੋਂ ਨਸ਼ਾ ਤਸਕਰੀ ਵਾਲੇ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਗ੍ਰਿਫ਼ਤਾਰ ਮੁਲਜ਼ਮਾਂ ਦੀ ਪਛਾਣ ਅੰਮ੍ਰਿਤਸਰ ਦੀ ਫਤਿਹ ਸਿੰਘ ਕਲੋਨੀ ਦੇ ਰਹਿਣ ਵਾਲੇ ਗੌਤਮ (24), ਅੰਮ੍ਰਿਤਸਰ ਦੇ ਛੇਹਰਟਾ ਦੇ ਰਹਿਣ ਵਾਲੇ ਕਬੀਰ ਉਰਫ਼ ਕਾਕੂ (22), ਅੰਮ੍ਰਿਤਸਰ ਦੇ ਰਹਿਣ ਵਾਲੇ ਸਮੀਰ ਉਰਫ਼ ਸਰਵਾਲ (18), ਅੰਮ੍ਰਿਤਸਰ ਦੀ ਅਰਚਿਡ ਵੈਲੀ ਦੇ ਰਹਿਣ ਵਾਲੇ ਗੁਰਪ੍ਰੀਤ ਸਿੰਘ ਉਰਫ਼ ਕੀੜਾ (18) ਵਜੋਂ ਹੋਈ ਹੈ।

ਇਸ ਤੋਂ ਇਲਾਵਾ ਗ੍ਰਿਫ਼ਤਾਰ ਮੁਲਜ਼ਮਾਂ ਵਿੱਚੋਂ ਦੋ ਨਾਬਾਲਗ ਵੀ ਸ਼ਾਮਲ ਹਨ। ਗ੍ਰਿਫ਼ਤਾਰ ਮੁਲਜ਼ਮ ਕਬੀਰ ਉਰਫ਼ ਕਾਕੂ ਦਾ ਪੁਰਾਣਾ ਅਪਰਾਧਕ ਰਿਕਾਰਡ ਹੈ ਜਿਸ ਖ਼ਿਲਾਫ਼ ਥਾਣਾ ਛੇਹਰਟਾ ਵਿਖੇ ਐਨਡੀਪੀਐਸ ਤਹਿਤ ਪਹਿਲਾਂ ਹੀ ਕੇਸ ਦਰਜ ਹੈ।

ਨਸ਼ਿਆਂ ਦੀ ਖੇਪ ਬਰਾਮਦ ਕਰਨ ਤੋਂ ਇਲਾਵਾ ਪੁਲਿਸ ਟੀਮਾਂ ਨੇ ਉਨ੍ਹਾਂ ਦਾ ਮੋਟਰਸਾਈਕਲ ਵੀ ਜ਼ਬਤ ਕੀਤਾ ਹੈ, ਜਿਸਦੀ ਵਰਤੋਂ ਉਹ ਨਸ਼ਾ ਤਸਕਰੀ ਲਈ ਕਰ ਰਹੇ ਸਨ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਅਨੁਸਾਰ ਗ੍ਰਿਫ਼ਤਾਰ ਮੁਲਜ਼ਮ ਦੁਬਈ ਅਧਾਰਤ ਤਸਕਰ ਨਾਲ ਸੰਪਰਕ ਵਿੱਚ ਸਨ ਜੋ ਸਰਹੱਦ ਪਾਰੋਂ ਹੈਰੋਇਨ ਤਸਕਰੀ ਵਿੱਚ ਉਨ੍ਹਾਂ ਦੀ ਸਹਾਇਤਾ ਕਰ ਰਿਹਾ ਸੀ। ਉਨ੍ਹਾਂ ਦੱਸਿਆ ਕਿ ਦੁਬਈ ਅਧਾਰਤ ਤਸਕਰ ਦੇ ਨਿਰਦੇਸ਼ਾਂ 'ਤੇ ਕੰਮ ਕਰਦਿਆਂ ਉਕਤ ਮੁਲਜ਼ਮ ਨਿਰਧਾਰਤ ਥਾਵਾਂ ਤੋਂ ਖੇਪਾਂ ਪ੍ਰਾਪਤ ਕਰਕੇ ਉਨ੍ਹਾਂ ਨੂੰ ਅੱਗੇ ਪੰਜਾਬ ਭਰ 'ਚ ਸਪਲਾਈ ਕਰਦੇ ਸਨ।

ਡੀਜੀਪੀ ਨੇ ਕਿਹਾ ਕਿ ਇਸ ਨੈੱਟਵਰਕ ਵਿੱਚ ਸ਼ਾਮਲ ਹੋਰ ਮੁਲਜ਼ਮਾਂ ਦੀ ਪਛਾਣ ਕਰਨ ਅਤੇ ਵਿੱਤੀ ਸਰੋਤਾਂ ਦਾ ਪਤਾ ਲਗਾ ਕੇ ਸੰਭਾਵਿਤ ਹਵਾਲਾ ਸਬੰਧਾਂ ਦਾ ਪਰਦਾਫਾਸ਼ ਕਰਨ ਲਈ ਲਈ ਅੱਗੇ ਦੀ ਜਾਂਚ ਕੀਤੀ ਜਾ ਰਹੀ ਹੈ।

ਆਪ੍ਰੇਸ਼ਨ ਦੇ ਵੇਰਵੇ ਸਾਂਝੇ ਕਰਦਿਆਂ ਪੁਲਿਸ ਕਮਿਸ਼ਨਰ (ਸੀਪੀ) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਕਿਹਾ ਕਿ ਖੁਫੀਆ ਜਾਣਕਾਰੀ @ਤੇ ਅਧਾਰਤ ਕਾਰਵਾਈ ਵਿੱਚ ਪੁਲਿਸ ਟੀਮਾਂ ਨੇ ਮੁਲਜ਼ਮ ਗੌਤਮ ਨੂੰ ਉਸਦੇ ਦੋ ਨਾਬਾਲਗ ਸਾਥੀਆਂ ਸਮੇਤ ਗ੍ਰਿਫ਼ਤਾਰ ਕਰ ਲਿਆ ਅਤੇ ਉਨ੍ਹਾਂ ਕੋਲੋਂ 30.045 ਕਿਲੋ ਹੈਰੋਇਨ ਬਰਾਮਦ ਹੋਈ। ਉਨ੍ਹਾਂ ਦੱਸਿਆ ਕਿ ਮੁਲਜ਼ਮ ਗੌਤਮ ਦੇ ਖੁਲਾਸੇ @ਤੇ ਤਿੰਨ ਹੋਰ ਦੋਸ਼ੀਆਂ ਜਿਨ੍ਹਾਂ ਦੀ ਪਛਾਣ ਕਬੀਰ ਉਰਫ਼ ਕਾਕੂ, ਸਮੀਰ ਉਰਫ਼ ਸਰਵਾਲ ਅਤੇ ਗੁਰਪ੍ਰੀਤ ਸਿੰਘ ਉਰਫ਼ ਕੀੜਾ ਵਜੋਂ ਹੋਈ ਹੈ, ਨੂੰ ਗ੍ਰਿਫ਼ਤਾਰ ਕਰ ਲਿਆ ਗਿਆ।

ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਜਾਂਚ ਅਨੁਸਾਰ ਦੁਬਈ ਅਧਾਰਤ ਤਸਕਰ ਇਸ ਮਾਡਿਊਲ ਦਾ ਮਾਸਟਰਮਾਈਂਡ ਹੈ, ਜੋ ਪੁਲਿਸ ਨੂੰ ਪਹਿਲਾਂ ਹੀ 42 ਕਿਲੋ ਹੈਰੋਇਨ ਰਿਕਵਰੀ ਕੇਸ ਅਤੇ 10 ਕਿਲੋਆਈਸੀਈ ਰਿਕਵਰੀ ਕੇਸ ਸਮੇਤ ਤਿੰਨ ਵੱਡੇ ਐਨਡੀਪੀਐਸ ਮਾਮਲਿਆਂ ਵਿੱਚ ਲੋੜੀਂਦਾ ਹੈ।

# ਸ਼ਹਿਰ ਵਾਸੀਆਂ ਮੁਤਾਬਿਕ ਸ਼ਹਿਰ ਦਾ ਵਿਕਾਸ ਹੋਵੇਗਾ : ਵਿਧਾਇਕ ਕੋਹਲੀ

**ਪਟਿਆਲਾ, 12 ਜੂਨ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**




ਪਟਿਆਲਾ ਹਲਕੇ ਦੇ ਨਿਵਾਸੀਆਂ ਲਈ ਇੱਕ ਵੱਡੀ ਅਤੇ ਰਾਹਤ ਭਰੀ ਖ਼ਬਰ ਸਾਹਮਣੇ ਆਈ ਹੈ। ਸ਼ਹਿਰ ਅਤੇ ਇਸ ਦੇ ਆਲੇ-ਦੁਆਲੇ ਦੇ ਇਲਾਕਿਆਂ ਦਾ ਮੁਹਾਂਦਰਾ ਬਦਲਣ ਲਈ ਪ੍ਰਸ਼ਾਸਨ ਵੱਲੋਂ 40 ਅਹਿਮ ਵਿਕਾਸ ਕਾਰਜਾਂ ਦੀ ਇੱਕ ਵਿਆਪਕ ਰੂਪ-ਰੇਖਾ ਨੂੰ ਅੰਤਿਮ ਰੂਪ ਦੇ ਦਿੱਤਾ ਗਿਆ ਹੈ। ਵੱਖ-ਵੱਖ ਸਰਕਾਰੀ ਵਿਭਾਗਾਂ ਜਿਵੇਂ ਕਿ ਲੋਕ ਨਿਰਮਾਣ ਵਿਭਾਗ, ਇੰਪਰੂਵਮੈਂਟ ਟਰੱਸਟ, ਨੈਸ਼ਨਲ ਹਾਈਵੇਅ ਅਤੇ ਨਗਰ ਨਿਗਮ ਵੱਲੋਂ ਕਰੋੜਾਂ ਰੁਪਏ ਦੇ ਇਹ ਪ੍ਰੋਜੈਕਟ ਜ਼ਮੀਨੀ ਪੱਧਰ 'ਤੇ ਉਤਾਰਨ ਦੀ ਤਿਆਰੀ ਖਿੱਚ ਲਈ ਗਈ ਹੈ।

ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਦੱਸਿਆ ਕਿ ਲੋਕ ਨਿਰਮਾਣ ਵਿਭਾਗ (ਉਸਾਰੀ ਮੰਡਲ) ਵੱਲੋਂ ਸਭ ਤੋਂ ਪਹਿਲਾਂ ਵਾਰਡ ਨੰਬਰ 34 ਵਿੱਚ ਤ੍ਰਿਸ਼ੂਲ ਚੌਂਕ ਦੇ ਨਿਰਮਾਣ 'ਤੇ 20 ਲੱਖ ਰੁਪਏ ਖ਼ਰਚ ਕੀਤੇ ਜਾ ਰਹੇ ਹਨ। ਇਸ ਦੇ ਨਾਲ ਹੀ, ਪੀ.ਡਬਲਯੂ.ਡੀ.(ਬੀ ਐਂਡ ਆਰ) ਪ੍ਰਾਂਤਕ ਮੰਡਲ ਨੰਬਰ 1 ਵੱਲੋਂ ਬਾਰਾਦਰੀ ਗਾਰਡਨ ਵਿੱਚ ਕੋਠੀ ਨੰਬਰ 4-ਏ ਤੋਂ ਸਰਕਟ ਹਾਊਸ ਵੱਲ ਜਾਂਦੇ ਗੋਲ ਚੱਕਰ (ਰਾਊਂਡਅਬਾਊਟ) ਅਤੇ ਫੁੱਟਪਾਥ ਦੇ ਨਵੀਨੀਕਰਨ ਲਈ 35 ਲੱਖ ਰੁਪਏ ਅਤੇ ਏਕਤਾ ਐਵੇਨਿਊ ਦੀਆਂ ਅੰਦਰੂਨੀ ਸੜਕਾਂ ਦੀ ਵਿਸ਼ੇਸ਼ ਮੁਰੰਮਤ ਲਈ 42.71 ਲੱਖ ਰੁਪਏ ਦੀ ਭਾਰੀ ਰਾਸ਼ੀ ਖ਼ਰਚ ਕੀਤੀ ਜਾਵੇਗੀ। ਇਲਾਕੇ ਦੇ ਪ੍ਰਾਚੀਨ ਧਾਰਮਿਕ ਸਥਾਨਾਂ ਦਾ ਖ਼ਿਆਲ ਰੱਖਦਿਆਂ ਮਿਰਚ ਮੰਡੀ, ਸਨੌਰੀ ਅੱਡਾ ਵਿਖੇ ਸਥਿਤ ਪੁਰਾਣੇ ਖਸਤਾਹਾਲ ਮੰਦਿਰ ਸ਼੍ਰੀ ਨਾਰਾਇਣ ਦਾਸ ਦੀ ਮੁਰੰਮਤ 'ਤੇ 20 ਲੱਖ ਰੁਪਏ ਲਗਾਏ ਜਾ ਰਹੇ ਹਨ।

ਸਰਕਟ ਹਾਊਸ ਵਿਖੇ ਸਰਕਾਰੀ ਕਰਮਚਾਰੀਆਂ ਦੀ ਸਹੂਲਤ ਲਈ ਡਰਾਈਵਰ ਐਨੈਕਸੀ ਦੇ ਨਵੀਨੀਕਰਨ, ਜਿਸ ਵਿੱਚ ਏ.ਸੀ. ਅਤੇ ਵਾਟਰ ਕੂਲਰ ਲਗਾਉਣਾ ਸ਼ਾਮਲ ਹੈ, ਲਈ 1.50 ਲੱਖ ਰੁਪਏ ਰੱਖੇ ਗਏ ਹਨ। ਬਾਰਾਦਰੀ ਗਾਰਡਨ ਦੇ ਵਿਕਾਸ ਨੂੰ ਅੱਗੇ ਵਧਾਉਂਦੇ ਹੋਏ ਉੱਥੇ ਇੱਕ ਖੇਡ ਮੈਦਾਨ ਦੇ ਨਿਰਮਾਣ ਅਤੇ ਲਾਈਟਿੰਗ ਦੇ ਪ੍ਰਬੰਧ ਲਈ 3.27 ਲੱਖ ਰੁਪਏ, ਜਦੋਂ ਕਿ ਇਸੇ ਖੇਡ ਮੈਦਾਨ ਵਿੱਚ ਵਾਲੀਬਾਲ, ਬਾਸਕਟਬਾਲ ਪੋਲ ਅਤੇ ਓਪਨ ਪਾਰਕ ਕਸਰਤ ਦੇ ਸਾਮਾਨ ਦੀ ਸਪਲਾਈ ਲਈ 7 ਲੱਖ ਰੁਪਏ ਦੀ ਪ੍ਰਵਾਨਗੀ ਦਿੱਤੀ ਗਈ ਹੈ। ਦੂਜੇ ਪਾਸੇ, ਨੈਸ਼ਨਲ ਹਾਈਵੇਅ ਡਿਵੀਜ਼ਨ ਵੱਲੋਂ ਰਾਜਪੁਰਾ ਰੋਡ 'ਤੇ ਸਥਿਤ ਟਰੱਕ ਯੂਨੀਅਨ ਨੇੜੇ ਸ਼ਹਿਰ ਦੇ ਐਂਟਰੀ ਪੁਆਇੰਟ ਦੇ ਸੁੰਦਰੀਕਰਨ 'ਤੇ 22 ਲੱਖ ਰੁਪਏ ਖ਼ਰਚ ਕੀਤੇ ਜਾਣਗੇ।

ਇਸ ਮੁਹਿੰਮ ਦੇ ਤਹਿਤ ਪਟਿਆਲਾ ਇੰਪਰੂਵਮੈਂਟ ਟਰੱਸਟ ਵੀ ਵੱਡੇ ਪ੍ਰੋਜੈਕਟਾਂ ਨੂੰ ਨੇਪਰੇ ਚਾੜ੍ਹਨ ਜਾ ਰਿਹਾ ਹੈ। ਸਭ ਤੋਂ ਵੱਡਾ ਪ੍ਰੋਜੈਕਟ ਟ੍ਰਾਂਸਪੋਰਟ ਨਗਰ ਦੀ ਸੈਕਟਰ ਸੜਕ ਨੂੰ ਮਜ਼ਬੂਤ ਕਰਨ ਦਾ ਉਲੀਕਿਆ ਗਿਆ ਹੈ, ਜਿਸ 'ਤੇ 98.20 ਲੱਖ ਰੁਪਏ ਦੀ ਵੱਡੀ ਰਾਸ਼ੀ ਖ਼ਰਚ ਹੋਵੇਗੀ। ਇਸ ਤੋਂ ਇਲਾਵਾ, 11.92 ਏਕੜ ਸਕੀਮ ਅਧੀਨ ਕੇਦਾਰ ਨਾਥ ਮੰਦਿਰ ਨੇੜੇ ਇੱਕ ਆਧੁਨਿਕ ਕਮਿਊਨਿਟੀ ਸੈਂਟਰ ਦਾ ਨਿਰਮਾਣ 50 ਲੱਖ ਰੁਪਏ ਦੀ ਲਾਗਤ ਨਾਲ ਕੀਤਾ ਜਾਵੇਗਾ ਅਤੇ ਪਟਿਆਲਾ-ਰਾਜਪੁਰਾ ਰੋਡ ਤੋਂ ਗੁਰਦੁਆਰਾ ਬ੍ਰਹਮ ਗਿਆਨੀ ਭਾਈ ਜੱਸਾ ਸਿੰਘ (ਮਥੁਰਾ ਕਲੋਨੀ) ਤੱਕ ਸੀ.ਸੀ. ਸੜਕ ਬਣਾਉਣ ਲਈ 18.33 ਲੱਖ ਰੁਪਏ ਅਲਾਟ ਕੀਤੇ ਗਏ ਹਨ।

ਸ਼ਹਿਰ ਦੇ ਅੰਦਰੂਨੀ ਵਾਰਡਾਂ ਦੀ ਨੁਹਾਰ ਬਦਲਣ ਦੀ ਵੱਡੀ ਜ਼ਿੰਮੇਵਾਰੀ ਨਗਰ ਨਿਗਮ ਪਟਿਆਲਾ ਨੂੰ ਸੌਂਪੀ ਗਈ ਹੈ। ਨਿਗਮ ਵੱਲੋਂ ਭੂਤਨਾਥ ਮੰਦਿਰ ਦੀ ਸੀ.ਸੀ. ਸੜਕ ਦੀ ਉਸਾਰੀ 'ਤੇ 70 ਲੱਖ ਰੁਪਏ ਅਤੇ ਵਾਰਡ ਨੰਬਰ 49 ਵਿੱਚ ਸ਼ਹੀਦਾਂਵਖਾਨਾ ਨੇੜੇ ਇੱਕ ਵੱਡੇ ਹਾਲ ਦੇ ਨਿਰਮਾਣ 'ਤੇ ਵੀ 70 ਲੱਖ ਰੁਪਏ ਖ਼ਰਚ ਕੀਤੇ ਜਾਣਗੇ। ਵਾਰਡ ਨੰਬਰ 32 ਵਿੱਚ ਵਿਕਾਸ ਕਾਰਜਾਂ ਦੀ ਝੜੀ ਲਗਾਉਂਦੇ ਹੋਏ ਜਗਦੀਸ਼ ਕਲੋਨੀ ਧਰਮਸ਼ਾਲਾ ਦੇ ਬਾਕੀ ਰਹਿੰਦੇ ਕੰਮ ਲਈ 12 ਲੱਖ ਰੁਪਏ, ਜੱਸਾ ਸਿੰਘ ਗੁਰਦੁਆਰਾ ਦੇ ਨਾਲ ਲੱਗਦੇ ਕਮਿਊਨਿਟੀ ਹਾਲ ਦੇ ਨਿਰਮਾਣ ਲਈ 18 ਲੱਖ ਰੁਪਏ ਅਤੇ ਛੋਟਾ ਅਰਾਈਂ ਮਾਜਰਾ ਧਰਮਸ਼ਾਲਾ ਦੇ ਨਵੀਨੀਕਰਨ ਲਈ 10 ਲੱਖ ਰੁਪਏ ਜਾਰੀ ਕੀਤੇ ਗਏ ਹਨ। ਇਸੇ ਤਰ੍ਹਾਂ ਡਕਾਲਾ ਚੁੰਗੀ ਨੇੜੇ ਵਿਸ਼ਵਕਰਮਾ ਭਵਨ ਦੇ ਨਿਰਮਾਣ ਲਈ 50 ਲੱਖ ਰੁਪਏ ਦਾ ਬਜਟ ਰੱਖਿਆ ਗਿਆ ਹੈ।

ਸਮਾਜਿਕ ਸਾਂਝੇ ਸਥਾਨਾਂ ਨੂੰ ਮਜ਼ਬੂਤ ਕਰਦਿਆਂ ਵਾਰਡ ਨੰਬਰ 41 ਦੀ ਰਵਿਦਾਸ ਧਰਮਸ਼ਾਲਾ ਵਿੱਚ ਸ਼ੈੱਡ ਅਤੇ ਬੁਨਿਆਦੀ ਢਾਂਚੇ ਲਈ 10 ਲੱਖ ਰੁਪਏ ਅਤੇ ਵਾਰਡ ਨੰਬਰ 1 ਦੀ ਵਿਸ਼ਵਕਰਮਾ ਧਰਮਸ਼ਾਲਾ ਵਿੱਚ ਸ਼ੈੱਡ ਪਾਉਣ ਲਈ 6 ਲੱਖ ਰੁਪਏ ਦਿੱਤੇ ਗਏ ਹਨ।

# ਘਰੇਲੂ ਮਹਿਲਾਵਾਂ ਹੁਣ ਹੋਮਮੇਕਰ ਨਹੀਂ 'ਦੇਸ਼ ਨਿਰਮਾਤਾ' ਹਨ: ਸੁਪਰੀਮ ਕੋਰਟ ਦਾ ਇਤਿਹਾਸਕ ਫ਼ੈਸਲਾ

## ਸੁਪਰੀਮ ਕੋਰਟ ਨੇ ਘਰੇਲੂ ਮਹਿਲਾ ਦੇ ਕੰਮ ਦੀ ਕੀਮਤ ਘੱਟੋ-ਘੱਟ 30,000 ਰੁਪਏ ਮਹੀਨਾ ਤੈਅ ਕੀਤੀ

**ਨਵੀਂ ਦਿੱਲੀ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**



ਸੁਪਰੀਮ ਕੋਰਟ ਨੇ ਵੀਰਵਾਰ ਨੂੰ ਇੱਕ ਇਤਿਹਾਸਕ ਫੈਸਲਾ ਸੁਣਾਉਂਦਿਆਂ ਘਰੇਲੂ ਮਹਿਲਾਵਾਂ ਨੂੰ 'ਦੇਸ਼ ਨਿਰਮਾਤਾ'( ਵਜੋਂ ਅਹਿਮ ਦਰਜਾ ਦਿੱਤਾ ਹੈ। ਅਦਾਲਤ ਨੇ ਕਿਹਾ ਕਿ ਕਿਸੇ ਹਾਦਸੇ ਵਿੱਚ ਪਤਨੀ ਦੀ ਮੌਤ ਹੋਣ ਦੀ ਸੂਰਤ ਵਿੱਚ ਪਰਿਵਾਰ ਨੂੰ ਮਿਲਣ ਵਾਲੀ ਘਰੇਲੂ ਦੇਖਭਾਲ ਦੇ ਨੁਕਸਾਨ ਦਾ ਮੁਲਾਂਕਣ ਘੱਟੋ-ਘੱਟ 30,000 ਰੁਪਏ ਪ੍ਰਤੀ ਮਹੀਨਾ ਕੀਤਾ ਜਾਣਾ ਚਾਹੀਦਾ ਹੈ।

ਜਸਟਿਸ ਸੰਜੇ ਕਰੋਲ ਅਤੇ ਜਸਟਿਸ ਐਨ. ਕੋਟੀਸ਼ਵਰ ਸਿੰਘ ਦੇ ਬੈਂਚ ਨੇ ਸਪੱਸ਼ਟ ਕੀਤਾ ਕਿ ਮੋਟਰ ਵਾਹਨ ਹਾਦਸਾ ਕਲੇਮ ਦੇ ਮਾਮਲਿਆਂ ਵਿੱਚ ਇੱਕ ਘਰੇਲੂ ਮਹਿਲਾ ਵੱਲੋਂ ਪਰਿਵਾਰ ਦੀ ਕੀਤੀ ਜਾਂਦੀ ਦੇਖਭਾਲ ਦੇ ਨੁਕਸਾਨ ਨੂੰ ਇੱਕ ਵੱਖਰਾ ਅਤੇ ਮੁਆਵਜ਼ਾ ਯੋਗ ਆਧਾਰ ਮੰਨਿਆ ਜਾਵੇਗਾ।

ਅਦਾਲਤ ਨੇ ਇੱਕ ਸੜਕ ਹਾਦਸੇ ਵਿੱਚ ਆਪਣੀ ਪਤਨੀ ਨੂੰ ਗੁਆਉਣ ਵਾਲੇ ਵਿਅਕਤੀ ਨੂੰ ਵਾਧੂ ਮੁਆਵਜ਼ਾ ਦੇਣ ਦਾ ਹੁਕਮ ਸੁਣਾਉਂਦਿਆਂ ਇਹ ਟਿੱਪਣੀ ਕੀਤੀ।

ਫੈਸਲਾ ਸੁਣਾਉਂਦੇ ਹੋਏ ਜਸਟਿਸ ਕਰੋਲ ਨੇ ਆਖਿਆ, ਸਾਡਾ ਮੰਨਣਾ ਹੈ ਕਿ ਇੱਕ ਘਰੇਲੂ ਮਹਿਲਾ ਮਨੁੱਖੀ ਵਿਕਾਸ ਅਤੇ ਦੇਸ਼ ਦੀ ਪ੍ਰਗਤੀ ਵਿੱਚ ਵੱਡਾ ਯੋਗਦਾਨ ਪਾਉਂਦੀ ਹੈ। ਘਰੇਲੂ ਮਹਿਲਾ ਅਸਲ ਵਿੱਚ ਦੇਸ਼ ਦਾ ਨਿਰਮਾਣ ਕਰਦੀ ਹੈ। ਇਸ ਲਈ ਅਸੀਂ ਇਹ ਸਿਧਾਂਤ ਤੈਅ ਕੀਤੇ ਹਨ ਅਤੇ ਘਰੇਲੂ ਦੇਖਭਾਲ ਦੇ ਨੁਕਸਾਨ ਵਜੋਂ ਘੱਟੋ-ਘੱਟ 30,000 ਰੁਪਏ ਮਹੀਨਾਵਾਰ ਆਮਦਨ ਨਿਰਧਾਰਿਤ ਕੀਤੀ ਹੈ। ਉਨ੍ਹਾਂ ਉਮੀਦ ਜਤਾਈ ਕਿ ਹੁਣ 'ਹੋਮਮੇਕਰ' ਸ਼ਬਦ ਨੂੰ 'ਨੇਸ਼ਨ ਬਿਲਡਰ' (ਦੇਸ਼ ਨਿਰਮਾਤਾ) ਦੇ ਰੂਪ ਵਿੱਚ ਪਛਾਣ ਮਿਲੇਗੀ।

ਅਦਾਲਤ ਨੇ ਕਿਹਾ ਕਿ ਮੋਟਰ ਵਹੀਕਲ ਐਕਟ ਤਹਿਤ ਮੁਆਵਜ਼ਾ ਤੈਅ ਕਰਦੇ ਸਮੇਂ ਪਰਿਵਾਰ ਨੂੰ ਹੋਣ ਵਾਲੇ ਇਸ ਨੁਕਸਾਨ ਨੂੰ ਸੁਤੰਤਰ ਮਾਨਤਾ ਮਿਲਣੀ ਚਾਹੀਦੀ ਹੈ। ਇਹ ਆਧਾਰ ਸੁਪਰੀਮ ਕੋਰਟ ਦੇ 'ਪ੍ਰਣਯ ਸੇਠੀ' ਮਾਮਲੇ ਵਿੱਚ ਪਹਿਲਾਂ ਤੋਂ ਤੈਅਸ਼ੁਦਾ ਮੁਆਵਜ਼ੇ ਦੇ ਨਿਯਮਾਂ ਤੋਂ ਇਲਾਵਾ (ਵਾਧੂ) ਹੋਵੇਗਾ। ਇਹ ਫੈਸਲਾ ਅਦਾਲਤ ਦੇ ਉਸ ਪੁਰਾਣੇ ਫੈਸਲੇ ਨਾਲੋਂ ਵੱਡਾ ਸੁਧਾਰ ਹੈ, ਜਿਸ ਵਿੱਚ ਕਿਹਾ ਗਿਆ ਸੀ ਕਿ ਘਰੇਲੂ ਮਹਿਲਾਵਾਂ ਦੀ ਆਮਦਨ ਇੱਕ ਦਿਹਾੜੀਦਾਰ ਮਜ਼ਦੂਰ ਦੀ ਘੱਟੋ-ਘੱਟ ਮਜ਼ਦੂਰੀ ਤੋਂ ਘੱਟ ਨਹੀਂ ਹੋਣੀ ਚਾਹੀਦੀ।

ਇਸ ਦੇ ਨਾਲ ਹੀ, ਬੈਂਚ ਨੇ ਮੋਟਰ ਹਾਦਸਾ ਮੁਆਵਜ਼ਾ ਕਲੇਮ ਦੇ ਮਾਮਲਿਆਂ ਨੂੰ ਤੇਜ਼ੀ ਨਾਲ ਨਿਪਟਾਉਣ ਲਈ ਕਈ ਦਿਸ਼ਾ-ਨਿਰਦੇਸ਼ ਵੀ ਜਾਰੀ ਕੀਤੇ। ਅਦਾਲਤ ਨੇ ਉਮੀਦ ਜਤਾਈ ਕਿ ਮੋਟਰ ਵਹੀਕਲ ਐਕਟ ਦੀ ਧਾਰਾ 169 ਦੇ ਤਹਿਤ ਟ੍ਰਿਬਿਊਨਲਾਂ ਸਾਹਮਣੇ ਸੰਖੇਪ ਪ੍ਰਕਿਰਿਆ ਨੂੰ ਸਹੀ ਭਾਵਨਾ ਨਾਲ ਲਾਗੂ ਕੀਤਾ ਜਾਵੇਗਾ। ਬੈਂਚ ਨੇ ਸਾਰੇ ਹਾਈ ਕੋਰਟਾਂ ਦੇ ਮੁੱਖ ਜੱਜਾਂ ਨੂੰ ਇਨ੍ਹਾਂ ਮਾਮਲਿਆਂ ਦੀ ਨਿਗਰਾਨੀ ਕਰਨ ਲਈ ਕਿਹਾ ਹੈ ਤਾਂ ਜੋ ਪੀੜਤਾਂ ਨੂੰ ਸਮੇਂ ਸਿਰ ਇਨਸਾਫ਼ ਮਿਲ ਸਕੇ।

# ਅਕਾਲੀ ਦਲ ਨਾਲ ਗੱਠਜੋੜ ਬਾਰੇ ਚਰਚਾ ਕੋਰੀ ਅਫ਼ਵਾਹ: ਕੇਵਲ ਢਿੱਲੋਂ



**ਚੰਡੀਗੜ੍ਹ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਭਾਜਪਾ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਸ਼੍ਰੋਮਣੀ ਅਕਾਲੀ ਦਲ ਤੇ ਭਾਜਪਾ ਦਰਮਿਆਨ ਸਿਆਸੀ ਗੱਠਜੋੜ ਨੂੰ ਲੈ ਕੇ ਸ਼ੁਰੂ ਹੋਈ ਚਰਚਾ ਨੂੰ ਦਰਕਿਨਾਰ ਕਰਦਿਆਂ ਸਪਸ਼ਟ ਕੀਤਾ ਕਿ ਪੰਜਾਬ 'ਚ ਗੱਠਜੋੜ ਬਾਰੇ ਕਿਸੇ ਪੱਧਰ 'ਤੇ ਵੀ ਕੋਈ ਮੰਥਨ ਨਹੀਂ ਹੋ ਰਿਹਾ ਹੈ ਅਤੇ ਸਿਵਾਏ ਅਫ਼ਵਾਹਾਂ ਤੋਂ ਇਸ 'ਚ ਰੱਤੀ ਭਰ ਸਚਾਈ ਨਹੀਂ।

ਉਨ੍ਹਾਂ ਕਿਹਾ ਕਿ ਭਾਜਪਾ ਇਕੱਲੇ ਤੌਰ 'ਤੇ ਸੂਬੇ 'ਚ 117 ਵਿਧਾਨ ਸਭਾ ਹਲਕਿਆਂ 'ਚ ਚੋਣਾਂ ਲੜੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਗੱਠਜੋੜ ਬਾਬਤ ਹਾਲੇ ਤੱਕ ਭਾਜਪਾ ਹਾਈਕਮਾਨ ਵੱਲੋਂ ਵੀ ਸੂਬਾਈ ਲੀਡਰਸ਼ਿਪ ਨਾਲ ਕੋਈ ਮਸ਼ਵਰਾ ਨਹੀਂ ਕੀਤਾ ਗਿਆ ਹੈ। ਭਾਜਪਾ ਪੰਜਾਬ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਪੰਜਾਬ ਦੇ ਲੋਕ ਚੋਣ ਜ਼ਾਬਤਾ ਲੱਗਣ ਦੀ ਉਡੀਕ ਕਰ ਰਹੇ ਹਨ ਅਤੇ ਚੋਣ ਜ਼ਾਬਤੇ ਦੇ ਅਮਲ 'ਚ ਆਉਣ ਨਾਲ ਪੰਜਾਬ ਦੀ ਸਿਆਸੀ ਤਸਵੀਰ ਇਕਦਮ ਮੋੜਾ ਲਏਗੀ।

ਪ੍ਰਧਾਨ ਨੇ ਕਿਹਾ ਕਿ ਭਾਜਪਾ ਪੰਜਾਬ 'ਚ ਆਪਣੇ ਬਲਬੂਤੇ ਸਰਕਾਰ ਬਣਾਏਗੀ। ਦੱਸਣਯੋਗ ਹੈ ਕਿ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਵੀ ਅਕਾਲੀ ਭਾਜਪਾ ਦੇ ਸੰਭਾਵੀ ਗੱਠਜੋੜ 'ਤੇ ਕਾਫ਼ੀ ਸਖ਼ਤ ਟਿੱਪਣੀਆਂ ਕਰ ਰਹੇ ਹਨ। ਮੁੱਖ ਮੰਤਰੀ ਭਗਵੰਤ ਮਾਨ ਨੇ ਵੀ ਕਿਹਾ ਕਿ ਸੱਤਾ ਵਾਪਸੀ ਲਈ ਦੋਵੇਂ ਧਿਰਾਂ ਦੀ ਇਹ ਨਿਰਾਸ਼ਾ ਭਰੀ ਕੋਸ਼ਿਸ਼ ਹੈ।

ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵੀ ਆਖ ਚੁੱਕੇ ਹਨ ਕਿ ਭਾਜਪਾ ਇਕੱਲੇ ਤੌਰ 'ਤੇ ਪੰਜਾਬ 'ਚ ਸਰਕਾਰ ਨਹੀਂ ਬਣਾ ਸਕੇਗੀ। ਭਾਜਪਾ ਪ੍ਰਧਾਨ ਢਿੱਲੋਂ ਦਾ ਕਹਿਣਾ ਸੀ ਕਿ ਅਰਵਿੰਦ ਕੇਜਰੀਵਾਲ ਨੂੰ ਪੰਜਾਬ 'ਚ ਆਪਣੀ ਸਿਆਸੀ ਜ਼ਮੀਨ ਖਿਸਕਦੀ ਨਜ਼ਰ ਆ ਰਹੀ ਹੈ ਅਤੇ ਬੌਖਲਾਹਟ 'ਚ ਤੱਥਾਂ ਤੋਂ ਕੋਰੇ ਬਿਆਨ ਦਾਗ਼ ਰਹੇ ਹਨ। ਉਨ੍ਹਾਂ ਕਿਹਾ ਕਿ ਕੇਜਰੀਵਾਲ ਹੁਣ ਸੱਤਾ 'ਤੇ ਬਣੇ ਰਹਿਣ ਲਈ ਪੰਜਾਬ 'ਚ ਧਰਮ ਦਾ ਪੱਤਾ ਖੇਡ ਰਹੇ ਹਨ ਪ੍ਰੰਤੂ ਪੰਜਾਬ 'ਚ ਹਿੰਦੂ ਸਿੱਖ ਭਾਈਚਾਰੇ ਦੇ ਸਬੰਧਾਂ 'ਚ ਤਾਂ ਮਾੜੇ ਵਕਤਾਂ 'ਚ ਵੀ ਕੋਈ ਆਂਚ ਨਹੀਂ ਆਈ ਸੀ। ਉਨ੍ਹਾਂ ਕਿਹਾ ਕਿ ਕੇਜਰੀਵਾਲ ਵੰਡ ਪਾਊ ਸਿਆਸਤ ਨਾ ਕਰਨ।

# ਗਿਆਨੀ ਰਘਬੀਰ ਸਿੰਘ 'ਆਪ' ਦਾ ਵਰਕਰ ਬਣ ਕੇ ਕੰਮ ਕਰ ਰਹੇ: ਸੁਖਬੀਰ ਬਾਦਲ

## ਆਪ ਸਰਕਾਰ ਧਰਮ ਨੂੰ ਸਿਆਸਤ ਲਈ ਵਰਤਣਾ ਬੰਦ ਕਰੇ: ਬਾਦਲ

**ਚੰਡੀਗੜ੍ਹ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**




ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਅੱਜ ਆਮ ਆਦਮੀ ਪਾਰਟੀ (ਆਪ) @ਤੇ ਤਿੱਖੇ ਸਿਆਸੀ ਹਮਲੇ ਕੀਤੇ ਹਨ। ਸੁਖਬੀਰ ਸਿੰਘ ਬਾਦਲ ਨੇ ਚੰਡੀਗੜ੍ਹ ਦੇ ਸੈਕਟਰ 28 ਸਥਿਤ ਪਾਰਟੀ ਦਫਤਰ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਗਿਆਨੀ ਰਘਬੀਰ ਸਿੰਘ ਇਸ ਸਮੇਂ ਸੱਤਾਧਾਰੀ ਆਮ ਆਦਮੀ ਪਾਰਟੀ ਦੇ ਵਰਕਰ ਵਜੋਂ ਕੰਮ ਕਰ ਰਹੇ ਹਨ ਅਤੇ ਅਜਿਹਾ ਕਰਕੇ ਉਹ ਸਰਵਉੱਚ ਸਿੱਖ ਸੰਸਥਾ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਰਿਆਦਾ ਨੂੰ ਠੇਸ ਪਹੁੰਚਾ ਰਹੇ ਹਨ।

ਸੁਖਬੀਰ ਬਾਦਲ ਨੇ ਸਰਕਾਰ ਨੂੰ ਸਿੱਧੀ ਅਤੇ ਖੁੱਲ੍ਹੀ ਚਿਤਾਵਨੀ ਦਿੰਦਿਆਂ ਕਿਹਾ ਕਿ ਧਰਮ ਨੂੰ ਸਿਆਸਤ ਲਈ ਵਰਤਣਾ ਬੰਦ ਕੀਤਾ ਜਾਵੇ। ਜੇਕਰ ਹਿੰਮਤ ਹੈ ਤਾਂ ਸਿੱਧਾ ਮੇਰੇ 'ਤੇ ਕਾਰਵਾਈ ਕਰੋ, ਮੈਂ ਤੁਹਾਡੀਆਂ ਅਜਿਹੀਆਂ ਗਿੱਦੜ-ਧਮਕੀਆਂ ਤੋਂ ਕਿਸੇ ਵੀ ਕੀਮਤ 'ਤੇ ਡਰਨ ਵਾਲਾ ਨਹੀਂ ਹਾਂ।

ਸੁਖਬੀਰ ਬਾਦਲ ਨੇ ਕਿਹਾ ਕਿ ਨਹਿਰੀ ਮਾਮਲਿਆਂ ਦੇ ਗੰਭੀਰ ਮੁੱਦੇ 'ਤੇ ਭਗਵੰਤ ਮਾਨ ਸਰਕਾਰ ਪੰਜਾਬ ਦੇ ਕਿਸਾਨਾਂ ਨੂੰ ਲਗਾਤਾਰ ਗੁੰਮਰਾਹ ਕਰ ਰਹੀ ਹੈ।

ਉਨ੍ਹਾਂ ਚਿੰਤਾ ਪ੍ਰਗਟਾਈ ਕਿ ਭਾਖੜਾ ਡੈਮ ਵਿੱਚ ਪਾਣੀ ਦਾ ਪੱਧਰ ਨਿਰੰਤਰ ਵਧ ਰਿਹਾ ਹੈ, ਪਰ ਪਿਛਲੀ ਵਾਰ ਦੀ ਤਰ੍ਹਾਂ ਇਸ ਵਾਰ ਵੀ ਇਹ ਸਰਕਾਰ ਪੂਰੀ ਤਰ੍ਹਾਂ ਅਵੇਸਲੀ ਬਣੀ ਬੈਠੀ ਹੈ ਅਤੇ ਕਿਸੇ ਵੱਡੇ ਖ਼ਤਰੇ ਨੂੰ ਸੱਦਾ ਦੇ ਰਹੀ ਹੈ।

**ਆਪ ਸਰਕਾਰ ਧਰਮ ਨੂੰ ਸਿਆਸਤ ਲਈ ਵਰਤਣਾ ਬੰਦ ਕਰੇ: ਬਾਦਲ**

ਸੁਖਬੀਰ ਬਾਦਲ ਨੇ ਅਪ੍ਰੈਂਟਿਸ ਲਾਈਨ ਮੈਨ ਯੂਨੀਅਨ ਦੇ ਹੱਕ ਵਿੱਚ ਆਵਾਜ਼ ਬੁਲੰਦ ਕਰਦਿਆਂ ਕਿਹਾ ਕਿ ਸ਼ਾਂਤਮਈ ਪ੍ਰਦਰਸ਼ਨ ਕਰ ਰਹੇ ਨੌਜਵਾਨਾਂ 'ਤੇ ਤਸ਼ੱਦਦ ਦੀ ਨਿਖੇਧੀ ਕੀਤੀ। ਉਨ੍ਹਾਂ ਕਿਹਾ ਕਿ ਆਮ ਲੋਕਾਂ ਦੀ ਗੱਲ ਕਰਨ ਵਾਲੀ ਸਰਕਾਰ ਦਾ ਅਸਲ ਚਿਹਰਾ ਹੁਣ ਸਭ ਦੇ ਸਾਹਮਣੇ ਆ ਚੁੱਕਾ ਹੈ।

ਉਨ੍ਹਾਂ ਦਾਅਵਾ ਕੀਤਾ ਕਿ ਸ਼੍ਰੋਮਣੀ ਅਕਾਲੀ ਦਲ ਨੂੰ ਪੰਜਾਬ ਦੇ ਲੋਕਾਂ ਵੱਲੋਂ ਮਿਲ ਰਹੇ ਭਰਵੇਂ ਹੁੰਗਾਰੇ ਅਤੇ ਪਾਰਟੀ ਦੀ ਦਿਨੋ-ਦਿਨ ਵਧ ਰਹੀ ਚੜ੍ਹਤ ਨੂੰ ਵੇਖ ਕੇ 'ਆਪ' ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਬੁਰੀ ਤਰ੍ਹਾਂ ਘਬਰਾਏ ਹੋਏ ਹਨ, ਜਿਸ ਕਾਰਨ ਅਕਾਲੀ ਦਲ ਨੂੰ ਨਿਸ਼ਾਨਾ ਬਣਾਉਣ ਲਈ ਕੋਝੀਆਂ ਸਿਆਸੀ ਚਾਲਾਂ ਚੱਲੀਆਂ ਜਾ ਰਹੀਆਂ ਹਨ।

# ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਜ਼ਿਲ੍ਹੇ 'ਚ ਟ੍ਰੇਨਿੰਗ ਅਤੇ ਜਾਗਰੂਕਤਾ ਕੈਂਪ ਲਗਾਏ

**ਸੰਗਰੂਰ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਅਤੇ ਲੜਕੀਆਂ ਦੇ ਆਰਥਿਕ ਸਸ਼ਕਤੀਕਰਨ ਲਈ ਚਲਾਈ ਜਾ ਰਹੀ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਸੰਗਰੂਰ ਜ਼ਿਲ੍ਹੇ ਵਿੱਚ ਵੱਖ-ਵੱਖ ਥਾਵਾਂ 'ਤੇ ਟ੍ਰੇਨਿੰਗ ਅਤੇ ਜਾਗਰੂਕਤਾ ਕੈਂਪਾਂ ਦਾ ਆਯੋਜਨ ਕੀਤਾ ਗਿਆ। ਇਹ ਕੈਂਪ ਜ਼ਿਲ੍ਹਾ ਪ੍ਰਸ਼ਾਸਨ ਸੰਗਰੂਰ ਅਤੇ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਦੇ ਸਾਂਝੇ ਉਪਰਾਲੇ ਨਾਲ ਲਗਾਏ ਗਏ।

ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਪਰਦੀਪ ਸਿੰਘ ਗਿੱਲ ਦੀ ਅਗਵਾਈ ਹੇਠ ਆਯੋਜਿਤ ਇਨ੍ਹਾਂ ਕੈਂਪਾਂ ਦੌਰਾਨ ਮਹਿਲਾਵਾਂ ਅਤੇ ਲੜਕੀਆਂ ਨੂੰ ਯੋਜਨਾ ਦੇ ਉਦੇਸ਼, ਯੋਗਤਾ ਸ਼ਰਤਾਂ, ਲੋੜੀਂਦੇ ਦਸਤਾਵੇਜ਼ਾਂ ਅਤੇ ਰਜਿਸਟ੍ਰੇਸ਼ਨ ਪ੍ਰਕਿਰਿਆ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਪ੍ਰਦਾਨ ਕੀਤੀ ਗਈ।

ਯੋਜਨਾ ਅਧੀਨ 18 ਸਾਲ ਤੋਂ ਵੱਧ ਉਮਰ ਦੀਆਂ ਯੋਗ ਮਹਿਲਾਵਾਂ ਅਤੇ ਲੜਕੀਆਂ ਨੂੰ ਸਿੱਧੀ ਆਰਥਿਕ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਹੈ, ਜਿਸ ਤਹਿਤ ਅਨੁਸੂਚਿਤ ਜਾਤੀ (ਐੱਸ.ਸੀ.) ਵਰਗ ਦੀਆਂ ਮਹਿਲਾਵਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਅਤੇ ਜਨਰਲ ਵਰਗ ਦੀਆਂ ਮਹਿਲਾਵਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਦੀ ਵਿੱਤੀ ਸਹਾਇਤਾ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਸਿੱਧੇ ਜਮ੍ਹਾਂ ਕਰਵਾਈ ਜਾਵੇਗੀ।

ਕੈਂਪਾਂ ਦੌਰਾਨ ਭਾਗੀਦਾਰਾਂ ਨੂੰ ਬੈਂਕ ਖਾਤਿਆਂ ਦੀ ਵੇਰੀਫਿਕੇਸ਼ਨ, ਆਧਾਰ ਲਿੰਕਿੰਗ ਅਤੇ ਯੋਜਨਾ ਨਾਲ ਸਬੰਧਿਤ ਹੋਰ ਤਕਨੀਕੀ ਪ੍ਰਕਿਰਿਆਵਾਂ ਬਾਰੇ ਵੀ ਜਾਣੂ ਕਰਵਾਇਆ ਗਿਆ, ਤਾਂ ਜੋ ਯੋਗ ਲਾਭਪਾਤਰੀਆਂ ਨੂੰ ਯੋਜਨਾ ਦਾ ਲਾਭ ਸੁਚਾਰੂ ਢੰਗ ਨਾਲ ਪ੍ਰਾਪਤ ਹੋ ਸਕੇ। ਇਸ ਮੌਕੇ ਮਹਿਲਾਵਾਂ ਨੂੰ ਆਤਮਨਿਰਭਰਤਾ ਵੱਲ ਪ੍ਰੇਰਿਤ ਕਰਨ ਲਈ ਹੁਨਰ ਵਿਕਾਸ, ਸਵੈ-ਰੋਜ਼ਗਾਰ ਦੇ ਮੌਕੇ, ਵਿੱਤੀ ਸਾਖਰਤਾ ਅਤੇ ਬੱਚਤ ਦੀ ਮਹੱਤਤਾ ਸਬੰਧੀ ਵੀ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ ਸਿਹਤ, ਪੋਸ਼ਣ, ਮਹਿਲਾ ਅਧਿਕਾਰਾਂ ਅਤੇ ਸਰਕਾਰੀ ਭਲਾਈ ਸਕੀਮਾਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਵਿਸ਼ੇਸ਼ ਸੈਸ਼ਨ ਵੀ ਆਯੋਜਿਤ ਕੀਤੇ ਗਏ।

ਕੈਂਪਾਂ ਵਿੱਚ ਵੱਡੀ ਗਿਣਤੀ ਵਿੱਚ ਮਹਿਲਾਵਾਂ ਅਤੇ ਲੜਕੀਆਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਪੰਜਾਬ ਸਰਕਾਰ ਦੀ ਇਸ ਲੋਕ-ਭਲਾਈ ਪਹਿਲ ਦੀ ਸਰਾਹਨਾ ਕੀਤੀ। ਅਧਿਕਾਰੀਆਂ ਨੇ ਕਿਹਾ ਕਿ ਮੁੱਖ ਮੰਤਰੀ ਮਾਂਵਾਂ ਧੀਆਂ ਸਤਿਕਾਰ ਯੋਜਨਾ ਮਹਿਲਾਵਾਂ ਦੀ ਆਰਥਿਕ ਸਥਿਤੀ ਨੂੰ ਮਜ਼ਬੂਤ ਕਰਨ ਅਤੇ ਉਨ੍ਹਾਂ ਨੂੰ ਸਮਾਜਿਕ ਤੇ ਆਰਥਿਕ ਤੌਰ 'ਤੇ ਸਸ਼ਕਤ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਸਾਬਤ ਹੋ ਰਹੀ ਹੈ।

ਜ਼ਿਲ੍ਹਾ ਪ੍ਰਸ਼ਾਸਨ ਅਤੇ ਵਿਭਾਗ ਵੱਲੋਂ ਜ਼ਿਲ੍ਹੇ ਦੀਆਂ ਸਮੂਹ ਯੋਗ ਮਹਿਲਾਵਾਂ ਨੂੰ ਅਪੀਲ ਕੀਤੀ ਗਈ ਕਿ ਉਹ ਇਸ ਯੋਜਨਾ ਤਹਿਤ ਆਪਣੀ ਰਜਿਸਟ੍ਰੇਸ਼ਨ ਕਰਵਾ ਕੇ ਪੰਜਾਬ ਸਰਕਾਰ ਵੱਲੋਂ ਦਿੱਤੀ ਜਾ ਰਹੀ ਆਰਥਿਕ ਸਹਾਇਤਾ ਦਾ ਵੱਧ ਤੋਂ ਵੱਧ ਲਾਭ ਪ੍ਰਾਪਤ ਕਰਨ।

# ਹਰਿਆਣਾ ਦੇ ਰਾਜਪਾਲ ਨੇ ਰੋਹਤਕ ਅਗਨਕਾਂਡ ਵਿੱਚ ਮ੍ਰਿਤਕਾਂ ਦੇ ਪਰਿਵਾਰਕ ਮੈਂਬਰਾਂ ਲਈ 2-2 ਲੱਖ ਰੁਪਏ ਦੀ ਐਕਸ-ਗ੍ਰੇਸ਼ੀਆ ਸਹਾਇਤਾ ਰਕਮ ਦੇਣ ਦਾ ਕੀਤਾ ਐਲਾਨ

**ਰੋਹਤਕ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼ ਨੇ ਰੋਹਤਕ ਦੇ ਡੀ-ਪਾਰਕ ਮਾਰਕੀਟ ਖੇਤਰ ਵਿੱਚ ਅੱਗ ਲੱਗਣ ਦੀ ਦੁਖਦਾਈ ਘਟਨਾ ਵਿੱਚ ਜਾਨ ਗੁਆਉਣ ਵਾਲੇ ਲੋਕਾਂ ਦੇ ਪਰਿਵਾਰਾਂ ਨੂੰ 2-2 ਲੱਖ ਰੁਪਏ ਦੀ ਐਕਸ-ਗ੍ਰੇਸ਼ੀਆ ਸਹਾਇਤਾ ਰਕਮ ਪ੍ਰਦਾਨ ਕਰਨ ਦਾ ਐਲਾਨ ਕੀਤਾ ਹੈ।

9 ਜੂਨ ਨੂੰ ਰੋਹਤਕ ਦੇ ਸਭ ਤੋਂ ਪੁਰਾਣੇ ਅਤੇ ਰੁੱਝੇ ਹੋਏ ਬਾਜ਼ਾਰ ਖੇਤਰਾਂ ਵਿੱਚੋਂ ਇੱਕ, ਡੀ-ਪਾਰਕ ਮਾਰਕੀਟ ਵਿੱਚ ਲੱਗੀ ਭਿਆਨਕ ਅੱਗ ਦੀ ਦੁਖਦਾਈ ਘਟਨਾ ਵਿੱਚ ਤਿੰਨ ਲੋਕਾਂ ਦੀ ਮੌਤ ਹੋ ਗਈ ਅਤੇ ਕਈ ਦੁਕਾਨਾਂ ਸੜ ਕੇ ਸੁਆਹ ਹੋ ਗਈਆਂ। ਇਸ ਦੁਖਦਾਈ ਘਟਨਾ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼ ਨੇ ਪੀੜਤ ਪਰਿਵਾਰਾਂ ਨਾਲ ਆਪਣੀ ਹਮਦਰਦੀ ਪ੍ਰਗਟ ਕੀਤੀ ਅਤੇ ਵਿਛੜੀਆਂ ਰੂਹਾਂ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕੀਤੀ। ਉਨ੍ਹਾਂ ਨੇ ਜ਼ਖਮੀਆਂ ਦੇ ਜਲਦੀ ਸਿਹਤਮੰਦ ਹੋਣ ਦੀ ਵੀ ਕਾਮਨਾ ਕੀਤੀ। ਰਾਜਪਾਲ ਨੇ ਡਿਪਟੀ ਕਮਿਸ਼ਨਰ, ਰੋਹਤਕ ਨੂੰ ਘਟਨਾ ਨਾਲ ਹੋਏ ਨੁਕਸਾਨ ਦਾ ਵਿਸਤਾਰ ਮੁਲਾਂਕਣ ਕਰਕੇ ਜਲਦੀ ਤੋਂ ਜਲਦੀ ਰਿਪੋਰਟ ਤਿਆਰ ਕਰਕੇ ਸਰਕਾਰ ਨੂੰ ਭੇਜਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਪ੍ਰਭਾਵਿਤ ਲੋਕਾਂ ਨੂੰ ਲੋੜੀਂਦੀ ਸਹਾਇਤਾ ਮੁਹੱਈਆ ਕਰਵਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਤਤਪਰਤਾ ਨਾਲ ਕੰਮ ਕਰੇ। ਪ੍ਰੋ. ਅਸੀਮ ਕੁਮਾਰ ਘੋਸ਼ ਨੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਇਹ ਵੀ ਨਿਰਦੇਸ਼ ਦਿੱਤੇ ਕਿ ਘਟਨਾ ਵਿੱਚ ਜ਼ਖਮੀ ਹੋਏ ਸਾਰੇ ਲੋਕਾਂ ਨੂੰ ਸਰਕਾਰੀ ਹਸਪਤਾਲਾਂ ਵਿੱਚ ਮੁਫ਼ਤ ਡਾਕਟਰੀ ਸਹੂਲਤ ਯਕੀਨੀ ਬਣਾਈ ਜਾਵੇ।

# ਹਸਨ ਭਾਰਦਵਾਜ ਬਣੇ ਬਰਨਾਲਾ ਨਗਰ ਨਿਗਮ ਦੇ ਪਲੇਠੇ ਮੇਅਰ



**ਬਰਨਾਲਾ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਨਗਰ ਨਿਗਮ ਬਰਨਾਲਾ ਦੇ ਮੇਅਰ ਦੀ ਚੋਣ ਅੱਜ ਇੱਥੇ ਨਿਗਮ ਦੇ ਦਫ਼ਤਰ ਵਿਖੇ ਬਣੀ ਸ੍ਰੀ ਰਾਮ ਸਰੂਪ ਅਣਖੀ ਮਿਊਂਸੀਪਲ ਲਾਇਬ੍ਰੇਰੀ ਵਿੱਚ ਹੋਈ। ਇਸ ਦੌਰਾਨ ਹਸਨ ਭਾਰਦਵਾਜ ਨੂੰ ਨਗਰ ਨਿਗਮ ਬਰਨਾਲਾ ਦਾ ਪਹਿਲਾ ਮੇਅਰ ਚੁਣ ਲਿਆ ਗਿਆ ਹੈ। ਚੋਣ ਪ੍ਰਕਿਰਿਆ ਤੋਂ ਪਹਿਲਾਂ ਨਗਰ ਨਿਗਮ ਬਰਨਾਲਾ ਦੇ ਸਾਰੇ ਨਵੇਂ ਚੁਣੇ ਕੌਂਸਲਰਾਂ ਨੂੰ ਅਹੁਦੇ ਦੀ ਸਹੁੰ ਚੁਕਾਈ ਗਈ। ਸਹੁੰ ਚੁੱਕ ਸਮਾਗਮ ਅਤੇ ਚੋਣ ਪ੍ਰਕਿਰਿਆ ਪਟਿਆਲਾ ਡਿਵੀਜ਼ਨ ਦੇ ਕਮਿਸ਼ਨਰ ਵਿਨੈ ਬੁਬਲਾਨੀ ਦੀ ਨਿਗਰਾਨੀ ਹੇਠ ਹੋਈ। ਚੋਣ ਤੋਂ ਬਾਅਦ ਹਸਨ ਭਾਰਦਵਾਜ ਨੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਲੋਕ ਸਭਾ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ, ਵਿਧਾਇਕ ਮਹਿਲ ਕਲਾਂ ਕੁਲਵੰਤ ਸਿੰਘ ਪੰਡੋਰੀ, ਵਿਧਾਇਕ ਭਦੌੜ ਲਾਭ ਸਿੰਘ ਦੀ ਹਾਜ਼ਰੀ ਵਿੱਚ ਨਗਰ ਨਿਗਮ ਬਰਨਾਲਾ ਦੇ ਮੇਅਰ ਵਜੋਂ ਰਸਮੀ ਤੌਰ 'ਤੇ ਅਹੁਦਾ ਸੰਭਾਲਿਆ।

# ਸਮਾਣਾ ਤ੍ਰਾਸਦੀ ਵਿੱਚ ਮਾਰੇ ਗਏ ਬੱਚਿਆਂ ਦੇ ਪਰਿਵਾਰਾਂ ਨੂੰ ਸਰਕਾਰੀ ਨੌਕਰੀ ਦੇਣ ਦੇ ਅਧੂਰੇ ਵਾਅਦੇ 'ਤੇ ਹਾਈਕੋਰਟ ਨੇ ਸਰਕਾਰ ਤੋਂ ਮੰਗਿਆ ਜਵਾਬ

**ਸਮਾਣਾ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਪੰਜਾਬ ਸਰਕਾਰ ਤੋਂ ਵਿਸਥਾਰਪੂਰਵਕ ਜਵਾਬ ਮੰਗਿਆ ਹੈ। ਇਹ ਜਵਾਬ ਉਨ੍ਹਾਂ ਬੱਚਿਆਂ ਦੇ ਪਰਿਵਾਰਾਂ ਵੱਲੋਂ ਦਾਇਰ ਕੀਤੀ ਗਈ ਰਿਟ ਪਟੀਸ਼ਨ ਦੇ ਸਬੰਧ ਵਿੱਚ ਮੰਗਿਆ ਗਿਆ ਹੈ, ਜਿਨ੍ਹਾਂ ਨੇ 7 ਮਈ 2025 ਨੂੰ ਸਮਾਣਾ ਵਿੱਚ ਵਾਪਰੀ ਦੁਖਦਾਈ ਘਟਨਾ ਦੌਰਾਨ ਆਪਣੀਆਂ ਜਾਨਾਂ ਗੁਆ ਦਿੱਤੀਆਂ ਸਨ। ਭਾਵਨਾ ਅਤੇ ਹੋਰਾਂ ਵੱਲੋਂ ਦਾਇਰ ਇਹ ਮਾਮਲਾ 8 ਮਈ 2026 ਨੂੰ ਜਸਟਿਸ ਜਗਮੋਹਨ ਬੰਸਲ ਦੀ ਅਦਾਲਤ ਵਿੱਚ ਸੁਣਵਾਈ ਲਈ ਪੇਸ਼ ਹੋਇਆ।

ਸੁਣਵਾਈ ਦੌਰਾਨ ਪਟੀਸ਼ਨਕਰਤਾਵਾਂ ਦੀ ਪੱਖੋਂ ਪੇਸ਼ ਹੋਏ ਵਕੀਲ ਗੁਰਕਿਰਨ ਸਿੰਘ ਅਤੇ ਰਮਿਤਾ ਪੁਰੀ ਨੇ ਅਦਾਲਤ ਨੂੰ ਦੱਸਿਆ ਕਿ ਇਸ ਦੁਖਦਾਈ ਘਟਨਾ ਤੋਂ ਤੁਰੰਤ ਬਾਅਦ ਪੰਜਾਬ ਦੇ ਮੁੱਖ ਮੰਤਰੀ ਨੇ 7 ਜੂਨ 2025 ਨੂੰ ਖੁਦ ਸਮਾਣਾ ਦਾ ਦੌਰਾ ਕੀਤਾ ਸੀ। ਉਸ ਸਮੇਂ ਉਨ੍ਹਾਂ ਨੇ ਐਲਾਨ ਕੀਤਾ ਸੀ ਕਿ ਮ੍ਰਿਤਕ ਬੱਚਿਆਂ ਦੀਆਂ ਮਾਵਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਜਾਣਗੀਆਂ ਅਤੇ ਪ੍ਰਭਾਵਿਤ ਪਰਿਵਾਰਾਂ ਨੂੰ ਦਿੱਤੇ ਜਾਣ ਵਾਲੇ ਮੁਆਵਜ਼ੇ ਵਿੱਚ ਵੀ ਵਾਧਾ ਕੀਤਾ ਜਾਵੇਗਾ।

ਅਦਾਲਤ ਅੱਗੇ ਇਹ ਵੀ ਰੱਖਿਆ ਗਿਆ ਕਿ ਇਹ ਭਰੋਸਾ ਉਨ੍ਹਾਂ ਮ੍ਰਿਤਕ ਬੱਚਿਆਂ ਅਤੇ ਡਰਾਈਵਰ ਦੇ ਪਰਿਵਾਰਾਂ ਨੂੰ ਦਿੱਤਾ ਗਿਆ ਸੀ, ਜਿਨ੍ਹਾਂ ਦੀ ਇਸ ਹਾਦਸੇ ਵਿੱਚ ਮੌਤ ਹੋ ਗਈ ਸੀ। ਪਰ ਇੱਕ ਸਾਲ ਤੋਂ ਵੱਧ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਪੰਜਾਬ ਸਰਕਾਰ ਨਾ ਤਾਂ ਸਰਕਾਰੀ ਨੌਕਰੀ ਦੇਣ ਦਾ ਆਪਣਾ ਵਾਅਦਾ ਪੂਰਾ ਕਰ ਸਕੀ ਹੈ ਅਤੇ ਨਾ ਹੀ ਮੁਆਵਜ਼ੇ ਦੀ ਰਕਮ ਵਿੱਚ ਵਾਧਾ ਕੀਤਾ ਗਿਆ ਹੈ। ਪਟੀਸ਼ਨਕਰਤਾਵਾਂ ਨੇ ਅਦਾਲਤ ਨੂੰ ਦੱਸਿਆ ਕਿ ਭਾਵੇਂ ਹਰ ਮ੍ਰਿਤਕ ਲਈ 2 ਲੱਖ ਰੁਪਏ ਦਾ ਮੁਆਵਜ਼ਾ ਦਿੱਤਾ ਗਿਆ ਸੀ, ਪਰ ਅੱਜ ਤੱਕ ਕਿਸੇ ਵੀ ਯਾਚਿਕਾਕਾਰ ਨੂੰ ਸਰਕਾਰੀ ਨੌਕਰੀ ਨਹੀਂ ਦਿੱਤੀ ਗਈ ਅਤੇ ਨਾ ਹੀ ਮੁਆਵਜ਼ੇ ਦੀ ਰਕਮ ਵਧਾਈ ਗਈ ਹੈ।

ਹਾਈ ਕੋਰਟ ਨੇ ਪੰਜਾਬ ਸਰਕਾਰ ਨੂੰ ਆਪਣਾ ਵਿਸਥਾਰਪੂਰਵਕ ਜਵਾਬ ਦਾਖਲ ਕਰਨ ਲਈ ਸਮਾਂ ਦਿੱਤਾ ਹੈ ਅਤੇ ਮਾਮਲੇ ਦੀ ਅਗਲੀ ਸੁਣਵਾਈ 20 ਜੁਲਾਈ 2026 ਲਈ ਨਿਰਧਾਰਤ ਕਰ ਦਿੱਤੀ ਹੈ।

ਇਹ ਮਾਮਲਾ ਸਰਕਾਰੀ ਜਵਾਬਦੇਹੀ, ਪੀੜਤ ਪਰਿਵਾਰਾਂ ਨਾਲ ਕੀਤੇ ਜਨਤਕ ਵਾਅਦਿਆਂ ਨੂੰ ਪੂਰਾ ਕਰਨ ਅਤੇ ਜਨਤਕ ਤੌਰ 'ਤੇ ਕੀਤੇ ਗਏ ਭਰੋਸਿਆਂ ਨਾਲ ਜੁੜੇ ਸੰਵਿਧਾਨਕ ਅਤੇ ਕਾਨੂੰਨੀ ਫਰਜ਼ਾਂ ਦੀ ਪਾਲਣਾ ਨਾਲ ਸੰਬੰਧਿਤ ਮਹੱਤਵਪੂਰਨ ਸਵਾਲ ਖੜ੍ਹੇ ਕਰਦਾ ਹੈ।

# ਬਠਿੰਡਾ ਵਿੱਚ 140 ਕੁਇੰਟਲ ਗ਼ੈਰ-ਕਾਨੂੰਨੀ ਖਾਦ ਜ਼ਬਤ; ਮਹਾਰਾਸ਼ਟਰ ਅਧਾਰਤ ਫਰਮ ਖ਼ਿਲਾਫ਼ ਐਫ.ਆਈ.ਆਰ. ਦਰਜ: ਗੁਰਮੀਤ ਸਿੰਘ ਖੁੱਡੀਆਂ

**ਚੰਡੀਗੜ੍ਹ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**




ਗ਼ੈਰ-ਕਾਨੂੰਨੀ ਖਾਦਾਂ ਦੀ ਵਿਕਰੀ 'ਤੇ ਨਕੇਲ ਕੱਸਦਿਆਂ ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਨੇ 140 ਕੁਇੰਟਲ ਗੈਰ-ਕਾਨੂੰਨੀ ਖਾਦਾਂ ਜ਼ਬਤ ਕੀਤੀਆਂ ਹਨ। ਇਸ ਸਬੰਧੀ ਫਰਟੀਲਾਈਜ਼ਰ ਕੰਟਰੋਲ ਆਰਡਰ, 1985 ਅਤੇ ਜ਼ਰੂਰੀ ਵਸਤਾਂ ਐਕਟ, 1955 ਦੀ ਉਲੰਘਣਾ ਦੇ ਦੋਸ਼ ਹੇਠ ਮਹਾਰਾਸ਼ਟਰ ਦੇ ਥਾਨੇ ਸਥਿਤ ਕੰਪਨੀ ਮੈਸਰਜ਼ ਕੇ ਬੀ ਬਾਇਓ-ਆਰਗੈਨਿਕਸ ਪ੍ਰਾਈਵੇਟ ਲਿਮਟਿਡ ਵਿਰੁੱਧ ਐਫ.ਆਈ.ਆਰ. ਦਰਜ ਕੀਤੀ ਗਈ ਹੈ। ਥਰਮਲ ਪੁਲਿਸ ਸਟੇਸ਼ਨ, ਬਠਿੰਡਾ ਵਿਖੇ ਦਰਜ ਐਫਆਈਆਰ ਵਿੱਚ ਮੁਜ਼ੱਫਰ ਨਗਰ (ਯੂਪੀ) ਦੇ ਰਵੀ ਕੁਮਾਰ ਅਤੇ ਮਹਾਰਾਸ਼ਟਰ ਦੇ ਸਾਬਲੇ ਅਸ਼ਾਂਤ ਹਨੂੰਮੰਤ ਨੂੰ ਨਾਮਜ਼ਦ ਕੀਤਾ ਗਿਆ ਹੈ।

ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਖੇਤੀਬਾੜੀ ਵਿਭਾਗ ਦੀ ਟੀਮ ਵੱਲੋਂ ਗੁਪਤ ਸੂਚਨਾ ਦੇ ਅਧਾਰ 'ਤੇ ਗਣਪਤੀ ਕੰਪਲੈਕਸ, ਮਲੋਟ ਰੋਡ, ਬਠਿੰਡਾ ਵਿਖੇ ਸਥਿਤ ਇਕ ਗੋਦਾਮ 'ਤੇ ਛਾਪਾ ਮਾਰਿਆ ਗਿਆ ਸੀ।

ਖੇਤੀਬਾੜੀ ਮੰਤਰੀ ਨੇ ਦੱਸਿਆ ਕਿ ਛਾਪਾਮਾਰ ਟੀਮ ਨੇ ਪਾਇਆ ਕਿ ਸਟੋਰ ਕੀਤੀਆਂ ਖਾਦਾਂ ਫਰਟੀਲਾਈਜ਼ਰ ਕੰਟਰੋਲ ਆਰਡਰ ਤਹਿਤ ਨਿਰਧਾਰਤ ਮਾਪਦੰਡਾਂ ਅਨੁਸਾਰ ਨਹੀਂ ਸਨ। ਕੰਪਨੀ ਕੋਲ ਖਾਦ ਲਾਇਸੰਸ ਵੀ ਨਹੀਂ ਸੀ ਅਤੇ ਉਹ ਕੀਟਨਾਸ਼ਕਾਂ ਦੇ ਕਾਰੋਬਾਰ ਲਈ ਜਾਰੀ ਲਾਇਸੰਸ ਉੱਤੇ ਗ਼ੈਰਕਾਨੂੰਨੀ ਢੰਗ ਨਾਲ ਖਾਦਾਂ ਵੇਚ ਰਹੀ ਸੀ ਜੋ ਕਿ ਫਰਟੀਲਾਈਜ਼ਰ ਕੰਟਰੋਲ ਆਰਡਰ, 1985 ਦੀ ਧਾਰਾ 7 ਅਤੇ 8 ਅਤੇ ਜ਼ਰੂਰੀ ਵਸਤਾਂ ਐਕਟ, 1955 ਦੀ ਧਾਰਾ 3 ਤੇ 7 ਦੀ ਉਲੰਘਣਾ ਹੈ।

ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ 140 ਕੁਇੰਟਲ ਗੈਰ-ਕਾਨੂੰਨੀ ਖਾਦਾਂ ਸੈਂਕੜੇ ਏਕੜ ਫਸਲ ਨੂੰ ਖਰਾਬ ਕਰ ਸਕਦੀਆਂ ਸਨ ਅਤੇ ਕਿਸਾਨਾਂ ਨੂੰ ਵਿੱਤੀ ਨੁਕਸਾਨ ਪਹੁੰਚਾ ਸਕਦੀਆਂ ਸਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਕਿਸੇ ਵੀ ਕੰਪਨੀ ਜਾਂ ਕਿਸੇ ਵੀ ਵਿਅਕਤੀ ਨੂੰ ਪੰਜਾਬ ਵਿੱਚ ਖੇਤੀਬਾੜੀ ਵਸਤਾਂ ਦੀ ਗੁਣਵੱਤਾ ਨਾਲ ਸਮਝੌਤਾ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।

ਸਾਰੇ ਮੁੱਖ ਖੇਤੀਬਾੜੀ ਅਫਸਰਾਂ (ਸੀ.ਏ.ਓਜ਼) ਨੂੰ ਅਚਨਚੇਤ ਚੈਕਿੰਗ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੰਦਿਆਂ, ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ, ਫਰਟੀਲਾਈਜ਼ਰ ਕੰਟਰੋਲ ਆਰਡਰ ਦੀ ਉਲੰਘਣਾ ਕਰਨਾ ਸਾਡੇ ਕਿਸਾਨ ਭਾਈਚਾਰੇ ਵਿਰੁੱਧ ਅਪਰਾਧ ਹੈ।

ਉਲੰਘਣਾ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਨੇ ਸੂਬੇ ਦੇ ਕਿਸਾਨਾਂ ਨੂੰ ਸਿਰਫ਼ ਲਾਇਸੰਸਸ਼ੁਦਾ ਡੀਲਰਾਂ ਤੋਂ ਪ੍ਰਮਾਣਿਤ ਖਾਦ ਅਤੇ ਬੀਜ ਖਰੀਦਣ ਅਤੇ ਸ਼ੱਕੀ ਵਸਤਾਂ ਸਬੰਧੀ ਰਿਪੋਰਟ ਆਪਣੇ ਨਜ਼ਦੀਕੀ ਖੇਤੀਬਾੜੀ ਦਫ਼ਤਰ ਕੋਲ ਕਰਨ ਦੀ ਅਪੀਲ ਕੀਤੀ।

# ਫੂਡ ਕਮਿਸ਼ਨ ਮੈਂਬਰ ਜਸਵੀਰ ਸਿੰਘ ਸੇਖੋਂ ਵੱਲੋਂ ਮਾਲੇਰਕੋਟਲਾ ਦੇ ਰਾਸ਼ਨ ਡਿਪੂਆਂ ਦੀ ਅਚਨਚੇਤ ਜਾਂਚ

**ਮਾਲੇਰਕੋਟਲਾ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਟੇਟ ਫੂਡ ਕਮਿਸ਼ਨ ਦੇ ਮੈਂਬਰ ਜਸਵੀਰ ਸਿੰਘ ਸੇਖੋਂ ਵੱਲੋਂ ਅੱਜ ਮਾਲੇਰਕੋਟਲਾ ਜ਼ਿਲ੍ਹੇ ਦੇ ਵੱਖ-ਵੱਖ ਸਰਕਾਰੀ ਰਾਸ਼ਨ ਡਿਪੂਆਂ ਦੀ ਅਚਨਚੇਤ ਚੈਕਿੰਗ ਕੀਤੀ ਗਈ। ਇਸ ਦੌਰਾਨ ਉਨ੍ਹਾਂ ਰਾਸ਼ਨ ਦੀ ਵੰਡ ਪ੍ਰਣਾਲੀ, ਸਟਾਕ ਦੀ ਉਪਲਬਧਤਾ, ਰਿਕਾਰਡ ਦੀ ਸਾਂਭ-ਸੰਭਾਲ, ਲਾਭਪਾਤਰੀਆਂ ਨੂੰ ਦਿੱਤੀਆਂ ਜਾ ਰਹੀਆਂ ਸੇਵਾਵਾਂ ਅਤੇ ਡਿਪੂਆਂ ਵਿੱਚ ਸਫ਼ਾਈ ਪ੍ਰਬੰਧਾਂ ਦਾ ਜਾਇਜ਼ਾ ਲਿਆ।

ਜਾਂਚ ਦੌਰਾਨ ਸੇਖੋਂ ਨੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਨੈਸ਼ਨਲ ਫੂਡ ਸਕਿਉਰਿਟੀ ਐਕਟ-2013 ਅਤੇ ਪੰਜਾਬ ਫੂਡ ਸਕਿਉਰਿਟੀ ਰੂਲਜ਼-2016 ਨੂੰ ਇੰਨ-ਬਿੰਨ ਲਾਗੂ ਕਰਦਿਆਂ ਇਹ ਯਕੀਨੀ ਬਣਾਇਆ ਜਾਵੇ ਕਿ ਸਰਕਾਰ ਵੱਲੋਂ ਦਿੱਤੇ ਜਾ ਰਹੇ ਖੁਰਾਕ ਸੁਰੱਖਿਆ ਲਾਭ ਆਮ ਲੋਕਾਂ ਤੱਕ ਪੂਰੀ ਪਾਰਦਰਸ਼ਤਾ ਅਤੇ ਸਮੇਂ ਸਿਰ ਪਹੁੰਚਣ। ਉਨ੍ਹਾਂ ਕਿਹਾ ਕਿ ਰਾਸ਼ਨ ਦੀ ਸਮੇਂ ਸਿਰ ਵੰਡ ਅਤੇ ਉਸ ਦੀ ਗੁਣਵੱਤਾ ਨੂੰ ਯਕੀਨੀ ਬਣਾਉਣਾ ਵਿਭਾਗ ਦੀ ਮੁੱਢਲੀ ਜ਼ਿੰਮੇਵਾਰੀ ਹੈ। ਇਸ ਲਈ ਸਮੇਂ-ਸਮੇਂ 'ਤੇ ਡਿਪੂਆਂ ਦੀ ਜਾਂਚ ਕੀਤੀ ਜਾਵੇ ਅਤੇ ਇਹ ਵੀ ਯਕੀਨੀ ਬਣਾਇਆ ਜਾਵੇ ਕਿ ਲਾਭਪਾਤਰੀਆਂ ਨੂੰ ਸਾਫ਼-ਸੁਥਰਾ ਅਤੇ ਮਿਆਰੀ ਰਾਸ਼ਨ ਮੁਹੱਈਆ ਕਰਵਾਇਆ ਜਾ ਰਿਹਾ ਹੈ। ਫੂਡ ਕਮਿਸ਼ਨ ਮੈਂਬਰ ਵੱਲੋਂ ਡਿਪੂ ਵਿੱਚ ਮੌਜੂਦ ਲਾਭਪਾਤਰੀਆਂ ਨੂੰ ਮੁੱਖ ਮੰਤਰੀ ਰਾਸ਼ਨ ਕਿੱਟਾਂ ਵੀ ਵੰਡੀਆਂ ਗਈਆਂ।

ਸੇਖੋਂ ਨੇ ਈ- ਕੇ.ਵਾਈ.ਸੀ ਦੀ ਪ੍ਰਗਤੀ ਦਾ ਵੀ ਜਾਇਜ਼ਾ ਲੈਂਦਿਆਂ ਸਬੰਧਤ ਅਧਿਕਾਰੀਆਂ ਨੂੰ ਇਹ ਕਾਰਜ ਪਹਿਲ ਦੇ ਆਧਾਰ 'ਤੇ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਈ-ਕੇ.ਵਾਈ.ਸੀ ਦੀ ਪ੍ਰਕਿਰਿਆ ਮੁਕੰਮਲ ਹੋਣ ਨਾਲ ਯੋਗ ਲਾਭਪਾਤਰੀਆਂ ਦੀ ਸਹੀ ਪਛਾਣ ਹੋ ਸਕੇਗੀ ਅਤੇ ਯੋਜਨਾਵਾਂ ਦਾ ਲਾਭ ਪਾਰਦਰਸ਼ੀ ਢੰਗ ਨਾਲ ਲੋਕਾਂ ਤੱਕ ਪਹੁੰਚੇਗਾ।

ਫੂਡ ਕਮਿਸ਼ਨ ਮੈਂਬਰ ਨੇ ਵਿਸ਼ੇਸ਼ ਤੌਰ 'ਤੇ ਹਦਾਇਤ ਕੀਤੀ ਕਿ ਜ਼ਿਲ੍ਹੇ ਦੇ ਸਾਰੇ ਰਾਸ਼ਨ ਡਿਪੂਆਂ 'ਤੇ ਸਪੱਸ਼ਟ ਅਤੇ ਦਿੱਖਣਯੋਗ ਸਾਇਨ ਬੋਰਡ ਲਗਾਏ ਜਾਣ ਅਤੇ ਪੰਜਾਬ ਸਟੇਟ ਫੂਡ ਕਮਿਸ਼ਨ ਦਾ ਹੈਲਪਲਾਈਨ ਨੰਬਰ 98767-64545 ਲਾਜ਼ਮੀ ਤੌਰ 'ਤੇ ਦਰਜ ਕੀਤਾ ਜਾਵੇ, ਤਾਂ ਜੋ ਆਮ ਲੋਕ ਆਪਣੀਆਂ ਸਮੱਸਿਆਵਾਂ ਜਾਂ ਸ਼ਿਕਾਇਤਾਂ ਸਿੱਧੇ ਕਮਿਸ਼ਨ ਤੱਕ ਪਹੁੰਚਾ ਸਕਣ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਕੋਈ ਡਿਪੂ ਧਾਰਕ ਇਨ੍ਹਾਂ ਹਦਾਇਤਾਂ ਦੀ ਪਾਲਣਾ ਨਹੀਂ ਕਰਦਾ ਤਾਂ ਉਸ ਖ਼ਿਲਾਫ਼ ਨਿਯਮਾਂ ਅਨੁਸਾਰ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹਰ ਯੋਗ ਪਰਿਵਾਰ ਤੱਕ ਖੁਰਾਕ ਸੁਰੱਖਿਆ ਯਕੀਨੀ ਬਣਾਉਣ ਲਈ ਵਚਨਬੱਧ ਹੈ ।

## ਸੰਪਾਦਕੀ

# ਮਨੀਪੁਰ ਵਿੱਚ ਅਮਨ-ਕਾਨੂੰਨ ਅਤੇ ਸ਼ਾਂਤੀ ਬਹਾਲੀ ਅਜੇ ਵੀ ਇੱਕ ਬੇਹੱਦ ਔਖਾ ਕਾਰਜ

ਦੇਸ਼ ਦਾ ਇਕ ਅਜਿਹਾ ਰਾਜ ਮਨੀਪੁਰ ਜਿਸ ਵਿੱਚ ਅਮਨ-ਕਾਨੂੰਨ ਅਤੇ ਸ਼ਾਂਤੀ ਬਹਾਲੀ ਅਜੇ ਵੀ ਇੱਕ ਬੇਹੱਦ ਔਖਾ ਕਾਰਜ ਬਣੀ ਹੋਈ ਹੈ। ਸੂਚਨਾ ਦੇ ਅਧਿਕਾਰ ਤਹਿਤ ਸਾਹਮਣੇ ਆਈ ਜਾਣਕਾਰੀ ਮੁਤਾਬਿਕ ਮਈ 2023 ਵਿੱਚ ਭੜਕੀ ਨਸਲੀ ਹਿੰਸਾ ਤੋਂ ਬਾਅਦ ਇਸ ਪੂਰਬੀ-ਉੱਤਰੀ ਸੂਬੇ ਦੇ ਰਾਹਤ ਕੈਂਪਾਂ ਵਿੱਚ ਹੁਣ ਤੱਕ ਘੱਟੋ-ਘੱਟ 730 ਬੇਘਰ ਹੋਏ ਲੋਕਾਂ ਦੀ ਮੌਤ ਹੋ ਚੁੱਕੀ ਹੈ। ਮੌਤਾਂ ਦੀ ਇਹ ਵੱਡੀ ਗਿਣਤੀ ਭਾਜਪਾ ਦੀ ਅਗਵਾਈ ਹੇਠਲੀ ਕੇਂਦਰ ਅਤੇ ਸੂਬਾ ਸਰਕਾਰ ਦੀ ਨਾਕਾਮੀ ਦਾ ਇੱਕ ਵੱਡਾ ਸਬੂਤ ਹੈ। ਇਸ ਹਿੰਸਾ ਕਾਰਨ ਹਜ਼ਾਰਾਂ ਪਰਿਵਾਰ ਉੱਜੜ ਚੁੱਕੇ ਹਨ ਅਤੇ ਮੁੜ-ਵਸੇਬੇ ਦੀ ਕੋਈ ਉਮੀਦ ਨਾ ਦਿਖਣ ਕਾਰਨ ਉਨ੍ਹਾਂ ਦਾ ਭਵਿੱਖ ਧੁੰਦਲਾ ਨਜ਼ਰ ਆ ਰਿਹਾ ਹੈ। ਬਦਕਿਸਮਤੀ ਦੀ ਗੱਲ ਹੈ ਕਿ ਪਿਛਲੇ ਤਿੰਨ ਸਾਲਾਂ ਦੌਰਾਨ ਇਸ ਇਨਸਾਨੀ ਸੰਕਟ ਵੱਲ ਕੌਮੀ ਪੱਧਰ 'ਤੇ ਬਹੁਤ ਹੀ ਘੱਟ ਧਿਆਨ ਦਿੱਤਾ ਗਿਆ ਹੈ। 43,000 ਤੋਂ ਵੱਧ ਲੋਕ ਅਜੇ ਵੀ ਆਰਜ਼ੀ ਸ਼ੈਲਟਰਾਂ ਅਤੇ ਰਾਹਤ ਕੈਂਪਾਂ ਵਿੱਚ ਰਹਿ ਰਹੇ ਹਨ, ਜਿਨ੍ਹਾਂ ਵਿੱਚੋਂ ਬਹੁਤਿਆਂ ਕੋਲ ਸਹੀ ਸਿਹਤ ਸਹੂਲਤਾਂ, ਸਾਫ਼-ਸਫ਼ਾਈ ਜਾਂ ਮਾਨਸਿਕ ਮਸਲਿਆਂ ਲਈ ਕਾਊਂਸਲਿੰਗ ਦਾ ਕੋਈ ਪ੍ਰਬੰਧ ਨਹੀਂ ਹੈ। ਕੈਂਪਾਂ ਵਿੱਚ ਰਹਿਣ ਵਾਲੇ ਲੋਕ ਨਾ ਸਿਰਫ਼ ਬਿਮਾਰੀਆਂ ਕਾਰਨ ਮਰ ਰਹੇ ਹਨ, ਸਗੋਂ ਡੁੱਬਣ, ਕਰੰਟ ਲੱਗਣ, ਨਸ਼ਿਆਂ ਦੀ ਵੱਧ ਵਰਤੋਂ ਅਤੇ ਹਿੰਸਾ ਵਰਗੇ ਗ਼ੈਰ-ਕੁਦਰਤੀ ਕਾਰਨਾਂ ਕਰਕੇ ਵੀ ਆਪਣੀਆਂ ਜਾਨਾਂ ਗੁਆ ਰਹੇ ਹਨ। ਇਹ ਸਥਿਤੀ ਸਪੱਸ਼ਟ ਕਰਦੀ ਹੈ ਕਿ ਉੱਥੇ ਰਹਿਣ ਦੇ ਹਾਲਾਤ ਬੇਹੱਦ ਅਸੁਰੱਖਿਅਤ ਅਤੇ ਅਣਮਨੁੱਖੀ ਹਨ। ਇੱਕ ਚੁਣੀ ਹੋਈ ਲੋਕਤੰਤਰਿਕ ਸਰਕਾਰ ਦੇ ਮੁੜ ਬਹਾਲ ਹੋਣ ਦੇ ਚਾਰ ਮਹੀਨਿਆਂ ਬਾਅਦ ਵੀ ਪ੍ਰਸ਼ਾਸਨ ਦੇ ਵਾਰ-ਵਾਰ ਭਰੋਸੇ ਦੇ ਬਾਵਜੂਦ ਹਮਲਿਆਂ ਅਤੇ ਨਸਲੀ ਦੁਸ਼ਮਣੀ ਵਿੱਚ ਕੋਈ ਕਮੀ ਨਹੀਂ ਆਈ ਹੈ। ਸ਼ੁੱਕਰਵਾਰ ਨੂੰ ਕਾਂਗਪੋਕਪੀ ਜ਼ਿਲ੍ਹੇ ਦੇ ਇੱਕ ਪਿੰਡ ਵਿੱਚ ਹਥਿਆਰਬੰਦ ਹਮਲਾਵਰਾਂ ਵੱਲੋਂ ਕੀਤੇ ਗਏ ਹਮਲੇ ਵਿੱਚ ਤਿੰਨ ਲੋਕ ਮਾਰੇ ਗਏ। ਛੇ ਨਾਗਾ ਨਾਗਰਿਕ, ਜਿਨ੍ਹਾਂ ਨੂੰ ਕਥਿਤ ਤੌਰ 'ਤੇ 13 ਮਈ ਨੂੰ ਕੁਕੀ ਅਤਿਵਾਦੀਆਂ ਵੱਲੋਂ ਅਗਵਾ ਕੀਤਾ ਗਿਆ ਸੀ, ਉਹ ਅਜੇ ਵੀ ਉਨ੍ਹਾਂ ਦੀ ਕੈਦ ਵਿੱਚ ਹਨ। ਸਥਾਨਕ ਲੋਕ ਲਗਾਤਾਰ ਡਰ ਦੇ ਸਾਏ ਹੇਠ ਜਿਊਂ ਰਹੇ ਹਨ, ਜਦਕਿ ਹਥਿਆਰਬੰਦ ਸਮੂਹ ਪ੍ਰਸ਼ਾਸਨਿਕ ਨਾਕਾਮੀ ਦਾ ਫਾਇਦਾ ਉਠਾ ਰਹੇ ਹਨ ਅਤੇ ਵੱਖ-ਵੱਖ ਭਾਈਚਾਰਿਆਂ ਵਿਚਕਾਰ ਆਪਸੀ ਅਵਿਸ਼ਵਾਸ ਨੂੰ ਹੋਰ ਡੂੰਘਾ ਕਰ ਰਹੇ ਹਨ। ਮਨੀਪੁਰ ਦੀ ਇਹ ਤ੍ਰਾਸਦੀ ਸਿਰਫ਼ ਅਮਨ-ਕਾਨੂੰਨ ਵਿਵਸਥਾ ਫੇਲ੍ਹ ਹੋਣ ਤੱਕ ਸੀਮਤ ਨਹੀਂ, ਸਗੋਂ ਇਹ ਸਰਕਾਰ ਦੀ ਨਾਕਾਮੀ ਨੂੰ ਵੀ ਉਘੇੜਦੀ ਹੈ।

ਇਥੇ ਕਾਇਮ ਕੀਤੇ ਗਏ ਰਾਹਤ ਕੈਂਪ ਆਰਜ਼ੀ ਸਨ, ਨਾ ਕਿ ਪੱਕੇ ਘਰ ਜਿੱਥੇ ਲੋਕ ਬਿਨਾਂ ਉਮੀਦ ਦੇ ਸਾਲਾਂਬੱਧੀ ਸਮਾਂ ਕੱਟਣ। ਇਹ ਉਜਾੜਾ ਜਿੰਨਾ ਲੰਮਾ ਖਿੱਚੇਗਾ, ਸਮਾਜ ਵਿੱਚ ਕੱਟੜਤਾ ਅਤੇ ਕਦੇ ਨਾ ਮਿਟਣ ਵਾਲੀ ਵੰਡ ਦਾ ਖ਼ਤਰਾ ਓਨਾ ਹੀ ਵਧੇਗਾ। ਸਰਕਾਰ ਨੂੰ ਆਰ ਟੀ ਆਈ ਦੀ ਚੇਤਾਵਨੀ ਤੋਂ ਸਬਕ ਲੈਣਾ ਚਾਹੀਦਾ ਹੈ ਕਿ ਲੰਮੀ ਅਣਦੇਖੀ ਇਸ ਸਿਆਸੀ ਟਕਰਾਅ ਨੂੰ ਇੱਕ ਵੱਡੀ ਮਨੁੱਖੀ ਤਬਾਹੀ ਵਿੱਚ ਬਦਲ ਸਕਦੀ ਹੈ। ਸਮੁੱਚੇ ਭਾਰਤ ਨੂੰ ਅਜਿਹਾ ਹਰਗਿਜ਼ ਨਹੀਂ ਹੋਣ ਦੇਣਾ ਚਾਹੀਦਾ।

# ਜਥੇਦਾਰ ਵੱਲੋਂ ਕਰਤਾਰਪੁਰ ਸਾਹਿਬ ਲਾਂਘਾ ਖੋਲ੍ਹਣ ਦੀ ਅਪੀਲ



**ਅੰਮ੍ਰਿਤਸਰ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਅਕਾਲ ਤਖ਼ਤ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਭਾਰਤ ਅਤੇ ਪਾਕਿਸਤਾਨ ਦੋਵਾਂ ਸਰਕਾਰਾਂ ਕੋਲੋਂ ਗੁਰਦੁਆਰਾ ਕਰਤਾਰਪੁਰ ਸਾਹਿਬ ਲਾਂਘਾ ਖੋਲ੍ਹਣ ਦੀ ਮੰਗ ਕੀਤੀ ਹੈ। ਪਹਿਲਗਾਮ ਵਿੱਚ ਯਾਤਰੀਆਂ 'ਤੇ ਹੋਏ ਹਮਲੇ ਤੋਂ ਬਾਅਦ ਭਾਰਤ ਅਤੇ ਪਾਕਿਸਤਾਨ ਦੇ ਸਬੰਧਾਂ ਵਿੱਚ ਆਈ ਕੁੜੱਤਣ ਦੌਰਾਨ ਭਾਰਤ ਸਰਕਾਰ ਵੱਲੋਂ ਪਾਕਿਸਤਾਨ ਨਾਲ ਆਵਾਜਾਈ ਤੇ ਵਪਾਰਕ ਅਤੇ ਕੂਟਨੀਤਿਕ ਸਬੰਧ ਤੋੜ ਲਏ ਗਏ ਸਨ। ਇਸੇ ਤਹਿਤ ਕਰਤਾਰਪੁਰ ਸਾਹਿਬ ਲਾਂਘਾ ਬੰਦ ਕਰ ਦਿੱਤਾ ਗਿਆ ਸੀ। ਜਥੇਦਾਰ ਗੜਗੱਜ ਨੇ ਕਿਹਾ ਕਿ ਭਾਰਤ ਅਤੇ ਪਾਕਿਸਤਾਨ ਸਰਕਾਰਾਂ ਨੂੰ ਚਾਹੀਦਾ ਹੈ ਕਿ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਛੇਤੀ ਖੋਲ੍ਹਿਆ ਜਾਵੇ ਜੋ ਪਿਛਲੇ ਲਗਪਗ ਇੱਕ ਸਾਲ ਤੋਂ ਬੰਦ ਪਿਆ ਹੈ। ਲਾਂਘਾ ਬੰਦ ਹੋਣ ਕਰਕੇ ਸਿੱਖ ਸੰਗਤ ਗੁਰੂ ਨਾਨਕ ਦੇਵ ਦੇ ਘਰ ਦੇ ਦਰਸ਼ਨ ਕਰਨ ਤੋਂ ਵਾਂਝੀ ਹੈ। ਉਨ੍ਹਾਂ 14 ਸਾਲ ਦੇ ਲੰਮੇ ਸਮੇਂ ਤੋਂ ਬਾਅਦ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨਾਂ ਲਈ ਭਲਕੇ 12 ਜੂਨ ਨੂੰ ਜਾਣ ਵਾਲੇ ਜਥੇ ਦਾ ਸਵਾਗਤ ਕਰਦਿਆਂ ਭਾਰਤ ਅਤੇ ਪਾਕਿਸਤਾਨ ਸਰਕਾਰਾਂ ਦਾ ਧੰਨਵਾਦ ਕੀਤਾ ਹੈ। ਉਨ੍ਹਾਂ ਕਿਹਾ ਕਿ ਦੋਵੇਂ ਦੇਸ਼ਾਂ ਵਿਚਕਾਰ 1974 ਦੀ ਸਹਿਮਤੀ ਮੁਤਾਬਕ ਹਰ ਸਾਲ ਚਾਰ ਸਿੱਖ ਜਥੇ ਪਾਕਿਸਤਾਨ ਗੁਰਧਾਮਾਂ ਦੇ ਦਰਸ਼ਨਾਂ ਲਈ ਜਾਂਦੇ ਹਨ, ਪਰੰਤੂ ਪੰਚਮ ਪਾਤਸ਼ਾਹ ਦੀ ਸ਼ਹੀਦੀ ਮੌਕੇ ਆਖਰੀ ਜਥਾ ਜੂਨ 2013 ਵਿੱਚ ਗਿਆ ਸੀ।

# ਡੀ ਸੀ ਨੇ ਹੜ੍ਹ ਰੋਕਥਾਮ ਪ੍ਰਬੰਧਾਂ ਦਾ ਜਾਇਜ਼ਾ ਲਿਆ

**ਲੁਧਿਆਣਾ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਲੁਧਿਆਣਾ ਵਿੱਚ ਪਿਛਲੇ ਸਾਲ ਆਏ ਹੜ੍ਹਾਂ ਦੇ ਮੱਦੇਨਜ਼ਰ ਇਸ ਵਾਰ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਅੱਜ ਜ਼ਿਲ੍ਹੇ ਦੀਆਂ ਸਾਰੀਆਂ ਸਬ-ਡਿਵੀਜ਼ਨਾਂ ਵਿੱਚ 24 ਘੰਟੇ ਚੱਲਣ ਵਾਲਾ ਹੜ੍ਹ ਕੰਟਰੋਲ ਰੂਮ 15 ਜੂਨ ਤੋਂ 30 ਸਤੰਬਰ ਤੱਕ ਸਥਾਪਤ ਕਰਨ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ 15 ਜੂਨ ਤੋਂ ਇਹ ਕੰਟਰੋਲ ਰੂਮ ਕੰਮ ਕਰਨਾ ਸ਼ੁਰੂ ਕਰ ਦੇਣਗੇ ਤਾਂ ਜੋ ਆਉਣ ਵਾਲੇ ਮੌਨਸੂਨ ਸੀਜ਼ਨ ਦੌਰਾਨ ਕਿਸੇ ਵੀ ਹੜ੍ਹ ਵਰਗੀ ਸਥਿਤੀ ਦੀ ਨੇੜਿਓਂ ਨਿਗਰਾਨੀ ਕੀਤੀ ਜਾ ਸਕੇ। ਕੰਟਰੋਲ ਰੂਮ ਹੜ੍ਹ ਨਾਲ ਸਬੰਧਤ ਐਮਰਜੈਂਸੀ ਦੀ ਤੁਰੰਤ ਰਿਪੋਰਟਿੰਗ ਅਤੇ ਜਵਾਬ ਨੂੰ ਯਕੀਨੀ ਬਣਾਉਣ ਲਈ 24 ਘੰਟੇ ਕੰਮ ਕਰਨਗੇ।

ਡਿਪਟੀ ਕਮਿਸ਼ਨਰ ਸ੍ਰੀ ਜੈਨ ਨੇ ਕਿਹਾ ਕਿ ਵਸਨੀਕ ਕੰਟਰੋਲ ਰੂਮ ਨੰਬਰਾਂ ਰਾਹੀਂ ਕਿਸੇ ਵੀ ਹੜ੍ਹ ਵਰਗੀ ਸਥਿਤੀ ਬਾਰੇ ਦੱਸ ਸਕਦੇ ਹਨ। ਸਟਾਫ਼ ਲਈ ਡਿਊਟੀ ਰੋਸਟਰ ਪਹਿਲਾਂ ਹੀ ਤਿਆਰ ਕੀਤਾ ਜਾ ਚੁੱਕਾ ਹੈ।

# ਹੁਸ਼ਿਆਰਪੁਰ ਦੇ ਸਰਦਾਰ ਬਹਾਦਰ ਅਮੀਂ ਚੰਦ ਸੋਨੀ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ, ਬਜਵਾੜਾ 'ਚ ਦਾਖਲਾ ਸ਼ੁਰ

**ਜਲੰਧਰ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਡਾਇਰੈਕਟਰ, ਜ਼ਿਲ੍ਹਾ ਬਿਊਰੋ ਆਫ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਨੀਲਮ ਮਹੇ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹੁਸ਼ਿਆਰਪੁਰ ਜ਼ਿਲ੍ਹੇ ਅਧੀਨ ਪੈਂਦੇ ਸਰਦਾਰ ਬਹਾਦਰ ਅਮੀਂ ਚੰਦ ਸੋਨੀ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ, ਬਜਵਾੜਾ ਪੰਜਾਬ ਸਰਕਾਰ ਦੇ ਰੁਜ਼ਗਾਰ ਉਤਪਤੀ ਹੁਨਰ ਵਿਕਾਸ ਅਤੇ ਸਿਖਲਾਈ ਵਿਭਾਗ ਦਾ ਇੱਕ ਉੱਦਮ ਹੈ।

ਉਨ੍ਹਾਂ ਦੱਸਿਆ ਕਿ ਇਸ ਦਾ ਉਦੇਸ਼ ਸੀ.ਡੀ.ਐਸ, ਏ.ਐਫ.ਸੀ.ਏ.ਟੀ ਤੇ ਓ.ਟੀ.ਏ. ਆਦਿ ਵਰਗੀਆਂ ਵੱਖ-ਵੱਖ ਪ੍ਰਤੀਯੋਗੀ ਪ੍ਰਵੇਸ਼ ਪ੍ਰੀਖਿਆਵਾਂ ਰਾਹੀਂ ਹਥਿਆਰਬੰਦ ਸੈਨਾਵਾਂ ਵਿੱਚ ਗ੍ਰੈਜੂਏਟ ਪੱਧਰ ਦੇ ਪ੍ਰਵੇਸ਼ ਲਈ ਚਾਹਵਾਨ ਨੌਜਵਾਨਾਂ ਨੂੰ ਤਿਆਰ ਕਰਨਾ ਹੈ।

ਉਨ੍ਹਾਂ ਦੱਸਿਆ ਕਿ ਇਸ ਸੰਸਥਾ ਦੇ ਸਿਖਲਾਈ ਪ੍ਰੋਗਰਾਮ ਦਾ ਪਹਿਲਾ ਬੈਚ ਜੁਲਾਈ, 2026 ਦੇ ਪਹਿਲੇ ਹਫ਼ਤੇ ਤੋਂ ਸ਼ੁਰੂ ਹੋਣ ਜਾ ਰਿਹਾ ਹੈ।

ਡਿਪਟੀ ਡਾਇਰੈਕਟਰ ਨੇ ਅੱਗੇ ਦੱਸਿਆ ਕਿ ਸੰਸਥਾ ਵਲੋਂ ਪ੍ਰਵੇਸ਼ ਪ੍ਰੀਖਿਆਵਾਂ ਲਈ ਤਿੰਨ ਮਹੀਨੇ ਦੀ ਢਾਂਚਾਗਤ ਅਕਾਦਮਿਕ ਸਿਖਲਾਈ ਅਤੇ ਤਿੰਨ ਹਫ਼ਤੇ ਦੀ ਐਸ.ਐਸ.ਬੀ.ਸਿਖਲਾਈ ਦੀ ਪੇਸ਼ਕਸ਼ ਕੀਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਇਹ ਸੰਸਥਾ ਗ੍ਰੈਜੂਏਸ਼ਨ ਪੂਰੀ ਕਰ ਚੁੱਕੇ ਉਮੀਦਵਾਰਾਂ ਦੇ ਨਾਲ-ਨਾਲ ਉਹਨਾਂ ਵਿਦਿਆਰਥੀਆਂ ਲਈ ਵੀ ਉਪਲਬਧ ਹੈ ਜੋ ਵਰਤਮਾਨ ਵਿੱਚ ਗ੍ਰੈਜੂਏਸ਼ਨ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਇਸਦਾ ਲਾਭ ਲੈਣ ਦੇ ਇੱਛੁਕ ਉਮੀਦਵਾਰਾਂ ਲਈ ਹੋਸਟਲ ਰਿਹਾਇਸ਼ ਵੀ ਉਪਲਬਧ ਹੋਵੇਗੀ।

ਉਨ੍ਹਾਂ ਦੱਸਿਆ ਕਿ ਇਹ ਸਿਖਲਾਈ ਲੈਣ ਦੇ ਚਾਹਵਾਨ ਉਮੀਦਵਾਰ ਅਰਜ਼ੀ ਫਾਰਮ ਭਰਕੇ ਮਿਤੀ 18 ਜੂਨ 2026 ਤੱਕ ਸੰਸਥਾ ਦੀ ਈਮੇਲ ਆਈ.ਡੀ.'ਤੇ ਭੇਜ ਸਕਦੇ ਹਨ।

ਉਨ੍ਹਾਂ ਦੱਸਿਆ ਕਿ ਇਸ ਸਬੰਧੀ ਵਧੇਰੇ ਜਾਣਕਾਰੀ ਲਈ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਜਲੰਧਰ ਦੇ ਹੈਲਪਲਾਈਨ ਨੰਬਰ 90569-20100 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਪਾਵਰ ਕਾਮ ਅਤੇ ਟਰਾਂਸਪੋਰਟ ਯੂਨੀਅਨ ਪੰਜਾਬ ਦਾ ਇੱਕ ਵਫਦ ਡਾਇਰੈਕਟਰ ਪ੍ਰਬੰਧਕੀ ਪੀਐਸਪੀਸੀਐਲ ਨੂੰ ਮਿਲਿਆ



**ਪਟਿਆਲਾ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪਾਵਰ ਕਾਮ ਅਤੇ ਟਰਾਂਸਪੋਰਟ ਯੂਨੀਅਨ ਪੰਜਾਬ ਦਾ ਇੱਕ ਵਫਦ ਰਾਧੇ ਸ਼ਾਮ ਪ੍ਰਧਾਨ ਦੀ ਅਗਵਾਈ ਵਿੱਚ ਹਰਸ਼ਰਨ ਕੌਰ ਤ੍ਰਿਹਨ ਡਾਇਰੈਕਟਰ ਪ੍ਰਬੰਧਕੀ ਪੀਐਸਪੀਸੀਐਲ ਨੂੰ ਮਿਲਿਆ, ਪ੍ਰਧਾਨ ਰਾਧੇ ਸ਼ਾਮ ਨੇ ਦੱਸਿਆ ਮੀਟਿੰਗ ਬੜੇ ਅੱਛੇ ਮਾਹੌਲ ਵਿੱਚ ਹੋਈ।

ਇਸ ਮੌਕੇ 30 -9-2018 ਤੂੰ ਪਹਿਲਾਂ ਰਿਟਾਇਰ ਹੋਏ ਪੈਨਸ਼ਨਰਾਂ ਨੂੰ 23 ਸਾਲਾ ਇਨਕਰੀਮੈਂਟ ਦਿੱਤੀ ਜਾਵੇ, ਪ੍ਰਬੰਧਕੀ ਮੈਂਬਰ ਨੇ ਦੱਸਿਆ ਕਿ ਇਸ ਸਬੰਧੀ ਇੱਕ ਕਮੇਟੀ ਬਣਾਈ ਜਾ ਰਹੀ ਹੈ।

ਜੋ ਇਸ ਤੇ ਛਾਣ- ਬੀਨ ਕਰਕੇ ਫੈਸਲਾ ਦਵੇਗੀ, ਫੈਮਿਲੀ ਪੈਨਸ਼ਨਰਾਂ ਅਤੇ ਪੈਨਸ਼ਨਰਜ ਜਿਨਾਂ ਨੂੰ ਭਤਿਆਂ ਦਾ ਬਕਾਇਆ ਨਹੀਂ ਮਿਲਿਆ ਉਹ ਜਲਦੀ ਦੇਣ ਦੇ ਪ੍ਰਬੰਧ ਕੀਤੇ ਜਾ ਰਹੇ ਹਨ, ਉਹਨਾਂ ਨੇ ਅੱਗੇ ਦੱਸਿਆ ਕਿ 200 ਰੁਪਏ ਡਿਵੈਲਪਮੈਂਟ ਫੰਡ ਜਿਨਾਂ ਪੈਨਸ਼ਨਰ ਦਾ ਕੱਟਿਆ ਗਿਆ ਹੈ।

ਉਹ ਵੀ ਵਾਪਸ ਕੀਤਾ ਜਾ ਰਿਹਾ ਹੈ, ਇਸ ਮੌਕੇ ਸੂਬਾ ਕਮੇਟੀ ਦੇ ਅਹੁਦੇਦਾਰ ਸੰਤੋਖ ਸਿੰਘ, ਮਦਨ ਗੋਪਾਲ ,ਰਜਿੰਦਰ ਸਿੰਘ ,ਸੁਖਵੰਤ ਸਿੰਘ ਬਰਨਾਲਾ, ਅਤੇ ਭਿੰਦਰ ਸਿੰਘ ਪ੍ਰਧਾਨ ਹੈਡ ਆਫਿਸ ਯੂਨਿਟ ਹਾਜ਼ਰ ਸਨ।

# ਐਡਵੋਕੇਟ ਧਾਮੀ ਦੀ ਅਗਵਾਈ ਹੇਠ ਐਸਜੀਪੀਸੀ ਦਾ ਵਫ਼ਦ ਯੂਐਸਏ ਪੁੱਜਾ; ਸਥਾਨਕ ਸੰਗਤ ਵੱਲੋਂ ਸਵਾਗਤ



**ਅੰਮ੍ਰਿਤਸਰ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਇੱਕ ਉੱਚ ਪੱਧਰੀ ਵਫ਼ਦ ਅਮਰੀਕਾ ਪਹੁੰਚ ਗਿਆ ਹੈ। ਸੈਨ ਫ਼ਰਾਂਸਿਸਕੋ ਦੇ ਹਵਾਈ ਅੱਡੇ 'ਤੇ ਪਹੁੰਚਣ 'ਤੇ ਸਥਾਨਕ ਸਿੱਖ ਆਗੂਆਂ ਅਤੇ ਸੰਗਤਾਂ ਵੱਲੋਂ ਵਫ਼ਦ ਦਾ ਜ਼ੋਰਦਾਰ ਸਵਾਗਤ ਕੀਤਾ ਗਿਆ।

ਇਸ ਵਫ਼ਦ ਵਿੱਚ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਾਲ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਰਘੂਜੀਤ ਸਿੰਘ ਵਿਰਕ, ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਓ ਐਸ ਡੀ ਸਤਬੀਰ ਸਿੰਘ ਅਤੇ ਸਕੱਤਰ ਬਲਵਿੰਦਰ ਸਿੰਘ ਕਾਹਲਵਾਂ ਸ਼ਾਮਲ ਹਨ।

ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੰਗਤਾਂ ਵੱਲੋਂ ਦਿੱਤੇ ਗਏ ਸਨਮਾਨ ਲਈ ਧੰਨਵਾਦ ਕਰਦਿਆਂ ਕਿਹਾ ਕਿ ਵਿਦੇਸ਼ਾਂ ਵਿੱਚ ਵੱਸਦਾ ਸਿੱਖ ਭਾਈਚਾਰਾ ਪੰਥਕ ਸਰੋਕਾਰਾਂ ਪ੍ਰਤੀ ਹਮੇਸ਼ਾ ਸਮਰਪਿਤ ਰਿਹਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਪਰਵਾਸੀ ਸਿੱਖ ਭਾਈਚਾਰੇ ਦਰਮਿਆਨ ਆਪਸੀ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਲਈ ਨਿਰੰਤਰ ਕਾਰਜਸ਼ੀਲ ਹੈ ਅਤੇ ਇਸੇ ਮੰਤਵ ਲਈ ਉਹ ਵਫ਼ਦ ਸਮੇਤ ਅਮਰੀਕਾ ਪਹੁੰਚੇ ਹਨ।

ਐਡਵੋਕੇਟ ਧਾਮੀ ਨੇ ਅੱਗੇ ਕਿਹਾ ਕਿ ਇੱਥੋਂ ਦੇ ਸਿੱਖ ਆਗੂਆਂ ਅਤੇ ਸੰਗਤਾਂ ਨਾਲ ਵਿਚਾਰ-ਵਟਾਂਦਰਾ ਕਰਕੇ ਧਰਮ ਦੇ ਪ੍ਰਚਾਰ-ਪ੍ਰਸਾਰ ਲਈ ਭਵਿੱਖੀ ਯੋਜਨਾਵਾਂ ਦੀ ਰੂਪ-ਰੇਖਾ ਤਿਆਰ ਕੀਤੀ ਜਾਵੇਗੀ ਅਤੇ ਸਿੱਖ ਮਿਸ਼ਨ ਦੀ ਸਥਾਪਨਾ ਦੇ ਕਾਰਜ ਨੂੰ ਪੂਰਾ ਕੀਤਾ ਜਾਵੇਗਾ।

ਉਨ੍ਹਾਂ ਸਪਸ਼ਟ ਕੀਤਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਸਥਾਨਕ ਸਿੱਖ ਸੰਗਤਾਂ ਦੇ ਸਹਿਯੋਗ ਨਾਲ ਧਰਮ ਪ੍ਰਚਾਰ ਦੇ ਕਾਰਜਾਂ ਸਬੰਧੀ ਯੋਜਨਾਵਾਂ ਨੂੰ ਆਪਸੀ ਸਲਾਹ-ਮਸ਼ਵਰੇ ਨਾਲ ਅੱਗੇ ਵਧਾਇਆ ਜਾਵੇਗਾ।

ਇਸ ਦੇ ਨਾਲ ਹੀ ਉਨ੍ਹਾਂ ਸੰਗਤਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਜਾਣ ਵਾਲੇ ਕਾਰਜਾਂ ਵਿੱਚ ਸਹਿਯੋਗੀ ਬਣਨ ਦੀ ਅਪੀਲ ਵੀ ਕੀਤੀ।

# ਪੁਲਿਸ ਵੱਲੋਂ ਗ੍ਰਨੇਡ ਸਮੇਤ ਦੋ ਵਿਅਕਤੀ ਗ੍ਰਿਫ਼ਤਾਰ



**ਅੰਮ੍ਰਿਤਸਰ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਅੰਮ੍ਰਿਤਸਰ ਦਿਹਾਤੀ ਪੁਲੀਸ ਨੇ ਕੇਂਦਰੀ ਏਜੰਸੀਆਂ ਨਾਲ ਇੱਕ ਸਾਂਝੇ ਅਪਰੇਸ਼ਨ ਦੌਰਾਨ ਅੱਜ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ, ਜੋ ਕਥਿਤ ਤੌਰ 'ਤੇ ਵਿਦੇਸ਼ ਸਥਿਤ ਹੈਂਡਲਰਾਂ ਨਾਲ ਜੁੜੇ ਹੋਏ ਹਨ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਦੋ ਹੱਥਗੋਲੇ (ਹੈਂਡ ਗ੍ਰਨੇਡ) ਬਰਾਮਦ ਕੀਤੇ ਹਨ। ਡਾਇਰੈਕਟਰ ਜਨਰਲ ਆਫ਼ ਪੁਲੀਸ (47♦) ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਿਆ ਹੈ ਕਿ ਮੁਲਜ਼ਮ ਵਿਦੇਸ਼ਾਂ ਵਿੱਚ ਬੈਠੇ ਹੈਂਡਲਰਾਂ ਦੇ ਸਿੱਧੇ ਸੰਪਰਕ ਵਿੱਚ ਸਨ ਅਤੇ ਉਨ੍ਹਾਂ ਦੇ ਨਿਰਦੇਸ਼ਾਂ 'ਤੇ ਕੰਮ ਕਰ ਰਹੇ ਸਨ। ਹੱਥਗੋਲਿਆਂ ਦੀ ਬਰਾਮਦਗੀ ਨੇ ਪੰਜਾਬ ਵਿੱਚ ਅਮਨ-ਕਾਨੂੰਨ ਅਤੇ ਜਨਤਕ ਵਿਵਸਥਾ ਨੂੰ ਭੰਗ ਕਰਨ ਦੇ ਉਦੇਸ਼ ਨਾਲ ਰਚੀ ਗਈ ਕਿਸੇ ਵੱਡੀ ਸਾਜ਼ਿਸ਼ ਬਾਰੇ ਚਿੰਤਾਵਾਂ ਵਧਾ ਦਿੱਤੀਆਂ ਹਨ।

ਪੁਲੀਸ ਅਧਿਕਾਰੀਆਂ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀ ਸਰਹੱਦ ਪਾਰ ਦੇ ਅਨਸਰਾਂ ਵੱਲੋਂ ਚਲਾਏ ਜਾ ਰਹੇ ਇੱਕ ਨੈੱਟਵਰਕ ਦਾ ਹਿੱਸਾ ਸਨ, ਜੋ ਇਸ ਖੇਤਰ ਨੂੰ ਅਸਥਿਰ ਕਰਨਾ ਚਾਹੁੰਦੇ ਹਨ। ਸੁਰੱਖਿਆ ਏਜੰਸੀਆਂ ਹੁਣ ਇਸ ਸਾਜ਼ਿਸ਼ ਦੇ ਪੂਰੇ ਪਸਾਰ ਦਾ ਪਰਦਾਫਾਸ਼ ਕਰਨ ਅਤੇ ਇਸ ਨੈੱਟਵਰਕ ਨਾਲ ਜੁੜੇ ਹੋਰਨਾਂ ਵਿਅਕਤੀਆਂ ਦੀ ਪਛਾਣ ਕਰਨ ਲਈ ਕੰਮ ਕਰ ਰਹੀਆਂ ਹਨ।

ਇਸ ਸਬੰਧੀ ਘਰਿੰਡਾ ਪੁਲੀਸ ਥਾਣੇ ਵਿੱਚ ਕਾਨੂੰਨ ਦੀਆਂ ਸਬੰਧਤ ਧਾਰਾਵਾਂ ਤਹਿਤ ਇੱਕ ਐਫ.ਆਈ.ਆਰ. ਦਰਜ ਕੀਤੀ ਗਈ ਹੈ। ਮੁਲਜ਼ਮਾਂ ਦੇ ਅਗਲੇ-ਪਿਛਲੇ ਸਬੰਧਾਂ (ਲਿੰਕੇਜ) ਨੂੰ ਸਥਾਪਿਤ ਕਰਨ ਅਤੇ ਬਰਾਮਦ ਕੀਤੇ ਗਏ ਵਿਸਫੋਟਕਾਂ ਦੇ ਸਰੋਤ ਤੇ ਮਿੱਥੇ ਗਏ ਨਿਸ਼ਾਨੇ (ਵਰਤੋਂ) ਦਾ ਪਤਾ ਲਗਾਉਣ ਲਈ ਅਗਲੇਰੀ ਜਾਂਚ ਜਾਰੀ ਹੈ। ਪੁਲੀਸ ਅਧਿਕਾਰੀਆਂ ਨੇ ਕਿਹਾ ਕਿ ਇਹ ਅਪਰੇਸ਼ਨ ਸੂਬੇ ਵਿੱਚ ਅੱਤਵਾਦੀ ਗਤੀਵਿਧੀਆਂ ਅਤੇ ਸੰਗਠਿਤ ਅਪਰਾਧਾਂ ਨੂੰ ਠੱਲ੍ਹ ਪਾਉਣ ਲਈ ਸੁਰੱਖਿਆ ਏਜੰਸੀਆਂ ਦੇ ਨਿਰੰਤਰ ਯਤਨਾਂ ਨੂੰ ਦਰਸਾਉਂਦਾ ਹੈ।

# ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ ਮੌਕੇ 541 ਸ਼ਰਧਾਲੂਆਂ ਦਾ ਜਥਾ ਜਾਵੇਗਾ ਪਾਕਿਸਤਾਨ



**ਅੰਮ੍ਰਿਤਸਰ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨਾਂ ਨੂੰ ਜਾਣ ਵਾਲੇ ਸ਼ਰਧਾਲੂ ਭਲਕੇ 12 ਜੂਨ ਨੂੰ ਸ਼੍ਰੋਮਣੀ ਕਮੇਟੀ ਦੇ ਦਫ਼ਤਰ ਤੋਂ ਸਵੇਰੇ 8:00 ਵਜੇ ਰਵਾਨਾ ਹੋਣਗੇ। ਜਿਨ੍ਹਾਂ ਸ਼ਰਧਾਲੂਆਂ ਦੇ ਵੀਜ਼ੇ ਲੱਗੇ ਹਨ, ਉਨ੍ਹਾਂ ਨੇ ਅੱਜ ਸ਼੍ਰੋਮਣੀ ਕਮੇਟੀ ਦਫਤਰ ਤੋਂ ਆਪਣੇ ਵੀਜ਼ਾ ਲੱਗੇ ਪਾਸਪੋਰਟ ਪ੍ਰਾਪਤ ਕੀਤੇ। ਸ਼੍ਰੋਮਣੀ ਕਮੇਟੀ ਵੱਲੋਂ ਜਥੇ ਦੀ ਅਗਵਾਈ ਸ਼੍ਰੋਮਣੀ ਕਮੇਟੀ ਦੇ ਮੈਂਬਰ ਭੁਪਿੰਦਰ ਸਿੰਘ ਭਲਵਾਨ ਨੂੰ ਸੌਂਪੀ ਗਈ ਹੈ, ਜਦਕਿ ਉਨ੍ਹਾਂ ਨਾਲ ਜਥੇ ਦੇ ਡਿਪਟੀ ਲੀਡਰ ਵਜੋਂ ਮੈਂਬਰ ਗੁਰਮੀਤ ਸਿੰਘ ਬੂਹ ਜਾਣਗੇ।

ਅੱਜ ਸ਼ਰਧਾਲੂਆਂ ਨੂੰ ਵੀਜ਼ਾ ਲੱਗੇ ਪਾਸਪੋਰਟ ਵੰਡਣ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਗੁਰਿੰਦਰ ਸਿੰਘ ਮਥਰੇਵਾਲ ਨੇ ਕਿਹਾ ਕਿ ਪਾਕਿਸਤਾਨ 'ਚ ਰਹਿ ਗਏ ਸਿੱਖ ਗੁਰਧਾਮਾਂ ਦੇ ਦਰਸ਼ਨਾਂ ਦੀ ਹਰ ਸਿੱਖ ਦੇ ਮਨ ਅੰਦਰ ਤਾਂਘ ਹੁੰਦੀ ਹੈ ਅਤੇ ਜਥੇ ਵਿਚ ਜਾ ਰਹੇ ਸ਼ਰਧਾਲੂਆਂ ਅੰਦਰ ਉਤਸ਼ਾਹ ਤੇ ਖ਼ੁਸ਼ੀ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਜਥੇ ਲਈ ਹਰ ਤਰ੍ਹਾਂ ਦੇ ਲੋੜੀਂਦੇ ਪ੍ਰਬੰਧ ਕਰ ਲਏ ਗਏ ਹਨ । 12 ਜੂਨ ਨੂੰ ਸਵੇਰੇ ਸੰਗਤ ਨੂੰ ਪੰਥਕ ਰਵਾਇਤਾਂ ਅਨੁਸਾਰ ਸ਼੍ਰੋਮਣੀ ਕਮੇਟੀ ਦਫ਼ਤਰ ਤੋਂ ਰਵਾਨਾ ਕੀਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਇਸ ਵਾਰ 561 ਸ਼ਰਧਾਲੂਆਂ ਦੇ ਪਾਸਪੋਰਟ ਵੀਜ਼ੇ ਲਈ ਭੇਜੇ ਗਏ ਸਨ, ਜਿਨ੍ਹਾਂ ਵਿੱਚੋਂ 541 ਸ਼ਰਧਾਲੂਆਂ ਨੂੰ ਦਿੱਲੀ ਸਥਿਤ ਪਾਕਿਸਤਾਨ ਦੂਤਾਵਾਸ ਨੇ ਵੀਜ਼ੇ ਜਾਰੀ ਕੀਤੇ ਹਨ। ਉਨ੍ਹਾਂ ਕਿਹਾ ਕਿ ਜਿਹੜੇ ਸ਼ਰਧਾਲੂ ਅੱਜ ਪਾਸਪੋਰਟ ਲੈਣ ਨਹੀਂ ਪੁੱਜ ਸਕੇ, ਉਹ ਜਥੇ ਦੀ ਰਵਾਨਗੀ ਤੋਂ ਪਹਿਲਾਂ ਆਪਣੇ ਪਾਸਪੋਰਟ ਪ੍ਰਾਪਤ ਕਰਨਗੇ।

ਇਸ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ 14 ਸਾਲ ਦੇ ਲੰਮੇ ਸਮੇਂ ਤੋਂ ਬਾਅਦ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਪਾਕਿਸਤਾਨ ਗੁਰਧਾਮਾਂ ਦੇ ਦਰਸ਼ਨਾਂ ਲਈ ਭਲਕੇ 12 ਜੂਨ ਨੂੰ ਜਾਣ ਵਾਲੇ ਜਥੇ ਦਾ ਸਵਾਗਤ ਕਰਦਿਆਂ ਭਾਰਤ ਅਤੇ ਪਾਕਿਸਤਾਨ ਸਰਕਾਰਾਂ ਦਾ ਧੰਨਵਾਦ ਕੀਤਾ ਹੈ।

ਉਨ੍ਹਾਂ ਕਿਹਾ ਕਿ ਦੋਵੇਂ ਦੇਸ਼ਾਂ ਵਿਚਕਾਰ 1974 ਦੀ ਸਹਿਮਤੀ ਮੁਤਾਬਕ ਹਰ ਸਾਲ ਚਾਰ ਸਿੱਖ ਜਥੇ ਪਾਕਿਸਤਾਨ ਗੁਰਧਾਮਾਂ ਦੇ ਦਰਸ਼ਨਾਂ ਲਈ ਜਾਂਦੇ ਹਨ, ਪਰੰਤੂ ਪੰਚਮ ਪਾਤਸ਼ਾਹ ਦੀ ਸ਼ਹੀਦੀ ਮੌਕੇ ਆਖਰੀ ਜਥਾ ਜੂਨ 2013 ਵਿੱਚ ਗਿਆ ਸੀ।

ਜਥੇਦਾਰ ਨੇ ਕਿਹਾ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਲਾਹੌਰ ਵਿਖੇ ਹੋਈ ਹੈ, ਇਸ ਲਈ ਇਹ ਅਤਿ ਜ਼ਰੂਰੀ ਹੈ ਕਿ ਹਰ ਸਾਲ ਸਮੁੱਚਾ ਖ਼ਾਲਸਾ ਪੰਥ ਗੁਰੂ ਸਾਹਿਬ ਦੇ ਸ਼ਹੀਦੀ ਦਿਹਾੜੇ ਮੌਕੇ ਉੱਥੇ ਇਕੱਤਰ ਹੋਵੇ ਅਤੇ ਗੁਰਮਤਿ ਸਮਾਗਮ ਰਾਹੀਂ ਸ਼ਰਧਾ ਸਤਿਕਾਰ ਭੇਟ ਕਰੇ।

ਜਥੇਦਾਰ ਨੇ ਕਿਹਾ ਕਿ ਪਿਛਲੇ ਸਾਲ ਜਦੋਂ ਉਹ ਨਵੰਬਰ 2025 ਵਿੱਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ ਗੁਰਧਾਮਾਂ ਦੇ ਦਰਸ਼ਨਾਂ ਲਈ ਪਾਕਿਸਤਾਨ ਗਏ ਸਨ ਤਾਂ ਉਨ੍ਹਾਂ ਨੇ ਗੁਰਦੁਆਰਾ ਡੇਹਰਾ ਸਾਹਿਬ ਵਿਖੇ ਗੁਰੂ ਸਾਹਿਬ ਦੇ ਸਨਮੁਖ ਅਰਦਾਸ ਕੀਤੀ ਸੀ।

ਉਸ ਮੌਕੇ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਤੇ ਨੁਮਾਇੰਦਿਆਂ ਨਾਲ ਵੀ ਇਸ ਮਾਮਲੇ ਉੱਤੇ ਗੰਭੀਰ ਵਿਚਾਰ ਚਰਚਾ ਕੀਤੀ ਗਈ ਸੀ, ਜਿਨ੍ਹਾਂ ਨੇ ਇਸ ਜਥੇ ਸਬੰਧੀ ਹਾਂ ਪੱਖੀ ਹੁੰਗਾਰਾ ਭਰਿਆ। ਉਨ੍ਹਾਂ ਕਿਹਾ ਕਿ ਭਾਰਤ ਅਤੇ ਪਾਕਿਸਤਾਨ ਸਰਕਾਰਾਂ ਨੂੰ ਚਾਹੀਦਾ ਹੈ ਕਿ ਹੁਣ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਲਾਂਘਾ ਵੀ ਖੋਲਿਆ ਜਾਵੇ।

ਉਨ੍ਹਾਂ ਦੋਵੇਂ ਦੇਸ਼ਾਂ ਦੀਆਂ ਸਰਕਾਰਾਂ ਨੂੰ ਆਖਿਆ ਕਿ ਸਿੱਖ ਭਾਵਨਾਵਾਂ ਦੀ ਕਦਰ ਕਰਦਿਆਂ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਵੀ ਜਲਦ ਖੋਲ੍ਹਿਆ ਜਾਵੇ ਤਾਂ ਜੋ ਸੰਗਤ ਗੁਰੂ ਘਰ ਵਿਖੇ ਨਤਮਸਤਕ ਹੋ ਸਕੇ।

# ਮੁੰਡੀਆਂ ਨੇ ਵਿਕਾਸ ਕਾਰਜਾਂ ਦੀ ਸਮੀਖਿਆ ਕੀਤੀ



**ਲੁਧਿਆਣਾ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਲੁਧਿਆਣਾ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਮੀਟਿੰਗ ਕੀਤੀ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਵਸਨੀਕਾਂ ਦੇ ਹਿੱਤ ਲਈ ਪ੍ਰਾਜੈਕਟਾਂ ਨੂੰ ਸਮੇਂ ਸਿਰ ਪੂਰਾ ਕਰਨਾ ਯਕੀਨੀ ਬਣਾਉਣ ਲਈ ਵਿਕਾਸ ਕਾਰਜਾਂ ਦੀ ਗਤੀ ਨੂੰ ਤੇਜ਼ ਕਰਨ। ਸਮੀਖਿਆ ਮੀਟਿੰਗ 'ਚ ਮੰਤਰੀ ਸ੍ਰੀ ਮੁੰਡੀਆਂ ਦੇ ਨਾਲ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ, ਗਲਾਡਾ ਦੇ ਮੁੱਖ ਪ੍ਰਸ਼ਾਸਕ ਓਜਸਵੀ ਅਲੰਕਾਰ, ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਡਾ. ਨਰਿੰਦਰ ਸਿੰਘ ਧਾਲੀਵਾਲ, ਉਪ ਮੰਡਲ ਮੈਜਿਸਟਰੇਟ (ਲੁਧਿਆਣਾ ਪੂਰਬੀ) ਜਸਲੀਨ ਕੌਰ ਭੁੱਲਰ ਅਤੇ ਵੱਖ-ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਮੌਜੂਦ ਸਨ।

ਕੈਬਨਿਟ ਮੰਤਰੀ ਨੇ ਸਤਲੁਜ ਦਰਿਆ ਨੇੜੇ ਸਥਿਤ ਪਿੰਡਾਂ ਵਿੱਚ ਹੜ੍ਹ ਸੁਰੱਖਿਆ ਕਾਰਜਾਂ ਦੀ ਪ੍ਰਗਤੀ ਦਾ ਵੀ ਜਾਇਜ਼ਾ ਲਿਆ। ਉਨ੍ਹਾਂ ਸਬੰਧਤ ਵਿਭਾਗਾਂ ਨੂੰ ਨਿਰਦੇਸ਼ ਦਿੱਤੇ ਕਿ ਉਹ ਬੰਨ੍ਹਾਂ ਦੀ ਮਜ਼ਬੂਤੀ ਅਤੇ ਸੁਰੱਖਿਆ ਉਪਾਵਾਂ ਨੂੰ ਖਾਸ ਕਰਕੇ ਆਉਣ ਵਾਲੇ ਮੌਨਸੂਨ ਸੀਜ਼ਨ ਨੂੰ ਧਿਆਨ ਵਿੱਚ ਰੱਖਦਿਆਂ ਬਿਨਾਂ ਕਿਸੇ ਦੇਰੀ ਦੇ ਪੂਰਾ ਕਰਨ।

ਸ੍ਰੀ ਮੁੰਡੀਆਂ ਨੇ ਕਿਹਾ ਕਿ ਸਾਰੇ ਵਿਭਾਗਾਂ ਨੂੰ ਇਹ ਯਕੀਨੀ ਬਣਾਉਣ ਲਈ ਤਾਲਮੇਲ ਨਾਲ ਕੰਮ ਕਰਨਾ ਚਾਹੀਦਾ ਹੈ ਕਿ ਵਿਕਾਸ ਕਾਰਜ ਨਿਰਧਾਰਤ ਸਮਾਂ-ਸੀਮਾ ਦੇ ਅੰਦਰ ਪੂਰੇ ਹੋਣ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਪ੍ਰਾਜੈਕਟਾਂ ਵਿੱਚ ਦੇਰੀ ਸਿੱਧੇ ਤੌਰ 'ਤੇ ਨਾਗਰਿਕਾਂ ਨੂੰ ਪ੍ਰਭਾਵਿਤ ਕਰਦੀ ਹੈ। ਉਨ੍ਹਾਂ ਸਾਰੇ ਅਧਿਕਾਰੀਆਂ ਨੂੰ ਵਿਕਾਸ ਕਾਰਜਾਂ ਵਿੱਚ ਗਤੀ ਬਣਾਈ ਰੱਖਣ ਅਤੇ ਪ੍ਰਾਜੈਕਟਾਂ ਨੂੰ ਸਮਾਂਬੱਧ ਢੰਗ ਨਾਲ ਪੂਰਾ ਕਰਨ ਦੇ ਆਦੇਸ਼ ਵੀ ਦਿੱਤੇ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਗੁਣਵੱਤਾ ਵਾਲਾ ਬੁਨਿਆਦੀ ਢਾਂਚਾ ਪ੍ਰਦਾਨ ਕਰਨ ਲਈ ਪਾਰਦਰਸ਼ੀ ਨਿਗਰਾਨੀ ਅਤੇ ਅੰਤਰ-ਵਿਭਾਗੀ ਤਾਲਮੇਲ ਜ਼ਰੂਰੀ ਹੈ।

# ਪੀ ਏ ਯੂ ਅਤੇ ਮੌਸਮ ਵਿਗਿਆਨ ਵਿਭਾਗ ਵਿਚਾਲੇ ਸਮਝੌਤਾ ਸਹੀਬੱਧ



**ਲੁਧਿਆਣਾ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੀ ਏ ਯੂ ਅਤੇ ਭਾਰਤੀ ਮੌਸਮ ਵਿਗਿਆਨ ਵਿਭਾਗ ਵਿਚਕਾਰ ਅੱਜ ਸਮਝੌਤਾ ਸਹੀਬੱਧ ਹੋਇਆ ਹੈ। ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ ਦੀ ਪ੍ਰਧਾਨਗੀ ਹੇਠ ਹੋਈ ਇਕੱਤਰਤਾ ਵਿੱਚ ਨਿਰਦੇਸ਼ਕ ਪਸਾਰ ਸਿੱਖਿਆ ਡਾ. ਮੱਖਣ ਸਿੰਘ ਭੁੱਲਰ ਅਤੇ ਭਾਰਤੀ ਮੌਸਮ ਵਿਗਿਆਨ ਵਿਭਾਗ ਚੰਡੀਗੜ੍ਹ ਦੇ ਨਿਰਦੇਸ਼ਕ ਡਾ. ਸੁਰਿੰਦਰ ਪੌਲ ਨੇ ਸਮਝੌਤੇ ਉੱਪਰ ਦਸਤਖ਼ਤ ਕੀਤੇ। ਇਸ ਮੌਕੇ ਰਜਿਸਟਰਾਰ ਡਾ. ਰਿਸ਼ੀਪਾਲ ਸਿੰਘ ਅਤੇ ਨਿਰਦੇਸ਼ਕ ਖੋਜ ਡਾ. ਅਜਮੇਰ ਸਿੰਘ ਢੱਟ ਮੌਜੂਦ ਸਨ।

ਡਾ. ਗੋਸਲ ਨੇ ਅੰਮ੍ਰਿਤਸਰ ਵਿੱਚ ਡੌਪਲਰ ਮੌਸਮ ਰਾਡਾਰ ਸਥਾਪਤ ਕਰਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਨਾਲ ਮੌਸਮ ਸਬੰਧੀ ਅਗਾਊਂ ਸੂਚਨਾ ਪ੍ਰਣਾਲੀ ਵਿਕਸਿਤ ਹੋਵੇਗੀ। ਉੱਤਰ ਪੱਛਮ ਭਾਰਤ ਵਿੱਚ ਸਟੀਕ ਮੌਸਮੀ ਭਵਿੱਖਬਾਣੀ ਸਬੰਧੀ ਅੰਕੜੇ ਇਕੱਤਰ ਕਰ ਕੇ ਉਨ੍ਹਾਂ ਨੂੰ ਜ਼ਮੀਨੀ ਪੱਧਰ ਦੀਆਂ ਸਥਿਤੀਆਂ ਨਾਲ ਮੇਲ ਕੇ ਰਾਜ ਵਿੱਚ ਮੌਸਮ ਵਿਗਿਆਨ ਦੇ ਨੈੱਟਵਰਕ ਦਾ ਵਿਸਥਾਰ ਸੰਭਵ ਹੋ ਸਕੇਗਾ। ਉਨ੍ਹਾਂ ਕਿਹਾ ਕਿ ਫਸਲਾਂ ਦੇ ਬਿਹਤਰ ਉਤਪਾਦਨ ਅਤੇ ਵੱਧ ਝਾੜ ਲਈ ਮੌਸਮ ਸਬੰਧੀ ਸਹੀ ਜਾਣਕਾਰੀ ਅੱਜ ਦੇ ਸਮੇਂ ਦੀ ਪ੍ਰਮੁੱਖ ਜ਼ਰੂਰਤ ਹੈ।

ਭਾਰਤੀ ਮੌਸਮ ਵਿਗਿਆਨ ਵਿਭਾਗ, ਚੰਡੀਗੜ੍ਹ ਦੇ ਨਿਰਦੇਸ਼ਕ ਡਾ. ਸੁਰਿੰਦਰ ਪੌਲ ਨੇ ਕਿਹਾ ਕਿ ਇਹ ਰਾਡਾਰ ਮਿਸ਼ਨ ਮੌਸਮ ਸਕੀਮ ਤਹਿਤ ਭਾਰਤ ਸਰਕਾਰ ਦੀ ਯੋਜਨਾਬੰਦੀ ਦਾ ਹਿੱਸਾ ਹੈ। ਸੀ ਬੈਂਡ ਡੌਪਲਰ ਮੌਸਮੀ ਰਾਡਾਰ ਕ੍ਰਿਸ਼ੀ ਵਿਗਿਆਨ ਕੇਂਦਰ ਨਾਗਕਲਾਂ, ਅੰਮ੍ਰਿਤਸਰ ਵਿਚ ਸਥਾਪਿਤ ਕੀਤਾ ਜਾ ਰਿਹਾ ਹੈ। ਇਹ ਡੌਪਲਰ ਰਾਡਾਰ 250-300 ਕਿਲੋਮੀਟਰ ਦੇ ਘੇਰੇ ਵਿਚ ਮੌਸਮ ਦੀ ਸਹੀ ਜਾਣਕਾਰੀ ਮੁਹੱਈਆ ਕਰਾਉਣ ਦਾ ਕੰਮ ਕਰੇਗਾ।

ਡਾ. ਭੁੱਲਰ ਨੇ ਕਿਹਾ ਕਿ ਸੱਤ ਕ੍ਰਿਸ਼ੀ ਵਿਗਿਆਨ ਕੇਂਦਰਾਂ- ਅੰਮ੍ਰਿਤਸਰ, ਪਠਾਨਕੋਟ, ਸ੍ਰੀ ਫ਼ਤਹਿਗੜ੍ਹ ਸਾਹਿਬ, ਹੁਸ਼ਿਆਰਪੁਰ, ਸੰਗਰੂਰ, ਮਾਨਸਾ ਅਤੇ ਮੁਕਤਸਰ ਅਤੇ ਦੋ ਖੋਜ ਕੇਂਦਰਾਂ ਅਬੋਹਰ ਅਤੇ ਕਪੂਰਥਲਾ 'ਚ ਜ਼ਮੀਨੀ ਪੱਧਰ ਦੀ ਮੌਸਮੀ ਜਾਣਕਾਰੀ ਦੇਣ ਲਈ ਪ੍ਰਾਜੈਕਟ- 2 ਤਹਿਤ 9 ਯੰਤਰ ਸਥਾਪਿਤ ਕੀਤੇ ਗਏ ਹਨ। ਇਨ੍ਹਾਂ ਯੰਤਰਾਂ ਦੀ ਸਹਾਇਤਾ ਨਾਲ ਨਾ ਸਿਰਫ਼ ਪੰਜਾਬ ਵਿੱਚ ਮੌਸਮ ਸੰਬੰਧੀ ਜਾਣਕਾਰੀ ਮਜ਼ਬੂਤ ਹੋਵੇਗੀ ਬਲਕਿ ਮੌਸਮ ਬਾਰੇ ਚੇਤਾਵਨੀ ਵੀ ਪਹਿਲਾਂ ਹੀ ਦਿੱਤੀ ਜਾ ਸਕੇਗੀ। ਪੀ ਏ ਯੂ ਦੇ ਖੇਤੀ ਮੌਸਮ ਵਿਗਿਆਨ ਵਿਭਾਗ ਦੇ ਮੁਖੀ ਡਾ. ਪਵਨੀਤ ਕੌਰ ਕਿੰਗਰਾ ਅਤੇ ਡਾ. ਪ੍ਰਭਜਯੋਤ ਕੌਰ ਨੇ ਸਾਰਿਆਂ ਦਾ ਧੰਨਵਾਦ ਕੀਤਾ। ਸਮਾਗਮ ਦਾ ਸੰਚਾਲਨ ਡਾ. ਵਿਸ਼ਾਲ ਬੈਕਟਰ ਨੇ ਕੀਤਾ।

# ਪੈਨਸ਼ਨਰਾਂ ਨੇ ਡੀ ਸੀ ਦਫ਼ਤਰ ਤੱਕ ਮਾਰਚ ਕੀਤਾ

**ਲੁਧਿਆਣਾ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੈਨਸ਼ਨਰ ਇਨਫਰਮੇਸ਼ਨ ਸੈਂਟਰ ਮੈਨੇਜਮੈਂਟ ਕਮੇਟੀ ਲੁਧਿਆਣਾ ਵੱਲੋਂ ਚੇਅਰਮੈਨ ਸੁਸ਼ੀਲ ਕੁਮਾਰ ਦੀ ਪ੍ਰਧਾਨਗੀ ਹੇਠ ਡਿਪਟੀ ਕਮਿਸ਼ਨਰ ਦੇ ਦਫ਼ਤਰ ਤੱਕ ਰੋਸ ਮਾਰਚ ਕੀਤਾ ਗਿਆ। ਇਹ ਮੌਕੇ ਪਟਿਆਲਾ ਵਿੱਚ ਅਪਰੈਂਟਿਸ ਸਿਖਿਆਰਥੀਆਂ 'ਤੇ ਪੰਜਾਬ ਪੁਲੀਸ ਪਟਿਆਲਾ ਵੱਲੋਂ ਕੀਤੇ ਗਏ ਤਸ਼ੱਦਦ ਵਿਰੁੱਧ ਕੀਤਾ ਗਿਆ। ਅੱਜ ਦੇ ਇਕੱਠ ਨੇ ਪੈਨਸ਼ਨਰਾਂ ਦੀਆਂ ਮੰਗਾਂ ਦੇ ਸਬੰਧ ਵਿੱਚ ਪੰਜਾਬ ਸਰਕਾਰ ਵੱਲੋਂ ਹਾਈ ਕੋਰਟ ਵਿੱਚ ਪੇਸ਼ ਕੀਤੀ ਗਈ ਲਿਫ਼ਾਫ਼ਾ ਬੰਦ ਰਿਪੋਰਟ ਦੀਆਂ ਕਾਪੀਆਂ ਸਾੜ ਕੇ ਆਪਣਾ ਰੋਸ ਦਰਜ ਕਰਵਾਇਆ ਗਿਆ। ਪੈਨਸ਼ਨਰ ਭਵਨ ਦੇ ਜਨਰਲ ਸਕੱਤਰ ਗੁਰਚਰਨ ਸਿੰਘ ਦੂੱਗਾ ਨੇ ਕਿਹਾ ਕਿ ਮੁਲਾਜ਼ਮਾਂ/ਪੈਨਸ਼ਨਰਾਂ ਦਾ ਡੀ ਏ 42 ਫ਼ੀਸਦੀ ਤੋਂ ਵਧਾ ਕੇ 60 ਫ਼ੀਸਦੀ ਕੀਤਾ ਜਾਵੇ, ਪੈਨਸ਼ਨਰਾਂ ਦੀ ਪੈਨਸ਼ਨ 2.59 ਦੇ ਗੁਣਾਂਕ ਨਾਲ ਫਿਕਸ ਕੀਤੀ ਜਾਵੇ ਅਤੇ ਪੇਅ ਕਮਿਸ਼ਨ ਦੇ ਬਕਾਏ ਦਾ ਯਕਮੁਸ਼ਤ ਭੁਗਤਾਨ ਕੀਤਾ ਜਾਵੇ। ਮੁਜ਼ਾਹਰੇ ਵਿੱਚ ਮੇਜਰ ਸਿੰਘ ਨੱਤ, ਗੁਰਦਿਆਲ ਸਿੰਘ, ਵੀ ਸੀ ਪੁਰੀ, ਪਵਿੱਤਰ ਸਿੰਘ, ਜਸਵੀਰ ਸਿੰਘ ਵਾਲੀਆ, ਵਿਜੈ ਮਰਜਾਰਾ, ਰਾਜਿੰਦਰ ਸਿੰਘ ਲਲਤੋਂ, ਨਰਿੰਦਰ ਸੂਦ, ਨਰਿੰਦਰ ਸ਼ਰਮਾ, ਸ਼ਾਮ ਸੁੰਦਰ ਸ਼ਰਮਾ, ਦਰਸ਼ਨ ਸਿੰਘ ਓਟਾਲਾ, ਨਿਰਮਲ ਸਿੰਘ ਲਲਤੋਂ, ਦੀਪਇੰਦਰ ਸਿੰਘ, ਜੇ ਐੱਸ ਕੰਗ, ਹਰਬੰਤ ਸਿੰਘ ਮਾਂਗਟ ਅਤੇ ਅਨੋਖ ਸਿੰਘ ਹਾਜ਼ਰ ਸਨ। ਇਸ ਮੌਕੇ ਪੈਨਸ਼ਨਰਾਂ ਨੇ ਮੰਗਾਂ ਜਲਦੀ ਤੋਂ ਜਲਦੀ ਪੂਰੀਆਂ ਕਰਨ ਦੀ ਮੰਗ ਕੀਤੀ।

# ਅਤਿ ਦੀ ਗਰਮੀ: ਪੰਜਾਬ ਵਿੱਚ ਬਿਜਲੀ ਦੀ ਮੰਗ 15 ਹਜ਼ਾਰ ਮੈਗਾਵਾਟ ਤੋਂ ਟੱਪੀ

**ਚੰਡੀਗੜ੍ਹ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿੱਚ ਵਿੱਚ ਗਰਮੀ ਜ਼ੋਰ 'ਤੇ ਹੈ। ਗਰਮੀ ਕਰਕੇ ਸੂਬੇ ਵਿੱਚ ਤਾਪਮਾਨ 45 ਡਿਗਰੀ ਸੈਲਸੀਅਸ ਤੋਂ ਪਾਰ ਹੋ ਗਿਆ ਹੈ। ਬਿਜਲੀ ਦੀ ਮੰਗ ਵੀ ਵੱਧਣੀ ਸ਼ੁਰੂ ਹੋ ਗਈ ਹੈ। ਅੱਜ ਪੰਜਾਬ ਵਿੱਚ ਦੁਪਹਿਰ ਸਮੇਂ ਬਿਜਲੀ ਦੀ ਮੰਗ 15,400 ਮੈਗਾਵਾਟ ਤੋਂ ਟੱਪ ਗਈ ਹੈ, ਜੋ ਕਿ ਲੰਘੇ ਦਿਨ ਨਾਲੋਂ 1200 ਮੈਗਾਵਾਟ ਵੱਧ ਦਰਜ ਕੀਤੀ ਗਈ ਹੈ। ਲੰਘੇ ਦਿਨ ਪੰਜਾਬ ਵਿੱਚ ਬਿਜਲੀ ਦੀ ਮੰਗ 14,200 ਮੈਗਾਵਾਟ ਦਰਜ ਕੀਤੀ ਗਈ ਸੀ। ਹਾਲਾਂਕਿ ਪੰਜਾਬ ਵਿੱਚ ਹਾਲੇ ਝੋਨੇ ਦੀ ਲੁਆਈ ਦਾ ਕੰਮ ਅੱਧ ਵਿਚਾਲੇ ਹੋਣ ਕਰਕੇ ਖੇਤੀ ਖੇਤਰ ਵੱਲੋਂ ਬਹੁਤਾ ਲੋਡ ਨਹੀਂ ਪਾਇਆ ਜਾ ਰਿਹਾ।

ਪੰਜਾਬ ਵਿੱਚ ਅੱਜ ਤੋਂ ਝੋਨੇ ਦੀ ਤੀਜੇ ਗੇੜ ਦੀ ਲੁਆਈ ਦਾ ਕੰਮ ਸ਼ੁਰੂ ਹੋਇਆ ਹੈ, ਜਦੋਂ ਸਾਰੇ ਕਿਸਾਨਾਂ ਵੱਲੋਂ ਝੋਨੇ ਦੀ ਲੁਆਈ ਦਾ ਕੰਮ ਮੁਕੰਮਲ ਕਰ ਲਿਆ ਜਾਵੇਗਾ ਤਾਂ ਬਿਜਲੀ ਦੀ ਮੰਗ ਹੋਰ ਵਧੇਗੀ ਕਿਉਂਕਿ ਉਸ ਸਮੇਂ ਪੰਜਾਬ ਵਿੱਚ ਖੇਤੀ ਮੋਟਰਾਂ ਵੀ ਚੱਲ ਪੈਣਗੀਆਂ।

ਪੰਜਾਬ ਵਿੱਚ ਸਥਿਤ ਸਰਕਾਰੀ ਖੇਤਰ ਦੇ ਤਿੰਨ ਅਤੇ ਨਿੱਜੀ ਖੇਤਰ ਦੇ ਦੋ ਥਰਮਲ ਪਲਾਂਟਾਂ ਦੇ ਕੁੱਲ 15 ਯੂਨਿਟਾਂ ਵਿੱਚੋਂ 14 ਯੂਨਿਟ ਕਾਰਜਸ਼ੀਲ ਹਨ। ਇਸ ਦੌਰਾਨ ਰੋਪੜ ਥਰਮਲ ਪਲਾਂਟ ਦੇ ਚਾਰ ਵਿੱਚੋਂ ਤਿੰਨ ਯੂਨਿਟ ਚੱਲ ਰਹੇ ਹਨ। ਲਹਿਰਾ ਮੁਹੱਬਤ ਥਰਮਲ ਪਲਾਂਟ ਦੇ ਚਾਰੋ ਯੂਨਿਟ ਕਾਰਜਸ਼ੀਲ ਹਨ ਅਤੇ ਗੋਇੰਦਵਾਲ ਥਰਮਲ ਪਲਾਂਟ ਦੇ ਦੋਵੇਂ ਯੂਨਿਟ ਚੱਲ ਰਹੇ ਹਨ। ਇਸੇ ਤਰ੍ਹਾਂ ਨਿੱਜੀ ਖੇਤਰ ਦੇ ਥਰਮਲ ਪਲਾਂਟਾ ਵਿੱਚੋਂ ਰਾਜਪੁਰਾ ਥਰਮਲ ਪਲਾਂਟ ਦੇ ਦੋਵੇਂ ਯੂਨਿਟ ਅਤੇ ਤਲਵੰਡੀ ਸਾਬੋ ਥਰਮਲ ਪਲਾਂਟ ਦੇ ਤਿੰਨੋਂ ਯੂਨਿਟ ਚੱਲ ਰਹੇ ਹਨ।

ਪੰਜਾਬ ਵਿੱਚ ਅੱਜ ਗਰਮੀ ਦਾ ਕਹਿਰ ਜਾਰੀ ਰਿਹਾ ਹੈ। ਸੂਬੇ 'ਚ ਅੱਜ ਬਠਿੰਡਾ ਸ਼ਹਿਰ ਸਭ ਤੋਂ ਗਰਮ ਰਿਹਾ ਜਿੱਥੇ ਵੱਧ ਤੋਂ ਵੱਧ ਤਾਪਮਾਨ 46.3 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਜਦੋਂ ਕਿ ਚੰਡੀਗੜ੍ਹ ਵਿੱਚ 42.1 ਡਿਗਰੀ, ਅੰਮ੍ਰਿਤਸਰ 'ਚ 43.5 ਡਿਗਰੀ, ਲੁਧਿਆਣਾ ਵਿੱਚ 43.6 ਡਿਗਰੀ, ਪਟਿਆਲਾ ਵਿੱਚ 43.8 ਡਿਗਰ, ਪਠਾਨਕੋਟ 'ਚ 42.6 ਡਿਗਰੀ, ਫਰੀਦਕੋਟ ਵਿੱਚ 44 ਡਿਗਰੀ, ਗੁਰਦਾਸਪੁਰ ਵਿੱਚ 42 ਡਿਗਰੀ, ਫਾਜ਼ਿਲਕਾ ਵਿੱਚ 42.7 ਡਿਗਰੀ, ਫਿਰੋਜ਼ਪੁਰ ਵਿੱਚ 43.4 ਡਿਗਰੀ ਸੈਲਸੀਅਸ ਤਾਪਮਾਨ ਦਰਜ ਕੀਤਾ। ਇਹ ਆਮ ਨਾਲੋਂ 3 ਤੋਂ 4 ਡਿਗਰੀ ਸੈਲਸੀਅਸ ਤੱਕ ਵੱਧ ਦਰਜ ਕੀਤਾ ਗਿਆ। ਮੌਸਮ ਵਿਭਾਗ ਤੋਂ ਮਿਲੀ ਜਾਣਕਾਰੀ ਅਨੁਸਾਰ ਪੰਜਾਬ ਵਿੱਚ ਲੋਕਾਂ ਨੂੰ 12 ਜੂਨ ਤੋਂ ਗਰਮੀ ਤੋਂ ਆਰਜ਼ੀ ਤੌਰ 'ਤੇ ਰਾਹਤ ਮਿਲ ਸਕਦੀ ਹੈ ਕਿਉਂਕਿ ਪੰਜਾਬ, ਹਰਿਆਣਾ ਸਣੇ ਉੱਤਰ ਭਾਰਤ ਦੇ ਕਈ ਸੂਬਿਆਂ ਵਿੱਚ 11, 12 ਤੇ 13 ਜੂਨ ਨੂੰ ਮੌਸਮ ਦਾ ਮਿਜ਼ਾਜ ਬਦਲੇਗੀ। ਇਸ ਦੌਰਾਨ ਕਈ ਥਾਵਾਂ 'ਤੇ 50 ਤੋਂ 60 ਕਿੱਲੋਮੀਟਰ ਪ੍ਰਤੀ ਘੰਟੇ ਦੀ ਰਫ਼ਤਾਰ ਨਾਲ ਹਵਾਵਾਂ ਚੱਲਣਗੀਆਂ ਅਤੇ ਹਲਕਾ ਤੇ ਦਰਮਿਆਨਾ ਮੀਂਹ ਪਵੇਗਾ, ਜਦੋਂ ਕਿ ਕਈ ਥਾਵਾਂ 'ਤੇ ਗੜੇ ਵੀ ਪੈ ਸਕਦੇ ਹਨ।

# ਪ੍ਰਧਾਨ ਮੰਤਰੀ ਸੁਰੱਖਿਅਤ ਮਾਤਰਤਿਵ ਅਭਿਆਨ ਦੇ 10 ਸਾਲ ਪੂਰੇ ਹੋਣ ਮੌਕੇ ਵਿਸ਼ੇਸ਼ ਕੈਂਪ ਆਯੋਜਿਤ

**ਪਟਿਆਲਾ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**



ਪ੍ਰਧਾਨ ਮੰਤਰੀ ਸੁਰੱਖਿਅਤ ਮਾਤਰਤਿਵ ਅਭਿਆਨ ਦੇ ਸਫਲਤਾਪੂਰਵਕ 10 ਸਾਲ ਪੂਰੇ ਹੋਣ ਦੇ ਤਹਿਤ ਜਿਲ੍ਹਾ ਸਿਹਤ ਵਿਭਾਗ ਵੱਲੋਂ ਜਿਲ੍ਹੇ ਅਧੀਨ ਆਉਂਦੇ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਦੂਜੀ ਅਤੇ ਤੀਜੀ ਤਿਮਾਹੀ ਵਾਲੀਆਂ ਔਰਤਾਂ ਦਾ ਡਾਕਟਰੀ ਚੈੱਕਅਪ ਕਰਨ ਲਈ ਵਿਸ਼ੇਸ਼ ਕੈਂਪ ਲਗਾਏ ਗਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਪਟਿਆਲਾ ਡਾ.ਕੁਸ਼ਲਦੀਪ ਗਿੱਲ ਨੇ ਕਿਹਾ ਕਿ ਡਾਇਰੈਕਟਰ ਸਿਹਤ ਅਤੇ ਪਰਿਵਾਰ ਭਲਾਈ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਹਰੇਕ ਮਹੀਨੇ ਦੇ 9 ਅਤੇ 23 ਤਰੀਕ ਨੂੰ ਜਿਲ੍ਹਾ ਹਸਪਤਾਲ, ਸਬ ਡਿਵੀਜਨਲ ਹਸਪਤਾਲ ਅਤੇ ਕਮਿਊਨਿਟੀ ਹੈਲਥ ਸੈਂਟਰਾਂ ਵਿੱਚ ਗਰਭਵਤੀ ਔਰਤਾਂ ਦੀ ਸਿਹਤ ਜਾਂਚ ਲਈ ਵਿਸ਼ੇਸ਼ ਕੈਂਪ ਲਗਾਏ ਜਾਂਦੇ ਹਨ। ਕੈਂਪ ਵਿੱਚ ਸਾਰੀਆਂ ਗਰਭਵਤੀ ਔਰਤਾਂ ਦਾ ਵਿਸ਼ੇਸ਼ ਐਂਟੀਨੇਟਲ ਚੈੱਕਅਪ ਕਰਕੇ ਸਾਰੀਆਂ ਲੋੜੀਦੀਆਂ ਸਿਹਤ ਸੇਵਾਵਾਂ ਮੁਫਤ ਪ੍ਰਦਾਨ ਕੀਤੀਆਂ ਜਾਂਦੀਆਂ ਹਨ। ਮਾਤਾ ਕੁਸ਼ੱਲਿਆ ਹਸਪਤਾਲ ਪਟਿਆਲਾ ਵਿਖੇ ਪੀ.ਐਮ.ਐਸ.ਐਮ.ਏ ਤਹਿਤ ਮੈਡੀਕਲ ਸੁਪਰਡੈਂਟ ਡਾ.ਵਿਕਾਸ ਗੋਇਲ ਦੀ ਅਗਵਾਈ ਹੇਠ ਕੈਂਪ ਲਗਾਇਆ ਗਿਆ। ਜਿਸ ਵਿੱਚ ਡਾ.ਵਿਕਾਸ ਗੋਇਲ ਵੱਲੋਂ ਗਰਭਵਰਤੀ ਔਰਤਾਂ ਨੂੰ ਚੈਕਅੱਪ ਦੇ ਨਾਲ ਸਿਹਤ ਸਿੱਖਿਆ ਵੀ ਦਿੱਤੀ ਗਈ ਕਿ ਉਹ ਹਰੀਆਂ ਪੱਤੇਦਾਰ ਸਬਜ਼ੀਆਂ, ਫਲ ਫਰੂਟ ਖਾਣ, ਪਨੀਰ, ਅੰਡੇ, ਦਾਲਾਂ ਆਦਿ ਦੀ ਵਰਤੋਂ ਕਰਨ ਅਤੇ ਜੱਚਾ ਬੱਚਾ ਦੀ ਤੰਦਰੁਸਤੀ ਲਈ ਵਾਧੂ ਖੁਰਾਕ ਖਾਣ, ਮੋਟੇ ਅਨਾਜ ਦੀ ਵਰਤੋ, ਮਾਂ ਦੇ ਦੁੱਧ ਦੀ ਮਹੱਤਤਾ, ਨਿੱਜੀ ਸਾਫ-ਸਫਾਈ, ਸਮੇਂ ਸਿਰ ਟੀਕਾਕਰਨ ਬਾਰੇ ਵੀ ਪ੍ਰੇਰਿਤ ਕੀਤਾ ਗਿਆ। ਉਹਨਾਂ ਵੱਲੋਂ ਸਾਰੀ ਗਰਭਵਤੀ ਔਰਤਾਂ ਨੂੰ ਡਿਲੀਵਰੀ ਸਰਕਾਰੀ ਹਸਪਤਾਲ ਵਿੱਚ ਹੀ ਕਰਾਉਣ ਬਾਰੇ ਅਪੀਲ ਕੀਤੀ। ਗਾਈਨੀ ਦੇ ਮਾਹਿਰ ਡਾ.ਦਿਵਯਾ ਨੇ ਦੱਸਿਆ ਕਿ ਅਜਿਹੇ ਕੈਂਪਾਂ ਦਾ ਮਕਸਦ ਗਰਭਵਤੀ ਔਰਤਾਂ ਦੀ ਡਾਕਟਰੀ ਜਾਂਚ ਕਰਕੇ ਖਤਰੇ ਵਾਲੇ ਜਨੇਪਿਆਂ ਜਿਵੇਂ ਬਲੱਡ ਪ੍ਰੈਸ਼ਰ ਦਾ ਵਧਣਾ, ਅਨੀਮੀਆਂ , ਸ਼ੂਗਰ ਰੋਗ ਆਦਿ ਦੀ ਭਾਲ ਕਰਕੇ ਉਹਨਾਂ ਦਾ ਸਮੇਂ ਸਿਰ ਇਲਾਜ ਕਰਨਾ ਹੈ, ਤਾਂ ਜੋ ਜੱਚਾ ਬੱਚਾ ਤੰਦਰੁਸਤ ਰਹਿਣ, ਇਹਨਾਂ ਕੈਂਪਾਂ ਵਿੱਚ ਗਰਭਵਤੀ ਔਰਤਾਂ ਦੇ ਚੈੱਕ ਅਪ ਦੇ ਨਾਲ ਨਾਲ ਬਲੱਡ ਪ੍ਰੈਸ਼ਰ, ਖੂਨ ਦੀ ਜਾਂਚ ਐਚ. ਆਈ. ਵੀ ਟੈਸਟ, ਸ਼ੂਗਰ ਤੇ ਹੋਰ ਲੱਛਣਾਂ ਦੀ ਵੀ ਜਾਂਚ ਕੀਤੀ ਜਾਂਦੀ ਹੈ। ਉਹਨਾਂ ਦੱਸਿਆ ਕਿ ਗਰਭਵਤੀ ਔਰਤਾਂ ਦਾ ਸਾਰਾ ਇਲਾਜ ਅਤੇ ਟੈਸਟ ਸਰਕਾਰੀ ਸੰਸਥਾਵਾਂ ਵਿੱਚ ਮੁਫਤ ਕੀਤਾ ਜਾਂਦਾ ਹੈ। ਉਹਨਾਂ ਵੱਲੋਂ ਗਰਭਵਤੀ ਔਰਤਾਂ ਨੂੰ ਰਿਫਰੈਸ਼ਮੈਂਟ ਦੀ ਵੰਡ ਵੀ ਕੀਤੀ ਗਈ। ਇਸ ਮੌਕੇ ਜਿਲ੍ਹਾ ਪਰਿਵਾਰ ਭਲਾਈ ਅਫਸਰ ਡਾ.ਬਲਕਾਰ ਸਿੰਘ, ਸੀਨੀਅਰ ਮੈਡੀਕਲ ਅਫਸਰ ਡਾ.ਸ਼ਬਦੀਪ ਅਤੇ ਡਾ.ਜੈਦੀਪ ਭਾਟੀਆ, ਡਾ.ਚੰਚਲ, ਮਾਸ ਮੀਡੀਆ ਵਿੰਗ ਦੀ ਸਮੂਹ ਟੀਮ, ਐਲ.ਐਚ.ਵੀ ਅਨੀਤਾ ਰਾਣੀ ਅਤੇ ਆਸ਼ਾ ਵਰਕਰ ਹਾਜਰ ਸਨ।

# ਸਪੈਸ਼ਲ ਕਾਡਰ ਅਧਿਆਪਕਾ ਨੇ ਭਾਰੀ ਇਕੱਠ ਨਾਲ ਮੁੱਖ ਮੰਤਰੀ ਦਫ਼ਤਰ ਧੂਰੀ ਪੰਜਾਬ ਵਿਖੇ ਕਰੀ ਰੈਲੀ



**ਸਮਾਣਾ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸਪੈਸ਼ਲ ਕਾਰਡਰ ਅਧਿਆਪਕ ਯੂਨੀਅਨ ਪੰਜਾਬ ਦੇ ਸਪੈਸ਼ਲ ਕਾਰਡਰ ਅਧਿਆਪਕਾਂ ਦੀ ਧੂਰੀ ਵਿਖੇ ਰੈਲੀ ਵਿੱਚ ਪੰਜਾਬ ਦੇ ਵੱਖ-ਵੱਖ ਜ਼ਿਲ੍ਹਾ ਪ੍ਰਧਾਨਾਂ ਨੇ ਸਮੁੱਚੀ ਟੀਮ ਨਾਲ ਸ਼ਮੂਲੀਅਤ ਕੀਤੀ ਅਤੇ ਭਾਰੀ ਗਿਣਤੀ ਦੇ ਵਿੱਚ ਰਾਮ ਬਾਗ ਧੂਰੀ ਵਿੱਚ ਇਕੱਠ ਕੀਤਾ, ਜਥੇਬੰਦੀ ਦੇ ਵੱਖ-ਵੱਖ ਬੁਲਾਰਿਆਂ ਨੇ ਰੈਲੀ ਨੂੰ ਸੰਬੋਧਨ ਕੀਤਾ ਜਥੇਬੰਦੀ ਦੀ ਸੂਬਾ ਪ੍ਰਧਾਨ ਹਰਪ੍ਰੀਤ ਕੌਰ ਨੇ ਰੈਲੀ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜੋ ਲੰਮੇ ਸਮੇਂ ਤੋਂ ਕਰੀਬ 4 ਸਾਲਾਂ ਤੋਂ ਅਧਿਆਪਕਾਂ ਨੂੰ ਜਿਹੜਾ ਪੱਕਾ ਕਰਨ ਦਾ ਇੱਕ ਲਿਫਾਫੇਬਾਜੀ ਕੀਤੀ ਗਈ ਹੈ ਉਹਦੇ ਵਿਰੋਧ ਦੇ ਵਿੱਚ ਬੋਲਦਿਆਂ ਦੱਸਿਆ ਕਿ ਕਿਸ ਤਰ੍ਹਾਂ ਉਹਨਾਂ ਨਾਲ ਧੋਖਾ ਕੀਤਾ ਗਿਆ ਰੈਗੂਲਰ ਕਰਨ ਦੇ ਨਾਮ ਤੇ ਉਹਨਾਂ ਦਾ ਸ਼ੋਸ਼ਣ ਕੀਤਾ ਜਾ ਰਿਹਾ ਹੈਂ ਇਸ ਤੋਂ ਇਲਾਵਾ ਸਟੇਟ ਆਗੂ ਦਵਿੰਦਰ ਸਿੰਘ ਮੁਕਤਸਰ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਕਿਵੇਂ ਲੰਮੇ ਸਮੇਂ ਤੋਂ ਅਧਿਆਪਕਾਂ ਦੇ ਸਰਵਿਸ ਰੂਲਾਂ ਨੂੰ ਲਟਕਾਇਆ ਜਾ ਰਿਹਾ ਸਮੇਂ-ਸਮੇਂ ਤੇ ਮੀਟਿੰਗਾਂ ਦੇਣ ਉਪਰੰਤ ਕਦੇ ਵੀ ਮੀਟਿੰਗ ਨਹੀਂ ਕੀਤੀਆ ਜਾਂਦੀ ਉਸ ਦੇ ਵਿਰੋਧ ਦੇ ਵਿੱਚ ਭਾਰੀ ਰੋਸ ਜਾਹਿਰ ਕੀਤਾ ਗਿਆ ਇਸ ਤੋਂ ਇਲਾਵਾ ਸਟੇਟ ਆਗੂ ਮਨਪ੍ਰੀਤ ਮੋਗਾ ਨੇ ਆਪਣੇ ਭਾਸ਼ਣ ਦੌਰਾਨ ਸੰਬੋਧਨ ਕਰਦਿਆਂ ਸਰਕਾਰ ਦੀਆਂ ਪੋਲਸੀਆਂ ਬਾਰੇ ਅਧਿਆਪਕਾਂ ਨੂੰ ਜਾਣੂ ਕਰਵਾਇਆ ਕਿ ਕਿਸ ਤਰ੍ਹਾਂ ਲੰਬੇ ਸਮੇਂ ਤੋਂ ਅਧਿਆਪਕਾਂ ਦੇ ਨਾਲ ਸ਼ੋਸ਼ਣ ਕੀਤਾ ਜਾ ਰਿਹਾ ਅਧਿਆਪਕਾਂ ਤੋਂ ਵੱਖ-ਵੱਖ ਤਰ੍ਹਾਂ ਦੇ ਕੰਮ ਲਏ ਜਾ ਰਹੇ ਨੇ ਪਰ ਬਹੁਤ ਨਿਗੁਣੀਆਂ ਤਨਖਾਹਾਂ ਦਿੱਤੀਆ ਜਾ ਰਿਹਾ ਹਨ ਜਦੋਂ ਕਿ ਸਰਕਾਰ ਨੇ ਵਾਅਦਾ ਕਰਿਆ ਸੀ ਕਿ ਅਸੀਂ ਸਰਕਾਰ ਬਣਨ ਤੋਂ ਤੁਰੰਤ ਬਾਅਦ ਰੈਗੂਲਰ ਸੇਵਾਵਾਂ ਦੇਵਾਂਗੇ ਅਜੇ ਤੱਕ ਅਧਿਆਪਕਾਂ ਨੇ ਨਾ ਤਾ ਕੋਈ ਸਰਵਿਸ ਰੂਲ ਜਾਂ ਕੋਈ ਮੈਡੀਕਲ ਭੱਤਾ ਜਾਂ ਹੋਰ ਕਿਸੇ ਤਰ੍ਹਾਂ ਦੀ ਕੋਈ ਵੀ ਸਹੂਲਤ ਨਹੀਂ ਦਿੱਤੀ ਜਾ ਰਹੀ, ਗੁਰਲਾਲ ਸਿੰਘ ਨੇ ਜਾਣੂ ਕਰਵਾਇਆ ਕਿ ਕਿਸ ਤਰੀਕੇ ਨਾਲ ਸਾਡੇ ਜੋ ਸਾਥੀ ਰਿਟਾਇਰ ਹੋਰ ਨੇ ਉਹਨਾਂ ਨੂੰ ਖਾਲੀ ਹੱਥ ਘਰ ਭੇਜਿਆ ਜਾ ਰਿਹਾ। ਇਸ ਤੋਂ ਬਾਅਦ ਰਾਮ ਬਾਗ ਤੋਂ ਸੀ ਐਮ ਦੇ ਫੈਸੀਲੇਸ਼ਨ ਸੈਂਟਰ ਤੱਕ ਰੋਸ ਮਾਰਚ ਕੀਤਾ ਗਿਆ। ਰੋਸ ਮਾਰਚ ਤੋਂ ਬਾਅਦ ਸੈਂਟਰ ਦੇ ਬਾਹਰ ਧਰਨਾ ਲਗਾ ਕੇ ਬੈਠਣ ਤੇ ਪ੍ਰਸ਼ਾਸਨ ਵੱਲੋਂ 12 ਜੂਨ ਦੇ ਸੀ ਐਮ ਸਾਹਿਬ ਨਾਲ ਮੀਟਿੰਗ ਫਿਕਸ ਕਰਵਾਈ ਗਈ। ਧਰਨੇ ਵਿੱਚ ਹਾਜ਼ਰੀਨ ਸਾਥੀ ਅਣਖਵੀਰ ਸਿੰਘ ਤਰਨਤਾਰਨ ਕਰਮਿੰਦਰ ਸਿੰਘ ਪਟਿਆਲਾ, ਵੀਰਪਾਲ ਸਿੰਘ ਖੰਨਾ, ਹਰਵਿੰਦਰ ਸਿੰਘ ਦਿੜ੍ਹਬਾ, ਮੇਜਰ ਸਿੰਘ ਮਾਨਸਾ, ਗੁਰਜੀਤ ਸਿੰਘ ਬਰਨਾਲਾ, ਇੰਦਰਜੀਤ ਹਾਂਡਾ, ਜਗਵਿੰਦਰ ਖੰਨਾ, ਕਪੂਰ ਸਿੰਘ ਰਾਜਪੁਰਾ, ਰਾਜਪਾਲ ਮਾਨਸਾ, ਮਨੀਸ਼ ਮੋਹਾਲੀ, ਕਮਲ ਬਠਿੰਡਾ, ਸਨੀ ਗੁਰਦਾਸਪੁਰ, ਮੰਗਾਂ ਫਾਜਲਿਕਾ, ਬਲਜਿੰਦਰ ਮੋਹਾਲੀ ਆਦੀ ਨੇ ਸ਼ਿਰਕਤ ਕੀਤੀ।

# ਪਟਿਆਲਾ ’ ਚ ਤੰਬਾਕੂ ਨਿਯੰਤਰਣ ਮੁਹਿੰਮ ਤਹਿਤ ਵਿਸ਼ੇਸ਼ ਚੈਕਿੰਗ ਜਾਰੀ : ਡਾ ਇੰਦਰਪ੍ਰੀਤ ਰੰਧਾਵਾ



**ਪਟਿਆਲਾ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਵਲ ਸਰਜਨ ਦਫ਼ਤਰ, ਪਟਿਆਲਾ ਵੱਲੋਂ ਨੈਸ਼ਨਲ ਟੋਬੈਕੋ ਕੰਟਰੋਲ ਪ੍ਰੋਗਰਾਮ ਅਤੇ ਨੈਸ਼ਨਲ ਬਲਾਈਂਡਨੈੱਸ ਕੰਟਰੋਲ ਪ੍ਰੋਗਰਾਮ ਤਹਿਤ ਵਿਸ਼ੇਸ਼ ਚੈਕਿੰਗ ਅਤੇ ਜਾਗਰੂਕਤਾ ਮੁਹਿੰਮ ਚਲਾਈ ਗਈ। ਇਹ ਮੁਹਿੰਮ ਜ਼ਿਲ੍ਹਾ ਪ੍ਰੋਗਰਾਮ ਅਫਸਰ ਡਾ. ਇੰਦਰਪ੍ਰੀਤ ਰੰਧਾਵਾ , ਅਨਿਲ ਗੁਰੂ ਅਤੇ ਖੁਸ਼ਵੀਰ ਦੀ ਅਗਵਾਈ ਹੇਠ ਚਲਾਈ ਗਈ।

ਇਸ ਦੌਰਾਨ ਟੀਮ ਵੱਲੋਂ ਨਾਭਾ ਰੋਡ (ਕੇਂਦਰੀ ਜੇਲ੍ਹ ਦੇ ਸਾਹਮਣੇ), ਥਾਪਰ ਯੂਨੀਵਰਸਿਟੀ ਨੇੜੇ ਪ੍ਰੇਮ ਨਗਰ, ਭਾਦਸੋਂ ਰੋਡ, 22 ਨੰਬਰ ਫਾਟਕ, ਲੀਲਾ ਭਵਨ ਅਤੇ ਪੂਰੀ ਮਾਰਕੀਟ ਸਿਓਣਾ ਚੌਂਕ ਸਥਿਤ ਤਿੰਨ ਪਾਨ ਪਾਰਲਰਾਂ ਚੌਰਾਸੀਆ ਪਾਨ ਪਾਰਲਰਾਂ 22 ਨੰ: ਫਾਟਕ ਅਤੇ ਲੀਲਾ ਭਵਨ, ਰਾਇਲ ਪਾਨ ਪਾਰਲਰ ਪ੍ਰੇਮ ਨਗਰ ਅਤੇ ਹੋਰ ਤੰਬਾਕੂ ਵਿਕਰੀ ਸਥਾਨਾਂ ਦੀ ਵਿਸ਼ੇਸ਼ ਜਾਂਚ ਕੀਤੀ ਗਈ। ਜਾਂਚ ਦੌਰਾਨ ਤੰਬਾਕੂ ਨਿਯੰਤਰਣ ਕਾਨੂੰਨ ਦੀ ਉਲੰਘਣਾ ਕਰਦੇ ਹੋਏ ਕੁੱਲ 6 ਚਲਾਨ ਜਾਰੀ ਕੀਤੇ ਗਏ। ਇਸ ਕਾਰਵਾਈ ਰਾਹੀਂ ਕੁੱਲ 1150 ਰੁਪਏ ਦਾ ਜੁਰਮਾਨਾ ਵਸੂਲ ਕੀਤਾ ਗਿਆ। ਵਿਭਾਗ ਵੱਲੋਂ ਸਪਸ਼ਟ ਕੀਤਾ ਗਿਆ ਕਿ ਤੰਬਾਕੂ ਉਤਪਾਦਾਂ ਦੀ ਵਿਕਰੀ ਅਤੇ ਵਰਤੋਂ ਸਬੰਧੀ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਆਉਣ ਵਾਲੇ ਸਮੇਂ ਵਿੱਚ ਵੀ ਇਸੇ ਤਰ੍ਹਾਂ ਸਖ਼ਤ ਕਾਰਵਾਈ ਜਾਰੀ ਰਹੇਗੀ।

ਇਸ ਤੋਂ ਇਲਾਵਾ ਨੈਸ਼ਨਲ ਬਲਾਈਂਡਨੈੱਸ ਕੰਟਰੋਲ ਪ੍ਰੋਗਰਾਮ ਅਧੀਨ ਮੋਤੀਆ ਬਿੰਦ ਜਾਂਚ ਕੈਂਪ ਲਗਾਏ ਅਤੇ ਬਜੁਰਗਾਂ ਦੀ ਅੱਖਾਂ ਦੀ ਜਾਂਚ ਕੀਤੀ ਗਈ ਅਤੇ ਉਹਨਾਂ ਨੂੰ ਚਸ਼ਮੇਂ ਵੀ ਵੰਡੇ ਗਏ। ਇਹ ਕੈਂਪ ਪਿੰਡ ਸਿੰਭੜੋ, ਭਾਦਸੋਂ , ਸਿਓਣਾ ਅਤੇ ਕੌਲੀ ਵਿੱਚ ਲਗਾਏ ਗਏ ਸਨ। ਟੀਮ ਨੇ ਕੈਂਪਾਂ ਦੀ ਕਾਰਗੁਜ਼ਾਰੀ, ਮਰੀਜ਼ਾਂ ਦੀ ਜਾਂਚ, ਦਵਾਈਆਂ ਦੀ ਉਪਲਬਧਤਾ ਅਤੇ ਅੱਖਾਂ ਦੇ ਇਲਾਜ ਸਬੰਧੀ ਸੇਵਾਵਾਂ ਦਾ ਵਿਸਥਾਰ ਨਾਲ ਜਾਇਜ਼ਾ ਲਿਆ। ਮਰੀਜ਼ਾਂ ਨੂੰ ਉਚਿਤ ਸਲਾਹ, ਦਵਾਈਆਂ ਅਤੇ ਅਗਲੇ ਇਲਾਜ ਲਈ ਰੈਫਰਲ ਸੇਵਾਵਾਂ ਵੀ ਪ੍ਰਦਾਨ ਕੀਤੀਆਂ ਗਈਆਂ।

ਸਿਹਤ ਅਧਿਕਾਰੀਆਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਤੰਬਾਕੂ ਵਰਗੇ ਨਸ਼ਿਆਂ ਤੋਂ ਦੂਰ ਰਹਿਣ ਅਤੇ ਅੱਖਾਂ ਦੀ ਸਿਹਤ ਲਈ ਸਮੇਂ-ਸਮੇਂ ‘ਤੇ ਜਾਂਚ ਕਰਵਾਉਣ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਚਲਾਏ ਜਾ ਰਹੇ ਇਹ ਪ੍ਰੋਗਰਾਮ ਲੋਕਾਂ ਦੀ ਸਿਹਤ ਸੁਧਾਰਨ ਅਤੇ ਜਾਗਰੂਕਤਾ ਵਧਾਉਣ ਲਈ ਬਹੁਤ ਮਹੱਤਵਪੂਰਨ ਹਨ।

ਡਾ. ਇੰਦਰਪ੍ਰੀਤ ਰੰਧਾਵਾ ਨੇ ਦੱਸਿਆ ਕਿ ਅਜਿਹੀਆਂ ਚੈਕਿੰਗਾਂ ਅਤੇ ਕੈਂਪਾਂ ਆਉਣ ਵਾਲੇ ਦਿਨਾਂ ਵਿੱਚ ਵੀ ਲਗਾਤਾਰ ਜਾਰੀ ਰਹਿਣਗੀਆਂ ਤਾਂ ਜੋ ਤੰਬਾਕੂ ਰਹਿਤ ਸਮਾਜ ਅਤੇ ਅੱਖਾਂ ਦੀ ਬਿਮਾਰੀਆਂ ਤੋਂ ਬਚਾਅ ਨੂੰ ਯਕੀਨੀ ਬਣਾਇਆ ਜਾ ਸਕੇ।

# ਟਰੈਫਿਕ ਪੁਲਿਸ ਨੇ ਇਮਾਨਦਾਰੀ ਦੀ ਮਿਸਾਲ ਕਾਇਮ ਕਰਦਿਆਂ ਗੁੰਮ ਹੋਇਆ ਮੋਬਾਈਲ ਗਰੀਬ ਪਰਿਵਾਰ ਨੂੰ ਕੀਤਾ ਵਾਪਸ

**ਲੁਧਿਆਣਾ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**



ਟਰੈਫਿਕ ਪੁਲਿਸ ਮਹਿਕਮੇ ਦੇ ਮੁਲਾਜ਼ਮਾਂ ਨੇ ਆਪਣੀ ਇਮਾਨਦਾਰੀ ਅਤੇ ਫਰਜ਼ ਪ੍ਰਤੀ ਨਿਸ਼ਠਾ ਦਾ ਪ੍ਰਮਾਣ ਦਿੰਦਿਆਂ ਇੱਕ ਗਰੀਬ ਪਰਿਵਾਰ ਦਾ ਗੁੰਮ ਹੋਇਆ ਮੋਬਾਈਲ ਫੋਨ ਸੁਰੱਖਿਅਤ ਢੰਗ ਨਾਲ ਉਨ੍ਹਾਂ ਨੂੰ ਵਾਪਸ ਕਰਕੇ ਮਿਸਾਲ ਪੇਸ਼ ਕੀਤੀ ਹੈ।

ਜਾਣਕਾਰੀ ਅਨੁਸਾਰ ਗਿੱਲ ਵਾਲੀ ਨਹਿਰ ਦੇ ਨਜ਼ਦੀਕ ਇੱਕ ਗਰੀਬ ਪਰਿਵਾਰ ਦਾ ਮੋਬਾਈਲ ਫੋਨ ਡਿੱਗ ਗਿਆ ਸੀ। ਇਸ ਸਬੰਧੀ ਟਰੈਫਿਕ ਪੁਲਿਸ ਦੇ ਮੁਲਾਜ਼ਮ ਸ. ਤਰਸੇਮ ਸਿੰਘ ਅਤੇ ਉਨ੍ਹਾਂ ਦੀ ਟੀਮ ਨੇ ਪੂਰੀ ਜ਼ਿੰਮੇਵਾਰੀ ਅਤੇ ਇਮਾਨਦਾਰੀ ਨਾਲ ਕਾਰਵਾਈ ਕਰਦਿਆਂ ਮੋਬਾਈਲ ਨੂੰ ਲੱਭ ਲਿਆ।

ਇਸ ਉਪਰਾਲੇ ਵਿੱਚ ਏਐਸਆਈ ਤਲਵਿੰਦਰਜੀਤ ਸਿੰਘ ਅਤੇ ਸਾਥੀ ਮੁਲਾਜ਼ਮ ਹਰਜੀਤ ਸਿੰਘ ਨੇ ਵੀ ਅਹਿਮ ਭੂਮਿਕਾ ਨਿਭਾਈ। ਟੀਮ ਵੱਲੋਂ ਮੋਬਾਈਲ ਦੇ ਅਸਲ ਮਾਲਕ ਦੀ ਪਛਾਣ ਕਰਕੇ ਉਸ ਨੂੰ ਸੁਰੱਖਿਅਤ ਢੰਗ ਨਾਲ ਪਰਿਵਾਰ ਦੇ ਹਵਾਲੇ ਕਰ ਦਿੱਤਾ ਗਿਆ।

ਆਪਣਾ ਕੀਮਤੀ ਮੋਬਾਈਲ ਵਾਪਸ ਮਿਲਣ ’ਤੇ ਪਰਿਵਾਰ ਨੇ ਟਰੈਫਿਕ ਪੁਲਿਸ ਦੇ ਮੁਲਾਜ਼ਮਾਂ ਦਾ ਦਿਲੋਂ ਧੰਨਵਾਦ ਕੀਤਾ ਅਤੇ ਉਨ੍ਹਾਂ ਨੂੰ ਅਸੀਸਾਂ ਦਿੱਤੀਆਂ। ਪਰਿਵਾਰ ਨੇ ਕਿਹਾ ਕਿ ਪੁਲਿਸ ਦੇ ਇਸ ਮਨੁੱਖਤਾ ਭਰੇ ਕਦਮ ਨੇ ਲੋਕਾਂ ਦਾ ਵਿਸ਼ਵਾਸ ਹੋਰ ਮਜ਼ਬੂਤ ਕੀਤਾ ਹੈ।

ਟਰੈਫਿਕ ਪੁਲਿਸ ਮਹਿਕਮੇ ਦੇ ਇਸ ਸ਼ਲਾਘਾਯੋਗ ਕਾਰਜ ਦੀ ਇਲਾਕੇ ਦੇ ਲੋਕਾਂ ਵੱਲੋਂ ਵੀ ਭਰਪੂਰ ਪ੍ਰਸ਼ੰਸਾ ਕੀਤੀ ਜਾ ਰਹੀ ਹੈ।

ਇਹ ਘਟਨਾ ਦਰਸਾਉਂਦੀ ਹੈ ਕਿ ਪੁਲਿਸ ਸਿਰਫ਼ ਕਾਨੂੰਨ-ਵਿਵਸਥਾ ਬਣਾਈ ਰੱਖਣ ਤੱਕ ਹੀ ਸੀਮਿਤ ਨਹੀਂ, ਸਗੋਂ ਲੋਕਾਂ ਦੀ ਸੇਵਾ ਅਤੇ ਮਦਦ ਲਈ ਵੀ ਹਮੇਸ਼ਾ ਤਤਪਰ ਰਹਿੰਦੀ ਹੈ।

# ਵਧੀਕ ਜਿਲ੍ਹਾ ਮੈਜਿਸਟ੍ਰੇਟ ਵੱਲੋਂ ਜਿਲ੍ਹੇ ’ਚ ਵੱਖ ਵੱਖ ਪਾਬੰਦੀ ਦੇ ਹੁਕਮ ਜਾਰੀ

**ਪਟਿਆਲਾ, 12 ਜੂਨ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**



ਵਧੀਕ ਜ਼ਿਲ੍ਹਾ ਮੈਜਿਸਟਰੇਟ ਅਨੂਪ੍ਰਿਤਾ ਜੌਹਲ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜਿਲ੍ਹਾ ਪਟਿਆਲਾ ਦੀਆਂ ਸੀਮਾਵਾਂ ਅੰਦਰ ਵੱਖ ਵੱਖ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਇਹ ਹੁਕਮ 6 ਜੂਨ 2026 ਤੋਂ 5 ਅਗਸਤ 2026 ਤਕ ਲਾਗੂ ਰਹਿਣਗੇ।

1 ਜ਼ਿਲ੍ਹੇ ’ਚ ਰੋਸ ਧਰਨੇ ਤੇ ਰੈਲੀਆਂ ਕਰਨ ’ ਤੇ ਪਾਬੰਦੀ

ਵਧੀਕ ਜ਼ਿਲ੍ਹਾ ਮੈਜਿਸਟਰੇਟ ਅਨੂਪ੍ਰਿਤਾ ਜੌਹਲ ਨੇ ਜ਼ਿਲ੍ਹਾ ਪਟਿਆਲਾ ਦੀਆਂ ਹੱਦਾਂ ਅੰਦਰ ਕਿਸੇ ਕਿਸਮ ਦੇ ਵਿਖਾਵੇ/ਰੋਸ ਧਰਨੇ ਤੇ ਰੈਲੀਆਂ ਕਰਨ, ਮੀਟਿੰਗਾਂ ਕਰਨ, ਨਾਅਰੇ ਲਗਾਉਣ, ਪੰਜ ਜਾਂ ਪੰਜ ਤੋਂ ਵੱਧ ਵਿਅਕਤੀਆਂ ਦੇ ਇਕੱਠੇ ਹੋਣ ’ਤੇ ਮਨਾਹੀ ਦੇ ਹੁਕਮ ਜਾਰੀ ਕੀਤੇ ਹਨ। ਹੁਕਮ 5 ਅਗਸਤ ਤੱਕ ਲਾਗੂ ਰਹਿਣਗੇ।

2 ਜਿਲ੍ਹੇ ਵਿੱਚ ਪਾਣੀ ਦੀਆਂ ਟੈਂਕੀਆਂ ਉਪਰ ਚੜਨ ’ਤੇ ਪਾਬੰਦੀ ਜਾਰੀ

ਵਧੀਕ ਜਿਲ੍ਹਾ ਮੈਜਿਸਟ੍ਰੇਟ ਅਨੂਪ੍ਰਿਤਾ ਜੌਹਲ ਨੇ ਜਿਲ੍ਹਾ ਪਟਿਆਲਾ ਦੀਆਂ ਸੀਮਾਵਾਂ ਅੰਦਰ (ਪਿੰਡਾ ਅਤੇ ਸ਼ਹਿਰਾਂ) ਵਿਚ ਬਣੀਆਂ ਪਾਣੀ ਦੀਆਂ ਟੈਂਕੀਆਂ ਉਪਰ ਕਿਸੇ ਕਿਸਮ ਦੇ ਵਿਖਾਵੇ ਲਈ ਚੜਨ ਤੇ ਪਾਬੰਦੀ ਲਗਾਈ ਹੈ। ਇਹ ਹੁਕਮ 6 ਜੂਨ 2026 ਤੋਂ 5 ਅਗਸਤ 2026 ਤਕ ਲਾਗੂ ਰਹਿਣਗੇ।

3 ਭਾਖੜਾ ਅਤੇ ਹੋਰ ਵੱਡੀਆਂ ਛੋਟੀਆਂ ਨਹਿਰਾਂ ਵਿਚ ਨਹਾਉਣ ਤੇ ਪਾਬੰਦੀ ਦੇ ਹੁਕਮ ਜਾਰੀ

ਵਧੀਕ ਜਿਲ੍ਹਾ ਮੈਜਿਸਟ੍ਰੇਟ ਅਨੂਪ੍ਰਿਤਾ ਜੌਹਲ ਨੇ ਭਾਰਤੀ ਨਾਗਰਿਕ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਪਟਿਆਲਾ ਦੀ ਹੱਦ ਅੰਦਰ ਵੱਖ-ਵੱਖ ਸਥਾਨਾਂ ਤੋਂ ਲੰਘਦੀ ਭਾਖੜਾ ਨਹਿਰ ਅਤੇ ਹੋਰ ਵੱਡੀਆਂ ਛੋਟੀਆਂ ਨਦੀਆਂ ਨਹਿਰਾਂ ਵਿੱਚ ਕਿਸੇ ਵੀ ਸਥਾਨ ਤੇ ਆਮ ਜਨਤਾ ਦੇ ਨਹਾਉਣ ਅਤੇ ਤੈਰਨ ਤੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਵਧੀਕ ਜਿਲ੍ਹਾ ਮੈਜਿਸਟ੍ਰੇਟ ਨੇ ਇਹਨਾਂ ਹੁਕਮਾਂ ਦੀ ਉਲੰਘਣਾ ਕਰਨ ਵਾਲੇ ਵਿਅਕਤੀ ਦੇ ਖਿਲਾਫ ਕਾਨੂੰਨੀ ਕਾਰਵਾਈ ਨੂੰ ਅਮਲ ਵਿਚ ਲਿਆਉਣ ਦੇ ਆਦੇਸ਼ ਦਿੱਤੇ ਹਨ। ਇਹ ਹੁਕਮ 6 ਜੂਨ 2026 ਤੋਂ 5 ਅਗਸਤ 2026 ਤੱਕ ਲਾਗੂ ਰਹਿਣਗੇ।

4 ਗੁਟਕਾ, ਪਾਨ ਮਸਾਲਾ ਤੇ ਨਸ਼ੀਲੇ ਫਲੇਵਰ ਵੇਚਣ ‘ਤੇ ਪੂਰਨ ਪਾਬੰਦੀ

ਪਟਿਆਲਾ ਦੇ ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀਮਤੀ ਅਨੁਪ੍ਰਿਤਾ ਜੌਹਲ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਪਟਿਆਲਾ ਦੀ ਹੱਦ ਅੰਦਰ ਗੁਟਕਾ, ਪਾਨ ਮਸਾਲਾ ਅਤੇ ਖਾਣ ਪੀਣ ਵਾਲੀਆਂ ਹੋਰ ਚੀਜਾਂ ਜਿਹਨਾਂ ਵਿੱਚ ਤੰਬਾਕੂ ਅਤੇ ਨਿਕੋਟੀਨ ਹੋਵੇ ਜਾਂ ਨਸ਼ੀਲੇ ਪਦਾਰਥਾਂ ਨੂੰ ਵੱਖ-ਵੱਖ ਖਾਣ ਪੀਣ ਵਾਲੀਆਂ ਵਸਤਾਂ ਜਾਂ ਕਿਸੇ ਹੋਰ ਢੰਗ ਨਾਲ ਇਹਨਾਂ ਨਸ਼ੀਲੇ ਪਦਾਰਥਾਂ ਨੂੰ ਵੱਖ-ਵੱਖ ਫਲੇਵਰਾਂ ਆਦਿ ਵਿੱਚ ਪਾ ਕੇ ਕਿਸੇ ਵੀ ਹੁੱਕਾ ਬਾਰ ਹੋਟਲ/ਰੈਸਟੋਰੈਂਟ ਆਦਿ ਵਿੱਚ ਆਉਣ ਵਾਲਿਆਂ ਨੂੰ ਵੇਚਣ/ਪਰੋਸਣ ਅਤੇ ਅਜਿਹੇ ਹੁੱਕਾ ਬਾਰ ਚਲਾਉਣ ‘ ਤੇ ਮੁਕੰਮਲ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਇਹ ਹੁਕਮ 5 ਅਗਸਤ ਤੱਕ ਲਾਗੂ ਰਹਿਣਗੇ।

# ਅਰਲੀ ਚਾਈਲਡਹੁੱਡ ਐਜੂਕੇਸ਼ਨ ਸਕੀਮ ਤਹਿਤ ਸਾਰੇ ਪਲੇਅ-ਵੇਅ ਸਕੂਲਾਂ ਲਈ ਰਜਿਸਟ੍ਰੇਸ਼ਨ ਲਾਜ਼ਮੀ

**ਮਲੇਰਕੋਟਲਾ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸਮਾਜਿਕ ਸੁਰੱਖਿਆ ਅਤੇ ਇਸਤਰੀ ਬਾਲ ਵਿਕਾਸ ਵਿਭਾਗ ਵੱਲੋਂ ਅਰਲੀ ਚਾਈਲਡਹੁੱਡ ਐਜੂਕੇਸ਼ਨ ਕੇਅਰ ਸਕੀਮ ਤਹਿਤ ਜਾਰੀ ਹਦਾਇਤਾਂ ਬਾਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰੋਗਰਾਮ ਅਫਸਰ ਪਰਦੀਪ ਸਿੰਘ ਗਿੱਲ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਚੱਲ ਰਹੇ ਸਾਰੇ ਪਲੇਅ-ਵੇਅ ਸਕੂਲਾਂ ਲਈ ਸਬੰਧਿਤ ਵਿਭਾਗ ਕੋਲ ਰਜਿਸਟ੍ਰੇਸ਼ਨ ਕਰਵਾਉਣਾ ਲਾਜ਼ਮੀ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਦੇ ਸੁਰੱਖਿਅਤ ਅਤੇ ਗੁਣਵੱਤਾ ਭਰਪੂਰ ਵਿਕਾਸ ਨੂੰ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਵੱਲੋਂ ਪਲੇਅ-ਵੇਅ ਸਕੂਲਾਂ ਲਈ ਨਿਯਮ ਅਤੇ ਮਾਪਦੰਡ ਨਿਰਧਾਰਤ ਕੀਤੇ ਗਏ ਹਨ, ਜਿਨ੍ਹਾਂ ਦੀ ਪਾਲਣਾ ਕਰਨਾ ਹਰ ਸਕੂਲ ਪ੍ਰਬੰਧਕ ਦੀ ਜ਼ਿੰਮੇਵਾਰੀ ਹੈ।

ਜ਼ਿਲ੍ਹਾ ਪ੍ਰੋਗਰਾਮ ਅਫਸਰ ਨੇ ਦੱਸਿਆ ਕਿ ਰਜਿਸਟ੍ਰੇਸ਼ਨ ਪ੍ਰਕਿਰਿਆ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਸਾਰੇ ਪਲੇਅ-ਵੇਅ ਸਕੂਲਾਂ ਵਿੱਚ ਬੱਚਿਆਂ ਲਈ ਸੁਰੱਖਿਅਤ ਅਤੇ ਸਿਹਤਮੰਦ ਮਾਹੌਲ, ਸਾਫ਼-ਸੁਥਰੀਆਂ ਸਹੂਲਤਾਂ, ਯੋਗ ਅਤੇ ਪ੍ਰਸ਼ਿਕਸ਼ਿਤ ਸਟਾਫ਼, ਉਚਿਤ ਖੇਡ ਸਮੱਗਰੀ ਅਤੇ ਸਿਹਤ ਸਬੰਧੀ ਲੋੜੀਂਦੇ ਪ੍ਰਬੰਧ ਉਪਲਬਧ ਹੋਣ।

# ਸੀ ਟੀ ਯੂਨੀਵਰਸਿਟੀ ਵੱਲੋਂ ਲੁਧਿਆਣਾ ਪੁਲਿਸ ਲਈ ਗਰਮੀ ਰਾਹਤ ਮੁਹਿੰਮ

**ਲੁਧਿਆਣਾ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**




ਸੀ ਟੀ ਯੂਨੀਵਰਸਿਟੀ ਵੱਲੋਂ ਤਿੱਖੀ ਗਰਮੀ ਵਿੱਚ ਡਿਊਟੀ ਨਿਭਾ ਰਹੇ ਲੁਧਿਆਣਾ ਪੁਲਿਸ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਪ੍ਰਤੀ ਸਨਮਾਨ ਪ੍ਰਗਟ ਕਰਦਿਆਂ ਵਿਸ਼ੇਸ਼ ਗਰਮੀ ਰਾਹਤ ਮੁਹਿੰਮ ਚਲਾਈ ਗਈ। ਇਸ ਦੌਰਾਨ ਵਿਦਿਆਰਥੀਆਂ, ਫੈਕਲਟੀ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਨੇ ਸ਼ਹਿਰ ਦੇ ਵੱਖ-ਵੱਖ ਸਥਾਨਾਂ ’ਤੇ ਤਾਇਨਾਤ ਪੁਲਿਸ ਮੁਲਾਜ਼ਮਾਂ ਨੂੰ ਲੱਸੀ ਅਤੇ ਠੰਢਾ ਪਾਣੀ ਵੰਡਿਆ।

ਸੀ ਟੀ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਡਾ. ਮਨਬੀਰ ਸਿੰਘ ਨੇ ਕਿਹਾ ਕਿ ਪੁਲਿਸ ਕਰਮਚਾਰੀ ਮੁਸ਼ਕਲ ਹਾਲਾਤਾਂ ਵਿੱਚ ਵੀ ਲੋਕਾਂ ਦੀ ਸੁਰੱਖਿਆ ਲਈ ਨਿਰੰਤਰ ਸੇਵਾ ਨਿਭਾਉਂਦੇ ਹਨ ਅਤੇ ਇਹ ਉਪਰਾਲਾ ਉਨ੍ਹਾਂ ਪ੍ਰਤੀ ਕ੍ਰਿਤਜਤਾ ਦਾ ਪ੍ਰਗਟਾਵਾ ਹੈ। ਡਿਵੀਜ਼ਨ ਆਫ ਸਟੂਡੈਂਟ ਵੈਲਫੇਅਰ ਦੇ ਡਾਇਰੈਕਟਰ ਇੰਜੀ. ਦਵਿੰਦਰ ਸਿੰਘ ਨੇ ਕਿਹਾ ਕਿ ਯੂਨੀਵਰਸਿਟੀ ਵਿਦਿਆਰਥੀਆਂ ਵਿੱਚ ਸੇਵਾ ਭਾਵਨਾ ਅਤੇ ਸਮਾਜਿਕ ਜ਼ਿੰਮੇਵਾਰੀ ਦੇ ਮੁੱਲ ਵਿਕਸਿਤ ਕਰਨ ਲਈ ਵਚਨਬੱਧ ਹੈ।

# ਹਮ ਸਭ ਏਕ ਹੈ, ਇਕ ਜਾਨ ਬਣੋ, ਇਨਸਾਨ ਬਣੋ : ਸੰਤ ਤੇਜਿੰਦਰ ਬੀਰ



**ਮੋਗਾ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਏਕ ਜੋਤ ਨਗਰ ਬੀਰ ਭਵਨ ਮੋਗਾ ਵਿਖੇ ਰੂਹਾਨੀ ਸਤਿਸੰਗ ਕਰਵਾਇਆ ਗਿਆ। ਇਸ ਮੌਕੇ ਤੇਜਿੰਦਰ ਮਹਾਰਾਜ ਬੀਰ ਜੀ ਨੇ ਦੱਸਿਆ ਕਿ ਹਮ ਸਭ ਏਕ ਹੈ, ਇਕ ਜਾਨ ਬਣੋ, ਇਨਸਾਨ ਬਣੋ, ਸੇਵਾ ਕਾਮ ਹਮਾਰਾ ਹੈ, ਸਭ ਸੇ ਭਾਈਚਾਰਾ ਹੈ।

ਇਹ ਜੀਵਨ ਨੂੰ ਸਹੀ ਢੰਗ ਨਾਲ ਜਿਉਣ ਲਈ ਪੰਜ ਸੂਤਰ ਅਪਨਾਉਣੇ ਚਾਹੀਦੇ ਹਨ ਚੰਗੀ ਸੋਚ, ਮਿੱਠੀ ਬਾਣੀ, ਸ਼ੁੱਧ ਆਚਰਨ, ਸਾਦਾ ਜੀਵਨ, ਪ੍ਰਭੂ ਦਾ ਸਿਮਰਨ ਅਤੇ ਪੰਜ ਦੋਸ਼ ਤਿਆਗ ਦੇਣੇ ਚਾਹੀਦੇ ਹਨ ਆਲਸ, ਈਰਖਾ, ਲੋਭ, ਬਣਾਵਟੀਪਨ, ਨਿੰਦਿਆ ਚੁਗਲੀ। ਪਰਮਾਤਮਾ ਦੀ ਭਗਤੀ ਕਰਕੇ ਜ਼ਿੰਦਗੀ ਨੂੰ ਸਫਲ ਬਣਾਉਣਾ ਚਾਹੀਦਾ ਹੈ।

ਇਸ ਮੌਕੇ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ ਅਤੇ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ।

# ਸੁਰਿੰਦਰ ਗੁਪਤਾ ਵੱਲੋਂ ਆਈ.ਟੀ.ਆਈ. ਲੜਕੀਆਂ ਨੂੰ 2 ਏ. ਸੀ. ਭੇਂਟ



**ਪਟਿਆਲਾ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਸ਼ੋਸ਼ਲ ਵੈਲਫੇਅਰ ਸੋਸਾਇਟੀ ਜੋ ਕਿ ਪਿਛਲੇ 25 ਸਾਲਾਂ ਤੋਂ ਲੋਕ ਭਲਾਈ ਦੇ ਕੰਮ ਕਰ ਰਹੀ ਹੈ। ਆਈ.ਟੀ.ਆਈ. ਲੜਕੀਆਂ ਦੇ ਵਿੱਚ ਗਰਮੀ ਨੂੰ ਦੇਖਦੇ ਹੋਏ ਜਿਹੜੇ ਬੱਚੇ ਪੜ੍ਹਦੇ ਹਨ ਉਨ੍ਹਾਂ ਹੀ ਸਹੂਲਤ ਅਤੇ ਪੈਂਦੀ ਗਰਮੀ ਨੂੰ ਦੇਖਦੇ ਹੋਏ ਸੋਸਾਇਟੀ ਦੇ ਮੈਂਬਰ ਸ੍ਰ. ਸੁਰਿੰਦਰ ਕੁਮਾਰ ਗੁਪਤਾ ਵਲੋਂ ਦੋ ਏ.ਸੀ. ਦਿੱਤੇ ਗਏ ਜੋ ਕਿ ਸ਼ਲਾਘਾਯੋਗ ਕਦਮ ਹੈ ਅਤੇ ਜਿਹੜੇ ਜ਼ਰੂਰਤਮੰਦ ਬੱਚੇ ਟ੍ਰੇਨਿੰਗ ਕਰਨਾ ਚਾਹੁੰਦੇ ਹਨ ਪਰ ਫੀਸ ਨਹੀਂ ਦੇ ਸਕਦੇ ਉਨ੍ਹਾਂ ਦੀ ਫੀਸ ਦੇਣ ਦਾ ਫੈਸਲਾ ਕੀਤਾ ਗਿਆ। ਇਹ ਏ.ਸੀ. ਦੇ ਉਦਘਾਟਨ ਦੇ ਮੌਕੇ ਤੇ ਸ੍ਰੀ ਸੁਰਿੰਦਰ ਕੁਮਾਰ ਗੁਪਤਾ ਨੇ ਕਿਹਾ। ਇਸ ਅਵਸਰ ਤੇ ਪ੍ਰਿੰਸੀਪਲ ਡੀ.ਪੀ. ਸਿੰਘ ਨੇ ਪਟਿਆਲਾ ਸ਼ੋਸ਼ਲ ਵੈਲਫੇਅਰ ਸੋਸਾਇਟੀ ਅਤੇ ਸ੍ਰੀ ਸੁਰਿੰਦਰ ਕੁਮਾਰ ਦਾ ਧੰਨਵਾਦ ਕੀਤਾ ਅਤੇ ਉਨ੍ਹਾਂ ਨੇ ਵਿਸ਼ਵਾਸ਼ ਦਿਵਾਇਆ ਕਿ ਇਸ ਆਈ.ਟੀ.ਆਈ. ਵਿੱਚ ਇਹ ਮੰਗ ਪੂਰੀ ਕਰਕੇ ਭਲਾਈ ਦਾ ਕੰਮ ਕੀਤਾ ਹੈ। ਆਸ ਹੈ ਕਿ ਉਹ ਇਸ ਆਈ.ਟੀ.ਆਈ. ਵਿੱਚ ਅੱਗੇ ਨੂੰ ਵੀ ਧਿਆਨ ਰੱਖਣਗੇ। ਇਸ ਅਵਸਰ ਤੇ ਵਿਜੇ ਕੁਮਾਰ ਗੋਇਲ ਪ੍ਰਧਾਨ ਪਟਿਆਲਾ ਸ਼ੋਸ਼ਲ ਵੈਲਫੇਅਰ ਸੋਸਾਇਟੀ ਸ੍ਰੀ ਸੰਜੇ ਧੀਰ ਅਤੇ ਮੈਡਮ ਅਮਰਜੀਤ ਸ਼ਾਮਲ ਸਨ।

# ਭੰਗੜਾ ਪਲੱਸ ਅਕੈਡਮੀ ਵੱਲੋਂ ਬਠਿੰਡਾ ਦੇ ਮਿੱਤਲ ਸਿਟੀ ਮਾਲ ਵਿਖੇ ਮੁ਼ਫਤ ‘ਲੁੱਡੀ ਵਰਕਸ਼ਾਪ’ ਦਾ ਸ਼ਫਲ ਆਯੋਜਨ

**ਬਠਿੰਡਾ,12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬੀ ਲੋਕ ਨਾਚ ਅਤੇ ਅਮੀਰ ਵਿਰਾਸਤ ਨੂੰ ਪ੍ਰਫੁੱਲਿਤ ਕਰਨ ਦੇ ਉਦੇਸ਼ ਨਾਲ ‘ਭੰਗੜਾ ਪਲੱਸ ਅਕੈਡਮੀ’ ਵੱਲੋਂ ਬਠਿੰਡਾ ਦੇ ਮਿੱਤਲ ਸਿਟੀ ਮਾਲ ਵਿਖੇ ਇੱਕ ਵਿਸ਼ੇਸ਼ ਅਤੇ ਮੁਫ਼ਤ ‘ਲੁੱਡੀ ਵਰਕਸ਼ਾਪ’ ਦਾ ਆਯੋਜਨ ਕੀਤਾ ਗਿਆ। ਇਸ ਸੱਭਿਆਚਾਰਕ ਕੈਂਪ ਵਿੱਚ ਹਰ ਉਮਰ ਦੇ ਲੋਕਾਂ, ਨੌਜਵਾਨਾਂ, ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ। ਇਹ ਵਰਕਸ਼ਾਪ ਅਕੈਡਮੀ ਦੇ ਮੈਨੇਜਿੰਗ ਡਾਇਰੈਕਟਰ ਹਰਪ੍ਰੀਤ ਸਿੰਘ ਬਰਾੜ ਅਤੇ ਮਨਪ੍ਰੀਤ ਕੌਰ ਬਰਾੜ ਦੀ ਯੋਗ ਦੇਖ-ਰੇਖ ਹੇਠ ਉਲੀਕੀ ਗਈ। ਇਸ ਦੌਰਾਨ ਪ੍ਰਸਿੱਧ ਡੋਲੀ ਗੁਰਪ੍ਰੀਤ ਨੇ ਆਪਣੀ ਢੋਲ ਦੀ ਰਵਾਇਤੀ ਤਾਲ ਨਾਲ ਸਮਾਂ ਬੰਨ੍ਹਿਆ ਅਤੇ ਹਾਜ਼ਰ ਸਿਖਿਆਰਥੀਆਂ ਨੂੰ ਲੁੱਡੀ ਨਾਚ ਦੇ ਵੱਖ-ਵੱਖ ਗੁਰ ਅਤੇ ਸਟੈੱਪ ਬੜੇ ਸਰਲ ਤਰੀਕੇ ਨਾਲ ਸਿਖਾਏ।

ਵਰਕਸ਼ਾਪ ਦੀ ਖਾਸ ਗੱਲ ਇਹ ਰਹੀ ਕਿ ਇਸ ਵਿੱਚ ਬੱਚਿਆਂ ਦੇ ਨਾਲ-ਨਾਲ ਉਨ੍ਹਾਂ ਦੇ ਮਾਪਿਆਂ ਨੇ ਵੀ ਖੂਬ ਇੰਜੋਏ ਕੀਤਾ। ਢੋਲ ਦੀਆਂ ਰਵਾਇਤੀ ਤਾਲਾਂ ਨੇ ਜਿੱਥੇ ਬੱਚਿਆਂ ਨੂੰ ਆਪਣੇ ਅਮੀਰ ਪੰਜਾਬੀ ਸੱਭਿਆਚਾਰ ਅਤੇ ਪੁਰਾਤਨ ਵਿਰਾਸਤ ਨਾਲ ਜੋੜਿਆ, ਉੱਥੇ ਹੀ ਪ੍ਰੋਗਰਾਮ ਵਿੱਚ ਪਹੁੰਚੇ ਮਾਪਿਆਂ ਦੇ ਮਨਾਂ ਵਿੱਚ ਉਨ੍ਹਾਂ ਦੇ ਆਪਣੇ ਬਚਪਨ ਦੀਆਂ ਖੂਬਸੂਰਤ ਯਾਦਾਂ ਨੂੰ ਇੱਕ ਵਾਰ ਫਿਰ ਤਾਜ਼ਾ ਕਰ ਦਿੱਤਾ।

ਇਸ ਮੌਕੇ ਅਕੈਡਮੀ ਦੇ ਪ੍ਰਬੰਧਕਾਂ ਨੇ ਦੱਸਿਆ ਕਿ ’ਸਿੱਖੋ, ਨੱਚੋ ਅਤੇ ਅਨੰਦ ਮਾਣੋ’ ਦੇ ਨਾਅਰੇ ਤਹਿਤ ਕਰਵਾਈ ਗਈ ਇਸ ਵਰਕਸ਼ਾਪ ਦਾ ਮੁੱਖ ਮਕਸਦ ਅੱਜ ਦੀ ਕੰਪਿਊਟਰ ਅਤੇ ਮੋਬਾਈਲ ਯੁੱਗ ਦੀ ਪੀੜ੍ਹੀ ਨੂੰ ਸਰੀਰਕ ਫਿਟਨੈੱਸ ਦੇ ਨਾਲ-ਨਾਲ ਆਪਣੇ ਰਵਾਇਤੀ ਲੋਕ ਨਾਚਾਂ ਪ੍ਰਤੀ ਜਾਗਰੂਕ ਕਰਨਾ ਹੈ। ਵਰਕਸ਼ਾਪ ਦੇ ਅਖੀਰ ਵਿੱਚ ਸਾਰੇ ਬੱਚਿਆਂ, ਮਾਪਿਆਂ ਅਤੇ ਪ੍ਰਬੰਧਕਾਂ ਨੇ ਢੋਲ ਦੀ ਤਾਲ ’ਤੇ ਇਕੱਠੇ ਮਿਲ ਕੇ ਲੁੱਡੀ ਪਾਈ ਅਤੇ ਮਾਲ ਦੇ ਪੂਰੇ ਮਾਹੌਲ ਨੂੰ ਸੱਭਿਆਚਾਰਕ ਰੰਗ ਵਿੱਚ ਰੰਗ ਦਿੱਤਾ।

# ਰਾਸ਼ਟਰੀ ਗੌਰਵ ਪੁਰਸਕਾਰ ਅਤੇ ਸ਼ਾਨੇ ਪੰਜਾਬ ਅਵਾਰਡ ਨਾਲ 60 ਸਖਸ਼ੀਅਤਾਂ ਦਾ ਸਨਮਾਨ

**ਪਟਿਆਲਾ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**



ਰਾਸ਼ਟਰੀਆ ਜਯੋਤੀ ਕਲਾ ਮੰਚ (ਰਜਿ) ਅਤੇ ਕਾਂਸਲ ਫਾਉਂਡੇਸ਼ਨ ਵੱਲੋਂ ਡਾਇਰੈਕਟਰ ਰਾਕੇਸ਼ ਠਾਕੁਰ ਦੀ ਨਿਰਦੇਸ਼ਨਾ ਹੇਠ ਭਾਰਤ ਵਿਕਾਸ ਪ੍ਰੀਸ਼ਦ ਦੇ ਹਾਲ ਵਿੱਚ ਰਾਸ਼ਟਰੀਆ ਗੌਰਵ ਪੁਰਸਕਾਰ 2026 ਅਤੇ ਸ਼ਾਨੇ ਪੰਜਾਬ ਐਵਾਰਡ 2026 ਨਾਲ ਵੱਖ -ਵੱਖ ਖੇਤਰਾਂ ਵਿੱਚ ਆਪਣਾ ਯੋਗਦਾਨ ਪਾਉਣ ਵਾਲੀਆਂ 60 ਸਖਸ਼ੀਅਤਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਸਮਾਗਮ ਵਿੱਚ ਭਗਵਾਨ ਦਾਸ ਜੁਨੇਜਾ ( ਗ੍ਰੀਨ ਮੈਨ) ਮਹਾਨ ਸਮਾਜ ਸੇਵਕ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਅਤੇ ਵਿਸ਼ੇਸ਼ ਮਹਿਮਾਨ ਵਜੋਂ ਹਰਪਾਲ ਜੁਨੇਜਾ (ਚੇਅਰਮੈਨ ਪੀਆਰਟੀਸੀ), ਪਹੁੰਚੇ, ਅਤੇ ਪ੍ਰਧਾਨਗੀ ਡਾਕਟਰ ਗੁਰਵਿੰਦਰ ਕਾਂਸਲ ਐਡਵੋਕੇਟ ਨੇ ਕੀਤੀ। ਇਸ ਮੌਕੇ ਤੇ ਬਲਜਿੰਦਰ ਸਿੰਘ ਢਿੱਲੋਂ (ਚੇਅਰਮੈਨ, ਪੰਜਾਬ ਐਗਰੋ ਅਤੇ ਫੂਡ ਗ੍ਰੇਨ ), ਹਰਪਾਲ ਸਿੰਘ ਵਿਰਕ (ਚੇਅਰਮੈਨ, ਇੰਪਰੋਵੇਮੇਂਟ ਟਰੱਸਟ), ਰਾਜੀਵ ਗੋਇਲ ( ਸੋਸ਼ਲ ਵਰਕਰ), ਡਾਕਟਰ ਗੁਰਵਿੰਦਰ ਕਾਂਸਲ, ਪਰਦੀਪ ਨਾਨੰਸੁ ( ਸੋਸ਼ਲ ਵਰਕਰ) ਡਾ. ਨਰੇਸ਼ ਗਰਗ (ਗਰਗ ਮਿਸ਼ਨ ਹਸਪਤਾਲ), ਭੁਪਿੰਦਰ ਸਿੰਘ (ਐਮ ਡੀ, ਮਾਤਾ ਗੁਜਰੀ ਪਬਲਿਕ ਸਕੂਲ), ਡਾ. ਪ੍ਰੀਤਕਮਲ ਚੀਮਾ (ਯੂਐਸਏ), ਗੁਰਿੰਦਰਜੀਤ ਕੌਰ, ਮੁਕੇਸ਼ ਸਿੰਗਲਾ, ਹਰਿੰਦਰ ਗੁਪਤਾ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਮੌਕੇ ਉੱਤੇ ਸਖਸ਼ੀਅਤਾਂ ਨੂੰ ਰਾਸ਼ਟਰੀਆ ਗੌਰਵ ਪੁਰਸਕਾਰ ਤੇ ਸ਼ਾਨੇ ਪੰਜਾਬ ਐਵਾਰਡ 2026 ਦੇਕੇ ਸਨਮਾਨਤ ਕੀਤਾ ਗਿਆ। ਮੰਚ ਦੇ ਚੇਅਰਮੈਨ ਸੰਜੇ ਗੋਇਲ, ਪੈਟਰਨ ਬੀਰ ਚੰਦ ਖੁਰਮੀ, ਸੀਨੀ. ਪ੍ਰੈਜ਼ੀਡੈਂਟ ਇੰਜ. ਨਰਿੰਦਰ ਸਿੰਘ, ਅਕਸ਼ੇ ਗੋਪਾਲ (ਪੈਟਰਨ), ਤ੍ਰਿਭਵਨ ਗੁਪਤਾ, ਧੀਰਜ ਗੋਇਲ, ਵਰਿੰਦਰ ਗਰਗ (ਏ ਵੀ ਮਾਰਕੀਟਿੰਗ), ਐਡਵੋ. ਸੁਰਿੰਦਰ ਮੋਹਨ ਸਿੰਗਲਾ, ਹਰਮੇਸ਼ ਸਿੰਗਲਾ, ਪਰਵੀਨ ਗੋਇਲ, ਹਰਿੰਦਰ ਗੁਪਤਾ, ਬਰਿੰਦਰ ਵਰਮਾ, ਕਰਮਵੀਰ ਪੁਰੀ, ਦਰਸ਼ਨ ਜਿੰਦਲ, ਡਾ. ਸਤਿਆਪਾਲ ਸਲੂਜਾ, ਹਰਕੇਸ਼ ਮਿੱਤਲ ਬਲਬੇੜਾ ਅਤੇ ਮੰਚ ਦੇ ਹੋਰ ਅਹੁਦੇਦਾਰਾਂ ਨੇ ਵੱਖ - ਵੱਖ ਸਖਸ਼ੀਅਤਾਂ ਨੂੰ ਆਪਣੇ ਕਰ ਕਮਲਾਂ ਨਾਲ ਐਵਾਰਡ ਦੇਕੇ ਸਨਮਾਨਤ ਕੀਤਾ। ਇਸ ਦੌਰਾਨ ਜਿਹਨਾਂ ਸਖਸ਼ੀਅਤਾਂ ਨੂੰ ਰਾਸ਼ਟਰੀਆ ਗੌਰਵ ਪੁਰਸਕਾਰ ਤੇ ਸ਼ਾਨੇ ਪੰਜਾਬ ਐਵਾਰਡ 2026 ਦੇਕੇ ਸਨਮਾਨਿਤ ਕੀਤਾ ਗਿਆ, ਉਹਨਾਂ ਵਿੱਚ ਡਾਕਟਰ ਨੀਖਿਲ ਸਾਰੋਂਵਾਲ, ਡਾਕਟਰ ਅਸ਼ੋਕ ਜੋਸ਼ੀ, ਡਾਕਟਰ ਸ਼ਿਵ ਭਾਰਦਵਾਜ, ਯਸ਼ਪਾਲ ਕੱਕੜ, ਐਡਵੋਕੇਟ ਰਾਕੇਸ਼ ਗੁਪਤਾ, ਡਾਕਟਰ ਦਿਨੇਸ਼ ਪਾਸੀ, ਕਮਲ ਅਗਰਵਾਲ, ਡਾਕਟਰ ਸੰਜੀਵ ਗੁਪਤਾ, ਡਾਕਟਰ ਸ਼ਾਮ ਜਿੰਦਲ, ਡਾਕਟਰ ਨੀਰਜ ਗੋਇਲ, ਰਾਕੇਸ਼ ਬੱਗਾ, ਹਰਪ੍ਰੀਤ ਸੰਧੂ, ਰਾਕੇਸ਼ ਵਰਮੀ, ਅਵਤਾਰ ਸਿੰਘ ਭੋਲਾ, ਸ੍ਰੀ ਭਾਰਤ ਭੂਸ਼ਣ, ਜਤਿੰਦਰ ਬੰਸਲ, ਮੁਲਕ ਰਾਜ ਟੌਹੜਾ, ਇੰਜੀਨੀਅਰ ਸੁਭਾਸ਼ ਸ਼ਰਮਾ, ਨਵਜੋਤ ਸਿੰਘ ਬਜਾਜ, ਪੰਡਿਤ ਨਿਖਲੇਸ਼, ਰੁਪਿੰਦਰ ਸਿੰਘ, ਰਾਜ ਸਿੰਗਲਾ, ਬਿਕਰਮ ਵਰਮਾ, ਪ੍ਰਦੀਪ ਮੋਂਗਾ, ਡਾਕਟਰ ਪ੍ਰੀਤ ਇੰਦਰ ਸਿੰਘ ਕਥੂਰੀਆ, ਡਾਕਟਰ ਵਰਿੰਦਰ ਖੰਨਾ, ਸ਼ਾਮ ਵੀਰ, ਪਵਨ ਸਿੰਗਲਾ, ਪੰਡਿਤ ਰਾਜਬੀਰ, ਜੰਗਜੀਤ ਸਿੰਘ, ਜਗਦੀਪ ਸਿੰਘ ਸੋਢੀ, ਡਾਕਟਰ ਦੀਪ ਸਿੰਘ, ਡਾਕਟਰ ਰਾਜੇਸ਼ ਚੋਪੜਾ, ਡਾਕਟਰ ਸੰਜੇ ਸਿੰਘਲਾ, ਰਾਜਕੁਮਾਰ ਸ਼ਰਮਾ, ਮਨਜੀਤ ਸਿੰਘ ਚੌਹਾਨ, ਈਸ਼ਵਰ ਸ਼ਰਮਾ, ਵਰਿੰਦਰ ਕੋਸ਼ਿਸ਼, ਸੋਨਮ ਬੰਸਲ, ਨਰੇਸ਼ ਸਿੰਗਲਾ, ਸੁਰਿੰਦਰ ਜਿੰਦਲ, ਪਵਨ ਗੋਇਲ, ਰਾਜੀਵ ਗਰਗ, ਆਰਐਮ ਬਾਂਸਲ, ਡਾਕਟਰ ਰਾਕੇਸ਼ ਪਾਠਕ, ਕੇਕੇ ਬਾਂਸਲ, ਰਮੇਸ਼ ਕਪੂਰ, ਰਵਿੰਦਰ ਸਿੰਘ ਸ਼ਾਮਿਲ ਸਨ। ਇਸ ਐਵਾਰਡ ਸਮਾਗਮ ਨੂੰ ਸਫ਼ਲ ਬਣਾਉਣ ਵਿੱਚ ਡਾਕਟਰ ਧਰਮਿੰਦਰ ਸੰਧੂ, ਮਮਤਾ ਠਾਕੁਰ, ਬਿਲੀਅਮਜੀਤ ਸਿੰਘ, ਨਿਰਮਲ ਜੈਨ, ਸੁਮਨ, ਸੰਜੇ ਕੁਮਾਰ (ਸੰਜੇ ਸਟੂਡੀਓ), ਰਾਮ ਸ਼ਰਨ, ਨੇ ਆਪਣਾ ਯੋਗਦਾਨ ਪਾਇਆ।

# ਬਾਣੀ ਵਿਚਾਰ ਚੇਤਨਾ ਮੰਚ ਪੰਜਾਬ ਵੱਲੋਂ ਪੁਰਸਕਾਰਾਂ ਲਈ ਕਿਤਾਬਾਂ ਦੀ ਮੰਗ

**ਪਟਿਆਲਾ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਬਾਣੀ ਵਿਚਾਰ ਚੇਤਨਾ ਮੰਚ ਪੰਜਾਬ ਰਜਿ. ਵੱਲੋਂ ਪੁਰਸਕਾਰ ਦੇਣ ਲਈ ‘ਦਲਿਤ ਸਾਹਿਤ’ ਦੀਆਂ ਕਿਤਾਬਾਂ ਦੀ ਮੰਗ ਕੀਤੀ ਹੈ, ਮੰਚ ਵੱਲੋਂ ਕੌਮੀ ਤੇ ਕੌਮਾਂਤਰੀ ਪੱਧਰ ਤੇ ਪੰਜਾਬੀ ਵਿਚ ਦਲਿਤ ਸਾਹਿਤ ਦੀਆਂ ਛਪ ਰਹੀਆਂ ਕਿਤਾਬਾਂ ਤੇ ਪੁਰਸਕਾਰ ਦੇਣ ਦਾ ਫ਼ੈਸਲਾ ਕੀਤਾ ਹੈ। ਇਸ ਸਬੰਧੀ ਮੰਚ ਦੀ ਇਕ ਵਿਸ਼ੇਸ਼ ਮੀ ?ਟਿੰਗ ਹੋਈ ਜਿਸ ਵਿਚ ਮੰਚ ਦੇ ਮੁੱਖ ਸਰਪ੍ਰਸਤ ਜੀਐਮ ਬਲਵਿੰਦਰ ਸਿੰਘ ਜਾਤੀਵਾਲ, ਮੰਚ ਤੇ ਸੂਬਾ ਪ੍ਰਧਾਨ ਗੁਰਨਾਮ ਸਿੰਘ ਅਕੀਦਾ, ਮੰਚ ਤੇ ਸੀਨੀਅਰ ਮੀਤ ਪ੍ਰਧਾਨ ਡਾ. ਗੁਰਮੀਤ ਸਿੰਘ ਕੱਲਰ ਮਾਜਰੀ, ਜਗਦੀਸ਼ ਲਾਲ ਬੱਧਣ ਹੁਸ਼ਿਆਰਪੁਰ, ਪ੍ਰੋ. ਲਾਲ ਬਹਾਦਰ ਭਾਟੀਆ ਜਲੰਧਰ, ਫਤਿਹਜੰਗ ਸਿੰਘ ਚੰਡੀਗੜ੍ਹ, ਕੁਲਦੀਪ ਚੰਦ ਨੰਗਲ, ਜੀਐਮ ਡਾ. ਸੁਰਜੀਤ ਸਿੰਘ ਭਦੌੜ, ਵਿਦਵਾਨ ਡਾ. ਸੰਤੋਖ ਸਿੰਘ ਸੁੱਖੀ ਆਦਿ ਆਗੂ ਹਾਜ਼ਰ ਹੋਏ। ਇਸ ਤਹਿਤ ਫ਼ੈਸਲਾ ਕੀਤਾ ਗਿਆ ?ਕਿ ਵਾਰਤਕ ਵਿਚ ਗਿਆਨੀ ਦਿੱਤ ਸਿੰਘ ਐਵਾਰਡ, ਪੱਤਰਕਾਰਤਾ ਲਈ ਸੁੰਦਰ ਸਿੰਘ ਲਾਇਲਪੁਰੀ ਐਵਾਰਡ, ਕਵਿਤਾ ਲਈ ਲਾਲ ਸਿੰਘ ਦਿਲ ਐਵਾਰਡ, ਕਹਾਣੀ ਲਈ ਪ੍ਰੇਮ ਗੋਰਖੀ ਐਵਾਰਡ, ਨਾਟਕ ਲਈ ਡਾ. ਚਰਨ ਦਾਸ ਸਿੱਧੂ ਐਵਾਰਡ, ਨਾਵਲ ਲਈ ਡਾ. ਗੁਰਚਰਨ ਸਿੰਘ ਰਾਓ ਐਵਾਰਡ, ਗੀਤਕਾਰ ਤੇ ਕਿੱਸਾ ਕਾਵਿ ਲਈ ਦਿਆ ਸਿੰਘ ਆਰਿਫ਼ ਐਵਾਰਡ, ਪੇਂਡੂ ਸਭਿਆਚਾਰ ਲਈ ਛੱਜੂ ਸਿੰਘ ਦੰਦਰਾਲਾ ਐਵਾਰਡ, ਇਸ ਤੋਂ ਇਲਾਵਾ ਸਵੈ ਜੀਵਨ ਐਵਾਰਡ ਦਿੱਤੇ ਜਾਣਗੇ। ਇਹ ਐਵਾਰਡ 1 ਅਪਰੈਲ 2022 ਤੋਂ 31 ਮਾਰਚ 2026 ਤੱਕ ਛਪੀਆਂ ਕਿਤਾਬਾਂ ਨੂੰ ਦਿੱਤੇ ਜਾਣਗੇ। ਸਬੰਧਿਤ ਲੇਖਕ ਆਪਣੀਆਂ ਕਿਤਾਬਾਂ 31 ਜੁਲਾਈ ਤੱਕ 49 ਐੱਫ਼ ਰਣਜੀਤ ਨਗਰ ਸਿਊਨਾ ਰੋਡ ਪਟਿਆਲਾ ਦੇ ਪਤੇ ਤੇ ਭੇਜ ਸਕਦੇ ਹਨ।

## ਗੁੰਮ ਆਵਾਜ਼

ਵੇਖਦਾ ਹਾਂ ਕਿ ਆਤਮਾ ਨੇ ਮੈਨੂੰ ਹਵਾ ਵਿੱਚ ਚੁੱਕ ਕੇ ਇੱਕ ਉੱਚੇ ਪਹਾੜ 'ਤੇ ਲਿਆ ਖੜ੍ਹਾ ਕੀਤਾ। ਇਹ ਕੋਈ ਖਵਾਬ ਸੀ ਕਿ ਹਕੀਕਤ, ਮੈਂ ਕਹਿ ਨਹੀਂ ਸਕਦਾ। ਹੇਠਾਂ ਵਾਦੀ ਵਿੱਚ ਦੇ ਸ਼ੋਰ ਸ਼ਰਾਬੇ ਤੋਂ ਇੰਝ ਲਗਦਾ ਸੀ ਕਿ ਹਜ਼ਾਰਾਂ ਲੋਕਾਂ ਦੀ ਭੀੜ ਨਾਅਰੇ ਲਾ ਰਹੀ ਸੀ, ਹੈਲੀ ਲੂਈਆ – ਹੈਲੀ ਲੂਈਆ, ਧੰਨ ਹੋ ਧੰਨ ਹੋ, ਸਰਵ ਸ਼ਕਤੀਮਾਨ, ਸਰਵ ਵਿਆਪਕ, ਯਹੋਵਾ ਜੈਰਾ, ਯਹੂਵਾ ਐਲੋਹੀਮ, ਯਹੋਵਾ ਸ਼ਲੋਮ,



ਯਹੋਵਾ ਰਾਹ, ਹੇ ਪ੍ਰਮੇਸ਼ਵਰ! ਤੇਰੀ ਜੈ ਜੈ ਕਾਰ। ਇਸ ਦੇ ਨਾਲ ਸਨ ਡੱਫ਼, ਢੋਲ, ਖੰਜਰੀਆਂ, ਰਬਾਬ, ਦਸਤਾਰੇ ਦੀ ਕੰਨਾਂ ਨੂੰ ਚੀਰਦੀ ਵਾਦੀਆਂ ਨੂੰ ਪਾੜਦੀ, ਅਸਮਾਨਾਂ ਦੀਆਂ ਤਾਕੀਆਂ ਖੋਲ੍ਹ ਦੇਣ ਵਾਲੀਆਂ ਸੁਰਾਂ ਤੇ ਥਾਪ। ਅਲਿਫ਼ਾ ਓ ਉਮੇਗਾ, ਇਬਤਦਾ ਤੋਂ ਇਨਤਹਾ। ਏਸ ਭੀੜ ਦੇ ਨਾਅਰਿਆਂ ਤੇ ਯਸੂ ਮਸੀਹ ਦੇ ਜਾਪ ਤੋਂ ਪ੍ਰਗਟ ਹੁੰਦਾ ਸੀ ਕਿ ਇਹ ਅਣਗਿਣਤ ਲੋਕਾਂ ਦੀ ਭੀੜ ਕੋਈ ਮਸੀਹੀ ਅਤੇ ਯਹੂਦੀ ਲੋਕਾਂ ਦਾ ਲਸ਼ਕਰ ਸੀ। ਵੇਖਦਾ ਹਾਂ ਅੱਖ ਦੇ ਝਮਕਣ ਨਾਲ ਖੱਬੇ ਪਾਸਿਉਂ ਆਵਾਜ਼ ਗੂੰਜੀ, ਅੱਲਾ ਹੂ ਅਕਬਰ, ਅੱਲਾ ਹੂ ਅਕਬਰ, ਇੱਲ ਲਿੱਲਾ, ਮੁਹੰਮਦ ਉਲ ਰਸੂਲ ਅੱਲਾ, ਅੱਲਾ ਉੱਲ ਮੋਮਨੀਨ, ਰੱਬੁਲ ਅਫ਼ਵਾਜ, ਦੋਜ਼ਖ ਅਤੇ ਜੰਨਤ ਦੇ ਮਾਲਿਕ ਇਲਾਹੀ ਕਰੀਮ ਓ ਕਾਦਰ, ਅਸ਼ਰਫੁਲ ਮਖਲੂਕਾ ਖਾਤਿਮ ਉਲ ਨੱਬੀਨ। ਟਿੱਡੀ ਦਲ ਵਾਂਗਰ ਇਹ ਭੀੜ ਵਾਦੀ ਦੇ ਖੱਬੇ ਬੰਨੇ ਛਾ ਗਈ ਤੇ ਇੱਕ ਹੌਲਨਾਕ ਆਵਾਜ਼ ਆਈ, ਮੈਂ ਮਹਿਦੀ ਹਾਂ, ਇਸਲਾਮ ਦਾ ਰਾਜ ਬਹਾਲ ਕਰਨਾ ਮੇਰੀ ਆਖਰੀ ਨਿਸ਼ਾਨੀ ਹੈ।

ਮੈਂ ਵੇਖਿਆ ਕਰੋੜਾਂ ਦਾ ਹੜ੍ਹ ਸਾਹਮਣੇ ਪੱਛਮੀ ਉੱਤਰੀ ਤੱਟ ਤੋਂ ਹੜ੍ਹ ਵਾਂਗਰ ਚੜ੍ਹ ਆਇਆ। ਇਹ ਨਿਰਸਿੰਗੇ ਅਤੇ ਸੰਖਾਂ ਦੀ ਵੱਜ ਗੱਜ ਨਾਲ ਇਹ ਬਾਰਾਂ ਦਰਬਾਰਾਂ, ਮਹੀਨੇ, ਅਸਾਂ ਦੀਆਂ ਵਾਰਾਂ, ਰਾਹ ਰਾਸ ਦਾ ਸਿਮਰਣ ਕਰਨ ਵਿੱਚ ਮਗਨ ਸਨ। ਦੂਜੀ ਭੀੜ ਨਾਲੋਂ ਕਈ ਦਰਜੇ ਇਹ ਭੀੜ ਗਿਣਤੀ ਵਿੱਚ ਘੱਟ ਨਜ਼ਰ ਆਉਂਦੀ ਸੀ। ਇਹਨਾਂ ਦੇ ਸ਼ਬਦ ਕਿਸੇ ਸੁਰ ਤਾਲ ਵਿੱਚ ਹੋਣ ਕਰਕੇ ਮੇਰੀ ਸਮਝ ਵਿੱਚ ਬਖੂਬੀ ਆਉਂਦੇ ਸਨ। ਇੱਕ ਹੋਰ ਅਣਗਿਣਤ ਇਕੱਠ ਮੇਰੀ ਨਜ਼ਰੇ ਆਇਆ ਜੋ ਕੇਵਲ ਵਾਹਿਗੁਰੂ, ਵਾਹਿਗੁਰੂ, ਵਾਹਿਗੁਰੂ ਦਾ ਲਗਾਤਾਰ ਜਪ ਕਰੀ ਜਾ ਰਿਹਾ ਸੀ। ਏਹ ਸਾਰੀ ਗੂੰਜ ਭਰੀ ਆਵਾਜ਼ ਸੱਤਾਂ ਅਸਮਾਨਾਂ ਨੂੰ ਪਾੜਦੀ, ਲੀਰਾਂ ਕਰਦੇ ਮਹੌਲ ਵਿੱਚ ਇੰਝ ਲੱਗਾ ਕਿ ਮੈਂ ਇੱਕ ਬੇਹੋਸ਼ੀ ਦੀ ਹਾਲਤ ਵਿੱਚ ਪੁੱਜ ਗਿਆ ਹੋਵਾਂ। ਮੈਂ ਏਸ ਅਰਧ ਅਵਸਥਾ, ਬੇਸੁਰਤੀ ਦੀ ਹਾਲਤ ਵਿੱਚ ਇੱਕ ਗੁੰਗੀ ਬੇਲਫ਼ਜ਼ੀ, ਬੇ ਹਰਫ਼ੀ ਆਵਾਜ਼ ਵਿੱਚ ਪੁੱਛਿਆ ਇਹ ਸਭ ਕੁਝ ਕੀ ਹੈ, ਹੇ ਪ੍ਰਭੂ! ਤੇਰੇ ਬੱਚੇ ਤੇਰਾ ਜਾਪ ਕਰਦੇ ਆਪਣੇ ਦੁੱਖ ਦੱਸਣ, ਤੇਰੇ ਦਰਬਾਰ ਹਾਜ਼ਰ ਹਨ। ਦਇਆ ਕਰੋ ਪ੍ਰਭੂ, ਇਹਨਾਂ ਨਾਲ ਗੱਲ ਕਰੋ। ਇੱਕ ਨਰਮ ਜੇਹੀ ਆਵਾਜ਼ ਆਈ, ਇਹ ਆਪਣੇ ਰਾਮ ਰੌਲੇ ਵਿੱਚ ਹੀ ਮਸਤ ਹਨ। ਮੈਨੂੰ ਕਿੱਥੇ ਬੋਲਣ ਦੇਂਦੇ ਹਨ।

**-ਬੀ. ਐਸ. ਮੋਮੀ**

# ਅੰਮ੍ਰਿਤਸਰ ਦਾਦਰ ਐਕਸਪ੍ਰੈਸ

**ਕਹਾਣੀ**



ਲੈਫਟੀਨੈਂਟ ਤੇ ਉਸਦੇ ਸਿਪਾਹੀ ਵੀ ਜਾਗ ਚੁੱਕੇ ਸਨ, ਦੂਜੇ ਡੱਬਿਆਂ ਵਿੱਚੋਂ ਹੋਰ ਫੌਜੀ ਵੀ ਆਪਣੇ ਦੋਸਤਾਂ ਨੂੰ ਮਿਲਣ ਆਉਣ ਲੱਗ ਪਏ। ਚਿੱਟੀ ਟੋਪੀ ਵਾਲਾ ਮੁੰਡਾ ਜੇਬਾ ਵੀ ਜਾਗ ਪਏ ਸਨ, ਉਸੇ ਡੱਬੇ ਵਿੱਚ ਇੱਕ ਪੂਰੇ ਦਾ ਪੂਰਾ ਕੈਬਿਨ ਖਾਲੀ ਹੋ ਗਿਆ ਸੀ। ਜੇਬਾ, ਰੁਖਸਾਨਾ, ਚਿੱਟੀ ਟੋਪੀ ਵਾਲਾ ਮੁੰਡਾ ਅਤੇ ਲੀਡਰ ਮੁੰਡਾ ਸਾਰੇ ਸਬੱਬ ਨਾਲ ਇਕੋ ਕੈਬਿਨ ਵਿੱਚ ਇਕੱਠੇ ਹੋ ਗਏ। ਜਿਹੜੀਆਂ ਸੀਟਾਂ ਖਾਲੀ ਬਚੀਆਂ ਸਨ- ਉਹ ਫੌਜੀਆਂ ਨੇ ਮੱਲ ਲਈਆਂ। ਕਾਲੀ ਰਾਤ ਦੀ ਜਗ੍ਹਾ ਚਿੱਟੇ ਸਵੇਰੇ ਨੇ ਲੈ ਲਈ। ਸੜਕਾਂ 'ਤੇ ਥੋੜ੍ਹੀ ਥੋੜ੍ਹੀ ਅਵਾਜਾਈ ਸ਼ੁਰੂ ਹੋ ਗਈ ਸੀ। ਪਿੰਡਾਂ 'ਚ ਲੋਕਾਂ ਨੇ ਆਪਣੇ ਨਿੱਤ ਦੇ ਕਾਰ-ਵਿਹਾਰ ਕਰਨੇ ਸ਼ੁਰੂ ਕਰ ਦਿੱਤੇ ਸਨ। ਉਦਾਸ ਮਨ ਨਾਲ ਮੈਂ ਤਾਕੀ ਵਿੱਚੋਂ ਬਾਹਰ ਦੇਖ ਰਿਹਾ ਸੀ, ਭਾਂਵੇ ਸਾਰੀ ਰਾਤ ਸੁੱਤਾ ਨਹੀਂ ਸੀ। ਪਤਾ ਨਹੀਂ ਫਿਰ ਵੀ ਕਿਉਂ ਨੀਂਦ ਨਹੀਂ ਆ ਰਹੀ ਸੀ? ਨਾਲ ਬੈਠੇ ਫੌਜੀ ਨੇ ਚਾਹ ਲਈ ਸੁਲ੍ਹਾ ਮਾਰੀ। ਮੇਰੇ ਨਾਂਹ-ਨਾਂਹ ਕਰਨ 'ਤੇ ਵੀ ਧੱਕੇ ਨਾਲ ਹੀ ਚਾਹ ਦਾ ਕੱਪ ਫੜਾ ਦਿੱਤਾ।

ਅਣਮੰਨੇ ਜਿਹੇ ਮਨ ਨਾਲ ਚਾਹ ਪੀਣੀ ਸ਼ੁਰੂ ਕੀਤੀ ਪਰ ਮਨ ਅੰਦਰੋਂ ਕੁਝ ਹੋਰ ਸੀ। ਉਹ ਅਜੇ ਸੁੱਤੀ ਪਈ ਸੀ। ਆਲੇ-ਦੁਆਲੇ ਦੇਖਿਆ ਚਿੱਟੀ ਟੋਪੀ ਵਾਲਾ ਮੁੰਡਾ, ਜੇਬਾ, ਰੁਖਸਾਨਾ ਸਾਰੇ ਚਾਹ ਪੀ ਰਹੇ ਸਨ। ਉਸ ਦੀ ਗੈਰ-ਹਾਜ਼ਰੀ ਨੇ ਹੋਰ ਵੀ ਉਦਾਸ ਕਰ ਦਿੱਤਾ। ਫੌਜੀ ਨੇ ਆਪਣਾ ਬੈਗ ਖੋਲ੍ਹਿਆ ਵਿਚੋਂ ਪੰਜੀਰੀ ਖੋਆ ਕੱਢਣ ਲੱਗ ਪਿਆ ਤੇ ਸਾਰਾ ਖਾਣ ਪੀਣ ਦਾ ਸਮਾਨ ਮੇਰੇ ਮੂਹਰੇ ਰੱਖ ਦਿੱਤਾ, ਮਨ੍ਹਾ ਕਰਨ 'ਤੇ ਵੀ ਧੱਕੇ ਨਾਲ ਹੀ ਮੈਨੂੰ ਖੋਆ ਖਾਣ 'ਤੇ ਮਜ਼ਬੂਰ ਕਰ ਦਿੱਤਾ। ਉਹ ਰੋਹਤਕ ਜ਼ਿਲ੍ਹੇ ਦਾ ਰਹਿਣ ਵਾਲਾ ਸੀ। ਬੜਾ ਹਸਮੁਖ ਬੀ. ਐਸ. ਸੀ. ਸੀ. ਬੀ. ਐਡ ਕਰਕੇ ਫੌਜ 'ਚ ਭਰਤੀ ਹੋਇਆ ਸੀ। "ਸਦੀਆਂ ਤੋਂ ਆਪਣੇ ਬਜ਼ੁਰਗ ਫੌਜ 'ਚ ਭਰਤੀ ਹੁੰਦੇ ਰਹੇ ਹਨ ਤੁਸੀਂ ਪਤਾ ਨਹੀਂ ਕਿਉਂ ਫੌਜ 'ਚ ਨਹੀਂ ਆਏ। "ਉਹ ਮੈਨੂੰ ਕਹਿ ਰਿਹਾ ਸੀ। "ਪਹਿਲਾਂ ਨਹੀ ਆਏ।" ਉਹ ਮੈਨੂੰ ਕਹਿ ਰਿਹਾ ਸੀ। "ਪਹਿਲਾਂ ਅੰਗਰੇਜ਼ਾਂ ਵੱਲੋਂ ਜਬਰਦਸਤੀ ਭਰਤੀ ਕੀਤੇ ਜਾਂਦੇ ਰਹੇ।" "ਹੁਣ?" "ਮੈਂ ਤਾਂ ਆਪਣੀ ਮਰਜ਼ੀ ਨਾਲ ਹੀ ਆਇਆਂ।" ਉਹ ਐਜੂਕੇਸ਼ਨ ਕੋਰ 'ਚ ਸੀ। ਉਸ ਦਾ ਕੋਰਸ ਸ਼ੁਰੂ ਹੋ ਰਿਹਾ ਸੀ, ਐਨੇ ਨੂੰ ਕਾਲੇ ਕੱਪੜਿਆਂ ਵਾਲੀ ਕੁੜੀ ਵੀ ਨੀਂਦ ਤੋਂ ਜਾਗ ਪਈ ਤੇ ਸਾਡੇ ਆਲੇ ਕੈਬਿਨ 'ਚ ਬੈਠ ਗਈ। ਮੈਂ ਉਸਨੂੰ ਖੋਆ ਤੇ ਪੰਜੀਰੀ ਖਾਣ ਨੂੰ ਦਿੱਤੇ। ਜੋ ਉਸ ਨੇ ਖਾ ਲਏ। ਜ਼ੇਬਾ ਰੁਖਸਾਨਾ 'ਤੇ ਚਿੱਟੀ ਟੋਪੀ ਵਾਲਾ ਮੁੰਡਾ ਉਪਰ ਖਾਲੀ ਪਏ ਬਰਥਾਂ 'ਤੇ ਸੌਂ ਗਏ। ਉਨ੍ਹਾਂ ਦੁਆਰਾ ਖਾਲੀ ਕੀਤੀਆਂ ਸੀਟਾਂ 'ਤੇ ਹੋਰ ਫੌਜੀ ਆ ਕੇ ਬੈਠ ਗਏ। ਉਨ੍ਹਾਂ ਅਤੇ ਕੁੜੀ ਨਾਲ ਗੱਲਾਂ ਕਰਨ ਲੱਗ ਪਏ। ਕੁਝ ਕੁੜੀ ਦੀ ਜ਼ਿੰਦਗੀ ਬਾਰੇ ਪੁੱਛਦੇ। ਕੁੜੀ ਉਹਨਾਂ ਫੌਜੀਆਂ 'ਚ ਪੂਰੀ ਰਚ ਗਈ ਸੀ, ਆਪਣੀ ਦਰਦ ਕਹਾਣੀ ਵੀ ਉਨ੍ਹਾਂ ਫੌਜੀਆਂ ਨੂੰ ਸੁਣਾ ਦਿੱਤੀ। ਉਸ ਕੁੜੀ ਲਈ ਫੌਜੀਆਂ ਦੇ ਦਿਲ ਵਿੱਚ ਹਮਦਰਦੀ ਸੀ। ਕਈਆਂ ਨੇ ਸਲਾਹ ਮਸ਼ਵਰਾ ਵੀ ਦਿੱਤਾ- ਛੋਟੀ ਉਮਰ ਦੇ ਹੋਣ ਕਰਕੇ ਛੇਤੀ ਹੀ ਉਹ ਆਪਸ ਵਿੱਚ ਘੁਲ-ਮਿਲ ਗਏ। ਕੈਬਿਨ 'ਚ ਰੌਣਕਾਂ ਲੱਗ ਗਈਆਂ।

ਗਾਉਣ-ਵਜਾਉਣ ਦਾ ਪ੍ਰੋਗਰਾਮ ਸ਼ੁਰੂ ਹੋ ਗਿਆ- ਫੌਜੀਆਂ ਨੇ ਗੀਤ ਸੁਣਾਉਣੇ ਸ਼ੁਰੂ ਕਰ ਦਿੱਤੇ। ਕਿਸੇ ਨੇ ਬਾਂਗਰ ਇਲਾਕੇ ਦੇ ਗੀਤ ਸੁਣਾਏ। ਜਲੰਧਰ ਵਾਲੇ ਮੁੰਡੇ ਨੇ ਮਿਰਜ਼ਾ, ਰੋਹਤਕੀ ਨੇ ਰਾਗਨੀ ਸੁਣਾਈ। ਮੈਂ ਵੀ ਕੋਈ ਗੀਤ ਸੁਣਾਵਾਂ ਉਹ ਸਾਰੇ ਜਿੱਦ ਕਰਨ ਲੱਗੇ ਪਰ ਮੇਰਾ ਮਨ ਉਦਾਸ ਸੀ। ਮੈਂ ਉਨ੍ਹਾਂ ਦੇ ਗੀਤ ਸੁਣ ਤਾਂ ਸਕਦਾ ਸੀ ਪਰ ਗਾਣਾ ਕਿਤੇ............?

ਬਾਹਰ ਮੌਸਮ ਬੜਾ ਸੁਹਾਵਣਾ ਸੀ। ਮੱਧਮ ਕੋਸੀ ਕੋਸੀ ਧੁੱਪ ਬੜੀ ਚੰਗੀ ਲੱਗ ਰਹੀ ਸੀ। ਮੁਸਾਫਰਾਂ ਨੇ ਕੰਬਲ, ਲੋਈਆਂ, ਖੇਸੀਆਂ ਇੱਕ ਪਾਸੇ ਰੱਖ ਦਿੱਤੀਆਂ ਸਨ। ਕਈਆਂ ਨੇ ਤਹਿ ਕਰਕੇ ਆਪਣੇ ਬੈਗ ਜਾਂ ਸੂਟਕੇਸ ਵਿੱਚ ਪਾ ਲਈਆਂ ਸਨ। ਹੁਣ ਗਰਮ ਕੱਪੜਿਆਂ ਦੀ ਕੋਈ ਲੋੜ ਨਹੀਂ ਸੀ। ਕਾਲੇ ਕੱਪੜਿਆਂ ਵਾਲੀ ਕੁੜੀ ਨੇ ਵੀ ਕੋਟੀ ਉਤਾਰ ਦਿੱਤੀ। ਬੜਾ ਮਜਬੂਤ ਸਰੀਰ ਸੀ, ਉਹ ਹੋਰ ਵੀ ਜਵਾਨ ਦਿੱਸਣ ਲੱਗ ਪਈ ਪਰ ਅਜੇ ਚੁੱਪ ਸੀ। ਫੌਜੀਆਂ ਦੀਆਂ ਅੱਖਾਂ ਉਸ ਉਤੇ ਸਨ, ਜਿਉਂ-ਜਿਉਂ ਉਨ੍ਹਾਂ ਦਾ ਸਟੇਸ਼ਨ ਨੇੜੇ ਆ ਰਿਹਾ ਸੀ, ਤਿਉਂ ਤਿਉਂ ਉਹ ਕੁੜੀ ਦੇ ਨੇੜੇ ਆ ਰਹੇ ਸਨ। ਆਪੋ ਆਪਣੇ ਬੈਗਾਂ ਵਿੱਚੋਂ ਸਾਰਿਆਂ ਨੇ ਨੋਟ-ਬੁੱਕ ਕੱਢੀਆਂ ਤੇ ਕੁੜੀ ਦਾ ਸਿਰਨਾਵਾਂ ਨੋਟ ਕੀਤਾ ਫਿਰ ਇੱਕ-ਦੂਜੇ ਮੂਹਰੇ ਹੋ ਕੇ ਆਪਣਾ-ਆਪਣਾ ਪਤਾ ਕੁੜੀ ਨੂੰ ਲਿਖ ਕੇ ਦਿੱਤਾ। ਸੋਨੀਪਤ ਤੋਂ ਰਾਜਬੀਰ ਸਿੰਘ, ਝੱਜਰ ਤੋ ਸ਼ਾਮਬੀਰ ਸਿੰਘ, ਜਲੰਧਰ ਤੋ ਜਸਵਿੰਦਰ ਸਿੰਘ, ਹੁਸ਼ਿਆਰਪੁਰ ਤੋ ਗੁਰਪ੍ਰੀਤ ਸਿੰਘ ਪਤਾ ਨਹੀਂ ਕਿੰਨੇ ਕੁ ਹੋਰ। ਅੰਦਰੋ ਅੰਦਰੀ ਕੁੜੀ 'ਤੇ ਉਹ ਆਪਣਾ ਪੂਰਾ ਹੱਕ ਸਮਝਦੇ ਸਨ। ਨਮਾਣੀ ਜਿਹੀ ਬਣਕੇ ਉਹ ਉਨ੍ਹਾਂ ਫੌਜੀਆਂ ਦੇ ਸਿਰਨਾਵੇਂ ਕੱਠੇ ਕਰ ਰਹੀ ਸੀ। ਆਖਰ ਫੌਜੀਆਂ ਦਾ ਠਿਕਾਣਾ ਆ ਗਿਆ, ਥੋੜ੍ਹੀ ਦੂਰ ਰੇਲਵੇ ਸਟੇਸ਼ਨ ਦੇ ਬਾਹਰ ਫੌਜ ਦੀ ਬੱਸ ਖੜ੍ਹੀ ਸੀ- ਆਪੋ ਆਪਣਾ ਸਮਾਨ ਸਿਰਾਂ 'ਤੇ ਚੁੱਕੀ ਉਹ ਬੱਸ ਵੱਲ ਨੂੰ ਤੁਰੇ ਜਾ ਰਹੇ ਸਨ। ਤੁਰਦੇ ਤੁਰਦੇ ਪਿੱਛੇ ਨੂੰ ਮੂੰਹ ਮੋੜ ਕੇ ਕੁੜੀ ਵੱਲ ਹੱਥ ਹਿਲਾ ਦਿੰਦੇ। ਫੌਜੀਆਂ ਨੂੰ ਉਤਾਰ ਕੇ ਰੇਲ ਅਗਲੇ ਸਟੇਸ਼ਨ ਲਈ ਰਵਾਨਾ ਹੋ ਗਈ। ਬਾਹਰ ਧੁੱਪ ਚਮਕ ਰਹੀ ਸੀ। ਉੱਤਰੀ ਭਾਰਤ ਦੀ ਠੰਢ ਦੇ ਝੰਬੇ ਮੁਸਾਫਰ ਬੜੀ ਗੂੜ੍ਹੀ ਨੀਂਦ ਸੁੱਤੇ ਪਏ ਸਨ।

ਸ਼ਾਮ ਹੋ ਰਹੀ ਸੀ- ਗੱਡੀ ਭੁਸਾਵਲ ਸਟੇਸ਼ਨ 'ਤੇ ਜਾ ਪਹੁੰਚੀ। ਚੜ੍ਹਨ ਵਾਲੇ ਬਹੁਤੇ ਆ ਗਏ ਜਿੰਨ੍ਹਾਂ ਸੀਟਾਂ ਤੇ ਅਸੀ ਬੈਠੇ ਸੀ ਉਹ ਇਥੋਂ ਰਾਖਵੀਆਂ ਸਨ ਨਵੇਂ ਮੁਸਾਫਰਾਂ ਨੂੰ ਵੀ ਵਿੱਚ ਹੀ ਬਿਠਾ ਲਿਆ ਡੱਬੇ ਵਿੱਚ ਤਿਲ ਸੁੱਟਣ ਨੂੰ ਵੀ ਥਾਂ ਨਹੀਂ ਸੀ। ਸਾਨੂੰ ਸਾਰਿਆਂ ਨੂੰ ਜਿਹਨਾਂ ਦੀਆਂ ਸੀਟਾਂ ਰਾਖਵੀਆਂ ਨਹੀਂ ਸਨ ਬੜੀ ਔਖਿਆਈ ਹੋ ਰਹੀ ਸੀ। ਲੀਡਰ ਮੁੰਡੇ ਨੇ ਉਨ੍ਹਾਂ ਨਾਲ ਕੋਈ ਸਲਾਹ ਮਸ਼ਵਰਾ ਕੀਤਾ ਕਿ ਉਹ ਰਾਤ ਨੂੰ ਸੌਣਗੇ ਕਿੱਥੇ?

ਫਿਰ ਸਲਾਹ ਕਰਕੇ ਜਲਗਾਉ ਉਤਰਨ ਦਾ ਫੈਸਲਾ ਕਰ ਲਿਆ। ਮੈਨੂੰ ਭੁੱਖ ਲੱਗ ਆਈ ਸੀ ਕੁਝ ਫਲ-ਫਰੂਟ ਲੈਣ ਲਈ ਡੱਬੇ 'ਚੋਂ ਬਾਹਰ ਆ ਗਿਆ। ਜਦੋਂ ਮੁੜ ਕੇ ਸੀਟ 'ਤੇ ਆਇਆ ਤਾਂ ਉਹ ਇੱਥੇ ਨਹੀਂ ਸਨ। ਇਹ ਜਲਗਾਉਂ ਦਾ ਸਟੇਸ਼ਨ ਸੀ।

ਸਟੇਸ਼ਨ ਤੇ ਇੱਕ ਲੋਹੇ ਦੇ ਖੰਭੇ ਦਾ ਆਸਰਾ ਲੈ ਕੇ ਉਹ ਇਕੱਲੀ ਖੜ੍ਹੀ ਸੀ। ਮੈਂ ਡੱਬੇ ਤੋ ਹੇਠਾਂ ਉਤਰਿਆ, ਉਸਦੇ ਸਾਹਮਣੇ ਜਾ ਖੜਾ ਹੋਇਆ। ਮੈਨੂੰ ਦੇਖ ਕੇ ਉਹ ਹਲਕਾ ਜਿਹਾ ਮੁਸਕਰਾਈ ਤੇ ਮੇਰੇ ਚਿਹਰੇ ਵੱਲ ਬੜੀ ਗੌਰ ਨਾਲ ਦੇਖਿਆ- ਸ਼ਾਇਦ ਕੁਛ ਪੜ੍ਹ ਰਹੀ ਸੀ। ਮੈਨੂੰ ਉਸ 'ਤੇ ਤਰਸ ਆਇਆ "ਚੰਗਾ, ਕਦੇ ਫਿਰ ਮਿਲਾਂਗੇ।" ਹੌਲੀ ਜਿਹੀ ਅਵਾਜ 'ਚ ਮੈਂ ਬੋਲਿਆ। "ਜਰੂਰ।" ਉਹ ਵੀ ਉਸੇ ਤਰ੍ਹਾਂ ਹੀ ਬੋਲੀ। ਗਾਰਡ ਵੱਲੋਂ ਸੀਟੀ ਵਜਾਈ ਜਾ ਚੁੱਕੀ ਸੀ। ਰੇਲ ਨੇ ਹੌਲੀ-ਹੌਲੀ ਰੁੜਨਾ ਸ਼ੁਰੂ ਕੀਤਾ। ਸ਼ਾਇਦ ਮੁਲਾਕਾਤ ਦਾ ਟਾਈਮ ਪੂਰਾ ਹੋ ਚੁੱਕਿਆ ਸੀ। ਮੈਂ ਉਸ ਕੁੜੀ ਨਾਲ ਹੱਥ ਮਿਲਾਇਆ- ਇਸ ਵਾਰ ਉਸਦਾ ਹੱਥ ਮੈਨੂੰ ਠੰਢਾ ਜਿਹਾ ਲੱਗਿਆ- ਜੀਹਦੇ 'ਚ ਨਿੱਘ ਨਹੀਂ ਸੀ ਤੇ ਛੇਤੀ ਕਰਕੇ ਭੱਜ ਕੇ ਡੱਬੇ 'ਚ ਚੜ ਗਿਆ। ਦਰਵਾਜੇ 'ਚ ਖੜ ਕੇ ਦੁਬਾਰਾ ਉਸ ਵੱਲ ਦੇਖਿਆ ਉਹ ਉਵੇਂ ਖੰਭੇ ਦੇ ਸਹਾਰੇ ਖੜ੍ਹੀ ਸੀ, ਫਿਰ ਉਸਨੇ ਮੂੰਹ ਘੁੰਮਾ ਕੇ ਥੋੜ੍ਹਾ ਜਿਹਾ ਮੇਰੇ ਵੱਲ ਦੇਖਿਆ, ਫਿਰ ਦੂਜੇ ਪਾਸੇ ਦੇਖਣ ਲੱਗ ਪਈ। ਗੱਡੀ ਨੇ ਪੂਰੀ ਸਪੀਡ ਫੜ ਲਈ ਸੀ। ਮੈਂ ਦਰਵਾਜੇ 'ਚ ਉਦੋਂ ਤੱਕ ਖੜ੍ਹਾ ਰਿਹਾ ਜਦੋਂ ਤੱਕ ਉਹ ਦਿਸਣੋਂ ਨਾ ਹਟ ਗਈ। ਸਟੇਸ਼ਨ ਤੋਂ ਬਾਹਰ ਦੇਖਿਆ ਹਨੇਰਾ ਹੋ ਚੁੱਕਿਆ ਸੀ- ਮਨ ਅਜੇ ਵੀ ਇੱਥੇ ਹੀ ਖੜ੍ਹੇ ਰਹਿਣ ਨੂੰ ਕਰਦਾ ਸੀ, ਉਹ ਪੂਰੀ ਤਰ੍ਹਾਂ ਦਿਸਣੋਂ ਹਟ ਗਈ ਸੀ।

ਆਪਣੇ ਮਨ ਅੰਦਰ ਉਸ ਕੁੜੀ ਦੀ ਜ਼ਿੰਦਗੀ ਦਾ ਤੱਤ ਕੱਢਦਿਆਂ ਸੋਚਿਆ 'ਮਾਪੇ ਆਪਣੀਆਂ ਕੁੜੀਆਂ ਨੂੰ ਛੋਟੀ ਉਮਰੇ ਵਿਆਹ ਦਿੰਦੇ ਹਨ ਤਾਂ ਕਿ ਉਹ ਛੇਤੀ ਤੋਂ ਛੇਤੀ ਭਾਰ ਤੋਂ ਸੁਰਖ਼ਰੂ ਹੋ ਜਾਣ। ਸ਼ਾਇਦ ਉਹ ਇਹ ਨਹੀ ਜਾਣਦੇ ਕਿ ਇਹੀ ਭਾਰ ਉਨ੍ਹਾਂ ਬੱਚੀਆਂ ਨੂੰ ਸਾਰੀ ਉਮਰ ਚੁੱਕਣਾ ਪਵੇਗਾ ਜਿਸ ਨੂੰ ਚੱਕਣ ਦੇ ਅਜੇ ਉਹ ਕਾਬਲ ਵੀ ਨਹੀਂ ਹੁੰਦੀਆਂ। ਉਦਾਸੀ ਦੇ ਆਲਮ 'ਚ ਮਨ ਮੁੜ ਸੀਟ ਤੇ ਜਾਣ ਨੂੰ ਕੀਤਾ, ਜਿੱਥੇ ਉਹ, ਅਸੀ ਬੈਠੇ ਸੀ ਪਰ ਹੁਣ ਉਨ੍ਹਾਂ ਸੀਟਾਂ ਤੇ ਹੋਰ ਮੁਸਾਫਰ ਆ ਚੁੱਕੇ ਸਨ। ਉਨ੍ਹਾਂ ਸੀਟਾ ਨੂੰ ਬੁਲਾਉਣ ਨੂੰ ਦਿਲ ਨਾ ਕੀਤਾ। ਇੱਕ ਪਾਸੇ ਸੀਟ 'ਤੇ ਖਾਸੇ ਅਖਬਾਰ ਪਏ ਸੀ ਉਨ੍ਹਾਂ ਨੂੰ ਫਰਸ਼ ਤੇ ਵਿਛਾ ਕੇ ਸੌਣ ਜੋਗੀ ਥਾਂ ਬਣਾਉਣ ਲੱਗ ਪਿਆ। ਬੂਟ ਉਤਾਰ ਕੇ ਲੇਟਿਆ ਹੀ ਸੀ ਉਹ ਪਾਣੀਪਤ ਵਾਲਾ ਮੁੰਡਾ ਮੇਰਾ ਪੁਰਾਣਾ ਸਾਥੀ ਪਤਾ ਨਹੀਂ ਇੱਕਦਮ ਕਿਧਰੋਂ ਆ ਨਿਕਲਿਆ, ਉਹ ਵੀ ਮੇਰੇ ਨਾਲ ਹੀ ਲਿਟ ਗਿਆ। ਪਤਾ ਨਹੀਂ ਕਦੋਂ ਸਾਨੂੰ ਨੀਂਦ ਆ ਗਈ। ਪਹਿਲੀ ਰਾਤ ਦਾ ਉਨੀਂਦਰਾ ਹੋਣ ਕਰਕੇ ਪਤਾ ਹੀ ਨਾ ਲੱਗਿਆ ਕਿ ਫਰਸ਼ 'ਤੇ ਸੁੱਤਾ ਪਿਆ ਹਾਂ ਜਾ ਬਿਸਤਰੇ ਤੇ। ਸਵੇਰੇ ਸਾਝਰੇ ਮੁਸਾਫਰਾਂ 'ਤੇ ਕੁਲੀਆਂ ਦੇ ' ਦਾਦਰ ਆ ਗਿਆ ਦਾਦਰ ਆ ਗਿਆ ਬਈ" ਦੇ ਰੌਲੇ ਨੇ ਜਗਾ ਦਿੱਤਾ। ਭਾਵੇਂ ਅਜੇ ਮੇਰਾ ਦਿਲ ਹੋਰ ਸੌਣ ਨੂੰ ਕਰਦਾ ਸੀ, ਦਾਦਰ ਰੇਲਵੇ ਸਟੇਸ਼ਨ ਦੇ ਪਲੇਟਫਾਰਮ ਤੇ ਅਧਸੁੱਤਾ ਜਿਹਾ ਆਪਣਾ ਬੈਗ ਚੁੱਕ ਕੇ ਤੁਰਿਆ ਜਾ ਰਿਹਾ ਸੀ।

-ਸਰਬਜੀਤ ਸਿੰਘ ਸੰਧੂ
*# ਪਿੰਡ ਤੇ ਡਾਕ-ਬਰੜਵਾਲ,*
*ਤਹਿ ਧੂਰੀ, ਜ਼ਿਲ੍ਹਾ ਸੰਗਰੂਰ*

# ਸ਼ਰਧਾ ਦਾ ਪ੍ਰਤੀਕ ਹੈ ਗੁਰਦੁਆਰਾ ਪਹਿਲੀ ਪਾਤਸ਼ਾਹੀ

ਕੁਰੂਕਸ਼ੇਤਰ ਹਰਿਆਣੇ ਦਾ ਇੱਕਲਾ ਅਜਿਹਾ ਸ਼ਹਿਰ ਹੈ ਜਿੱਥੇ 8 ਸਿੱਖ ਗੁਰੂ ਸਾਹਿਬਾਨ ਨੇ ਆਪਣੇ ਚਰਨ ਪਾਏ ਹਨ। ਇਸ ਸ਼ਹਿਰ ਵਿਚ ਗੁਰੂ ਨਾਨਕ ਦੇਵ ਜੀ, ਗੁਰੂ ਅਮਰਦਾਸ ਜੀ, ਗੁਰੂ ਰਾਮ ਦਾਸ ਜੀ, ਗੁਰੂ ਹਰਿਗੋਬਿੰਦ ਸਾਹਿਬ ਜੀ, ਗੁਰੂ ਹਰਿਰਾਇ ਸਾਹਿਬ ਜੀ, ਗੁਰੂ ਹਰਿ ਕ੍ਰਿਸ਼ਨ ਸਾਹਿਬ ਜੀ, ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਗੁਰੂ ਗੋਬਿੰਦ ਸਿੰਘ ਜੀ ਨੇ ਆਪਣੇ ਮੁਬਾਰਕ ਚਰਨ ਪਾਏ ਹਨ। ਇਹ ਜਾਣਕਾਰੀ ਗੁਰਦੁਆਰਾ ਸੱਤਵੀਂ ਪਾਤਸ਼ਾਹੀ ਦੇ ਹੈਡ ਗ੍ਰੰਥੀ ਗਿਆਨੀ ਅਮਰੀਕ ਸਿੰਘ ਜੀ ਨੇ ਦਿੱਤੀ। ਗੁਰਦੁਆਰਾ ਪਹਿਲੀ ਪਾਤਸ਼ਾਹੀ ਦੇ ਇਤਿਹਾਸ ਬਾਰੇ ਦੱਸਦਿਆਂ ਗਿਆਨੀ ਅਮਰੀਕ ਸਿੰਘ ਜੀ ਨੇ ਕਿਹਾ ਕਿ ਜਗਤ ਗੁਰੂ ਸ਼੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਪਹਿਲੀ ਉਦਾਸੀ ਜੋ ਸੰਮਤ 1554 ਤੋਂ 1565 ਤੱਕ ਸੀ, ਦੇ ਦੌਰਾਨ ਸੰਮਤ 1558 ਵਿਸਾਖ ਦੀ ਅਮਾਵਸ ਸੂਰਜ ਗ੍ਰਹਿਣ ਦੇ ਸਮੇਂ ਕੁਰੂਕਸ਼ੇਤਰ ਪਧਾਰੇ। ਗੁਰੂ ਨਾਨਕ ਦੇਵ ਜੀ ਨੇ ਵਡੇ ਤਲਾਬ (ਬ੍ਰਹਮ ਸਰੋਵਰ) ਦੇ ਕਿਨਾਰੇ ਡੇਰਾ ਲਗਾਇਆ ਤੇ ਹਿੰਦੂ ਜਗਤ ਦੇ ਪ੍ਰਸਿਧ ਨਿਯਮ (ਸੂਰਜ ਗ੍ਰਹਿਣ ਸਮੇਂ ਅੱਗ ਨਾ ਬਾਲਣ) ਦਾ ਉਲੰਘਣਾ ਕਰਕੇ ਪ੍ਰਣ ਤੋੜਨ ਹਿੱਤ ਗੁਰੂ ਕਾ ਲੰਗਰ ਚਾਲੂ ਕੀਤਾ। ਮਹਾਰਾਜੇ ਦਾ ਭੇਟ ਕੀਤਾ ਹੋਇਆ ਮਿਰਗ ਦਾ ਮਾਸ ਇਕ ਦੇਗ ਵਿਚ ਰਿੰਨਿਆ। ਪਰ ਪੰਗਤ ਸਮੇਂ ਖੀਰ ਦਾ ਪ੍ਰਸ਼ਾਦਿ ਛਕਾ ਕੇ ਮਾਸ ਖਾਣ ਜਾਂ ਨਾ ਖਾਣ ਨੂੰ ਮੂਰਖਾਂ ਦੀ ਬਹਿਸ ਸਾਬਿਤ ਕੀਤਾ। ਗਿਆਨੀ ਅਮਰੀਕ ਸਿੰਘ ਜੀ ਨੇ ਦੱਸਿਆ ਕਿ ਇਤਿਹਾਸ ਮੁਤਾਬਿਕ ਇਸੇ ਹੀ ਸਮੇਂ ਇਕ ਪੰਡਿਤ ਜਿਸ ਦਾ ਨਾਮ ਨਾਨੂੰ ਦੱਸਿਆ ਜਾਂਦਾ ਹੈ, ਹਾਜ਼ਰ ਹੋਇਆ ਅਤੇ ਸਤਿਗੁਰ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਦਰਸ਼ਨ ਕਰਕੇ ਬਿਬੇਕ ਬੁੱਧੀ ਦਾ ਮਾਲਕ ਬਣਿਆ। ਉਸ ਨੇ ਵੇਦ ਵਿਆਸ ਦੇ ਭਵਿਸ਼ ਵਾਕ ਕਲਜੁਗ ਬੇਦੀ ਬੰਸੇਚ ਨਾਨਕੰ ਦੇ ਅਨੁਸਾਰ ਆਪ ਨੂੰ ਕਲਜੁਗ ਦਾ ਅਵਤਾਰ ਪ੍ਰਗਟ ਕੀਤਾ। ਇਸ ਜਗ੍ਹਾ ਤੇ ਸ਼੍ਰੀ ਗੁਰੂ ਨਾਨਕ ਦੇਵ ਜੀ ਦਾ ਯਾਦਗਾਰੀ ਗੁਰਦੁਆਰਾ ਵਿਸ਼ੇਸ਼ ਸੜਕ ਉੱਪਰ ਸਥਿਤ ਹੈ। ਇੱਥੇ ਹਰ ਰੋਜ਼ ਵੱਡੀ ਗਿਣਤੀ ਵਿਚ ਸ਼ਰਧਾਲੂ ਨਤਮਸਤਕ ਹੋ ਕੇ ਅਰਦਾਸਾਂ ਕਰਦੇ ਹਨ ਅਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਦੇ ਹਨ। ਇਸ ਗੁਰਦੁਆਰਾ ਸਾਹਿਬ ਦਾ



ਪ੍ਰਬੰਧ ਸ਼੍ਰੋਮਣੀ ਕਮੇਟੀ ਦੇ ਅਧੀਨ ਹੈ। ਗਿਆਨੀ ਅਮਰੀਕ ਸਿੰਘ ਜੀ ਨੇ ਦੱਸਿਆ ਕਿ ਕੁਰੂਕਸ਼ੇਤਰ ਸ਼ਹਿਰ ਵਿਚ ਅੱਠ ਇਤਿਹਾਸਕ ਗੁਰਦੁਆਰਾ ਸਾਹਿਬ ਹਨ, ਜਿਨ੍ਹਾਂ ਵਿਚੋਂ ਪੰਜ ਦਾ ਪ੍ਰਬੰਧ ਸ਼੍ਰੋਮਣੀ ਕਮੇਟੀ ਦੇ ਅਧੀਨ ਹੈ ਅਤੇ ਇਕ ਕਾਰ ਸੇਵਾ ਦੇ ਸੰਤਾਂ ਦੇ ਪ੍ਰਬੰਧ ਅਧੀਨ ਹੈ। ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਸ਼ਹਿਰ ਵਿਚ ਦੋ ਗੁਰਦੁਆਰਾ ਸਾਹਿਬ ਹਨ, ਇਕ ਗੁਰਦੁਆਰਾ ਦਸਵੀਂ ਪਾਤਸ਼ਾਹੀ ਅਤੇ ਦੂਜਾ ਗੁਰਦੁਆਰਾ ਪਟਾ ਸਾਹਿਬ। ਇਨ੍ਹਾਂ ਸਾਰੇ ਗੁਰਦੁਆਰਾ ਸਾਹਿਬਾਨ ਦਾ ਮੁੱਖ ਦਫਤਰ ਗੁਰਦੁਆਰਾ ਛੇਂਵੀ ਪਾਤਸ਼ਾਹੀ ਵਿਖੇ ਹੈ। ਇਸੇ ਜਗ੍ਹਾ ਹੀ ਲੰਗਰ ਅਤੇ ਰਿਹਾਇਸ਼ ਦਾ ਪ੍ਰਬੰਧ ਹੈ। ਬਾਹਰੋਂ ਆਉਣ ਵਾਲੇ ਸ਼ਰਧਾਲੂਆਂ ਨੂੰ ਦੂਜੇ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਉਣ ਲਈ ਗੱਡੀ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਹੈ।

**-ਨਿਸ਼ਾਨ ਸਿੰਘ ਰਾਠੌਰ**

# ਕਿਸਾਨੀ ਦੀਆਂ ਸਮੱਸਿਆਵਾਂ ਅਤੇ ਹੱਲ



ਅਸੀਂ ਬਚਪਨ ਤੋਂ ਇਹ ਸੁਣਦੇ ਅਤੇ ਪੜ੍ਹਦੇ ਆ ਰਹੇ ਹਾਂ ਕਿ ਭਾਰਤ ਇਕ ਖੇਤੀ ਪ੍ਰਧਾਨ ਦੇਸ਼ ਹੈ ਅਤੇ ਇਸ ਦੀ 80 ਫੀਸਦੀ ਆਬਾਦੀ ਪਿੰਡਾਂ ਵਿਚ ਰਹਿੰਦੀ ਹੈ ਜੋ ਕਿ ਸਿੱਧੇ-ਅਸਿੱਧੇ ਢੰਗ ਨਾਲ ਖੇਤੀ ਤੋਂ ਆਪਣਾ ਜੀਵਨ ਨਿਰਬਾਹ ਕਰਦੀ ਹੈ। ਬਿਨਾਂ ਸ਼ੱਕ ਸਾਡੇ ਦੇਸ਼ ਵਿਚ ਵੀ ਖੇਤੀ ਨੇ ਬਹੁਤ ਤਰੱਕੀ ਕੀਤੀ ਹੈ ਅਤੇ ਹਰੀ ਕ੍ਰਾਂਤੀ ਨੇ ਭਾਰਤ ਨੂੰ ਆਤਮ ਨਿਰਭਰ ਦੇਸ਼ ਬਣਾ ਦਿੱਤਾ ਹੈ, ਜਿਸ ਕਾਰਨ ਅੱਜ ਸਾਡੇ ਅਨਾਜ ਭੰਡਾਰ ਭਰੇ ਪਏ ਹਨ ਅਤੇ ਸਾਨੂੰ ਦੂਜਿਆਂ ਦੇਸ਼ਾਂ ਵੱਲ ਵੇਖਣ ਦੀ ਕੋਈ ਜ਼ਰੂਰਤ ਨਹੀਂ ਪੈਂਦੀ। ਕਿਸਾਨਾਂ ਕੋਲ ਬਲਦਾਂ ਦੀ ਜਗ੍ਹਾ ਤੇ ਟਰੈਕਟਰ, ਹਲਟਾਂ ਦੀ ਜਗ੍ਹਾ ਸਬਮਰਸੀਬਲ ਪੰਪ, ਪੱਠੇ ਢੋਣ ਲਈ ਗੱਡਿਆਂ ਦੀ ਜਗ੍ਹਾ ਜੀਪਾਂ ਅਤੇ ਟਾਂਗਿਆਂ, ਸਾਇਕਲਾਂ ਦੀ ਜਗ੍ਹਾ ਕਾਰਾਂ ਆ ਗਈਆਂ ਹਨ।

ਹੁਣ ਗੱਲ ਕਰਦੇ ਹਾਂ ਪੰਜਾਬ ਦੀ ਜੋ ਕਿ ਭਾਰਤ ਦਾ ਸਭ ਤੋਂ ਖੁਸ਼ਹਾਲ ਸੂਬਾ ਹੈ। ਬਿਨਾਂ ਸ਼ੱਕ ਮਿਹਨਤੀ ਪੰਜਾਬੀ ਕਿਸਾਨਾਂ ਨੇ ਭਾਰਤ ਵਾਸੀਆਂ ਦਾ ਢਿੱਡ ਭਰਨ ਲਈ ਕਣਕ, ਚੌਲ ਦੇ ਭੰਡਾਰ ਭਰ ਦਿੱਤੇ ਹਨ ਅਤੇ ਰੱਜ ਕੇ ਤਰੱਕੀ ਦਾ ਨਿੱਘ ਮਾਣਿਆ ਹੈ। ਇਹ ਤਰੱਕੀ ਵੇਖਣ ਨੂੰ ਤਾਂ ਬਹੁਤ ਸੋਹਣੀ ਲੱਗਦੀ ਹੈ ਪਰ ਕੀ ਇਹ ਅਸਲ ਤਰੱਕੀ ਹੈ? ਸਾਨੂੰ ਸਾਰਿਆਂ ਨੂੰ ਪਤਾ ਹੈ ਕਿ ਇਹ ਸਿਰਫ ਅੱਖਾਂ ਦਾ ਧੋਖਾ ਹੈ, ਨਹੀਂ ਤਾਂ ਬਹੁਤ ਸਾਰੇ ਕਿਸਾਨ ਆਪਣੇ ਪਰਿਵਾਰਾਂ ਸਮੇਤ ਖੁਦਕੁਸ਼ੀਆਂ ਕਿਉਂ ਕਰਨ, ਕਿਉਂ ਕਿਸਾਨਾਂ ਨੂੰ ਆਪਣਾ ਸਿਰ ਚੜ੍ਹਿਆ ਕਰਜ਼ਾ ਰਾਤ ਦਿਨ ਸੌਣ ਨਹੀਂ ਦਿੰਦਾ, ਕਿਉਂ ਕਿਸਾਨ ਨੂੰ ਅਸਲੀ ਕਹਿ ਕੇ ਨਕਲੀ ਦਵਾਈਆਂ, ਖਾਦਾਂ ਵੇਚੀਆਂ ਜਾਂਦੀਆਂ ਹਨ, ਕਿਉਂ ਪਾਣੀ ਦੀ ਜ਼ਰੂਰਤ ਦੇ ਸਮੇਂ ਬਿਜਲੀ ਦੇ ਕੱਟ ਲਗਾਏ ਜਾਂਦੇ ਹਨ, ਕਿਉਂ ਕਿਸਾਨਾਂ ਦੀ ਫਸਲ ਕਈ ਕਈ ਦਿਨ ਮੰਡੀਆਂ ਵਿਚ ਰੁਲਦੀ ਹੈ, ਕਿਉਂ ਹਰ ਸਾਲ ਬੋਰ ਡੂੰਘੇ ਕਰਵਾਉਣੇ ਪੈਂਦੇ ਹਨ, ਕਿਉਂ ਬਿਜਲੀ ਵਾਲੇ ਫਿਊਜ਼ ਲਗਾਉਣ ਲਈ ਵੀ ਬੋਤਲ ਦੀ ਮੰਗ ਕਰਦੇ ਹਨ, ਕਿਉਂ ਕਿਸਾਨ ਵੀਰ ਲੋੜ ਤੋਂ ਵੱਧ ਖਰਚੇ ਕਰਦੇ ਹਨ ਅਤੇ ਕਿਉਂ ਉਹ ਮਿਹਨਤ ਕਰਨ ਤੋਂ ਕਤਰਾਉਣ ਲੱਗੇ ਹਨ। ਇਹਨਾਂ ਸਭ ਗੱਲਾਂ ਦੇ ਕਾਰਨ ਵੀ ਹਨ ਤੇ ਹੱਲ ਵੀ। ਲੋੜ ਹੈ ਇਹਨਾਂ ਕਾਰਨਾਂ ਨੂੰ ਘੋਖਣ ਦੀ, ਕੁਝ ਸੋਚਣ ਦੀ, ਕੁਝ ਕਰਨ ਦੀ, ਨਹੀਂ ਤਾਂ ਆਉਣ ਵਾਲੇ ਸਮੇਂ ਵਿਚ ਸਭ ਚੰਗਾ ਨਹੀਂ ਹੋਵੇਗਾ। ਆਓ ਇਹਨਾਂ ਸਭ ਗੱਲਾਂ ਵੱਲ ਜ਼ਰਾ ਨਿਗ੍ਹਾ ਮਾਰੀਏ



**ਕਿਸਾਨਾਂ ਦੀ ਜ਼ਿੰਮੇਵਾਰੀ**- ਭਾਰਤ ਦੇਸ਼ ਵਿਚ ਜ਼ਿਆਦਾਤਰ ਕਿਸਾਨ ਛੋਟੇ ਕਿਸਾਨ ਹਨ, ਜਿਹਨਾਂ ਕੋਲ 4-5 ਹੈਕਟੇਅਰ ਤੱਕ ਜ਼ਮੀਨ ਹੁੰਦੀ ਹੈ ਅਤੇ ਇਹ ਉਹ ਤਬਕਾ ਹੈ ਜੋ ਕਿ ਜ਼ਿਆਦਾ ਪਿਸਦਾ ਹੈ, ਕਹਿੰਦੇ ਹਨ ਤਕੜੇ ਦਾ ਸੱਤੀਂ ਵੀਹੀਂ ਸੌ ਤੇ ਮਾੜੇ ਨੂੰ ਤਾਂ ਸਰੇ ਹੀ ਦਬਾ ਲੈਂਦੇ ਹਨ। ਇਸ ਦਾ ਮੁੱਖ ਕਾਰਨ ਅਨਪੜ੍ਹਤਾ, ਅਗਿਆਨਤਾ ਤੇ ਰਲ-ਮਿਲ ਕੇ ਚੱਲਣ ਦੀ ਕਮੀ ਹੈ। ਕਿਸਾਨ ਲੱਗਭੱਗ ਹਰੇਕ ਕੰਮ ਲਈ ਸ਼ਾਹੂਕਾਰਾਂ, ਆੜ੍ਹਤੀਆਂ ਦੇ ਚੱਕਰ ਲਗਾਉਂਦੇ ਹਨ।

ਉਹਨਾਂ ਤੋਂ ਪੈਸੇ ਜਾਂ ਜਿਣਸਾਂ ਉਧਾਰ ਲੈਂਦੇ ਹਨ। ਜੇ ਆੜਤੀਆ 2000 ਦੀ ਜਗ੍ਹਾ 20 ਹਜ਼ਾਰ ਤੇ ਅੰਗੂਠਾ ਲਵਾ ਲਵੇ ਅਤੇ ਸਾਲ ਦੋ ਸਾਲ ਬਾਅਦ 2 ਲੱਖ ਬਣਾ ਦੇਵੇ ਤਾਂ ਕਿਸਾਨ ਕਿੱਧਰ ਨੂੰ ਜਾਵੇਗਾ। ਆਪਣੀ ਜਵਾਨ ਹੋਈ ਧੀ ਦੇ ਵਿਆਹ ਲਈ ਦਾਰਜ ਬਣਾਏਗਾ ਜਾਂ ਆੜ੍ਹਤੀਏ ਦਾ ਕਰਜ਼ਾ ਚੁਕਾਏਗਾ ਜਾਂ ਜ਼ਮੀਨ ਵੇਚੇਗਾ ਜਾਂ ਖੁਦਕੁਸ਼ੀ ਕਰੇਗਾ। ਜੇਕਰ ਕਿਸਾਨ ਨੂੰ ਨਕਲੀ ਦਵਾਈਆਂ ਵੇਚ ਦਿੱਤੀਆਂ ਜਾਣ ਤਾਂ ਉਸ ਵਿਚਾਰੇ ਨੂੰ ਕਿਵੇਂ ਪਤਾ ਲੱਗੇਗਾ। ਜੇਕਰ ਖਾਦਾਂ, ਬੀਜਾਂ ਦੀ ਬਲੈਕ ਸ਼ੁਰੂ ਹੋ ਜਾਵੇ ਤਾਂ ਕਿਸਾਨ ਕੀ ਕਰੇ, ਬੀਜ ਤਾਂ ਬੀਜਣਾ ਹੀ ਹੈ ਨਾ ਅਤੇ ਖਾਦਾਂ ਪਾਉਣੀਆਂ ਵੀ ਜ਼ਰੂਰੀ ਹਨ। ਪੈਸੇ ਜ਼ਿੰਨੇ ਮਰਜ਼ੀ ਸਿਰ ਚੜ੍ਹ ਜਾਣ। ਪਰ ਕੀ ਇਸ ਸਭ ਲਈ ਆੜ੍ਹਤੀਆ, ਸ਼ਾਹੂਕਾਰ ਜਾਂ ਦੁਕਾਨਦਾਰ ਹੀ ਜ਼ਿੰਮੇਵਾਰ ਹਨ।

ਆਖਿਰ ਅੰਗੂਠਾ ਤਾਂ ਕਿਸਾਨ ਨੇ ਆਪਣੀ ਮਰਜ਼ੀ ਨਾਲ ਹੀ ਲਾਇਆ ਹੈ, ਨਾ ਕਿ ਜ਼ਬਰਦਸਤੀ ਲਗਵਾਇਆ ਗਿਆ ਹੈ। ਇਸ ਸਭ ਦਾ ਕਾਰਨ ਵੀ ਕਿਸਾਨ ਦੀ ਅਨਪੜ੍ਹਤਾ, ਅਗਿਆਨਤਾ ਹੈ ਅਤੇ ਸਰਕਾਰ ਵੀ ਬਰਾਬਰ ਦੀ ਜ਼ਿੰਮੇਵਾਰ ਹੈ, ਜਿਸ ਨੇ ਸਭ ਕੁਝ ਕਰਨ ਲਈ ਖੁੱਲ੍ਹੀ ਛੁੱਟੀ ਦੇ ਦਿੱਤੀ ਹੈ ਪਰ ਕਿਸਾਨ ਵੀਰੋ, ਅੱਜ ਲੋੜ ਹੈ ਤੁਹਾਨੂੰ ਆਪਣੀਆਂ ਅੱਖਾਂ ਖੁੱਲ੍ਹੀਆਂ ਰੱਖਣ ਦੀ ਅਤੇ ਰਲ-ਮਿਲ ਕੇ ਚੱਲਣ ਦੀ।

**ਲੋੜ ਤੋਂ ਵੱਧ ਖਰਚਾ**- ਕਿਸਾਨ ਵੀਰ ਮੰਨਣ ਜਾਂ ਨਾ ਮੰਨਣ, ਪਰ ਉਹਨਾਂ ਦੇ ਖਰਚੇ, ਆਮਦਨ ਤੋਂ ਕਿਤੇ ਵੱਧ ਹਨ। ਇਕ ਸਰਵੇ ਅਨੁਸਾਰ ਅੱਜ ਪੰਜਾਬ ਵਿਚ 405000 ਟਰੈਕਟਰ, 9350000 ਟਿਊਬਵੈੱਲ, 8150 ਕੰਬਾਇਨਾਂ ਆਦਿ ਮੌਜੂਦ ਹਨ ਜੋ ਕਿ ਲੋੜ ਤੋਂ ਤਕਰੀਬਨ 4 ਗੁਣਾ ਵਘੇਰੇ ਹਨ। ਜੇਕਰ 4-5 ਏਕੜ ਵਾਲਾ ਕਿਸਾਨ ਕਰਜ਼ੇ ਤੇ ਟਰੈਕਟਰ ਲੈ ਲਵੇ ਜਾਂ ਖੇਤਾਂ ਵਿਚ ਸਬਮਰਸੀਬਲ ਲਵਾ ਲਵੇ ਜਾਂ ਮਾਰੂਤੀ ਕਾਰ ਜਾਂ ਮਹਿੰਦਰ ਜੀਪ ਹਵੇਲੀ ਵਿਚ ਖੜ੍ਹੀ ਕਰ ਲਵੇ ਤਾਂ ਉਸ ਦਾ ਜ਼ਿੰਮੇਵਾਰ ਕੌਣ ਹੈ? ਕੀ ਅਸੀਂ ਆਪਣੀ ਥੋੜ੍ਹੀ ਜ਼ਮੀਨ ਦੂਜੇ ਦੇ ਟਰੈਕਟਰ ਤੋਂ ਨਹੀਂ ਵਹਾ ਸਕਦੇ ਜਾਂ ਪਾਣੀ ਮੁੱਲ ਨਹੀਂ ਲੈ ਸਕਦੇ, ਨਾਲ ਲੱਗਦੇ ਟਿਊਬਵੈਲ ਤੋਂ। ਇਸ ਸਭ ਦਾ ਜਵਾਬ ਹਾਂ ਹੈ ਪਰ ਫਿਰ ਟਰੈਕਟਰ, ਟਿਊਬਵੈਲ ਤੋਂ ਬਿਨਾਂ ਕਾਹਦੀ ਜ਼ਿੰਮੇਵਾਰੀ, ਇਹ ਹੈ ਜਵਾਬ ਕਿਸਾਨਾਂ ਦਾ। ਪੱਛਮੀ ਦੇਸ਼ਾਂ ਵਿਚ ਤੇ ਸਾਡੇ ਵਿਚ ਇਹੀ ਫਰਕ ਹੈ ਕਿ ਉਥੇ ਜ਼ਮੀਨਾਂ ਬਹੁਤ ਵੱਡੀਆਂ ਹਨ ਤੇ ਆਪਣੇ ਇੱਥੇ ਜ਼ਮੀਨਾਂ ਭਰਾਵਾਂ ਨੇ ਆਪਸ ਵਿਚ ਵੰਡੀਆਂ ਹੋਈਆਂ ਹਨ ਤੇ ਆਪਸ ਬਣਦੀ ਵੀ ਨਹੀਂ ਤੇ ਇਕ ਦੂਜੇ ਨੂੰ ਨੀਵਾਂ ਦਿਖਾਉਣ ਦੇ ਚੱਕਰ ਵਿਚ ਜਾਣੇ-ਅਣਜਾਣੇ ਅਸੀਂ ਆਪ ਨੀਵੇਂ ਹੁੰਦੇ ਜਾ ਰਹੇ ਹਾਂ। ਦੂਜੀ ਗੱਲ ਜੇ ਸਾਡੇ ਆਮਦਨ ਸੀਮਤ ਹੈ ਤਾਂ ਅਸੀਂ ਕਾਰਾਂ, ਜੀਪਾਂ ਦੀ ਜਗ੍ਹਾ ਮੋਟਰ ਸਾਈਕਲ ਵੀ ਤਾਂ ਵਰਤ ਸਕਦੇ ਹਾਂ। ਫਿਰ ਕਾਰਾਂ, ਜੀਪਾਂ ਵਿਚ ਜਾਂ ਟਰਾਲੀਆਂ ਵਿਚ ਪਿੰਡ ਵਾਸੀਆਂ ਨੂੰ ਲੱਦ ਦੇ ਮੇਲੇ ਹੀ ਤਾਂ ਲਿਜਾਣਾ ਹੁੰਦਾ ਹੈ। ਇਹ ਗੱਲ ਹੋਰ ਹੈ ਕਿਸਾਨ ਵੀਰ ਲੋੜ ਤੋਂ ਵੱਧ ਖਾਦਾਂ ਤੇ ਦਵਾਈਆਂ ਜ਼ਰੂਰਤ ਅਨੁਸਾਰ ਖੇਤੀ ਮਾਹਿਰਾਂ ਦੀ ਰਾਇ ਲੈ ਕੇ ਵਰਤੀਏ ਅਤੇ ਦੂਜਾ ਅਸੀਂ ਜੇਕਰ ਹੈਂਕੜਬਾਜੀ ਤਿਆਗ ਕੇ ਰਲ-ਮਿਲ ਕੇ ਖੇਤੀ ਕਰੀਏ ਤਾਂ ਖਰਚਾ ਜ਼ਰੂਰ ਅੱਧਾ ਰਹਿ ਜਾਵੇਗਾ।

**ਫੁਟਕਲ ਖਰਚੇ**- ਇਹਨਾਂ ਵਿਚ ਵਿਆਹਾਂ 'ਤੇ ਕੀਤੇ ਜਾਣ ਵਾਲੇ ਖਰਚੇ ਅਤੇ ਦਾਰੂ 'ਤੇ ਕੀਤੇ ਜਾਣ ਵਾਲੇ ਖਰਚੇ ਸ਼ਾਮਲ ਹਨ। ਵਿਆਹਾਂ ਤੇ ਬਹੁਤ ਜ਼ਿਆਦਾ ਖਰਚ ਕੀਤਾ ਜਾਂਦਾ ਹੈ ਤੇ ਇਹ ਖਰਚਾ ਜਾਂ ਤਾਂ ਕਰਜਾ ਲੈ ਕੇ ਜਾਂ ਆੜ੍ਹਤੀਏ ਤੋਂ ਫੜ ਕੇ ਜਾਂ ਜ਼ਮੀਨ ਗਹਿਣੇ ਤੇ ਦੇ ਕੇ ਹੀ ਕੀਤਾ ਜਾਂਦਾ ਹੈ। ਬਿਨਾਂ ਸ਼ੱਕ ਇਹ ਖਰਚੇ ਸ਼ਹਿਰੀ ਲੋਕ ਵੀ ਕਰਦੇ ਹਨ ਪਰ ਗੱਲ ਅਸੀਂ ਕਿਸਾਨੀ ਦੀ ਕਰ ਰਹੇ ਹਾਂ, ਜਿਸ ਦੀ ਕਮਰ ਇਨ੍ਹਾਂ ਖਰਚਿਆਂ ਨਾਲ ਟੁੱਟ ਜਾਂਦੀ ਹੈ। ਇਸ ਸਭ ਲਈ ਅਸੀਂ ਤੇ ਸਾਡਾ ਸਮਾਜ ਜ਼ਿੰਮੇਵਾਰ ਹੈ। ਜਿੱਥੇ ਫੋਕੇ ਟੌਹਰ ਦਿਖਾਵੇ ਕੀਤੇ ਜਾਂਦੇ ਹਨ, ਉਥੇ ਵਿਆਹਾਂ ਵਿਚ ਢੇਰ ਸਾਰਾ ਦਾਜ ਦਿੱਤਾ ਤੇ ਲਿਆ ਜਾਂਦਾ ਹੈ।

ਦੂਜਾ ਦਾਰੂ ਤਾਂ ਸਾਡੀ ਜ਼ਿੰਦਗੀ ਦਾ ਪ੍ਰਮੁੱਖ ਅੰਗ ਬਣ ਗਈ ਹੈ ਜੋ ਕਿ ਖਰਚਾ ਵਧਾਉਣ ਦੇ ਨਾਲ ਹੀ ਸਾਨੂੰ ਸਰੀਰਕ ਤੌਰ 'ਤੇ ਕਮਜ਼ੋਰ ਵੀ ਕਰ ਰਹੀ ਹੈ। ਇਸੇ ਲਈ ਤਾਂ ਕਿਸਾਨ ਵੀਰ ਹੁਣ ਹਰ ਗੱਲ ਲਈ ਪ੍ਰਵਾਸੀ ਮਜ਼ਦੂਰਾਂ 'ਤੇ ਨਿਰਭਰ ਹੋ ਗਏ ਹਨ। ਸਮੇਂ ਦੀ ਮੰਗ ਇਹ ਹੈ ਕਿ ਕਿਸਾਨਾਂ ਨੂੰ ਆਪਣੇ ਫਾਲਤੂ ਖਰਚੇ ਘਟਾਉਣੇ ਪੈਣਗੇ।

**ਸਰਕਾਰੀ ਕਰਮਚਾਰੀਆਂ ਦੀ ਅਣਗਹਿਲੀ**: ਇਹਨਾਂ ਸਰਕਾਰੀ ਕਰਮਚਾਰੀਆਂ ਵਿਚ ਆਉਂਦੇ ਹਨ ਖੇਤੀ ਮਾਹਿਰ, ਬਿਜਲੀ ਬੋਰਡ ਵਾਲੇ ਆਦਿ। ਖੇਤੀ ਮਾਹਿਰਾਂ ਵਿਚ ਖੇਤੀ ਅਫਸਰ, ਖੇਤੀ ਵਿਕਾਸ ਅਫਸਰ ਅਤੇ ਪਸਾਰ ਮਾਹਿਰ ਸ਼ਾਮਲ ਹਨ, ਜਿਹਨਾਂ ਦਾ ਕੰਮ ਹੈ ਕਿਸਾਨਾਂ ਨੂੰ ਨਵੀਆਂ ਖੋਜਾਂ ਬਾਰੇ ਦੱਸਣਾ। ਮੈਂ ਇਕ ਗੱਲ ਕਿਸਾਨਾਂ ਨੂੰ ਦੱਸਣਾ ਚਾਹੁੰਦਾ ਹਾਂ ਕਿ ਹਰ ਜ਼ਿਲ੍ਹੇ ਵਿਚ ਕਿਸਾਨਾਂ ਦੀ ਸਹਾਇਤਾ ਲਈ ਖੇਤੀ ਵਿਕਾਸ ਅਫਸਰ ਨਿਯੁਕਤ ਕੀਤੇ ਜਾਂਦੇ ਹਨ। ਇਸ ਤੋਂ ਬਿਨਾਂ ਕ੍ਰਿਸ਼ੀ ਵਿਗਿਆਨ ਕੇਂਦਰ, ਕਿਸਾਨ ਸੇਵਾ ਕੇਂਦਰ ਹਨ। ਕਿਸਾਨ ਵੀਰ ਖੁਦ ਜਾ ਕੇ ਉਹਨਾਂ ਨੂੰ ਤਾਂ ਮਿਲ ਹੀ ਸਕਦੇ ਹਨ ਅਤੇ ਆਪਣੀਆਂ ਸਮੱਸਿਆਵਾਂ ਬਾਰੇ ਦੱਸ ਸਕਦੇ ਹਨ। ਬਿਜਲੀ ਬੋਰਡ ਦੇ ਕਰਮਚਾਰੀ ਵੀ ਕਿਸਾਨਾਂ ਨੂੰ ਲੁੱਟਣ ਵਿਚ ਕੋਈ ਕਸਰ ਨਹੀਂ ਛੱਡਦੇ। ਬਹੁਤ ਸਾਰੀਆਂ ਪ੍ਰਾਈਵੇਟ ਕੰਪਨੀਆਂ ਸਿੱਧੇ-ਅਸਿੱਧੇ ਢੰਗ ਨਾਲ ਕਿਸਾਨਾਂ ਨੂੰ ਊਲ ਜਲੂਲ ਵੇਚ ਹੀ ਜਾਂਦੀਆਂ ਹਨ।

**ਸਰਕਾਰ ਦੀ ਜ਼ਿੰਮੇਵਾਰੀ**- ਕਿਸਾਨਾਂ ਦੀ ਮਾੜੀ ਦਸ਼ਾ ਲਈ ਸਰਕਾਰ ਵੀ ਘੱਟ ਜ਼ਿੰਮੇਵਾਰ ਨਹੀਂ। ਜਦੋਂ ਝੋਨੇ ਦੀ ਬਿਜਾਈ ਹੋਈ ਹੁੰਦੀ ਹੈ ਤਾਂ ਬਿਜਲੀ ਦੇ ਕੱਟ ਲਗਾਏ ਜਾਂਦੇ ਹਨ, ਡੀਜ਼ਲ ਦੇ ਰੇਟ ਵਧਾਏ ਜਾਂਦੇ ਹਨ ਅਤੇ ਜਦ ਕਿਸਾਨ ਪਾਣੀ ਦੀ ਕਮੀ ਕਾਰਨ ਝੋਨਾ ਵਾਹੁਣ ਦੀ ਤਿਆਰੀ ਕਰਨ ਲੱਗਦੇ ਹਨ ਤਾਂ ਬਿਜਲੀ ਦੀ ਖਰੀਦੋ-ਫਰੋਖਤ ਦੀਆਂ ਗੱਲਾਂ ਸ਼ੁਰੂ ਹੋ ਜਾਂਦੀਆਂ ਹਨ। ਕਈ-ਕਈ ਦਿਨ ਜੇ ਫਸਲ ਮੰਡੀਆਂ ਵਿਚ ਰੁਲੇ ਤਾਂ ਕਿਸਾਨ ਕੀ ਕਰਨ। ਫਸਲ ਦਾ ਮੁੱਲ ਨਿਰਧਾਰਿਤ ਕਰਨ ਲਈ ਬਹੁਤ ਸਮਾਂ ਕਿਉਂ ਲਗਾਇਆ ਜਾਂਦਾ ਹੈ। ਮੰਡੀਆਂ ਵਿਚ ਫਸਲ ਨੂੰ ਮੀਂਹ, ਹਨੇਰੀ ਤੋਂ ਬਚਾਉਣ ਦੇ ਅਗਾਊਂ ਪ੍ਰਬੰਧ ਕਿਉਂ ਨਹੀਂ ਕੀਤੇ ਜਾਂਦੇ। ਇਸ ਸਭ ਲਈ ਸਰਕਾਰ ਜ਼ਿੰਮੇਵਾਰ ਹੈ।

ਅੰਤ ਵਿਚ ਜੇ ਅਸੀਂ ਸਭ ਗੱਲਾਂ ਦਾ ਨਿਚੋੜ ਕੱਢੀਏ ਤਾਂ ਪਤਾ ਲੱਗਦਾ ਹੈ ਕਿ ਕੋਈ ਇਕ ਵਿਅਕਤੀ ਵਿਸ਼ੇਸ਼ ਕਿਸਾਨੀ ਦੇ ਨਿਘਾਰ ਦਾ ਜ਼ਿੰਮੇਵਾਰ ਨਹੀਂ ਸਗੋਂ ਕਿਸਾਨੀ ਨਾਲ ਜੁੜਿਆ ਹਰੇਕ ਇਨਸਾਨ, ਕਿਸਾਨ ਤੋਂ ਲੈ ਕੇ ਸਰਕਾਰ ਤੱਕ ਸਭ ਇਸ ਲਈ ਬਰਾਬਰ ਦੇ ਜ਼ਿੰਮੇਵਾਰ ਹਨ। ਇਸ ਸਭ ਤੋਂ ਬਚਣ ਲਈ ਇਹ ਜ਼ਰੂਰੀ ਹੈ ਕਿ ਅਸੀਂ ਆਪਣੀਆਂ ਜ਼ਿੰਮੇਵਾਰੀਆਂ ਦੂਜਿਆਂ 'ਤੇ ਨਾ ਸੁੱਟੀਏ ਅਤੇ ਸੁਚੇਤ ਹੋ ਕੇ ਆਪਣਾ ਫਰਜ਼ ਪਛਾਣੀਏ ਤੇ ਨਿਭਾਈਏ।

**-ਗੁਰਜੀਤ ਸਿੰਘ ਮਠਾੜੂ**

# ਦੁਨੀਆਂ ਦਾ ਅਨੋਖਾ ਯੂਰਪੀਅਨ ਦੇਸ਼ 'ਆਸਟਰੀਆ'

– ਹਰਦੀਪ ਸਿੰਘ ਮਾਨ

ਆਓ ਇਕ ਅਜਿਹੇ ਦੇਸ਼ ਦੀ ਕਲਪਨਾ ਕਰੀਏ ਜਿਸ ਵਿਚ ਧਰਮ-ਨਿਰਪੱਖਤਾ, ਇਨਸਾਨੀ-ਬਰਾਬਰੀ, ਕਾਨੂੰਨ ਦੀ ਪਾਲਣਾਂ, ਮਨੁੱਖੀ ਅਜ਼ਾਦੀ ਅਤੇ ਹਰ ਅਦਾਰੇ ਤੇ ਨਿਯੰਤਰਣ ਹੋਵੇ, ਜਿੱਥੇ ਸਰਕਾਰੀ ਜਾਂ ਗ਼ੈਰ-ਸਰਕਾਰੀ ਅਦਾਰੇ ਰੰਗ, ਨਸਲ, ਮਜ਼ਬ ਅਤੇ ਵੱਖਰੀ ਦਿੱਖ ਦੇ ਆਧਾਰ ਤੋਂ ਬਿਨਾਂ ਕੰਮ ਕਰਨ। ਜੇ ਦੂਜੇ ਸ਼ਬਦਾਂ ਵਿਚ ਕਹੀਏ, ਇਕ ਆਮ ਨਾਗਰਿਕ ਆਪਣੇ ਦੇਸ਼ ਜਾਂ ਸ਼ਹਿਰ ਤੋਂ ਸ਼ੁੱਧ ਹਵਾ-ਪਾਣੀ, ਸੁਰੱਖਿਅਤ-ਜੀਵਨ, ਰੋਜ਼ਗਾਰ, ਸਰਕਾਰੀ ਸਹੂਲਤਾਂ, ਬੁਨਿਆਦੀ ਹੱਕ, ਸ਼ਾਂਤੀ ਅਤੇ ਇਨਸਾਫ਼ ਦੀ ਉਮੀਦ ਰੱਖਦਾ ਹੈ। ਹੁਣ ਦੇਖਦੇ ਹਾਂ, ਕੀ ਇਹ ਸਾਰੀਆਂ ਖ਼ੂਬੀਆਂ ਆਸਟਰੀਆ ਦੇਸ਼ ਵਿਚ ਹਨ ?

ਆਸਟਰੀਆ:

ਆਸਟਰੀਆ, ਸੰਸਾਰ ਦੇ ਨਕਸ਼ੇ ਉੱਪਰ ਇਕ ਛੋਟਾ ਜਿਹਾ ਦਿਸਣ ਵਾਲਾ ਦੇਸ਼ ਅੱਜ ਤੋਂ 92 ਸਾਲ ਪਹਿਲਾਂ ਬਹੁਤ ਵੱਡਾ ਹੁੰਦਾ ਸੀ। ਪੂਰੇ ਦੇ ਪੂਰੇ ਦੇਸ਼ ਚੈਕੋ, ਸਲਾਵਾਕੀਆ, ਹੰਗਰੀ, ਸਲਵੇਨੀਆ, ਲਿਖਤਨਸਟਾਈਨ ਅਤੇ ਕੁਝ ਇਲਾਕੇ ਰੁਮਾਨੀਆ, ਇਟਲੀ, ਪੋਲੈਂਡ ਅਤੇ ਯੂਕਰੇਨ ਦੇ ਆਸਟਰੀਆ ਵਿਚ ਸ਼ਾਮਲ ਸਨ। ਆਸਟਰੀਆ ਵਾਰੇ ਬਹੁਤੇ ਲੋਕਾਂ ਨੂੰ ਜਾਣਕਾਰੀ ਨਾ ਹੋਣ ਕਰਕੇ ਉਹ ਇਸ ਨੂੰ ਆਸਟਰੇਲੀਆ ਨਾਂਵ ਤੇ ਬਦਲ ਦਿੰਦੇ ਹਨ। ਆਸਟਰੀਆ ਦਾ ਖ਼ੇਤਰਫਲ 83,858 ਵਰਗ ਕਿਲੋਮੀਟਰ ਹੈ, ਭਾਵ ਭਾਰਤ ਦਾ ਇਕ ਰਾਜ 'ਅਰੁਣਾਚਲ ਪ੍ਰਦੇਸ਼' ਪੂਰੇ ਆਸਟਰੀਆ ਦੇ ਬਰਾਬਰ ਹੈ। ਆਸਟਰੀਆ ਦੇ 9 ਰਾਜ ਹਨ। 'ਵਿਆਨਾ' ਆਸਟਰੀਆ ਦੀ ਰਾਜਧਾਨੀ ਹੈ। ਆਸਟਰੀਆ ਦੇ ਅੱਠ ਗੁਆਢੀ ਦੇਸ਼ਾਂ ਦੇ ਨਾਮ ਜਰਮਨੀ, ਸਵਿਟਜ਼ਰਲੈਂਡ, ਲਿਖਤਨਸਟਾਈਨ, ਇਟਲੀ, ਸਲਵੇਨੀਆ, ਹੰਗਰੀ, ਸਲਾਵਾਕੀਆ ਅਤੇ ਚੈਕੋ ਹਨ। ਇਸ ਦੇਸ਼ ਦਾ ਕਾਨੂੰਨੀ ਕੋਈ ਧਰਮ ਨਹੀਂ। ਵੈਸੇ, ਆਸਟਰੀਆ ਵਿਚ 78% ਕੈਥੋਲਿਕ, 5% ਪ੍ਰੈਟੈਸਟੈਂਟ, 2% ਮੁਸਲਮ ਧਰਮ ਦੇ ਲੋਕ ਰਹਿੰਦੇ ਹਨ। ਇੱਥੋਂ ਦੀ ਬੋਲੀ ਨੂੰ ਅੰਗ੍ਰੇਜ਼ੀ ਵਿਚ 'ਜਰਮਨ' ਅਤੇ ਜਰਮਨ ਵਿਚ 'ਡੁਚ' ਕਹਿੰਦੇ ਹਨ, ਭਾਵ ਇਸ ਦੇਸ਼ ਨੂੰ ਅੰਗ੍ਰੇਜ਼ੀ ਵਿਚ 'ਆਸਟਰੀਆ' ਅਤੇ ਜਰਮਨ ਜਾਂ ਡੁਚ ਵਿਚ 'ਉਸਟਰਾਹੀਖ਼' ਕਹਿੰਦੇ ਹਨ, ਇਸੇ ਤਰ੍ਹਾਂ ਹੀ ਰਾਜਧਾਨੀ ਨੂੰ ਅੰਗ੍ਰੇਜ਼ੀ ਵਿਚ 'ਵਿਆਨਾ' ਅਤੇ ਜਰਮਨ ਜਾਂ ਡੁਚ ਵਿਚ 'ਵੀਨ' ਕਹਿੰਦੇ ਹਨ।

ਸਰਵੇਖਣਾਂ ਅਨੁਸਾਰ ਆਸਟਰੀਆ ਵਿਚ ਜ਼ਿਆਦਾਤਰ ਮਰਦ 75 ਸਾਲ ਅਤੇ ਔਰਤਾਂ 81 ਸਾਲ ਤੱਕ ਉਮਰ ਭੋਗਦੀਆਂ ਹਨ। ਆਸਟਰੀਆ ਵਿਚ ਸਿਰਫ਼ ਚਾਰ ਰਾਜਨੀਤਿਕ ਪਾਰਟੀਆਂ ਤਾਕਤ ਵਿਚ ਹਨ। ਆਸਟਰੀਅਨ ਨਾਗਰਿਕ ਨੂੰ ਆਮ ਤੌਰ ਤੇ 20% ਟੈਕਸ ਦੇਣਾਂ ਪੈਂਦਾ ਹੈ। ਆਸਟਰੀਆ ਦੀ ਤਰੱਕੀ ਦਾ ਰਾਜ ਇੱਥੇ ਵੱਡੀ ਗਿਣਤੀ ਵਿਚ ਸੈਲਾਨੀਆਂ ਦਾ ਆਉਣਾਂ ਹੈ। ਸਾਲ ਦੇ 1.5 ਮਿਲੀਅਨ ਸੈਲਾਨੀ ਇੱਕਲੇ ਵਿਆਨਾ ਨੂੰ ਦੇਖਣ ਆਉਂਦੇ ਹਨ ਅਤੇ ਇਹ ਗਿਣਤੀ ਹਰ ਸਾਲ ਵੱਧ ਵੀ ਜਾਂਦੀ ਹੈ। ਆਸਟਰੀਆ ਵੀ ਦੇਸ਼ ਬਾਰੇ ਮਸ਼ਹੂਰੀ ਅਤੇ ਸੈਲਾਨੀਆਂ ਦੀ ਮੰਗਾਂ ਨੂੰ ਪੂਰੀਆਂ ਕਰਨ ਵਿਚ ਕੋਈ ਕਸਰ ਨਹੀਂ ਛੱਡਦਾ। ਇਸ ਦੇਸ਼ ਨੇ ਹਰ ਤਰ੍ਹਾਂ ਦੇ ਮਹਾਨ ਵਿਅਕਤੀ ਪੈਦਾ ਕੀਤੇ ਜਿਵੇਂ ਅਭਿਨੇਤਾ, ਖਿਡਾਰੀ, ਲੇਖਕ, ਸੰਗੀਤਕਾਰ ਵਗੈਰਾ ਵਗੈਰਾ, ਜਿਨ੍ਹਾਂ ਨੇ ਸੰਸਾਰ ਭਰ ਵਿਚ ਆਸਟਰੀਆ ਦਾ ਨਾਮ ਉੱਚਾ ਕੀਤਾ ਅਤੇ ਕਰ ਰਹੇ ਹਨ। ਮਸ਼ਹੂਰ ਅਭਿਨੇਤਾ 'ਆਰਨੋਲਡ ਸਵਾਰਚੇਨੀਗਰ', ਜਿਸ ਨੇ 'ਕਮਾਡੋ' ਅਤੇ 'ਦਾ ਟਰਮੀਨੇਟਰ' ਵਰਗੀਆਂ ਅੰਗ੍ਰੇਜ਼ੀ ਫਿਲਮਾਂ ਵਿਚ ਕੰਮ ਕੀਤਾ ਅਤੇ ਹੁਣ ਵੀ ਉਸ ਦੀਆਂ ਨਵੀਆਂ ਫਿਲਮਾਂ ਆ ਰਹੀਆਂ ਹਨ, ਉਸ ਦਾ ਜਨਮ ਆਸਟਰੀਆ ਦੇ ਇਕ ਸ਼ਹਿਰ 'ਗਰਾਸ' ਵਿਚ ਹੀ ਹੋਇਆ ਹੈ। ਆਸਟਰੀਆ ਦੇ ਇਕ ਸੰਸਾਰ ਪ੍ਰਸਿੱਧ ਖਿਡਾਰੀ ਦਾ ਨਾਮ 'ਹਰਮਨ ਮਾਅਰ' ਹੈ, ਜਿਸ ਨੇ ਸਰਦੀ-ਰੁੱਤ ਦੀਆਂ ਖੇਡਾਂ ਵਿਚ ਆਸਟਰੀਆ ਲਈ ਕਈ ਸੋਨੇ ਦੇ ਤਮਗੇ ਜਿੱਤੇ। ਜਿਸ ਤਰ੍ਹਾਂ ਆਰਨੋਲਡ ਨੂੰ ਲੋਕੀਂ ਪਿਆਰ ਨਾਲ 'ਟਰਮੀਨੇਟਰ' ਕਹਿੰਦੇ ਹਨ, ਉਸੇ ਤਰ੍ਹਾਂ ਹਰਮਨ ਨੂੰ 'ਹਰਮੀਨੇਟਰ' ਕਹਿੰਦੇ ਹਨ।








ਆਬਾਦੀ ਘੱਟ ਹੋਣ ਕਰਕੇ ਹਰ ਆਸਟਰੀਅਨ ਨਾਗਰਿਕਤਾ ਪ੍ਰਾਪਤ ਮਰਦ ਨੂੰ 18 ਤੋਂ 35 ਸਾਲ ਦੀ ਉਮਰ ਦੇ ਵਿਚ 8 ਮਹੀਨੇ ਫ਼ੌਜ ਦੀ ਸਿਖਲਾਈ ਲਈ ਜਾਣਾਂ ਪੈਂਦਾ ਹੈ, ਤਾਂਕਿ ਲੜਾਈ ਲੱਗਣ ਤੇ ਸਾਰੇ ਮਰਦ ਆਪਣੇ ਕੰਮ-ਕਾਰ ਛੱਡ ਕੇ ਦੇਸ਼ ਲਈ ਲੜ੍ਹਨ ਲਈ ਪਹਿਲਾਂ ਤੋਂ ਹੀ ਤਿਆਰ ਰਹਿਣ। ਔਰਤਾਂ ਫ਼ੌਜੀ ਸਿਖਲਾਈ ਜਾਂ ਫ਼ੌਜ ਵਿਚ ਭਰਤੀ ਹੋਣ ਲਈ ਸਵੈ-ਇਛੁਕ ਜਾ ਸਕਦੀਆਂ ਹਨ, ਪਰ ਸਰੀਰਕ ਅਤੇ ਮਾਨਸਿਕ ਤੌਰ ਤੇ ਸੰਪੂਰਨ ਮਰਦਾਂ ਨੂੰ ਕਾਨੂੰਨੀ ਜਾਣਾਂ ਪੈਂਦਾ ਹੈ। ਫ਼ੌਜੀ ਸਿਖਲਾਈ ਦੌਰਾਨ ਸਰਕਾਰੀ ਬਿੱਲ ਮਾਫ਼ ਕਰ ਦਿੱਤੇ ਜਾਂਦੇ ਹਨ ਅਤੇ ਫ਼ੌਜੀ ਦੇ ਖਰਚਿਆਂ ਅਨੁਸਾਰ ਮਾਲੀ ਮਦਦ ਵੀ ਦਿੱਤੀ ਜਾਂਦੀ ਹੈ। ਆਸਟਰੀਆ ਵਿਚ 6 ਤੋਂ 15 ਸਾਲ ਦੀ ਉਮਰ ਦੇ ਬੱਚਿਆਂ ਦਾ ਸਕੂਲੇ ਜਾਣਾਂ ਜ਼ਰੂਰੀ ਹੈ। ਇੱਥੇ ਸਰਕਾਰੀ ਸਕੂਲਾਂ ਦੀ ਪੜ੍ਹਾਈ ਮੁਫ਼ਤ ਹੈ, ਸਿਰਫ਼ ਕਿਤਾਬਾਂ ਦੀ 10% ਕੀਮਤ ਦੇਣੀ ਪੈਂਦੀ ਹੈ, ਪਰ ਉਨੀ ਕੁ ਸਰਕਾਰ ਵਲੋਂ ਵੀ ਮਾਲੀ ਮਦਦ ਮਿਲ ਜਾਂਦੀ ਹੈ। ਯੂਨੀਵਰਸਿਟੀ ਵਿਚ ਪੜ੍ਹਨਾਂ ਵੀ ਇਸੇ ਤਰ੍ਹਾਂ ਹੀ ਹੈ, ਸਰਕਾਰ ਪੜ੍ਹਾਈ ਦਾ ਖ਼ਰਚਾ ਇਕ ਹੱਥ ਦੇ ਕੇ ਦੂਜੇ ਹੱਥ ਲੈ ਲੈਂਦੀ ਹੈ। ਵਿਦਿਆਰਥੀਆਂ ਨੂੰ ਹੋਰ ਬਹੁਤ ਸਾਰੀਆਂ ਸਹੂਲਤਾਂ ਮਿਲਦੀਆਂ ਹਨ, ਜਿਵੇਂ ਜਨਤਕ ਗੱਡੀਆਂ ਦੇ ਪਾਸ ਵਿਚ ਛੋਟ।

ਆਸਟਰੀਆ ਵਿਚ ਪਿਛਲੇ ਕੁਝ ਸਾਲਾਂ ਤੋਂ ਬਹੁਤ ਘੱਟ ਬੱਚੇ ਪੈਦਾ ਕੀਤੇ ਜਾ ਰਹੇ ਹਨ, ਸਾਲ 2001 ਵਿਚ ਪਿਛਲੇ ਸਾਲ ਨਾਲੋਂ 3000 ਬੱਚੇ ਘੱਟ ਪੈਦਾ ਹੋਏ, ਇਸ ਲਈ ਸਰਕਾਰ ਦੇਸ਼ ਦੇ ਭਵਿੱਖ ਲਈ ਬਹੁਤ ਚਿੰਤਕ ਹੈ। ਕਿਉਂਕਿ ਜੇ ਦੇਸ਼ ਦੀ ਆਬਾਦੀ ਵਿਚ ਵਾਧਾ ਨਹੀਂ ਹੁੰਦਾ ਜਾਂ ਬਹੁਤ ਹੌਲੀ ਹੁੰਦਾ ਹੈ ਤਾਂ ਪੈਨਸ਼ਨਾਂ ਕੌਣ ਭਰੇਗਾ ? ਚਿੰਤਕਾਂ ਨੂੰ ਡਰ ਹੈ ਕਿ ਜੇ ਆਬਾਦੀ ਵਿਚ ਵਾਧਾ ਨਹੀਂ ਹੋਇਆ ਤਾਂ ਸਾਲ 2035 ਵਿਚ ਪੈਨਸ਼ਨਾਂ ਦੇਣੀਆਂ ਅਸੰਭਵ ਹੋ ਜਾਣਗੀਆਂ। ਇਸੇ ਕਰਕੇ ਵੱਧ ਤੋਂ ਵੱਧ ਬੱਚੇ ਪੈਦਾ ਕਰਨ ਦਾ ਲਾਲਚ ਦਿੱਤਾ ਜਾ ਰਿਹਾ ਹੈ, ਜਿਵੇਂ ਸਰਕਾਰ ਵਲੋਂ ਬੱਚਿਆਂ ਦੇ ਪਾਲਣ-ਪੋਸ਼ਣ ਲਈ ਮਾਲੀ ਮਦਦ ਦੇਣੀ, ਮਾਂ ਕੋਲੋਂ ਬੱਚੇ ਦੇ ਬਾਪ ਦਾ ਨਾਮ ਨਾ ਪੁੱਛਣਾਂ। ਹੋਰ ਵਿਕਸਿਤ ਦੇਸ਼ ਵਾਂਗ ਇੱਥੇ ਵੀ ਬੱਚਿਆਂ ਨੂੰ ਮਾਰਨਾ-ਕੁੱਟਣਾਂ ਕਾਨੂੰਨੀ ਜ਼ੁਲਮ ਹੈ। ਸਕੂਲਾਂ ਵਿਚ ਸਮੇਂ ਸਮੇਂ ਤੇ ਬੱਚਿਆਂ ਦੀ ਸਰੀਰਕ ਅਤੇ ਮਾਨਸਿਕ ਜਾਂਚ ਕੀਤੀ ਜਾਂਦੀ ਹੈ। ਮਾਂ-ਬਾਪ ਨੂੰ ਵੀ ਬੱਚੇ ਦੇ ਪਾਲਣ-ਪੋਸ਼ਣ ਲਈ ਸਰਕਾਰ ਵਲੋਂ ਵੀ ਮਾਲੀ ਮਦਦ ਦੇ ਨਾਲ ਨਾਲ ਸਖ਼ਤ ਹਦਾਇਤਾਂ ਵੀ ਦਿੱਤੀਆਂ ਜਾਂਦੀਆਂ ਹਨ। ਰਾਤਾਂ ਨੂੰ ਛੋਟੀ ਉਮਰ ਦੇ ਬੱਚਿਆਂ ਨੂੰ ਨਾਲ ਲੈ ਕੇ ਘੁੰਮਣਾਂ ਮਨ੍ਹਾਂ ਹੈ। ਹੋਰ ਜੋ ਸਭ ਕੁਝ ਬਾਕੀ ਵਿਕਸਿਤ ਦੇਸ਼ਾਂ ਵਿਚ ਹੁੰਦਾ ਹੈ, ਉਹ ਇੱਥੇ ਵੀ ਹੁੰਦਾ ਹੈ। ਇੱਥੇ ਵੀ ਜਵਾਨ ਮੁੰਡੇ-ਕੁੜੀਆਂ ਨੂੰ ਹੱਦੋਂ ਵੱਧ ਆਜ਼ਾਦੀ ਹੈ। ਸੜਕਾਂ ਤੇ ਨੰਗੇਜ਼ਵਾਦ ਅਤੇ ਮੁੰਡੇ-ਕੁੜੀਆਂ ਦੀਆਂ ਅਸ਼ਲੀਲ ਹਰਕਤਾਂ ਆਮ ਦੇਖਣ 'ਚ ਆਉਂਦੀਆਂ ਹਨ। ਕੁੜੀਆਂ 22 ਸਾਲਾਂ ਦੀਆਂ ਹੋ ਕੇ ਪਰਿਵਾਰ ਨਾਲੋਂ ਵੱਖ ਹੋ ਕੇ ਰਹਿਣ ਲੱਗ ਪੈਂਦੀਆਂ ਹਨ ਅਤੇ ਮੁੰਡੇ 24 ਸਾਲ ਦੇ। ਵਿਆਨਾ ਵਿਚ 44.5% ਲੋਕ ਇੱਕਲੇ ਰਹਿ ਰਹੇ ਹਨ। ਇੱਥੇ ਵੀ ਬੰਦੇ ਬੰਦਿਆਂ ਨਾਲ ਵਿਆਹ ਕਰਵਾਈ ਜਾ ਰਹੇ ਹਨ ਅਤੇ ਔਰਤਾਂ ਔਰਤਾਂ ਨਾਲ। ਅਣ-ਵਿਆਹੇ ਇੱਕਠਿਆਂ ਰਹਿਣ ਦਾ ਰੁਝਾਨ ਵੱਧ ਰਿਹਾ ਹੈ। ਆਸਟਰੀਆ ਵਿਚ ਸਾਲ 2001 ਪੈਦਾ ਹੋਏ ਹਰ ਤੀਜੇ ਬੱਚੇ ਦੇ ਮਾਂ-ਬਾਪ ਅਣ-ਵਿਆਹੇ ਹਨ।

ਆਬਾਦੀ: ਇਸ ਦੇਸ਼ ਦੀ ਜਨਸੰਖਿਆ ਸਾਲ 2001 ਦੇ ਸਰਕਾਰੀ ਅੰਕੜਿਆਂ ਅਨੁਸਾਰ 80,65,465 ਸੀ। ਹੈਰਾਨੀ ਦੀ ਗੱਲ ਹੈ ਕਿ ਇਸ ਦੇ ਸਾਰੇ ਹੀ ਰਾਜਾਂ ਵਿਚ ਔਰਤਾਂ ਦੀ ਗਿਣਤੀ ਜ਼ਿਆਦਾ ਹੈ। ਇਕੱਲੇ ਵਿਆਨਾ ਸ਼ਹਿਰ ਵਿਚ ਮਰਦਾਂ ਨਾਲੋਂ 86,000 ਜ਼ਿਆਦਾ ਔਰਤਾਂ ਰਹਿ ਰਹੀਆਂ ਹਨ, ਕੁਝ ਲੋਕਾਂ ਲਈ ਸ਼ਾਇਦ ਇਹ ਸਵਰਗ ਦੀ ਕਲਪਨਾ ਹੋਵੇਗੀ। ਮਰਦਾਂ ਅਤੇ ਔਰਤਾਂ ਦਾ ਵੱਡੀ ਗਿਣਤੀ ਵਿਚ ਇਹ ਅੰਤਰ ਸੰਸਾਰ ਯੁੱਧਾਂ ਵਿਚ ਬਹੁਤੇ ਮਰਦਾਂ ਦਾ ਮਾਰੇ ਜਾਣਾ ਅਤੇ ਵਿਕਸਿਤ ਸਮਾਜ ਵਿਚ ਧੀ-ਪੁੱਤਰ ਨੂੰ ਇਕ ਬਰਾਬਰ ਸਮਝਣਾਂ ਹੈ। ਪਿਛਲੇ ਦਸ ਸਾਲਾਂ ਵਿਚ ਆਸਟਰੀਆ ਦੀ ਆਬਾਦੀ 3.5% ਵਧੀ ਹੈ। ਸਾਰੇ ਆਸਟਰੀਆ ਵਿਚ 9.3% ਲੋਕਾਂ ਕੋਲ ਆਸਟਰੀਅਨ ਨਾਗਰਿਕਤਾ ਨਹੀਂ ਹੈ, ਜੋ ਕਿ ਯੂਰਪੀਅਨ ਯੂਨੀਅਨ ਦੇਸ਼ਾਂ ਨਾਲੋਂ ਸਭ ਤੋਂ ਵੱਧ ਹੈ। ਪ੍ਰਵਾਸੀਆਂ ਵਿਚ ਜ਼ਿਆਦਾ ਯੂਗੋ, ਸਲਾਵੀਅਨ, ਟੁਰਕੀ ਅਤੇ ਪੋਲੈਂਡੀਅਨ ਹਨ।

ਅਖ਼ਬਾਰਾਂ ਵੇਚਣ ਦੇ ਕੰਮ ਲਈ ਵਿਸ਼ੇਸ਼ ਵੀਜ਼ੇ ਖੁਲ੍ਹਣ ਕਰਕੇ ਸਾਲ 1980 ਵਿਚ ਭਾਰਤੀਆ ਨੇ ਆਸਟਰੀਆ ਆਉਣਾਂ ਸ਼ੁਰੂ ਕੀਤਾ। ਆਸਟਰੀਆ ਵਿਚ ਸਾਲ 2001 ਵਿਚ 5127 ਭਾਰਤੀ ਨਾਗਰਿਕਤਾ ਵਾਲੇ ਦਰਜ ਸਨ। ਪਿਛਲੇ ਸਾਲ 91 ਭਾਰਤੀ ਬੱਚਿਆਂ ਨੇ ਆਸਟਰੀਆ ਵਿਚ ਜਨਮ ਲਿਆ। 678 ਭਾਰਤੀਆਂ ਨੇ ਸਾਲ 2001 ਵਿਚ ਆਸਟਰੀਅਨ ਪਾਸਪੋਰਟ ਲਏ, ਜਿਨ੍ਹਾਂ ਵਿਚੋਂ ਜ਼ਿਆਦਾਤਰ ਔਰਤਾਂ ਅਤੇ ਬੱਚੇ ਸਨ। ਸਰਕਾਰੀ ਅੰਕੜਿਆਂ ਤੋਂ ਪਤਾ ਲੱਗਦਾ ਹੈ ਕਿ ਆਸਟਰੀਆ ਦੇ ਸਾਰੇ ਰਾਜਾਂ ਵਿਚ ਆਪਣੇ ਭਾਰਤੀ ਹਨ, ਪਰ ਵੱਡੀ ਗਿਣਤੀ, ਸਾਲ 2001 ਵਿਚ 3756 ਭਾਰਤੀ ਨਾਗਰਿਕਤਾ ਵਾਲੇ, ਵਿਆਨਾ ਵਿਚ ਹੀ ਹੈ। ਜੇ ਸਾਰੇ ਆਸਟਰੀਆ ਵਿਚ ਸਾਲ 1979 ਤੋਂ ਲੈ ਕੇ ਸਾਲ 2001 ਤੱਕ ਭਾਰਤੀ ਪਾਸਪੋਰਟਾਂ ਨੂੰ ਦੇ ਕੇ ਆਸਟਰੀਅਨ ਪਾਸਪੋਰਟ ਲੈਣ ਵਾਲਿਆਂ ਦੀ ਗਿਣਤੀ ਦਾ ਕੁਲ ਜੋੜ ਲਾਈਏ ਤਾਂ ਇਹ 5670 ਬਣਦੀ ਹੈ। ਜ਼ਿਆਦਾਤਰ ਪੰਜਾਬ ਅਤੇ ਕੇਰਲਾ ਤੋਂ ਭਾਰਤੀ ਆਸਟਰੀਆ ਵਿਚ ਹਨ। ਦੇਖਣ ਵਿਚ ਆਇਆ ਹੈ ਕਿ ਇੱਥੇ ਹੋਰ ਦੇਸ਼ਾਂ ਦੇ ਨਾਗਰਿਕਾਂ ਨਾਲੋਂ ਭਾਰਤੀਆਂ ਨੂੰ ਵੀਜ਼ੇ ਅਤੇ ਆਸਟਰੀਅਨ ਪਾਸਪੋਰਟ ਸੌਖੇ ਅਤੇ ਛੇਤੀ ਮਿਲ ਜਾਂਦੇ ਹਨ। ਸ਼ਾਇਦ ਇਨ੍ਹਾਂ ਨੂੰ ਭਾਰਤੀਆਂ ਦੇ ਮਿਹਨਤੀ, ਅਮਨਪਸੰਦ ਅਤੇ ਖੁਲ੍ਹੇ ਸੁਭਾਅ ਵਾਰੇ ਪਤਾ ਹੈ। ਸਾਲ 2001 ਵਿਚ 429 ਭਾਰਤੀ ਆਸਟਰੀਆ ਛੱਡ ਕੇ ਚਲੇ ਗਏ। ਸਰਕਾਰੀ ਅੰਕੜਿਆਂ ਅਨੁਸਾਰ ਸਾਲ 1978 ਵਿਚ ਪਹਿਲੀ ਬਾਰ 8 ਭਾਰਤੀਆਂ ਨੇ ਆਸਟਰੀਅਨ ਸਿਆਸੀ-ਪਨਾਹ ਲਈ ਸੀ, ਪਰ ਸਾਲ 2000 ਵਿਚ ਇਹ ਵਧ ਕੇ 2441 ਹੋ ਗਈ। ਸਾਲ 2001 ਵਿਚ 1804 ਭਾਰਤੀ ਸਿਆਸੀ ਪਨਾਹਗੀਰ ਸਨ। ਸਭ ਤੋਂ ਵੱਧ ਇੱਥੇ ਅਫ਼ਗਾਨਿਸਤਾਨ ਅਤੇ ਇਰਾਨ ਤੋਂ ਲੋਕ ਸਿਆਸੀ ਪਨਾਹ ਲਈ ਆਉਂਦੇ ਹਨ।

ਵਿਆਨਾ: ਕਿਉਂਕਿ ਹਰ ਦੇਸ਼ ਦੀ ਰਾਜਧਾਨੀ ਉਸ ਦੇਸ਼ ਦਾ ਕੇਂਦਰੀ ਧੁਰਾ ਹੁੰਦਾ ਹੈ, ਇਸ ਕਰਕੇ 'ਵਿਆਨਾ' ਬਾਰੇ ਵਿਸਥਾਰਪੂਰਕ ਦੱਸਦੇ ਹਾਂ। ਵਿਆਨਾ ਵਿਚ ਰੋਜ਼ਗਾਰ ਦੇ ਸਾਧਨ ਜ਼ਿਆਦਾ ਹੋਣ ਕਰਕੇ ਇੱਥੇ ਸੰਸਾਰ ਦੇ ਸਾਰੇ ਦੇਸ਼ਾਂ ਦੇ ਲੋਕ ਰਹਿੰਦੇ ਹਨ। ਸਾਲ 2001 ਵਿਚ ਸਿਰਫ਼ 6.1% ਨਾਗਰਿਕ ਆਸਟਰੀਆ ਵਿਚ ਬੇਰੁਜ਼ਗਾਰ ਸਨ। ਭਾਵੇਂ ਵਿਆਨਾ ਆਸਟਰੀਆ ਦੇ ਬਾਕੀ ਰਾਜਾਂ ਨਾਲੋਂ ਸਭ ਤੋਂ ਛੋਟਾ ਹੈ, ਪਰ ਰਾਜਧਾਨੀ ਹੋਣ ਕਰਕੇ ਇਸ ਦੀ ਆਬਾਦੀ (15,62,482) ਬਾਕੀ ਰਾਜਾਂ ਨਾਲੋਂ ਜ਼ਿਆਦਾ ਹੈ, ਇਸੇ ਕਰਕੇ ਹੀ ਸਾਰੇ ਰਾਜਾਂ ਨਾਲੋਂ ਵੱਧ ਵਿਆਨਾ ਦੇ 17.7% ਲੋਕਾਂ ਕੋਲ ਆਸਟਰੀਅਨ ਨਾਗਰਿਕਤਾ ਨਹੀਂ ਹੈ।

ਵਿਆਨਾ ਵਿਚ ਜਗ੍ਹਾ ਥੋੜ੍ਹੀ ਅਤੇ ਆਬਾਦੀ ਜ਼ਿਆਦਾ ਹੋਣ ਕਰਕੇ ਜ਼ਿਆਦਾਤਰ ਲੋਕ ਫਲੈਟਾਂ (ਬਿਲਡਿੰਗਾਂ) ਵਿਚ ਰਹਿੰਦੇ ਹਨ, ਸਿਰਫ਼ 8.1% ਲੋਕ ਆਪਣੇ ਘਰਾਂ (ਹਾਊਸ) ਵਿਚ ਰਹਿੰਦੇ ਹਨ। ਵਿਆਨਾ ਦੇ ਫਲੈਟਾਂ ਦੀ ਕੀਮਤ ਲਗਪਗ ਇੰਗਲੈਂਡ ਦੇ ਘਰਾਂ ਜਿੰਨੀ ਹੈ। ਆਸਟਰੀਆ ਵਿਚ ਕੰਮ ਕਰਨ ਵਾਲਿਆਂ ਨੂੰ ਸਾਲ ਦੀਆਂ ਚੌਦਾਂ ਤਨਖ਼ਾਹਾਂ ਮਿਲਦੀਆਂ ਹਨ ਅਤੇ ਸਾਲ ਦੀਆਂ 15 ਸਰਕਾਰੀ ਛੁੱਟੀਆਂ ਹੁੰਦੀਆਂ ਹਨ। ਵਧੇਰੇ ਸਰਕਾਰੀ ਛੁੱਟੀਆਂ ਦੀ ਗਿਣਤੀ ਵਿਚ ਵੀ ਆਸਟਰੀਆ ਮੋਹਰੀ ਦੇਸ਼ਾਂ ਵਿਚ ਆਉਂਦਾ ਹੈ। ਇਸ ਤੋਂ ਇਲਾਵਾ ਕਾਮਾਂ ਤਨਖ਼ਾਹ ਤੇ ਸਾਲ ਵਿਚ ਪੰਜ ਹਫ਼ਤੇ ਦੀਆਂ ਛੁੱਟੀਆਂ ਲੈ ਸਕਦਾ ਹੈ। ਵਿਆਨਾ ਦੀ ਸਫ਼ਾਈ ਦੀ ਗੱਲ ਕਰੀਏ ਤਾਂ ਇੱਥੇ ਹਰ ਤਰ੍ਹਾਂ ਦੇ ਕੂੜੇ ਲਈ ਵੱਖਰਾ ਕੂੜੇਦਾਨ ਹੈ। ਜ਼ਿਆਦਾਤਰ ਬਹੁ-ਮੰਜ਼ਿਲੀ ਇਮਾਰਤਾਂ ਵਿਚ ਦੋ ਤਰ੍ਹਾਂ ਦੇ ਕੂੜੇਦਾਨ ਹੁੰਦੇ ਹਨ। ਇਕ ਵਿਚ ਕਾਗਜ਼ ਅਤੇ ਦੂਸਰੇ ਵਿਚ ਸਭ ਕੁਝ ਸੁੱਟ ਸਕਦੇ ਹੋ। ਬਿਲਡਿੰਗਾਂ ਤੋਂ ਕੁਝ ਦੂਰੀ ਤੇ ਛੇ ਤਰ੍ਹਾਂ ਦੇ ਕੂੜੇਦਾਨ ਰੱਖੇ ਹੁੰਦੇ ਹਨ, ਜਿਨ੍ਹਾਂ ਵਿਚ ਪਲਾਸਟਿਕ, ਫੁੱਲ-ਬੂਟੇ, ਰੰਗੀਨ ਕੱਚ, ਚਿੱਟਾ ਕੱਚ, ਲੋਹਾ ਅਤੇ ਕੱਪੜੇ ਸੁੱਟੇ ਜਾਂਦੇ ਹਨ।

ਕਥਾ ਪ੍ਰਵਾਹ

# ਤਿੰਨ ਬਹਾਦਰ

-ਬਲਦੇਵ ਸਿੰਘ ਸਿੱਧੂ

ਜੇ ਅਸੀਂ ਵਿਸ਼ਵ ਦੇ ਇਤਿਹਾਸ ਦੇ ਪੰਨੇ ਵੇਖੀਏ-ਪੜ੍ਹੀਏ ਤਾਂ ਹਰੇਕ ਦੇਸ਼ ਅਤੇ ਕੌਮ ਦਾ ਇਤਿਹਾਸ ਵੀਰਾਂ-ਬਹਾਦਰਾਂ ਦੀਆਂ ਕਹਾਣੀਆਂ ਨਾਲ ਭਰਿਆ ਹੋਇਆ ਹੈ। ਹਰ ਕਾਲ ਤੇ ਯੁੱਗ ਵਿੱਚ ਅਜਿਹੇ ਸੂਰਮੇ ਹੋਏ ਹਨ ਜਿਨ੍ਹਾਂ ਨੇ ਆਪਣੇ ਸਾਹਸ ਭਰੇ ਕਾਰਨਾਮਿਆਂ ਨਾਲ ਲੋਕਾਂ 'ਚ ਉਤਸ਼ਾਹ ਪੈਦਾ ਕਰ ਕੇ ਉਨ੍ਹਾਂ ਨੂੰ ਪ੍ਰੇਰਨਾ ਦਿੱਤੀ। ਇਹ ਕਹਾਣੀ ਹਜ਼ਾਰਾਂ ਸਾਲ ਪੁਰਾਣੀ ਹੈ। ਕਹਿੰਦੇ ਹਨ ਕਿ ਰੋਮ 'ਤੇ ਟਾਰਕਿਵਨ ਨਾਂ ਦਾ ਰਾਜਾ ਰਾਜ ਕਰਦਾ ਸੀ। ਉਹ ਬਹੁਤ ਹੀ ਜ਼ਾਲਮ ਪ੍ਰਵਿਰਤੀ ਦਾ ਸ਼ਾਸਕ ਸੀ ਜੋ ਜਨਤਾ ਤੋਂ ਭਾਰੀ ਟੈਕਸ ਵਸੂਲ ਕਰਦਾ ਅਤੇ ਉਸ ਆਮਦਨ ਆਮਦਨ ਨੂੰ ਆਪਣੀ ਐਸ਼ੋ-ਇਸ਼ਰਤ 'ਤੇ ਅੰਨ੍ਹੇਵਾਹ ਖਰਚ ਕਰਦਾ ਸੀ। ਲੋਕ ਭਲਾਈ ਨਾਲ ਉਸ ਦਾ ਦੂਰ ਨੇੜੇ ਦਾ ਵਾਸਤਾ ਨਹੀਂ ਸੀ। ਇਸ ਕਰਕੇ ਪਰਜਾ ਉਸ ਦੇ ਤਾਨਾਸ਼ਾਹੀ ਰਵੱਈਏ ਤੋਂ ਪੂਰੀ ਤਰ੍ਹਾਂ ਤੰਗ ਹੋ ਗਈ। ਅੰਤ ਲੋਕਾਂ ਨੇ ਰਾਜੇ ਵਿਰੁੱਧ ਬਗ਼ਾਵਤ ਕਰ ਦਿੱਤੀ। ਰਾਜ ਪਲਟੇ ਤੋਂ ਬਾਅਦ ਪਰਜਾ ਨੇ ਫ਼ੈਸਲਾ ਕੀਤਾ ਕਿ ਦੇਸ਼ ਦਾ ਸ਼ਾਸਨ ਕਿਸੇ ਬਾਦਸ਼ਾਹ ਦੇ ਅਧੀਨ ਨਹੀਂ ਸਗੋਂ ਵਿਦਵਾਨ ਅਤੇ ਬੁੱਧੀਮਾਨ ਲੋਕਾਂ ਦੀ ਇੱਕ ਸਭਾ ਰਾਜ ਦਾ ਪ੍ਰਬੰਧ ਕਰੇਗੀ। ਬਾਦਸ਼ਾਹ ਟਾਰਕਿਵਨ ਦੇ ਮਨ 'ਚ ਰਾਜ ਦੇ ਖੋਹੇ ਜਾਣ ਦਾ ਬਹੁਤ ਦੁੱਖ ਸੀ ਪਰ ਉਹ ਐਨੀ ਆਸਾਨੀ ਨਾਲ ਹਾਰ ਮੰਨਣ ਵਾਲਾ ਨਹੀਂ ਸੀ। ਉਹ ਰਾਜਗੱਦੀ ਦਾ ਬਹੁਤ ਭੁੱਖਾ ਸੀ ਤੇ ਉਸ ਨੂੰ ਪ੍ਰਾਪਤ ਕਰਨ ਲਈ ਕਿਸੇ ਵੀ ਹੱਦ ਤਕ ਜਾ ਸਕਦਾ ਸੀ। ਉਸ ਨੇ ਗੁਆਂਢੀ ਰਾਜੇ ਲਾਰਸ ਪ੍ਰੋਸੇਨ ਤੋਂ ਸਹਾਇਤਾ ਮੰਗੀ। ਟਾਰਕਿਵਨ ਨੇ ਉਸ ਨੂੰ ਭੜਕਾਇਆ ਕਿ ਜਿਵੇਂ ਅੱਜ ਮੇਰਾ ਰਾਜ ਖੋਹ ਲਿਆ ਗਿਆ ਹੈ, ਉਸ ਪ੍ਰਕਾਰ ਹੀ ਦੇਸ਼ ਦੀ ਜਨਤਾ ਕੱਲ੍ਹ ਨੂੰ ਤੈਨੂੰ ਵੀ ਗੱਦੀ ਤੋਂ ਲਾਹ ਸਕਦੀ ਹੈ। ਇਸ ਪ੍ਰਵਿਰਤੀ ਨੂੰ ਰੋਕਣ ਲਈ ਜ਼ਰੂਰੀ ਹੈ ਕਿ ਰੋਮ ਦੀ ਜਨਤਾ ਨੂੰ ਸਬਕ ਸਿਖਾਇਆ ਜਾਵੇ। ਲਾਰਸ ਪ੍ਰੋਸੇਨ ਇਸ ਗੱਲ ਤੋਂ ਬਹੁਤ ਡਰ ਗਿਆ ਅਤੇ ਉਸ ਨੇ ਟਾਰਕਿਵਨ ਦੀ ਸਹਾਇਤਾ ਲਈ ਵਿਸ਼ਾਲ ਸੈਨਾ ਭੇਜ ਦਿੱਤੀ। ਸੈਨਿਕਾਂ ਦੇ ਹੱਥਾਂ 'ਚ ਤਲਵਾਰਾਂ ਅਤੇ ਬਰਛੇ ਚਮਕ ਰਹੇ ਸਨ ਤੇ ਉਨ੍ਹਾਂ ਦੇ ਕਦਮਾਂ ਦੀ ਧੂੜ ਅਸਮਾਨ ਵੱਲ ਉੱਡਦੀ ਸਾਫ਼ ਵਿਖਾਈ ਦੇ ਰਹੀ ਸੀ। ਉਹ ਰਸਤੇ 'ਚ ਆਉਂਦੇ ਪਿੰਡ ਨੂੰ ਲੁੱਟਣ ਤੋਂ ਬਾਅਦ ਅੱਗ ਲਾ ਦਿੰਦੇ ਸਨ। ਇਸ ਤਰ੍ਹਾਂ ਪਿੰਡਾਂ ਦੇ ਲੋਕ ਡਰਦੇ ਹੋਏ ਜਿੰਨਾ ਵੀ ਸਾਮਾਨ ਲਿਜਾ ਸਕਦੇ ਸਨ, ਉਸ ਨੂੰ ਲੈ ਕੇ ਰੋਮ ਵੱਲ ਭੱਜਣ ਲੱਗੇ। ਸਭ ਦੀਆਂ ਅੱਖਾਂ 'ਚ ਡਰ ਸਾਫ਼ ਦਿਖਾਈ ਦੇ ਰਿਹਾ ਸੀ। ਉਹ ਡਿੱਗਦੇ-ਢਹਿੰਦੇ ਰੋਮ ਵੱਲ ਭੱਜ ਰਹੇ ਸਨ। ਰੋਮ ਦਾ ਸੁੰਦਰ ਸ਼ਹਿਰ ਟਾਈਬਰ, ਟਾਈਬਰ ਨਦੀ ਦੇ ਕਿਨਾਰੇ ਵਸਿਆ ਹੋਇਆ ਸੀ ਅਤੇ ਸ਼ਹਿਰ ਵਿੱਚ ਪ੍ਰਵੇਸ਼ ਹੋਣ ਲਈ ਨਦੀ 'ਤੇ ਇੱਕ ਲੱਕੜ ਦਾ ਜ਼ਬਰਦਸਤ ਪੁਲ਼ ਬਣਿਆ ਹੋਇਆ ਸੀ। ਉਹ ਪੁਲ਼ ਆਪਣੇ ਸਮੇਂ ਦਾ ਕਲਾ ਦਾ ਉੱਤਮ ਨਮੂਨਾ ਸੀ ਤੇ ਲੋਕ ਦੂਰੋਂ-ਦੂਰੋਂ ਉਸ ਨੂੰ ਵੇਖਣ ਲਈ ਆਉਂਦੇ ਸਨ। ਉਸ ਪੁਲ਼ ਦੀ ਇੱਕ ਖ਼ਾਸੀਅਤ ਇਹ ਸੀ ਕਿ ਉਹ ਐਨਾ ਤੰਗ ਸੀ ਕਿ ਉਸ ਉੱਤੇ ਇੱਕ ਵਾਰ ਜ਼ਿਆਦਾ ਤੋਂ ਜ਼ਿਆਦਾ ਤਿੰਨ ਆਦਮੀ 'ਕੱਠੇ ਖੜ੍ਹੇ ਹੋ ਸਕਦੇ ਸਨ। ਨਦੀ ਦੇ ਇੱਕ ਪਾਸੇ ਰੋਮ ਅਤੇ ਦੂਜੇ ਪਾਸੇ ਜੈਨਿਕੁਲਮ ਦਾ ਕਿਲ੍ਹਾ ਸੀ। ਉਹ ਕਿਲ੍ਹਾ ਵੈਰੀਆਂ ਨੂੰ ਰੋਕਣ ਲਈ ਬਣਾਇਆ ਗਿਆ ਸੀ। ਕਿਲ੍ਹੇ ਦੇ ਸੈਨਿਕਾਂ ਨੇ ਸ਼ੋਰ ਦੀ ਆਵਾਜ਼ ਸੁਣੀ ਤਾਂ ਉਹ ਬਾਹਰ ਆ ਗਏ। ਹਜ਼ਾਰਾਂ ਦੀ ਗਿਣਤੀ 'ਚ ਲੋਕਾਂ ਨੇ ਰੋ-ਰੋ ਕੇ ਸਾਰਾ ਹਾਲ ਸੁਣਾਇਆ ਕਿ ਕਿਸ ਤਰ੍ਹਾਂ ਉਨ੍ਹਾਂ ਨੂੰ ਲੁੱਟਿਆ ਗਿਆ ਤੇ ਸੰਪਤੀ ਮਚਾ ਦਿੱਤੀ ਗਈ। ਉਨ੍ਹਾਂ ਨੇ ਸੈਨਿਕਾਂ ਤੋਂ ਸੁਰੱਖਿਆ ਲਈ ਬੇਨਤੀ ਕੀਤੀ। ਇਹ ਸਾਰਾ ਹਾਲ ਸੁਣ ਕੇ ਕਿਲ੍ਹੇ ਦੇ ਸੈਨਾਪਤੀ ਨੇ ਕਿਹਾ, "ਹੁਣ ਤੁਹਾਨੂੰ ਡਰਨ ਦੀ ਕੋਈ ਲੋੜ ਨਹੀਂ ਹੈ। ਪੁਲ਼ ਨੂੰ ਪਾਰ ਕਰਦੇ ਹੋਏ ਸ਼ਹਿਰ 'ਚ ਚਲੇ ਜਾਓ। ਸ਼ਹਿਰ ਦੇ ਚਾਰੇ ਪਾਸੇ ਘੇਰਾਬੰਦੀ ਬਹੁਤ ਮਜ਼ਬੂਤ ਹੈ। ਤੁਸੀਂ ਲੋਕ ਅੰਦਰ ਜਾ ਕੇ ਪੂਰੀ ਤਰ੍ਹਾਂ ਸੁਰੱਖਿਅਤ ਰਹੋਗੇ। ਅਸੀਂ ਵੈਰੀਆਂ ਨਾਲ ਮੁਕਾਬਲਾ ਕਰਾਂਗੇ।"

ਇਸ ਤਰ੍ਹਾਂ ਪਿੰਡਾਂ ਦੇ ਲੋਕ ਬੇਫ਼ਿਕਰ ਹੋ ਕੇ ਪੁਅ ਰਾਹੀਂ ਰੋਮ ਦੀ ਮਜ਼ਬੂਤ ਬਣੀ ਹੋਈ ਚਾਰਦੀਵਾਰੀ 'ਚ ਪਹੁੰਚ ਗਏ ਤੇ ਉੱਥੋਂ ਦੇ ਲੋਕਾਂ ਨੂੰ ਹੱਡ-ਬੀਤੀ ਸੁਣਾਉਣ ਲੱਗੇ। ਇਸ ਦੇ ਦੂਜੇ ਪਾਸੇ ਜੈਨਿਕੁਲਮ ਕਿਲ੍ਹੇ ਦੇ ਸੈਨਿਕਾਂ ਨੇ ਜਦੋਂ ਦੁਸ਼ਮਣਾਂ ਦੇ ਕਦਮਾਂ ਨਾਲ ਆਸਮਾਨ ਵੱਲ ਉੱਡਦੀ ਹੋਈ ਧੂੜ ਵੇਖੀ ਤਾਂ ਖ਼ਤਰੇ ਦਾ ਅਲਾਰਮ ਵਜਾਉਂਦੇ ਹੋਏ ਸਭ ਨੂੰ ਸੁਚੇਤ ਰਹਿਣ ਦੇ ਨਿਰਦੇਸ਼ ਦੇ ਦਿੱਤੇ। ਰੋਮ ਦੇ ਨਿਵਾਸੀ ਆਪਣੀਆਂ ਛੱਤਾਂ ਉੱਪਰ ਖੜ੍ਹੇ ਹੋ ਕੇ ਦੁਸ਼ਮਣ ਦੀ ਸੈਨਾ ਨੂੰ ਵੇਖਣ ਲੱਗੇ। ਜ਼ਿਆਦਾਤਰ ਲੋਕਾਂ ਦੀਆਂ ਅੱਖਾਂ 'ਚ ਦਹਿਸ਼ਤ ਦੇ ਚਿੰਨ੍ਹ ਸਾਫ਼ ਦਿਖਾਈ ਦੇ ਰਹੇ ਸਨ ਤੇ ਕੁਝ ਕੁ ਪੂਰੇ ਜੋਸ਼ ਨਾਲ ਗੱਲਾਂ ਕਰਨ ਲੱਗੇ।

ਦੁਸ਼ਮਣ ਦੀ ਸੈਨਾ ਨਜ਼ਦੀਕ ਪਹੁੰਚਣ 'ਤੇ ਕਿਲ੍ਹੇ ਦੇ ਸੈਨਿਕਾਂ ਨੇ ਉਨ੍ਹਾਂ 'ਤੇ ਹਮਲਾ ਬੋਲ ਦਿੱਤਾ। ਦੋਵਾਂ ਵਿਚਕਾਰ ਘਮਸਾਨ ਯੁੱਧ ਛਿੜ ਪਿਆ। ਇਹ ਕਹਾਣੀ ਸੁਣ ਕੇ ਪ੍ਰਧਾਨ ਮੰਤਰੀ ਕੁਝ ਸਮਾਂ ਚਿੰਤਾ ਦੀ ਸਥਿਤੀ 'ਚ ਘੁੰਮਦੇ ਰਹੇ ਅਤੇ ਫਿਰ ਯਕਦਮ ਬੋਲ ਪਏ, "ਰੋਮ ਵਿੱਚ ਪ੍ਰਵੇਸ਼ ਹੋਣ ਲਈ ਇੱਕ ਹੀ ਰਸਤਾ ਹੈ ਤੇ ਉਹ ਲੱਕੜ ਦਾ ਪੁਲ਼ ਹੈ। ਜੇ ਉਸ ਪੁਲ਼ ਨੂੰ ਕਿਸੇ ਤਰੀਕੇ ਨਾਲ ਕੱਟ ਦਿੱਤਾ ਜਾਵੇ ਤਾਂ ਵੈਰੀ ਸ਼ਹਿਰ 'ਚ ਨਹੀਂ ਆ ਸਕਦਾ।" ਸਾਰੇ ਇਸ ਦਲੀਲ ਨਾਲ ਸਹਿਮਤ ਹੋ ਗਏ ਪਰ ਇਹ ਕੰਮ ਇੰਨਾ ਆਸਾਨ ਨਹੀਂ ਸੀ। ਸਿਰ 'ਤੇ ਕਫ਼ਨ ਬੰਨ੍ਹ ਕੇ ਹੀ ਇਹ ਕੰਮ ਹੋ ਸਕਦਾ ਸੀ। ਇਸ ਲਈ ਸਭ ਤੋਂ ਵੱਡੀ ਮੁਸ਼ਕਲ ਇਹ ਸੀ ਕਿ ਪੁਲ਼ ਨੂੰ ਕੱਟਦੇ ਸਮੇਂ ਵੈਰੀ ਸੈਨਾ ਨੂੰ ਬਾਹਰ ਰੋਕਣਾ ਬਹੁਤ ਜ਼ਰੂਰੀ ਸੀ ਅਤੇ ਇਹ ਕੰਮ ਕਹਿਣ ਨਾਲੋਂ ਕਰਨਾ ਬਹੁਤ ਔਖਾ ਸੀ। ਵੈਰੀ ਦੀ ਵਿਸ਼ਾਲ ਸੈਨਾ ਨੂੰ ਪੁਲ਼ ਕੱਟਣ ਤਕ ਬਾਹਰ ਰੋਕ ਕੇ ਕਿਵੇਂ ਰੱਖਿਆ ਜਾ ਸਕਦਾ ਹੈ ? ਇੱਕ ਤਰ੍ਹਾਂ ਇਹ ਸੂਲੀ ਦੀ ਉਹ ਛਾਲ ਸੀ ਜਿਸ ਨਾਲ ਕੁਰਬਾਨ ਹੋਣਾ ਬਿਲਕੁਲ ਤੈਅ ਸੀ।

ਉਸ ਸਮੇਂ ਹੀ ਅਚਾਨਕ ਸਭਾ 'ਚੋਂ ਇੱਕ ਸ਼ੇਰ ਵਾਂਗ ਗਰਜਵੀਂ ਆਵਾਜ਼ ਆਈ ਕਿ 'ਦੁਸ਼ਮਣਾਂ ਨੂੰ ਮੈਂ ਰੋਕਾਂਗਾ'। ਭੀੜ ਨੂੰ ਚੀਰ ਕੇ ਜੋ ਆਦਮੀ ਬਾਹਰ ਆਇਆ, ਉਸ ਦਾ ਨਾਂ ਹੋਰੇਸ਼ਸ ਸੀ। ਉਹ ਬਹੁਤ ਹੀ ਕੱਦਾਵਰ ਤੇ ਸੋਹਣਾ ਨੌਜਵਾਨ ਸੀ। ਉਸ ਨੇ ਕਈ ਲੜਾਈਆਂ ਵਿੱਚ ਬੜੀ ਬਹਾਦਰੀ ਵਿਖਾਈ ਸੀ ਤੇ ਭਾਰੀ ਤੋਂ ਭਾਰੀ ਆਫ਼ਤ ਆਉਣ 'ਤੇ ਵੀ ਨਹੀਂ ਸੀ ਘਬਰਾਉਂਦਾ। ਇਸ ਤਰ੍ਹਾਂ ਉਸ ਨੌਜਵਾਨ ਦਾ ਹੌਸਲਾ ਵੇਖਦੇ ਹੋਏ ਪ੍ਰਧਾਨ ਮੰਤਰੀ ਨੇ ਬੜੀ ਹੈਰਾਨੀ ਨਾਲ ਪੁੱਛਿਆ, "ਨੌਜਵਾਨ। ਤੁਸੀਂ ਇਹ ਕੰਮ ਇਕੱਲੇ ਕਿਵੇਂ ਕਰੋਗੇ ?"

"ਮੈਨੂੰ ਦੋ ਹੋਰ ਅਜਿਹੇ ਬਹਾਦਰਾਂ ਦੀ ਲੋੜ ਹੈ ਜਿਨ੍ਹਾਂ ਨੂੰ ਜ਼ਿੰਦਗੀ ਦੀ ਪਰਵਾਹ ਨਾ ਹੋਵੇ। ਇਸ ਲਈ ਕਿਉਂਕਿ ਪੁਲ਼ 'ਤੇ ਇੱਕ ਬਰਾਬਰ ਸਿਰਫ਼ ਤਿੰਨ ਹੀ ਸੈਨਿਕ ਖੜ੍ਹੇ ਹੋ ਸਕਦੇ ਹਨ। ਅਸੀਂ ਤਿੰਨ ਪੁਲ਼ ਦੇ ਕਿਨਾਰੇ 'ਤੇ ਖੜ੍ਹੇ ਹੋਏ ਵੈਰੀਆਂ ਨੂੰ ਰੋਕਾਂਗੇ ਅਤੇ ਇਧਰ ਆਪ ਪੁਲ਼ ਨੂੰ ਕੱਟਣਾ ਸ਼ੁਰੂ ਕਰ ਦੇਣਾ।" ਉਸ ਨੌਜਵਾਨ ਨੇ ਬੜੀ ਵਜ਼ਨਦਾਰ ਦਲੀਲ ਦਿੱਤੀ।

ਇਸ ਤੋਂ ਕੁਝ ਸਮੇਂ ਬਾਅਦ ਹੀ ਜੈਨਿਕੁਲਮ ਦਾ ਕਿਲ੍ਹਾ ਢਹਿ-ਢੇਰੀ ਹੋ ਗਿਆ ਅਤੇ ਵੈਰੀ ਦੀ ਸੈਨਾ ਰੋਮ ਵਿੱਚ ਦਾਖ਼ਲ ਹੋਣ ਲਈ ਅੱਗੇ ਵਧਣ ਲੱਗੀ। ਦੁਸ਼ਮਣ ਦੇ ਸੈਨਾਪਤੀ ਨੂੰ ਉਸ ਸਮੇਂ ਬੜੀ ਹੈਰਾਨੀ ਹੋਈ, ਜਦੋਂ ਉਸ ਨੇ ਵੇਖਿਆ ਕਿ ਸਿਰਫ਼ ਤਿੰਨ ਸੈਨਿਕ ਐਨੀ ਵਿਸ਼ਾਲ ਸੈਨਾ ਨੂੰ ਰੋਕਣ ਲਈ ਖੜ੍ਹੇ ਹਨ। ਥੋੜ੍ਹਾ ਜਿਹਾ ਅੱਗੇ ਵਧਣ 'ਤੇ ਉਸ ਨੂੰ ਅਸਲੀ ਗੱਲ ਸਮਝ ਆਈ ਕਿ ਹਜ਼ਾਰਾਂ ਰੋਮ ਵਾਸੀ ਪੁਲ਼ ਨੂੰ ਕੱਟਣ ਲੱਗੇ ਹੋਏ ਹਨ। ਉਸ ਨੇ ਆਪਣੇ ਸੈਨਿਕਾਂ ਨੂੰ ਆਦੇਸ਼ ਦਿੱਤਾ ਕਿ ਪੁਲ 'ਤੇ ਖੜ੍ਹੇ ਤਿੰਨਾਂ ਸੈਨਿਕਾਂ ਨੂੰ ਛੇਤੀ ਤੋਂ ਛੇਤੀ ਮਾਰ ਕੇ ਪੁਲ਼ ਨੂੰ ਟੁੱਟਣ ਤੋਂ ਬਚਾਓ। ਉਨ੍ਹਾਂ ਦੇ ਤਿੰਨ ਸੈਨਿਕ ਅੱਗੇ ਵਧੇ। ਹੋਰੇਸ਼ਸ ਅਤੇ ਉਸ ਦੇ ਸਾਥੀਆਂ ਦੇ ਬਰਛੇ ਚਮਕੇ ਅਤੇ ਸੈਨਾ ਦੇ ਤਿੰਨ ਸੈਨਿਕ ਤੜਫਦੇ ਹੋਏ ਹੇਠਾਂ ਡਿੱਗ ਪਏ। ਲੋਕ ਛੱਤਾਂ 'ਤੇ ਦੂਰ ਖੜ੍ਹੇ ਸ਼ੋਰ ਮਚਾ-ਮਚਾ ਕੇ ਆਪਣੇ ਬਹਾਦਰਾਂ ਦਾ ਹੌਸਲਾ ਵਧਾ ਰਹੇ ਸਨ। ਇੱਕ ਵਾਰ ਫਿਰ ਵੈਰੀ ਦੀ ਸੈਨਾ ਦੇ ਤਿੰਨ ਸੈਨਿਕ ਅੱਗੇ ਆਏ ਅਤੇ ਹੋਰੇਸ਼ਸ ਨੇ ਜਾਨ ਦੀ ਬਾਜ਼ੀ ਲਾ ਕੇ ਇੱਕ ਨੂੰ ਨਦੀ ਵਿੱਚ ਸੁੱਟ ਦਿੱਤਾ ਅਤੇ ਬਾਕੀ ਦੋਵਾਂ ਨੂੰ ਮਾਰ ਮੁਕਾਇਆ। ਪੁਲ਼ ਦੇ ਕੱਟੇ ਜਾਣ ਕਾਰਨ ਪਿੱਛੇ ਭਾਰੀ ਸ਼ੋਰ ਸੁਣਾਈ ਦੇ ਰਿਹਾ ਸੀ। ਦੁਸ਼ਮਣ ਦੇ ਸੈਨਾਪਤੀ ਦੀ ਬੁਖਲਾਹਟ ਪਲ-ਪਲ ਵਧਦੀ ਜਾ ਰਹੀ ਸੀ ਕਿਉਂਕਿ ਤਦ ਤਕ ਪੁਲ਼ ਦਾ ਬਹੁਤ ਸਾਰਾ ਹਿੱਸਾ ਵੱਢਿਆ ਜਾ ਚੁੱਕਾ ਸੀ।

ਰੋਮ ਦੇ ਸੈਨਾਪਤੀ ਨੇ ਬਹਾਦਰ ਸੈਨਿਕਾਂ ਨੂੰ ਕਿਹਾ, "ਹੁਣ ਤੁਸੀਂ ਵਾਪਸ ਪਰਤ ਆਓ ਕਿਉਂਕਿ ਪੁਲ਼ ਟੁੱਟ ਕੇ ਡਿੱਗਣ ਵਾਲਾ ਹੈ।"

ਇਹ ਆਵਾਜ਼ ਸੁਣਦੇ ਹੀ ਹਰਮੀ ਨਿਯਸ ਅਤੇ ਸਪੂ ਰਿਯਸ ਦੌੜ ਕੇ ਪੁਲ਼ ਦੇ ਦੂਜੇ ਪਾਸੇ ਪਹੁੰਚ ਗਏ। ਹੋਰੇਸ਼ਸ 'ਕੱਲਾ ਰਹਿ ਗਿਆ ਸੀ। ਲੋਕਾਂ ਨੇ ਸ਼ੋਰ ਮਚਾਉਂਦੇ ਹੋਏ ਕਿਹਾ, "ਹੋਰੇਸ਼ਸ! ਤੁਸੀਂ ਵੀ ਵਾਪਸ ਆ ਜਾਓ। ਹੁਣ ਅਸੀਂ ਖ਼ਤਰੇ ਤੋਂ ਬਾਹਰ ਹੋ ਗਏ ਹਾਂ।" ਹੋਰੇਸ਼ਸ ਕਿੱਥੇ ਮੰਨਣ ਵਾਲਾ ਸੀ ? ਉਸ ਨੇ ਜਵਾਬ ਦਿੰਦੇ ਹੋਏ ਕਿਹਾ, "ਜਦੋਂ ਤਕ ਪੁਲ਼ ਦਾ ਆਖ਼ਰੀ ਟੁੱਕੜਾ ਟੁੱਟ ਕੇ ਨਦੀ 'ਚ ਨਹੀਂ ਡਿੱਗਦਾ, ਤਦ ਤਕ ਮੈਂ ਪਿੱਛੇ ਨਹੀਂ ਹਟਾਂਗਾ।" ਹੁਣ ਉਹ ਇਕੱਲਾ ਹੀ ਤਿੰਨ-ਤਿੰਨ ਸੈਨਿਕਾਂ ਦਾ ਮੁਕਾਬਲਾ ਕਰ ਰਿਹਾ ਸੀ। ਦੁਸ਼ਮਣ ਦਾ ਸੈਨਾਪਤੀ ਹੋਰੇਸ਼ਸ ਦਾ ਇਹ ਬਹਾਦਰੀ ਭਰਿਆ ਕਾਰਨਾਮਾ ਵੇਖਦੇ ਹੋਏ ਦੰਦਾਂ ਹੇਠਾਂ ਉਂਗਲ ਦੇ ਕੇ ਖੜ੍ਹਾ ਸੀ। ਰੋਮ ਦੀ ਪਰਜਾ ਨਾਅਰੇ ਲਾ ਰਹੀ ਸੀ, "ਹੋਰੇਸ਼ਸ ਜ਼ਿੰਦਾਬਾਦ! ਹੋਰੇਸ਼ਸ ਜ਼ਿੰਦਾਬਾਦ!" ਤਦ ਉਸ ਸਮੇਂ ਭਾਰੀ ਹਿਲਜੁਲ ਨਾਲ ਪੁਲ਼ ਟੁੱਟ ਕੇ ਨਦੀ 'ਚ ਡਿੱਗ ਪਿਆ। ਇਹ ਵੇਖਦੇ ਹੋਏ ਹੋਰੇਸ਼ਸ ਨੇ ਨਦੀ ਵਿੱਚ ਛਾਲ ਮਾਰ ਦਿੱਤੀ। ਰੋਮ ਦੇ ਨਿਵਾਸੀ ਅਸਮਾਨ ਵੱਲ ਨਜ਼ਰਾਂ ਕਰਕੇ ਹੋਰੇਸ਼ਸ ਦੀ ਜ਼ਿੰਦਗੀ ਦੀ ਸਲਾਮਤੀ ਲਈ ਪ੍ਰਾਰਥਨਾ ਕਰ ਰਹੇ ਸਨ। ਇੱਥੋਂ ਤਕ ਕਿ ਪ੍ਰਧਾਨ ਮੰਤਰੀ ਤੇ ਸੈਨਾਪਤੀ ਨੇ ਵੀ ਉਸ ਬਹਾਦਰ ਦੇ ਪ੍ਰਾਣ ਰੱਖਿਆ ਲਈ ਪ੍ਰਾਰਥਨਾ ਕੀਤੀ। ਹੋਰੇਸ਼ਸ ਨੇ ਸਰੀਰ 'ਤੇ ਲੋਹੇ ਦਾ ਭਾਰੀ ਕਵਚ ਪਹਿਨਿਆ ਹੋਇਆ ਸੀ। ਉਸ ਨੂੰ ਤੈਰਨ 'ਚ ਤਕਲੀਫ਼ ਹੋ ਰਹੀ ਸੀ। ਅਚਾਨਕ ਉਹ ਪਾਣੀ 'ਚ ਗੁੰਮ ਹੋ ਗਿਆ। ਰੋਮਨ ਚਿੰਤਾ 'ਚ ਡੁੱਬ ਗਏ। ਕੀ ਟਾਈਬਰ ਨਦੀ ਨੇ ਰੋਮ ਦੇ ਬਹਾਦਰ ਯੋਧੇ ਦੀ ਕੀਮਤ ਵਸੂਲ ਕਰ ਲਈ ? ਕੀ ਦੇਸ਼ ਦੇ ਰੱਖਿਅਕ ਦੀ ਰੱਖਿਆ ਟਾਈਬਰ ਨਦੀ ਨਹੀਂ ਕਰੇਗੀ ?

ਤਦ ਸਭ ਨੇ ਵੇਖਿਆ ਕਿ ਅਚਾਨਕ ਹੋਰੇਸ਼ਸ ਨਦੀ ਦੇ ਕਿਨਾਰੇ 'ਤੇ ਬਾਹਰ ਆ ਗਿਆ। ਲੋਕਾਂ ਦੀਆਂ ਖ਼ੁਸ਼ੀ ਦਾ ਕੋਈ ਟਿਕਾਣਾ ਨਾ ਰਿਹਾ। ਉਨ੍ਹਾਂ ਨੇ ਹੋਰੇਸ਼ਸ ਨੂੰ ਮੋਢਿਆਂ ਉੱਤੇ ਚੁੱਕ ਲਿਆ ਅਤੇ ਉਸ ਦੀ ਜੈ, ਜੈਕਾਰ ਕਰਨ ਲੱਗੇ।

# ਤੁਹਾਡੀ ਰਸੋਈ

## ਸ਼ਕਰਕੰਦੀ ਦੇ ਗੁਲਾਬ ਜਾਮੁਨ



### ਸਮੱਗਰੀ

- ਸ਼ਕਰਕੰਦੀ ਅੱਧਾ ਕਿੱਲੋ
- ਖੰਡ 500 ਗ੍ਰਾਮ
- ਮੈਦਾ ਅੱਧਾ ਕੱਪ
- ਸੋਡਾ ਬਾਈਕਾਰਬ ਅੱਧਾ ਛੋਟਾ ਚੱਮਚ
- ਦੇਸੀ ਘਿਓ 1 ਵੱਡਾ ਚੱਮਚ
- ਸੌਗੀ (ਕਿਸ਼ਮਿਸ਼) ਥੋੜ੍ਹੀ ਜਿਹੀ
- ਤੇਲ ਤਲਣ ਲਈ

### ਵਿਧੀ

ਸ਼ਕਰਕੰਦੀ ਨੂੰ ਘੱਟ ਪਾਣੀ ਪਾ ਕੇ ਪ੍ਰੈਸ਼ਰ ਕੁੱਕਰ 'ਚ ਉਬਾਲ ਕੇ ਛਿੱਲ ਲਓ। ਕਿਸੇ ਭਾਂਡੇ 'ਚ ਪਾਣੀ ਤੇ ਖੰਡ ਮਿਲਾ ਕੇ ਇਕ ਤਾਰ ਦੀ ਚਾਸ਼ਨੀ ਬਣਾਓ। ਸੋਡੇ ਤੇ ਮੈਦੇ ਨੂੰ ਇਕੱਠਿਆਂ ਛਾਣ ਲਓ ਤੇ ਥੋੜ੍ਹਾ ਜਿਹਾ ਘਿਓ ਪਾ ਕੇ ਉਸ ਨੂੰ ਉੱਬਲੀ ਸ਼ਕਰਕੰਦੀ ਨਾਲ ਗੁੰਨ੍ਹ ਲਓ। ਹੁਣ ਇਸ ਦੇ ਛੋਟੇ-ਛੋਟੇ ਪੇੜੇ ਬਣਾਓ ਤੇ ਹਰ ਪੇੜੇ 'ਚ ਇਕ-ਇਕ ਸੌਗੀ (ਕਿਸ਼ਮਿਸ਼) ਰੱਖ ਦਿਓ। ਕੜਾਹੀ 'ਚ ਤੇਲ ਗਰਮ ਕੇ ਇਨ੍ਹਾਂ ਨੂੰ ਸੁਨਹਿਰਾ ਭੂਰਾ ਹੋਣ ਤਕ ਤਲ ਲਓ ਤੇ ਇਕ ਤਾਰ ਦੀ ਚਾਸ਼ਨੀ 'ਚ ਪਾਉਂਦੇ ਜਾਓ। ਸ਼ਕਰਕੰਦੀ ਦੇ ਗੁਲਾਬ ਜਾਮੁਨ ਤਿਆਰ ਹਨ, ਤੁਸੀਂ ਇਨ੍ਹਾਂ ਨੂੰ ਗਰਮ ਤੇ ਠੰਡਾ ਦੋਵੇਂ ਤਰੀਕੇ ਨਾਲ ਪਰੋਸ ਸਕਦੇ ਹੋ।

## ਅਦਰਕ ਅਤੇ ਗਾਜਰ ਦਾ ਸੂਪ

### ਸਮੱਗਰੀ

- 5 ਗਾਜਰਾਂ
- 2 ਇੰਚ ਲੰਬਾ ਅਦਰਕ ਦਾ ਟੁਕੜਾ
- 2 ਪਿਆਜ਼
- 1 ਕੱਪ ਸਬਜ਼ੀਆਂ ਦਾ ਸ਼ੋਰਬਾ
- ਇਕ ਤਿਹਾਈ ਕੱਪ ਸੰਤਰੇ ਦਾ ਰਸ
- ਨਮਕ ਸਵਾਦ ਅਨੁਸਾਰ
- 2 ਚਮਚ ਪੀਸੀ ਕਾਲੀ ਮਿਰਚ
- 2 ਚਮਚ ਆਲਿਵ ਆਇਲ



### ਵਿਧੀ

ਪੈਨ ਲਓ ਅਤੇ ਉਸ 'ਚ ਤੇਲ ਗਰਮ ਕਰੋ। ਇਸ 'ਚ ਕੱਟੇ ਹੋਏ ਪਿਆਜ਼ ਅਤੇ ਪੀਸਿਆ ਅਦਰਕ ਪਾ ਕੇ ਦੋ ਮਿੰਟ ਦੇ ਲਈ ਮੱਧਮ ਅੱਗ 'ਤੇ ਪਕਾ ਲਓ। ਇਸ 'ਚ ਸਬਜ਼ੀਆਂ ਦਾ ਸ਼ੋਰਬਾ ਪਾਓ ਅਤੇ ਅੱਗ ਨੂੰ ਮੱਧਮ ਕਰ ਦਿਓ, ਇਸ ਨੂੰ 25-30 ਮਿੰਟ ਦੇ ਲਈ ਪੱਕਣ ਦਿਓ ਤਾਂ ਕਿ ਸੂਪ ਗਾੜ੍ਹਾ ਹੋ ਜਾਏ। ਇਸ ਦੇ ਬਾਅਦ ਇਸ 'ਚ ਸੰਤਰੇ ਦਾ ਰਸ ਪਾਓ ਅਤੇ 2-3 ਮਿੰਟ ਦੇ ਲਈ ਮੱਧਮ ਅੱਗ 'ਤੇ ਪਕਾਓ ਅਤੇ ਫਿਰ ਗੈਸ ਬੰਦ ਕਰ ਦਿਓ। ਹੁਣ ਇਸ ਤਿਆਰ ਸੂਪ ਨੂੰ ਇਕ ਬਾਊਲ 'ਚ ਪਾਓ ਅਤੇ ਉਸ 'ਚ ਨਮਕ ਅਤੇ ਕਾਲੀ ਮਿਰਚ ਛਿੜਕ ਕੇ ਪਰੋਸੋ।

### ਘਰੇਲੂ ਟਿਪਸ

ਮਾਹਵਾਰੀ ਤਕਲੀਫ ਤੇ ਦਰਦ ਨਾਲ ਆਉਣੀ : 2 ਚਮਚ ਅਜਵਾਇਣ 2 ਕੱਪ ਪਾਣੀ ਵਿਚ ਪਾ ਕੇ ਉਬਾਲੋ। ਇਕ ਕੱਪ ਬਾਕੀ ਰੱਖ ਲਵੋ। ਇਸ ਵਿਚ ਗੁੜ ਮਿਲਾ ਕੇ ਸਵੇਰੇ ਖਾਲੀ ਪੇਟ ਚਾਹ ਵਾਂਗ ਪੀਓ। ਇਹ ਨੁਸਖਾ ਰੋਜ਼ਾਨਾ ਸਵੇਰੇ-ਸ਼ਾਮ 3 ਦਿਨ ਕਰੋ। ਆਮ ਤੌਰ 'ਤੇ 3 ਮਾਹਵਾਰੀਆਂ ਤਕ ਇਹ ਤਜਰਬਾ ਕਰਨਾ ਠੀਕ ਰਹਿੰਦਾ ਹੈ। ਮਾਹਵਾਰੀ ਆਉਣ ਤੋਂ 3 ਦਿਨ ਪਹਿਲਾਂ ਇਹ ਤਜਰਬਾ ਕਰਨ ਨਾਲ ਮਾਹਵਾਰੀ ਸਮੇਂ 'ਤੇ ਖੁੱਲ੍ਹ ਕੇ ਆਉਂਦੀ ਹੈ।

ਪੇਟ 'ਚ ਗੈਸ : ਅਜਵਾਇਣ ਦੇ ਨਾਲ ਹਰੜ ਤੇ ਕਾਲਾ ਲੂਣ ਲੈਣ ਨਾਲ ਪੇਟ ਫੁੱਲਣ, ਪੇਟ ਦਰਦ, ਡਕਾਰਾਂ ਆਦਿ ਤੋਂ ਤੁਰੰਤ ਆਰਾਮ ਮਿਲਦਾ ਹੈ।

### ਘਰੇਲੂ ਟਿਪਸ

ਸਿਰ ਦੇ ਵਾਲ ਝੜਨੇ : ਬੋਹੜ ਦੇ ਪੱਤਿਆਂ ਨੂੰ ਪੀਸ ਲਵੋ ਅਤੇ ਅਲਸੀ ਦੇ ਤੇਲ ਵਿਚ ਪਕਾਓ। ਪੱਤਿਆਂ ਦੇ ਸੜ ਜਾਣ 'ਤੇ ਤੇਲ ਛਾਣ ਕੇ ਰੱਖ ਲਵੋ। ਇਸ ਤੇਲ ਦੀ ਮਾਲਿਸ਼ ਕਰਨ ਨਾਲ ਕੁਝ ਹੀ ਦਿਨਾਂ ਵਿਚ ਵਾਲ ਝੜਨੇ ਰੁਕ ਜਾਣਗੇ ਅਤੇ ਝੜੇ ਹੋਏ ਵਾਲਾਂ ਦੀ ਥਾਂ 'ਤੇ ਨਵੇਂ ਵਾਲ ਉੱਗਣ ਲੱਗਣਗੇ। ਦੇਸੀ ਘਿਓ ਵਿਚ ਬਾਦਾਮ ਦੀਆਂ 4-5 ਗਿਰੀਆਂ ਪੀਸ ਕੇ ਪਾਓ ਅਤੇ ਇੰਨੀਆਂ ਉਬਾਲੋ ਕਿ ਗਿਰੀਆਂ ਦੇ ਟੁਕੜੇ ਸੜ ਜਾਣ। ਹੁਣ ਘਿਓ ਨੂੰ ਛਾਣ ਕੇ ਸ਼ੀਸ਼ੀ ਵਿਚ ਭਰ ਲਵੋ। ਇਸ ਘਿਓ ਨੂੰ ਕੋਸਾ ਕਰਕੇ ਸਿਰ 'ਤੇ ਮਾਲਿਸ਼ ਕਰਨ ਨਾਲ ਵਾਲਾਂ ਦਾ ਝੜਨਾ ਰੁਕਦਾ ਹੈ ਅਤੇ ਦਿਮਾਗੀ ਕਮਜ਼ੋਰੀ ਵੀ ਦੂਰ ਹੁੰਦੀ ਹੈ।

# ਵਣਜ ਅਤੇ ਉਦਯੋਗ ਮੰਤਰਾਲੇ ਵਲੋਂ ਚੰਡੀਗੜ੍ਹ ਵਿੱਚ ਹਿਤਧਾਰਕਾਂ ਨਾਲ ਵਿਚਾਰ-ਵਟਾਂਦਰੇ ਦਾ ਆਯੋਜਨ; ਪੰਜਾਬ ਅਤੇ ਹਰਿਆਣਾ ਦੇ ਉਦਯੋਗਾਂ ਅਤੇ ਕਿਸਾਨਾਂ ਨੂੰ ਭਾਰਤ ਦੇ ਨਵੇਂ ਐੱਫਟੀਏ ਢਾਂਚੇ ਤਹਿਤ ਉਪਲਬਧ ਵਿਸ਼ਾਲ ਨਿਰਯਾਤ ਮੌਕਿਆਂ ਬਾਰੇ ਜਾਣੂ ਕਰਵਾਇਆ

## ਨਿਤਿਨ ਕੁਮਾਰ ਯਾਦਵ ਵਲੋਂ ਚੰਡੀਗੜ੍ਹ ਵਿੱਚ ਏਪੀਡਾ ਦੇ ਖੇਤਰੀ ਦਫ਼ਤਰ ਦਾ ਉਦਘਾਟਨ

**ਚੰਡੀਗੜ੍ਹ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਵਣਜ ਅਤੇ ਉਦਯੋਗ ਮੰਤਰਾਲੇ ਨੇ ਚੰਡੀਗੜ੍ਹ ਵਿੱਚ ਇੱਕ ਉੱਚ-ਪੱਧਰੀ ਹਿਤਧਾਰਕ ਵਿਚਾਰ-ਵਟਾਂਦਰੇ ਦਾ ਆਯੋਜਨ ਕੀਤਾ, ਜਿਸ ਦਾ ਉਦੇਸ਼ ਪੰਜਾਬ ਅਤੇ ਹਰਿਆਣਾ ਦੇ ਨਿਰਯਾਤਕਾਂ, ਉਦਯੋਗਿਕ ਸੰਸਥਾਵਾਂ, ਕਿਸਾਨ ਉਤਪਾਦਕ ਸੰਗਠਨਾਂ (ਐੱਫਪੀਓਜ਼), ਕਿਸਾਨਾਂ ਅਤੇ ਸਰਕਾਰੀ ਅਧਿਕਾਰੀਆਂ ਨੂੰ ਭਾਰਤ ਦੇ ਤੇਜ਼ੀ ਨਾਲ ਵਿਸਤਾਰਿਤ ਹੋ ਰਹੇ ਮੁਕਤ ਵਪਾਰ ਸਮਝੌਤਾ (ਐੱਫਟੀਏ) ਨੈੱਟਵਰਕ ਰਾਹੀਂ ਉਪਲਬਧ ਕਰਵਾਏ ਗਏ ਵਿਆਪਕ ਨਿਰਯਾਤ ਮੌਕਿਆਂ ਬਾਰੇ ਜਾਗਰੂਕ ਕਰਨਾ ਸੀ। ਇਸ ਗੱਲਬਾਤ ਦਾ ਮਕਸਦ ਖ਼ਾਸ ਤੌਰ ’ਤੇ ਟੈਕਸਟਾਈਲ, ਇੰਜੀਨੀਅਰਿੰਗ ਉਤਪਾਦਾਂ, ਖੇਤੀਬਾੜੀ, ਫਾਰਮਾਸਿਊਟੀਕਲ ਅਤੇ ਰਸਾਇਣਕ ਖੇਤਰਾਂ ਵਿੱਚ ਮੌਜੂਦ ਖੇਤਰੀ ਨਿਰਯਾਤ ਸਮਰੱਥਾ ਨੂੰ ਨਵੀਂ ਮਾਰਕਿਟ ਪਹੁੰਚ ਸੰਰਚਨਾ ਰਾਹੀਂ ਠੋਸ ਵਪਾਰਕ ਨਤੀਜਿਆਂ ਵਿੱਚ ਬਦਲਣਾ ਸੀ।

ਵਣਜ ਮੰਤਰਾਲੇ ਦੇ ਵਧੀਕ ਸਕੱਤਰ ਸ਼੍ਰੀ ਨਿਤਿਨ ਕੁਮਾਰ ਯਾਦਵ ਨੇ ਖੇਤੀਬਾੜੀ ਉਤਪਾਦਾਂ ਦੇ ਨਿਰਯਾਤ ਪ੍ਰੋਤਸਾਹਨ ਅਤੇ ਹਰਿਆਣਾ ਅਤੇ ਪੰਜਾਬ ਰਾਜ ਦੇ ਨਿਰਯਾਤਕਾਂ ਅਤੇ ਹੋਰ ਹਿਤਧਾਰਕਾਂ ਨਾਲ ਮੀਟਿੰਗ ਵਿਸ਼ੇ ’ਤੇ ਇੱਕ ਪ੍ਰੈੱਸ ਬ੍ਰੀਫਿੰਗ ਨੂੰ ਸੰਬੋਧਨ ਕੀਤਾ।

ਇਸ ਮੌਕੇ ਉਨ੍ਹਾਂ ਨੇ ਖੇਤੀਬਾੜੀ ਅਤੇ ਪ੍ਰੋਸੈੱਸਡ ਖੁਰਾਕ ਉਤਪਾਦ ਨਿਰਯਾਤ ਵਿਕਾਸ ਅਥਾਰਿਟੀ (ਏਪੀਡਾ) ਦੇ ਚੰਡੀਗੜ੍ਹ ਸਥਿਤ ਖੇਤਰੀ ਦਫ਼ਤਰ ਦਾ ਉਦਘਾਟਨ ਵੀ ਕੀਤਾ। ਇਸੇ ਦੌਰਾਨ, ਏਪੀਡਾ ਦੇ ਚੇਅਰਮੈਨ ਸ਼੍ਰੀ ਅਭਿਸ਼ੇਕ ਦੇਵ ਨੇ ਖੇਤਰੀ ਦਫ਼ਤਰ, ਚੰਡੀਗੜ੍ਹ ਦੇ ਉਦਘਾਟਨ ਸਮਾਗਮ ਵਿੱਚ ਵਰਚੁਅਲ ਮਾਧਿਅਮ ਰਾਹੀਂ ਸ਼ਮੂਲੀਅਤ ਕੀਤੀ। ਉਨ੍ਹਾਂ ਕਿਹਾ ਕਿ ਇਹ ਖੇਤਰੀ ਦਫ਼ਤਰ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਚੰਡੀਗੜ੍ਹ ਵਿੱਚ ਖੇਤੀ ਨਿਰਯਾਤ ਦੇ ਖੇਤਰ ਵਿੱਚ ਇੱਕ ਮੀਲ ਪੱਥਰ ਸਾਬਤ ਹੋਵੇਗਾ।

ਮੀਡੀਆ ਪ੍ਰਤੀਨਿਧੀਆਂ ਨਾਲ ਗੱਲਬਾਤ ਕਰਦਿਆਂ ਸ਼੍ਰੀ ਨਿਤਿਨ ਕੁਮਾਰ ਯਾਦਵ ਨੇ ਕਿਹਾ, ਪਿਛਲੇ ਇੱਕ ਦਹਾਕੇ ਦੌਰਾਨ ਭਾਰਤ ਦੇ ਕੁੱਲ ਨਿਰਯਾਤ ਵਿੱਚ ਮਹੱਤਵਪੂਰਨ ਵਾਧਾ ਹੋਇਆ ਹੈ, ਜਿਸ ਵਿੱਚ ਵਸਤੂਆਂ ਅਤੇ ਸੇਵਾਵਾਂ ਦੇ ਨਿਰਯਾਤ ਨੂੰ ਮਿਲਾ ਕੇ ਕੁੱਲ ਨਿਰਯਾਤ ਵਿੱਤੀ ਸਾਲ 2014-15 ਦੇ 468 ਅਰਬ ਅਮਰੀਕੀ ਡਾਲਰ ਤੋਂ ਵੱਧ ਕੇ ਵਿੱਤੀ ਸਾਲ 2025-26 ਵਿੱਚ ਸਰਬਕਾਲੀ ਉੱਚ ਪੱਧਰ 863 ਅਰਬ ਅਮਰੀਕੀ ਡਾਲਰ ਤੱਕ ਪਹੁੰਚ ਗਿਆ ਹੈ, ਜੋ 5.7 ਫੀਸਦੀ ਦੀ ਚੱਕਰ ਵਾਧਾ ਸਾਲਾਨਾ ਵਿਕਾਸ ਦਰ (ਸੀਏਜੀਆਰ) ਨੂੰ ਦਰਸਾਉਂਦਾ ਹੈ।

ਉਨ੍ਹਾਂ ਅੱਗੇ ਕਿਹਾ, ਇਸ ਮਿਆਦ ਦੌਰਾਨ ਵਸਤੂ ਨਿਰਯਾਤ 310 ਅਰਬ ਅਮਰੀਕੀ ਡਾਲਰ ਤੋਂ ਵੱਧ ਕੇ 442 ਅਰਬ ਅਮਰੀਕੀ ਡਾਲਰ ਹੋ ਗਿਆ, ਸੇਵਾ ਨਿਰਯਾਤ 158 ਅਰਬ ਅਮਰੀਕੀ ਡਾਲਰ ਤੋਂ ਵੱਧ ਕੇ 421 ਅਰਬ ਅਮਰੀਕੀ ਡਾਲਰ ਤੱਕ ਪਹੁੰਚ ਗਿਆ, ਜਿਸ ਵਿੱਚ 9.3 ਫੀਸਦੀ ਦੀ ਸੀਏਜੀਆਰ ਦਰਜ ਕੀਤੀ ਗਈ ਅਤੇ ਗੈਰ-ਪੈਟਰੋਲੀਅਮ ਨਿਰਯਾਤ 387.9 ਅਰਬ ਅਮਰੀਕੀ ਡਾਲਰ ਦੇ ਨਵੇਂ ਰਿਕਾਰਡ ਪੱਧਰ ਤੱਕ ਪਹੁੰਚ ਗਿਆ, ਜੋ ਭਾਰਤ ਦੇ ਨਿਰਯਾਤ ਆਧਾਰ ਦੀ ਡੂੰਘਾਈ ਅਤੇ ਵਿਭਿੰਨਤਾ ਨੂੰ ਉਜਾਗਰ ਕਰਦਾ ਹੈ। ਗੱਲਬਾਤ ਦੌਰਾਨ ਭਾਗੀਦਾਰਾਂ ਨੂੰ ਜਾਣੂ ਕਰਵਾਇਆ ਗਿਆ ਕਿ ਨਵੇਂ ਐੱਫਟੀਏ ਟੈਕਸਟਾਈਲ ਅਤੇ ਲਿਬਾਸ, ਇੰਜੀਨੀਅਰਿੰਗ ਉਤਪਾਦਾਂ, ਇਲੈਕਟ੍ਰੌਨਿਕਸ ਅਤੇ ਫਾਰਮਾਸਿਊਟੀਕਲ ਖੇਤਰਾਂ ਵਿੱਚ ਸਾਰੀਆਂ ਟੈਰਿਫ ਲਾਈਨਾਂ ’ਤੇ 100 ਫੀਸਦੀ ਡਿਊਟੀ-ਮੁਕਤ ਪਹੁੰਚ ਪ੍ਰਦਾਨ ਕਰਦੇ ਹਨ — ਜੋ ਪੰਜਾਬ ਅਤੇ ਹਰਿਆਣਾ ਲਈ ਬਹੁਤ ਮਹੱਤਵਪੂਰਨ ਖੇਤਰ ਹਨ।




ਉਨ੍ਹਾਂ ਅੱਗੇ ਕਿਹਾ ਕਿ ਭਾਰਤ ਨੇ ਕਈ ਇਤਿਹਾਸਕ ਵਪਾਰ ਸਮਝੌਤੇ ਸਿਰੇ ਚੜ੍ਹਾਏ ਹਨ, ਜੋ ਦੇਸ਼ ਨੂੰ ਆਲਮੀ ਮੁੱਲ ਲੜੀਆਂ ਦੇ ਕੇਂਦਰ ਵਿੱਚ ਸਥਾਪਿਤ ਕਰਦੇ ਹਨ। ਭਾਰਤ-ਈਐੱਫਟੀਏ ਵਪਾਰ ਅਤੇ ਆਰਥਿਕ ਭਾਈਵਾਲੀ ਸਮਝੌਤਾ (ਟੀਈਪੀਏ, 2025), ਜੋ 100 ਅਰਬ ਅਮਰੀਕੀ ਡਾਲਰ ਦੇ ਪ੍ਰੱਤਖ ਵਿਦੇਸ਼ੀ ਨਿਵੇਸ਼ (ਐੱਫਡੀਆਈ) ਦੀ ਵਚਨਬੱਧਤਾ ਨਾਲ ਸਮਰਥਿਤ ਹੈ, ਜੋ ਭਾਰਤ ਦੇ ਲਗਭਗ 98 ਫੀਸਦੀ ਨਿਰਯਾਤ ਨੂੰ ਡਿਊਟੀ-ਮੁਕਤ ਪਹੁੰਚ ਪ੍ਰਦਾਨ ਕਰਦਾ ਹੈ।

ਉਨ੍ਹਾਂ ਕਿਹਾ ਕਿ 27 ਉੱਚ-ਆਮਦਨੀ ਵਾਲੀਆਂ ਅਰਥਵਿਵਸਥਾਵਾਂ ਨੂੰ ਸ਼ਾਮਲ ਕਰਨ ਵਾਲਾ ਭਾਰਤ-ਯੂਰੋਪੀ ਸੰਘ ਐੱਫਟੀਏ (2026), ਮੁੱਲ ਦੇ ਅਧਾਰ ’ਤੇ ਦੁਵੱਲੇ ਵਪਾਰ ਦੇ 99 ਫੀਸਦੀ ਹਿੱਸੇ ’ਤੇ ਸ਼ੁਲਕ ਰਿਆਇਤਾਂ ਰਾਹੀਂ ਭਾਰਤੀ ਨਿਰਯਾਤ ਦੇ 3.2 ਲੱਖ ਕਰੋੜ ਰੁਪਏ ਮੁੱਲ ਨੂੰ ਲਾਭ ਪਹੁੰਚਾਉਣ ਦੀ ਆਸ ਰੱਖਦਾ ਹੈ। ਇਸ ਤੋਂ ਇਲਾਵਾ ਉਨ੍ਹਾਂ ਕਿਹਾ ਕਿ ਭਾਰਤ-ਮੌਰੀਸ਼ਸ ਵਿਆਪਕ ਆਰਥਿਕ ਸਹਿਯੋਗ ਅਤੇ ਭਾਈਵਾਲੀ ਸਮਝੌਤਾ (ਸੀਈਸੀਪੀਏ) (2021) ਅਤੇ ਭਾਰਤ-ਯੂਏਈ ਵਿਆਪਕ ਆਰਥਿਕ ਭਾਈਵਾਲੀ ਸਮਝੌਤਾ (ਸੀਈਪੀਏ) ਮਿਲ ਕੇ ਇਨ੍ਹਾਂ ਬਜ਼ਾਰਾਂ ਵਿੱਚ ਭਾਰਤ ਦੇ 99 ਫੀਸਦੀ ਨਿਰਯਾਤ ਨੂੰ ਜ਼ੀਰੋ-ਡਿਊਟੀ ਪਹੁੰਚ ਪ੍ਰਦਾਨ ਕਰਦੇ ਹਨ, ਜਦਕਿ ਯੂਏਈ ਨਾਲ ਦੁਵੱਲਾ ਵਪਾਰ ਪਹਿਲਾਂ ਹੀ 80 ਅਰਬ ਅਮਰੀਕੀ ਡਾਲਰ ਤੋਂ ਵੱਧ ਹੋ ਚੁੱਕਾ ਹੈ। ਉਨ੍ਹਾਂ ਕਿਹਾ ਕਿ ਫ਼ਰਵਰੀ 2026 ਵਿੱਚ ਭਾਰਤ ਅਤੇ ਸੰਯੁਕਤ ਰਾਜ ਅਮਰੀਕਾ ਨੇ ‘ਮਿਸ਼ਨ 500’ ਪਹਿਲਕਦਮੀ ਤਹਿਤ ਇੱਕ ਅੰਤਰਿਮ ਦੁਵੱਲੇ ਵਪਾਰ ਸਮਝੌਤੇ ਲਈ ਇੱਕ ਰੂਪਰੇਖਾ ਵਿਕਸਿਤ ਕੀਤੀ, ਜਿਸ ਦਾ ਉਦੇਸ਼ ਸਾਲ 2030 ਤੱਕ ਦੁਵੱਲੇ ਵਪਾਰ ਨੂੰ ਦੁੱਗਣੇ ਤੋਂ ਵੀ ਵੱਧ ਵਧਾ ਕੇ 500 ਅਰਬ ਅਮਰੀਕੀ ਡਾਲਰ ਤੱਕ ਪਹੁੰਚਾਉਣਾ ਹੈ। ਉਨ੍ਹਾਂ ਕਿਹਾ ਕਿ ਸਮੂਹਿਕ ਤੌਰ ’ਤੇ ਭਾਰਤ ਦੇ ਨੌਂ ਐੱਫਟੀਏ ਹੁਣ 38 ਦੇਸ਼ਾਂ ਨੂੰ ਕਵਰ ਕਰਦੇ ਹਨ ਅਤੇ ਲਗਭਗ 70 ਫੀਸਦੀ ਗਲੋਬਲ ਜੀਡੀਪੀ ਤੱਕ ਪਹੁੰਚ ਪ੍ਰਦਾਨ ਕਰਦੇ ਹਨ।

ਸ਼੍ਰੀ ਨਿਤਿਨ ਕੁਮਾਰ ਯਾਦਵ ਨੇ ਅੱਗੇ ਕਿਹਾ, ਪੰਜਾਬ ਲਈ ਟੈਕਸਟਾਈਲ ਅਤੇ ਲਿਬਾਸ, ਇੰਜੀਨੀਅਰਿੰਗ, ਖੇਤੀਬਾੜੀ ਅਤੇ ਫੂਡ ਪ੍ਰੋਸੈੱਸਿੰਗ ਸੈਕਟਰਾਂ ਵਿੱਚ ਮਹੱਤਵਪੂਰਨ ਮੌਕੇ ਉਪਲਬਧ ਹਨ। ਹਰਿਆਣਾ ਲਈ ਪ੍ਰਮੁੱਖ ਨਿਰਯਾਤ ਉਤਪਾਦਾਂ ਵਿੱਚ ਬਾਸਮਤੀ ਚੌਲ, ਮੱਝਾਂ ਦਾ ਮਾਸ, ਗੈਰ-ਬਾਸਮਤੀ ਚੌਲ, ਕੁਦਰਤੀ ਸ਼ਹਿਦ, ਡੇਅਰੀ ਉਤਪਾਦ ਅਤੇ ਵਿਭਿੰਨ ਖੁਰਾਕੀ ਤਿਆਰੀਆਂ ਸ਼ਾਮਲ ਹਨ, ਜਦਕਿ ਫਾਰਮਾਸਿਊਟੀਕਲ ਅਤੇ ਰਸਾਇਣਕ ਖੇਤਰਾਂ ਵਿੱਚ ਵੀ ਵਧਦੀਆਂ ਸੰਭਾਵਨਾਵਾਂ ਮੌਜੂਦ ਹਨ। ਨਵੇਂ ਐੱਫਟੀਏ ਤਹਿਤ ਸਾਰੇ ਪ੍ਰਮੁੱਖ ਖੇਤਰਾਂ ਵਿੱਚ ਨਿਰਯਾਤਕਾਂ ਨੂੰ ਉਪਲਬਧ ਮਾਰਕਿਟ ਪਹੁੰਚ ਰਿਆਇਤਾਂ ਦੀ ਵਿਸਥਾਰਪੂਰਵਕ ਪੇਸ਼ਕਾਰੀ ਦਿੱਤੀ ਗਈ।

ਭਾਰਤ ਸਰਕਾਰ ਦੇ ਵਣਜ ਅਤੇ ਉਦਯੋਗ ਮੰਤਰਾਲੇ ਦੀ ਡਾਇਰੈਕਟਰ ਸ਼੍ਰੀਮਤੀ ਮੋਨਿਕਾ ਗੌਰ ਨੇ ਆਪਣੀ ਪੇਸ਼ਕਾਰੀ ਵਿੱਚ ਦੋਵਾਂ ਰਾਜਾਂ ਵਿੱਚ ਮੰਤਰਾਲੇ ਦੀਆਂ ਵੱਖ-ਵੱਖ ਯੋਜਨਾਵਾਂ ਤਹਿਤ ਵਿਕਸਿਤ ਕੀਤੇ ਗਏ ਮਹੱਤਵਪੂਰਨ ਨਿਰਯਾਤ ਬੁਨਿਆਦੀ ਢਾਂਚੇ ਬਾਰੇ ਜਾਣਕਾਰੀ ਦਿੱਤੀ। ਪੰਜਾਬ ਵਿੱਚ ਨਿਰਯਾਤਕਾਂ ਨੂੰ ਬੁਨਿਆਦੀ ਢਾਂਚਾ ਅਪਗ੍ਰੇਡੇਸ਼ਨ ਸਹਾਇਤਾ ਦਾ ਲਾਭ ਮਿਲਿਆ ਹੈ; ਅੰਮ੍ਰਿਤਸਰ ਹਵਾਈ ਅੱਡੇ (ਏਏਆਈ) ’ਤੇ ਪੈਕ ਹਾਊਸ ਅਤੇ ਗੁਣਵੱਤਾ ਪਾਲਣਾ ਸਹੂਲਤਾਂ ਨੂੰ ਮਜ਼ਬੂਤ ਕੀਤਾ ਗਿਆ ਹੈ ਤਾਂ ਜੋ ਜਲਦੀ ਖਰਾਬ ਹੋਣ ਵਾਲੇ ਉਤਪਾਦਾਂ ਦੇ ਆਵਾਜਾਈ ਸਮੇਂ ਨੂੰ ਘਟਾਇਆ ਜਾ ਸਕੇ; ਅਤੇ ਬਾਗਬਾਨੀ ਫਸਲਾਂ ਲਈ ਕਿਸਾਨ ਅਤੇ ਖੇਤ ਰਜਿਸਟ੍ਰੇਸ਼ਨ ਨੂੰ ਹੌਰਟੀਨੈੱਟ ਟ੍ਰੇਸੇਬਿਲਿਟੀ ਪਲੈਟਫਾਰਮ ਰਾਹੀਂ ਹੋਰ ਮਜ਼ਬੂਤ ਕੀਤਾ ਗਿਆ ਹੈ।

ਹਰਿਆਣਾ ਵਿੱਚ ਬਾਸਮਤੀ ਨੈੱਟ ਅਤੇ ਹੌਰਟੀਨੈੱਟ ਪ੍ਰਣਾਲੀਆਂ ਨੂੰ ਏਕੀਕ੍ਰਿਤ ਕੀਤਾ ਗਿਆ ਹੈ ਤਾਂ ਜੋ ਅੰਤਰਰਾਸ਼ਟਰੀ ਖੁਰਾਕ ਸੁਰੱਖਿਆ ਮਾਪਦੰਡਾਂ ਦੀ ਪਾਲਣਾ ਨੂੰ ਯਕੀਨੀ ਬਣਾਇਆ ਜਾ ਸਕੇ।ਇਸ ਦੇ ਨਾਲ ਹੀ, ਮਾਰਚ 2026 ਵਿੱਚ ਭਾਰਤੀ ਪੈਕੇਜਿੰਗ ਸੰਸਥਾਨ ਦੇ ਸਹਿਯੋਗ ਨਾਲ ਇੱਕ ਹਫ਼ਤੇ ਦਾ ਪੈਕੇਜਿੰਗ ਉੱਤਮਤਾ ਪ੍ਰੋਗਰਾਮ ਆਯੋਜਿਤ ਕੀਤਾ ਗਿਆ, ਜਿਸ ਵਿੱਚ ਅੰਤਰਰਾਸ਼ਟਰੀ ਪੈਕੇਜਿੰਗ ਮਾਪਦੰਡਾਂ, ਨਿਰਯਾਤ ਦਸਤਾਵੇਜ਼ੀਕਰਣ ਅਤੇ ਲੇਬਲਿੰਗ ਜ਼ਰੂਰਤਾਂ ਨੂੰ ਸ਼ਾਮਲ ਕੀਤਾ ਗਿਆ।

ਖੇਤਰ ਨਾਲ ਜੁੜੀਆਂ ਮਹੱਤਵਪੂਰਨ ਨਿਰਯਾਤ ਪ੍ਰਾਪਤੀਆਂ ਨੂੰ ਵੀ ਉਜਾਗਰ ਕੀਤਾ ਗਿਆ। ਇਨ੍ਹਾਂ ਵਿੱਚ ਅਬੋਹਰ ਤੋਂ ਸਿੰਗਾਪੁਰ ਅਤੇ ਰੂਸ ਲਈ ਕਿੰਨੂ ਦੀਆਂ ਪ੍ਰਯੋਗਾਤਮਕ ਖੇਪਾਂ (ਜਨਵਰੀ 2025); ਡੇਰਾਬੱਸੀ ਤੋਂ ‘ਕੌਰਨ ਟਰੂਪਰ’ਬ੍ਰਾਂਡ ਤਹਿਤ ਦੱਖਣੀ ਕੋਰੀਆ ਨੂੰ ਭਾਰਤ ਦਾ ਪਹਿਲਾ ਰੈਡੀ-ਟੂ-ਈਟ ਪੌਪਕੌਰਨ ਨਿਰਯਾਤ (ਜਨਵਰੀ 2025); ਪਠਾਨਕੋਟ ਤੋਂ ਕਤਰ ਅਤੇ ਯੂਏਈ ਨੂੰ ਤਾਜ਼ੀ ਲੀਚੀ (ਜੂਨ 2025); ਸੰਗਰੂਰ ਤੋਂ ਕੈਨੇਡਾ ਨੂੰ ਮੁੱਲ-ਵਾਧਾ ਮਿਲਟਸ ਉਤਪਾਦ (ਜੂਨ 2025); ਹਰਿਆਣਾ ਤੋਂ ਮੈਡਾਗਾਸਕਰ ਨੂੰ ਫੋਰੇਜਡ ਰਾਈਸ ਕਰਨਲਜ਼ (7,000 ਮੀਟ੍ਰਿਕ ਟਨ); ਅਤੇ ਸੋਨੀਪਤ ਦੇ ਅਟੇਰਨਾ ਪਿੰਡ ਤੋਂ ਟੋਰਾਂਟੋ, ਕੈਨੇਡਾ ਲਈ ਸੋਇਆ ਚਾਪ ਦਾ ਪਹਿਲਾ ਕਿਸਾਨ ਉਤਪਾਦਕ ਕੰਪਨੀ (ਐੱਫਪੀਸੀ) ਨਿਰਯਾਤ ਸ਼ਾਮਲ ਹਨ।

ਭਾਰਤ ਨੇ ਦੁਬਈ ਵਿੱਚ ਆਯੋਜਿਤ ਗੁਲਫੂਡ 2026 ਵਿੱਚ ਅਧਿਕਾਰਤ ਭਾਈਵਾਲ ਦੇਸ਼ ਵਜੋਂ ਹਿੱਸਾ ਲਿਆ ਅਤੇ ਜਰਮਨੀ ਵਿੱਚ ਆਯੋਜਿਤ ਬਾਇਓਫਾਖ 2026 ਵਿੱਚ ‘ਕੰਟਰੀ ਆਫ਼ ਦ ਈਅਰ’ ਵਜੋਂ ਨਾਮਜ਼ਦ ਕੀਤਾ ਗਿਆ, ਜਿਸ ਨਾਲ ਖੇਤਰ ਦੇ ਖੇਤੀਬਾੜੀ ਉਤਪਾਦਾਂ ਨੂੰ ਵਿਸ਼ਵ ਪੱਧਰ ’ਤੇ ਮਹੱਤਵਪੂਰਨ ਪਛਾਣ ਪ੍ਰਾਪਤ ਹੋਈ।

# ਸੂਬੇ ਵਿੱਚ ਖਾਦ ਦੀ ਕੋਈ ਕਮੀ ਨਹੀਂ ਹੋਣੀ ਚਾਹੀਦੀ : ਖੇਤੀਬਾੜੀ ਮੰਤਰੀ

**ਚੰਡੀਗੜ੍ਹ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼੍ਰੀ ਸ਼ਿਆਮ ਸਿੰਘ ਰਾਣਾ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਹਨ ਕਿ ਆਉਣ ਵਾਲੀਆਂ ਖ਼ਰੀਫ਼ ਦੀਆਂ ਫ਼ਸਲਾਂ ਲਈ ਸੂਬੇ ਵਿੱਚ ਖਾਦ ਦੀ ਕੋਈ ਕਮੀ ਨਹੀਂ ਹੋਣੀ ਚਾਹੀਦੀ। ਉਨ੍ਹਾਂ ਨੇ ਕਿਹਾ ਕਿ ਸੀਜ਼ਨ ਸ਼ੁਰੂ ਹੋਣ ਤੋਂ ਪਹਿਲਾਂ ਹੀ ਖਾਦ ਦੇ ਲੋੜੀਂਦੇ ਸਟਾਕ ਅਤੇ ਵੰਡ ਦੇ ਸਾਰੇ ਪ੍ਰਬੰਧ ਸਮਾਂ ਰਹਿੰਦੇ ਪੂਰੇ ਕਰ ਲਏ ਜਾਣ ਤਾਂ ਜੋ ਕਿਸਾਨਾਂ ਨੂੰ ਲਾਈਨਾਂ ਵਿੱਚ ਨਾ ਲੱਗਣਾ ਪਵੇ ਅਤੇ ਨਾ ਹੀ ਕਿਸੇ ਪਰੇਸ਼ਾਨੀ ਦਾ ਸਾਹਮਣਾ ਕਰਨਾ ਪਵੇ।

ਬੁੱਧਵਾਰ ਨੂੰ ਚੰਡੀਗੜ੍ਹ ਸਥਿਤ ਆਪਣੇ ਦਫ਼ਤਰ ਵਿੱਚ ਖੇਤੀਬਾੜੀ ਮੰਤਰੀ ਸ਼੍ਰੀ ਸ਼ਿਆਮ ਸਿੰਘ ਰਾਣਾ ਦੀ ਪ੍ਰਧਾਨਗੀ ਹੇਠ ਇੱਕ ਉੱਚ ਪੱਧਰੀ ਸਮੀਖਿਆ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਹੈਫੇਡ ਅਤੇ ਦੇਸ਼ ਦੀਆਂ ਵੱਖ-ਵੱਖ ਪ੍ਰਮੁੱਖ ਖਾਦ ਵਿਕਰੇਤਾ ਤੇ ਉਤਪਾਦਕ ਕੰਪਨੀਆਂ ਦੇ ਨੁਮਾਇੰਦਿਆਂ ਨੇ ਹਿੱਸਾ ਲਿਆ।

ਮੀਟਿੰਗ ਦੌਰਾਨ ਖੇਤੀਬਾੜੀ ਮੰਤਰੀ ਨੇ ਅਧਿਕਾਰੀਆਂ ਤੋਂ ਮੌਜੂਦਾ ਸਮੇਂ ਵਿੱਚ ਖਾਦ ਦੇ ਸਟਾਕ ਦੀ ਅਸਲ ਸਥਿਤੀ ਬਾਰੇ ਵਿਸਤ੍ਰਿਤ ਜਾਣਕਾਰੀ ਲਈ। ਉਨ੍ਹਾਂ ਨੇ ਆਉਣ ਵਾਲੇ ਸਾਉਣੀ ਦੇ ਸੀਜ਼ਨ ਵਿੱਚ ਖਾਦ ਦੀ ਸੰਭਾਵਿਤ ਮੰਗ, ਆਮਦ ਅਤੇ ਸਪਲਾਈ ਚੇਨ ਨੂੰ ਲੈ ਕੇ ਅਧਿਕਾਰੀਆਂ ਅਤੇ ਕੰਪਨੀਆਂ ਤੋਂ ਮਹੱਤਵਪੂਰਨ ਸੁਝਾਅ ਵੀ ਮੰਗੇ।

ਸ੍ਰੀ ਸ਼ਿਆਮ ਸਿੰਘ ਰਾਣਾ ਨੇ ਨਿਰਦੇਸ਼ ਦਿੱਤੇ ਕਿ ਪਿਛਲੇ ਸਾਲ ਦੇ ਸਫ਼ਲ ਅਤੇ ਪਾਰਦਰਸ਼ੀ ਤਜ਼ਰਬੇ ਨੂੰ ਦੇਖਦੇ ਹੋਏ ਇਸ ਵਾਰ ਵੀ ਖਾਦ ਦੀ ਵੰਡ ‘ਮੇਰੀ ਫ਼ਸਲ-ਮੇਰਾ ਬਿਓਰਾ’ ਪੋਰਟਲ ’ਤੇ ਅਧਾਰਤ ਹੋਣੀ ਚਾਹੀਦੀ ਹੈ। ਕਿਸਾਨਾਂ ਨੇ ਪੋਰਟਲ ’ਤੇ ਜੋ ਫ਼ਸਲ ਅਪਲੋਡ ਕੀਤੀ ਹੈ, ਉਸੇ ਦੇ ਏਰੀਏ ਅਨੁਸਾਰ ਉਨ੍ਹਾਂ ਨੂੰ ਖਾਦ ਮੁਹੱਈਆ ਕਰਵਾਈ ਜਾਵੇ, ਜਿਸ ਨਾਲ ਅਸਲ ਕਿਸਾਨਾਂ ਨੂੰ ਬਿਨਾਂ ਕਿਸੇ ਰੁਕਾਵਟ ਦੇ ਖਾਦ ਮਿਲ ਸਕੇ।

ਕਿਸਾਨਾਂ ਦੇ ਸ਼ੋਸ਼ਣ ਨੂੰ ਰੋਕਣ ਲਈ ਖੇਤੀਬਾੜੀ ਮੰਤਰੀ ਨੇ ਅਧਿਕਾਰੀਆਂ ਨੂੰ ਫੀਲਡ ਵਿੱਚ ਸਖ਼ਤ ਨਿਗਰਾਨੀ ਰੱਖਣ ਦੇ ਹੁਕਮ ਦਿੱਤੇ ਹਨ। ਉਨ੍ਹਾਂ ਨੇ ਸਾਫ਼ ਸ਼ਬਦਾਂ ਵਿੱਚ ਚੇਤਾਵਨੀ ਦਿੰਦਿਆਂ ਕਿਹਾ ਕਿ ਸੂਬੇ ਵਿੱਚ ਖਾਦ ਦੀ ਜਮ੍ਹਾਂਖੋਰੀ ਅਤੇ ਕਾਲਾਬਾਜ਼ਾਰੀ ਨੂੰ ਕਿਸੇ ਵੀ ਕੀਮਤ ’ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਵਿਭਾਗ ਦੇ ਅਧਿਕਾਰੀ ਖਾਦ ਵਿਕਰੇਤਾਵਾਂ ਦੇ ਸਟਾਕ ਦੀ ਨਿਯਮਤ ਜਾਂਚ ਕਰਨ। ਜੇਕਰ ਕੋਈ ਵੀ ਦੁਕਾਨਦਾਰ ਜਾਂ ਡੀਲਰ ਇਸ ਮਾਮਲੇ ਵਿੱਚ ਦੋਸ਼ੀ ਜਾਂ ਲਿਪਤ ਪਾਇਆ ਜਾਂਦਾ ਹੈ, ਤਾਂ ਉਸ ਖ਼ਿਲਾਫ਼ ਤੁਰੰਤ ਪ੍ਰਭਾਵ ਤੋਂ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ।

ਮੀਟਿੰਗ ਵਿੱਚ ਖੇਤੀਬਾੜੀ ਮੰਤਰੀ ਨੇ ਆਪਣੇ ਨਿੱਜੀ ਅਤੇ ਲੰਮੇ ਸਮੇਂ ਦੇ ਖੇਤੀ ਤਜ਼ਰਬਿਆਂ ਨੂੰ ਸਾਂਝਾ ਕਰਦੇ ਹੋਏ ਅਧਿਕਾਰੀਆਂ ਨੂੰ ਇੱਕ ਆਧੁਨਿਕ ਪਹੁੰਚ ਅਪਣਾਉਣ ਦੀ ਸਲਾਹ ਦਿੱਤੀ। ਉਨ੍ਹਾਂ ਨੇ ਕਿਹਾ ਕਿ ਰਵਾਇਤੀ ਤਰੀਕੇ ਦੀ ਥਾਂ ਜੇਕਰ ਕਿਸਾਨ ਫ਼ਸਲਾਂ ਵਿੱਚ ਫੁਹਾਰਾ ਸਿੰਚਾਈ ਪ੍ਰਣਾਲੀ ਅਪਣਾਉਣ ਅਤੇ ਖਾਦ ਨੂੰ ਪਾਣੀ ਵਿੱਚ ਮਿਲਾ ਕੇ ਸਿੱਧਾ ਪੌਦਿਆਂ ਦੀਆਂ ਜੜ੍ਹਾਂ ਤੱਕ ਪਹੁੰਚਾਉਣ, ਤਾਂ ਇਸ ਦੇ ਦੋਹਰੇ ਲਾਭ ਹੋਣਗੇ। ਇਸ ਨਾਲ ਨਾ ਸਿਰਫ਼ ਕੀਮਤੀ ਪਾਣੀ ਦੀ ਭਾਰੀ ਬੱਚਤ ਹੋਵੇਗੀ, ਸਗੋਂ ਖਾਦ ਦੀ ਸਹੀ ਅਤੇ ਸੰਤੁਲਿਤ ਮਾਤਰਾ ਸਿੱਧੀ ਪੌਦਿਆਂ ਨੂੰ ਮਿਲੇਗੀ, ਜਿਸ ਨਾਲ ਫ਼ਸਲ ਦੀ ਗੁਣਵੱਤਾ ਅਤੇ ਪੈਦਾਵਾਰ ਦੋਵਾਂ ਵਿੱਚ ਸੁਧਾਰ ਹੋਵੇਗਾ।

ਮੀਟਿੰਗ ਵਿੱਚ ਮੌਜੂਦ ਖਾਦ ਉਤਪਾਦਕ ਅਤੇ ਵਿਕਰੇਤਾ ਕੰਪਨੀਆਂ ਦੇ ਨੁਮਾਇੰਦਿਆਂ ਨੇ ਖੇਤੀਬਾੜੀ ਮੰਤਰੀ ਨੂੰ ਰਾਜ ਵਿੱਚ ਖਾਦ ਦੀ ਨਿਰਵਿਘਨ ਸਪਲਾਈ ਦਾ ਭਰੋਸਾ ਦਿੱਤਾ। ਕੰਪਨੀਆਂ ਦੇ ਨੁਮਾਇੰਦਿਆਂ ਨੇ ਭਰੋਸਾ ਦਿੱਤਾ ਕਿ ਵੇ ਸਰਕਾਰ ਦੀਆਂ ਨੀਤੀਆਂ ਨਾਲ ਤਾਲਮੇਲ ਬਣਾ ਕੇ ਕੰਮ ਕਰਨਗੇ ਅਤੇ ਸਮੇਂ ਸਿਰ ਖਾਦ ਦਾ ਸਟਾਕ ਜ਼ਿਲ੍ਹਾ ਪੱਧਰ ’ਤੇ ਯਕੀਨੀ ਬਣਾਉਣ ਲਈ ਹਰ ਸੰਭਵ ਸਹਿਯੋਗ ਦੇਣਗੇ।

ਇਸ ਮੀਟਿੰਗ ਵਿੱਚ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਵਧੀਕ ਮੁੱਖ ਸਕੱਤਰ ਸ੍ਰੀ ਵਿਜੇਂਦਰ ਕੁਮਾਰ, ਵਿਭਾਗ ਦੇ ਡਾਇਰੈਕਟਰ ਜਨਰਲ ਸ੍ਰੀ ਰਾਜਨਾਰਾਇਣ ਕੌਸ਼ਿਕ, ਹੈਫੇਡ ਦੇ ਮੈਨੇਜਿੰਗ ਡਾਇਰੈਕਟਰ ਸ੍ਰੀ ਅਨੀਸ਼ ਯਾਦਵ ਸਮੇਤ ਵਿਭਾਗ ਦੇ ਕਈ ਹੋਰ ਸੀਨੀਅਰ ਅਤੇ ਤਕਨੀਕੀ ਅਧਿਕਾਰੀ ਮੌਜੂਦ ਸਨ।

# ਹਰਿਆਣਾ ਸਰਕਾਰ ਦੀ ਵੱਡੇ ਪੱਧਰ ’ਤੇ ਰੈਗੂਲੇਟਰੀ ਸੁਧਾਰ ਮੁਹਿੰਮ; ਕਾਨੂੰਨਾਂ, ਨਿਯਮਾਂ ਅਤੇ ਨੀਤੀਆਂ ਦਾ ਬਣੇਗਾ ਡਿਜੀਟਲ ਭੰਡਾਰ

**ਚੰਡੀਗੜ੍ਹ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਸਰਕਾਰ ਨੇ ਸੁਸ਼ਾਸਨ ਅਤੇ ਰੈਗੂਲੇਟਰੀ ਸੁਧਾਰਾਂ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਪਹਿਲ ਕਰਦਿਆਂ ਸੂਬੇ ਦੇ ਸਾਰੇ ਕਾਨੂੰਨਾਂ, ਨਿਯਮਾਂ, ਨਿਯਮਾਵਲੀਆਂ, ਸਰਕਾਰੀ ਹੁਕਮਾਂ, ਸਰਕੂਲਰਾਂ, ਨੋਟੀਫਿਕੇਸ਼ਨਾਂ, ਨੀਤੀਆਂ ਅਤੇ ਹੋਰ ਅਧਿਕਾਰਤ ਦਸਤਾਵੇਜ਼ਾਂ ਦੀ ‘ਕੇਂਦਰੀਕ੍ਰਿਤ ਡਿਜੀਟਲ ਆਨਲਾਈਨ ਰਿਪੋਜ਼ਟਰੀ’ ਭੰਡਾਰ ਤਿਆਰ ਕਰਨ ਦਾ ਫੈਸਲਾ ਕੀਤਾ ਹੈ। ਇਸ ਦੇ ਨਾਲ ਹੀ, ਵੱਖ-ਵੱਖ ਵਿਭਾਗਾਂ ਵਿੱਚ ਲਾਗੂ ਪੁਰਾਣੇ, ਅਪ੍ਰਸੰਗਿਕ ਅਤੇ ਗੈਰ-ਜ਼ਰੂਰੀ ਕਾਨੂੰਨਾਂ ਤੇ ਨਿਯਮਾਂ ਦੀ ਵਿਆਪਕ ਸਮੀਖਿਆ ਪ੍ਰਕਿਰਿਆ ਵੀ ਜ਼ੋਰ-ਸ਼ੋਰ ਨਾਲ ਚੱਲ ਰਹੀ ਹੈ।

ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਵੱਲੋਂ ਸਾਰੇ ਪ੍ਰਸ਼ਾਸਨਿਕ ਸਕੱਤਰਾਂ ਨੂੰ ਜਾਰੀ ਨਿਰਦੇਸ਼ਾਂ ਵਿੱਚ ਕਿਹਾ ਗਿਆ ਹੈ ਕਿ ਸਰਕਾਰ ਵੱਲੋਂ ਸੂਬੇ ਦੇ ਸਾਰੇ ਐਕਟਾਂ, ਵਿਭਾਗਿਕ ਨਿਯਮਾਂ, ਕਾਰਜਕਾਰੀ ਹੁਕਮਾਂ, ਸਰਕੂਲਰਾਂ, ਨੋਟੀਫਿਕੇਸ਼ਨਾਂ ਅਤੇ ਨਗਰ ਨਿਗਮਾਂ/ਸੰਸਥਾਵਾਂ ਦੇ ਨਿਯਮਾਂ ਸਮੇਤ ਸਾਰੇ ਮਹੱਤਵਪੂਰਨ ਦਸਤਾਵੇਜ਼ਾਂ ਲਈ ਇੱਕ ਕੇਂਦਰੀਕ੍ਰਿਤ ਡਿਜੀਟਲ ਆਨਲਾਈਨ ਰਿਪੋਜ਼ਟਰੀ ਵਿਕਸਿਤ ਕੀਤੀ ਜਾ ਰਹੀ ਹੈ, ਜਿਸ ਵਿੱਚ ਸਰਚ ਆਪਸ਼ਨ ਵੀ ਹੋਵੇਗਾ। ਇਹ ਰਿਪੋਜ਼ਟਰੀ ਸੂਬੇ ਦੇ ਸੰਵਿਧਾਨਕ, ਰੈਗੂਲੇਟਰੀ ਅਤੇ ਨੀਤੀਗਤ ਦਸਤਾਵੇਜ਼ਾਂ ਲਈ ਇੱਕਜੁੱਟ ਡਿਜੀਟਲ ਮੰਚ ਵਜੋਂ ਕੰਮ ਕਰੇਗੀ। ਦਸਤਾਵੇਜ਼ਾਂ ਨੂੰ ਖੇਤਰਵਾਰ, ਵਿਸ਼ੇਵਾਰ ਅਤੇ ਆਖਰੀ ਅਪਡੇਟ ਦੀ ਮਿਤੀ ਦੇ ਅਧਾਰ ’ਤੇ ਸ਼੍ਰੇਣੀਬੱਧ ਕੀਤਾ ਜਾਵੇਗਾ, ਜਿਸ ਨਾਲ ਉਪਭੋਗਤਾ ਪ੍ਰਮਾਣਿਕ ਅਤੇ ਨਵੀਨਤਮ ਜਾਣਕਾਰੀ ਆਸਾਨੀ ਨਾਲ ਹਾਸਲ ਕਰ ਸਕਣਗੇ।

ਇਸ ਕੰਮ ਨੂੰ ਸਮਾਂਬੱਧ ਤਰੀਕੇ ਨਾਲ ਪੂਰਾ ਕਰਨ ਲਈ ਸਾਰੇ ਵਿਭਾਗਾਂ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਉਹ ਆਪਣੇ ਅਧੀਨ ਆਉਣ ਵਾਲੇ ਐਕਟਾਂ, ਨਿਯਮਾਂ, ਨਿਯਮਾਵਲੀਆਂ, ਸਰਕਾਰੀ ਹੁਕਮਾਂ, ਸਰਕੂਲਰਾਂ, ਨੋਟੀਫਿਕੇਸ਼ਨਾਂ ਅਤੇ ਨੀਤੀਗਤ ਦਸਤਾਵੇਜ਼ਾਂ ਦੀ ਸੰਪਾਦਨ ਯੋਗ (ਐਮਐਸ ਵਰਡ) ਸੌਫਟ ਕਾਪੀ ਤਿਆਰ ਕਰਕੇ 25 ਜੂਨ, 2026 ਤੱਕ ਮੁਹੱਈਆ ਕਰਵਾਉਣ, ਤਾਂ ਜੋ ਪੋਰਟਲ ਸ਼ੁਰੂ ਹੁੰਦੇ ਹੀ ਇਹਨਾਂ ਦਸਤਾਵੇਜ਼ਾਂ ਨੂੰ ਅਪਲੋਡ ਕੀਤਾ ਜਾ ਸਕੇ। ਡਿਜੀਟਲੀਕਰਨ ਦੇ ਨਾਲ-ਨਾਲ ਰਾਜ ਸਰਕਾਰ ਨੇ ਆਪਣੇ ਸੁਧਾਰ ਏਜੰਡੇ ਦੇ ਤਰਜੀਹੀ ਖੇਤਰ-22 ਦੇ ਮੁਤਾਬਕ ਮੌਜੂਦਾ ਰੈਗੂਲੇਟਰੀ ਢਾਂਚੇ ਦੀ ਵਿਆਪਕ ਸਮੀਖਿਆ ਵੀ ਸ਼ੁਰੂ ਕਰ ਦਿੱਤੀ ਹੈ। ਵਿਭਾਗਾਂ ਨੂੰ ਅਜਿਹੇ ਪ੍ਰਾਵਧਾਨਾਂ ਦੀ ਪਛਾਣ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ ਜੋ ਸਮੇਂ ਦੇ ਨਾਲ ਅਪ੍ਰਸੰਗਿਕ, ਦੋਹਰਾਓ ਵਾਲੇ ਜਾਂ ਗੈਰ-ਜ਼ਰੂਰੀ ਤੌਰ ’ਤੇ ਗੁੰਝਲਦਾਰ ਹੋ ਚੁੱਕੇ ਹਨ, ਤਾਂ ਜੋ ਉਨ੍ਹਾਂ ਨੂੰ ਖ਼ਤਮ, ਸੋਧਿਆ ਜਾਂ ਤਰਕਸੰਗਤ ਬਣਾਇਆ ਜਾ ਸਕੇ। ਇਹ ਸਮੀਖਿਆ ਛੇ ਪ੍ਰਮੁੱਖ ਸੁਧਾਰ ਸਿਧਾਂਤਾਂ ਦੇ ਅਧਾਰ ’ਤੇ ਕੀਤੀ ਜਾਵੇਗੀ, ਜਿਨ੍ਹਾਂ ਦਾ ਉਦੇਸ਼ ਪਾਲਣਾ ਸੰਬੰਧੀ ਬੋਝ ਨੂੰ ਘਟਾਉਣਾ ਅਤੇ ਪ੍ਰਸ਼ਾਸਨਿਕ ਪ੍ਰਕਿਰਿਆਵਾਂ ਨੂੰ ਸਰਲ ਬਣਾਉਣਾ ਹੈ। ਇਹਨਾਂ ਸਿਧਾਂਤਾਂ ਤਹਿਤ ਕੇਵਲ ਉੱਚ ਜੋਖਮ ਵਾਲੀਆਂ ਗਤੀਵਿਧੀਆਂ ਲਈ ਹੀ ਲਾਇਸੈਂਸ ਜਾਂ ਪੂਰਵ ਪ੍ਰਵਾਨਗੀ ਦੀ ਵਿਵਸਥਾ ਰੱਖਣ, ਹੋਰ ਮਾਮਲਿਆਂ ਵਿੱਚ ਸਵੈ-ਰਜਿਸਟ੍ਰੇਸ਼ਨ ਪ੍ਰਣਾਲੀ ਅਪਣਾਉਣ, ਲਾਇਸੈਂਸਾਂ ਨੂੰ ਉਮਰ ਭਰ ਦੀ ਵੈਧਤਾ ਪ੍ਰਦਾਨ ਕਰਨ, ਪ੍ਰਕਿਰਿਆਵਾਂ ਦੀ ਬਜਾਏ ਨਤੀਜਾ-ਅਧਾਰਤ ਨਿਯਮਨ ਨੂੰ ਉਤਸ਼ਾਹਿਤ ਕਰਨ, ਮਾਨਤਾ ਪ੍ਰਾਪਤ ਸੁਤੰਤਰ ਥਰਡ ਪਾਰਟੀ ਨਿਰੀਖਣ ਵਿਵਸਥਾ ਨੂੰ ਉਤਸ਼ਾਹਿਤ ਕਰਨ ਅਤੇ ਜੋਖਮ-ਅਧਾਰਤ ਨਿਰੀਖਣ ਪ੍ਰਣਾਲੀ ਲਾਗੂ ਕਰਨ ’ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ ਹੈ। ਇਸ ਪਹਿਲਕਦਮੀ ਨਾਲ ਪ੍ਰਕਿਰਿਆਤਮਕ ਗੁੰਝਲਾਂ ਵਿੱਚ ਕਮੀ ਆਵੇਗੀ, ਰੈਗੂਲੇਟਰੀ ਸਪਸ਼ਟਤਾ ਵਧੇਗੀ ਅਤੇ ਸ਼ਾਸਨ ਵਿਵਸਥਾ ਵਧੇਰੇ ਪ੍ਰਭਾਵਸ਼ਾਲੀ ਅਤੇ ਜਵਾਬਦੇਹ ਬਣੇਗੀ। ਮੁੱਖ ਸਕੱਤਰ ਵੱਲੋਂ ਜਾਰੀ ਨਿਰਦੇਸ਼ਾਂ ਅਨੁਸਾਰ ਸਾਰੇ ਵਿਭਾਗਾਂ ਨੂੰ ਸਮੀਖਿਆ ਪ੍ਰਕਿਰਿਆ ਪੂਰੀ ਕਰਕੇ 3 ਜੁਲਾਈ, 2026 ਤੱਕ ਵਿਸਤ੍ਰਿਤ ਕਾਰਵਾਈ ਰਿਪੋਰਟ ਪੇਸ਼ ਕਰਨੀ ਹੋਵੇਗੀ। ਇਹਨਾਂ ਰਿਪੋਰਟਾਂ ਵਿੱਚ ਸੋਧ, ਰੱਦ ਕਰਨ ਜਾਂ ਸਰਲੀਕਰਨ ਲਈ ਚਿੰਨ੍ਹਿਤ ਕੀਤੇ ਕਾਨੂੰਨਾਂ ਅਤੇ ਨਿਯਮਾਂ ਦਾ ਵੇਰਵਾ ਅਤੇ ਰਾਜ ਸਰਕਾਰ ਦੇ ਸੁਧਾਰ ਉਦੇਸ਼ਾਂ ਦੇ ਅਨੁਕੂਲ ਚੁੱਕੇ ਗਏ ਕਦਮਾਂ ਦੀ ਜਾਣਕਾਰੀ ਸ਼ਾਮਲ ਹੋਵੇਗੀ।



ਮੁੱਖ ਮੰਤਰੀ ਹਰਿਆਣਾ ਸ਼੍ਰੀ ਨਾਇਬ ਸਿੰਘ ਸੈਣੀ ਚੰਡੀਗੜ੍ਹ ਸਥਿਤ ਸੰਤ ਕਬੀਰ ਕੁਟੀਰ ਵਿਖੇ ਲੋਕਾਂ ਦੀਆਂ ਸਮੱਸਿਆਵਾਂ ਸੁਣਦੇ ਹੋਏ।

# ਸਥਿਤੀ ਆਮ ਹੋਣ ’ਤੇ ਘਟਣਗੀਆਂ ਤੇਲ ਅਤੇ ਗੈਸ ਦੀਆਂ ਕੀਮਤਾਂ: ਕੇਂਦਰੀ ਮੰਤਰੀ

**ਅੰਬਾਲਾ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਕੇਂਦਰੀ ਖਪਤਕਾਰ ਮਾਮਲੇ, ਖੁਰਾਕ ਅਤੇ ਜਨਤਕ ਵੰਡ ਰਾਜ ਮੰਤਰੀ ਬੀ.ਐੱਲ. ਵਰਮਾ ਨੇ ਕਿਹਾ ਕਿ ਦੇਸ਼ ਵਿੱਚ ਆਲਮੀ ਰੁਕਾਵਟਾਂ ਕਾਰਨ ਤੇਲ ਅਤੇ ਗੈਸ ਦੀਆਂ ਕੀਮਤਾਂ ਵਿੱਚ ਵਾਧਾ ਹੋਇਆ ਹੈ ਅਤੇ ਸਥਿਤੀ ਆਮ ਹੋਣ ’ਤੇ ਕੀਮਤਾਂ ਘਟਾ ਦਿੱਤੀਆਂ ਜਾਣਗੀਆਂ। ਮੰਤਰੀ ਬੀ.ਐੱਲ. ਵਰਮਾ ਪਾਰਟੀ ਦੇ ਪ੍ਰੋਗਰਾਮ ਵਿੱਚ ਹਿੱਸਾ ਲੈਣ ਲਈ ਅੰਬਾਲਾ ਪਹੁੰਚੇ ਸਨ ਅਤੇ ਉਨ੍ਹਾਂ ਅੰਬਾਲਾ ਸ਼ਹਿਰ ਵਿੱਚ ਸਫ਼ਾਈ ਮੁਹਿੰਮ ਵਿੱਚ ਵੀ ਹਿੱਸਾ ਲਿਆ।

ਮੰਤਰੀ ਨੇ ਕਿਹਾ, ÷ਭਾਜਪਾ ਸਰਕਾਰ ਨੇ ਆਰਥਿਕ ਤੌਰ ’ਤੇ ਕਮਜ਼ੋਰ ਵਰਗ ਦੀਆਂ ਔਰਤਾਂ ਨੂੰ ਉੱਜਵਲਾ ਗੈਸ ਕੁਨੈਕਸ਼ਨ ਦਿੱਤੇ ਹਨ ਅਤੇ ਉਨ੍ਹਾਂ ਨੂੰ ਸਬਸਿਡੀ ਵੀ ਮੁਹੱਈਆ ਕਰਵਾਈ ਹੈ। ਅਮਰੀਕਾ-ਇਜ਼ਰਾਈਲ ਅਤੇ ਇਰਾਨ ਵਿਚਾਲੇ ਜੰਗ ਕਾਰਨ ਗਲੋਬਲ ਮਾਰਕੀਟ ਵਿੱਚ ਚੱਲ ਰਹੇ ਸੰਕਟ ਕਾਰਨ ਦੇਸ਼ ਵਿੱਚ ਤੇਲ ਅਤੇ ਗੈਸ ਦੀਆਂ ਕੀਮਤਾਂ ਵਧੀਆਂ ਹਨ। ਹਾਲਾਂਕਿ, ਭਾਰਤ ਵਿੱਚ ਸਥਿਤੀ ਹੋਰ ਦੇਸ਼ਾਂ ਦੇ ਮੁਕਾਬਲੇ ਬਿਹਤਰ ਹੈ। ਸਰਕਾਰ ਨੇ ਨਾਗਰਿਕਾਂ ਨੂੰ ਕਿਸੇ ਵੀ ਭਾਰੀ ਵਿੱਤੀ ਬੋਝ ਤੋਂ ਬਚਾਇਆ ਹੈ। ਸਰਕਾਰ ਕੀਮਤਾਂ ਨੂੰ ਸਥਿਰ ਰੱਖਣ ਦੀ ਕੋਸ਼ਿਸ਼ ਕਰ ਰਹੀ ਹੈ। ਜਿਵੇਂ ਹੀ ਸਥਿਤੀ ਵਿੱਚ ਸੁਧਾਰ ਹੋਵੇਗਾ, ਕੀਮਤਾਂ ਘਟਾ ਦਿੱਤੀਆਂ ਜਾਣਗੀਆਂ।

ਉਨ੍ਹਾਂ ਦੇ ਨਾਲ ਸਾਬਕਾ ਰਾਜ ਮੰਤਰੀ ਅਸੀਮ ਗੋਇਲ, ਅੰਬਾਲਾ



ਜ਼ਿਲ੍ਹਾ ਇੰਚਾਰਜ ਧਰਮ ਵੀਰ ਮਿਰਜ਼ਾਪੁਰ, ਜ਼ਿਲ੍ਹਾ ਪ੍ਰਧਾਨ ਮਨਦੀਪ ਰਾਣਾ ਅਤੇ ਕਈ ਹੋਰ ਭਾਜਪਾ ਆਗੂ ਮੌਜੂਦ ਸਨ। ਭਾਜਪਾ ਆਗੂ ਅਸੀਮ ਗੋਇਲ ਨੇ ਦੱਸਿਆ ਕਿ ਪਾਰਟੀ ਵੱਲੋਂ ਇੱਕ ਬੌਧਿਕ ਮੀਟਿੰਗ ਕਰਵਾਈ ਗਈ ਸੀ ਜਿਸ ਵਿੱਚ ਕੇਂਦਰੀ ਮੰਤਰੀ ਨੇ ਇਕੱਠ ਨੂੰ ਸੰਬੋਧਨ ਕੀਤਾ। ਮੀਟਿੰਗ ਦੌਰਾਨ ਵਿਕਾਸ, ਚੰਗੇ ਸ਼ਾਸਨ ਅਤੇ ਜਨ ਭਲਾਈ ਸਮੇਤ ਵੱਖ-ਵੱਖ ਵਿਸ਼ਿਆਂ ’ਤੇ ਚਰਚਾ ਕੀਤੀ ਗਈ।

ਬੀ.ਐੱਲ. ਵਰਮਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਵੱਲੋਂ ਸ਼ੁਰੂ ਕੀਤੀ ਗਈ ਸਵੱਛ ਭਾਰਤ ਮੁਹਿੰਮ ਦੇ ਦੇਸ਼ ਭਰ ਵਿੱਚ ਸਕਾਰਾਤਮਕ ਨਤੀਜੇ ਸਾਹਮਣੇ ਆ ਰਹੇ ਹਨ। ਭਾਜਪਾ ਸਰਕਾਰ ਦੇਸ਼ ਵਿੱਚ ਵੱਖ-ਵੱਖ ਜਨ ਭਲਾਈ ਪ੍ਰੋਗਰਾਮ ਚਲਾ ਰਹੀ ਹੈ ਅਤੇ ਸਮਾਜ ਦੇ ਸਾਰੇ ਵਰਗਾਂ ਦੇ ਵਿਕਾਸ ਨੂੰ ਯਕੀਨੀ ਬਣਾ ਰਹੀ ਹੈ। ਬਾਅਦ ਵਿੱਚ ਮੰਤਰੀ ਨੇ ਹਰਿਆਣਾ ਦੇ ਕੈਬਨਿਟ ਮੰਤਰੀ ਅਨਿਲ ਵਿਜ ਦੇ ਨਾਲ ਅੰਬਾਲਾ ਛਾਉਣੀ ਵਿੱਚ ਬਣੇ ਨਵੇਂ ਘਰੇਲੂ ਹਵਾਈ ਅੱਡੇ ਅਤੇ ਸ਼ਹੀਦ ਸਮਾਰਕ ਦਾ ਦੌਰਾ ਕੀਤਾ।

ਕੇਂਦਰੀ ਮੰਤਰੀ ਬੀ.ਐੱਲ. ਵਰਮਾ ਨੇ ਕਿਹਾ ਕਿ ਭਾਜਪਾ ਸਰਕਾਰ ਅਧੀਨ ਹਵਾਈ ਅੱਡਿਆਂ ਦੀ ਗਿਣਤੀ 74 ਤੋਂ ਵਧ ਕੇ 164 ਹੋ ਗਈ ਹੈ, ਅਤੇ ਉਨ੍ਹਾਂ ਨੇ ਵਿਸ਼ਵਾਸ ਪ੍ਰਗਟਾਇਆ ਕਿ ਅੰਬਾਲਾ ਛਾਉਣੀ ਵਿਖੇ ਨਵ-ਨਿਰਮਿਤ ਘਰੇਲੂ ਹਵਾਈ ਅੱਡਾ ਦੇਸ਼ ਦਾ 165ਵਾਂ ਕਾਰਜਸ਼ੀਲ ਹਵਾਈ ਅੱਡਾ ਬਣ ਜਾਵੇਗਾ ਅਤੇ ਇਸ ਸਹੂਲਤ ਤੋਂ ਜਲਦੀ ਹੀ ਉਡਾਣ ਸੇਵਾਵਾਂ ਸ਼ੁਰੂ ਹੋ ਜਾਣਗੀਆਂ।

# ਨਵੀਨ ਜਿੰਦਲ ਸਕਾਲਰਸ਼ਿਪ ਯੋਜਨਾ ਬਾਰੇ ਮੀਟਿੰਗ



**ਕੁਰੂਕਸ਼ੇਤਰ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿੱਖਿਆ ਦੇ ਮਾਧਿਅਮ ਨਾਲ ਨੌਜਵਾਨਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਦੇ ਉਦੇਸ਼ ਨਾਲ ਸੰਸਦ ਮੈਂਬਰ ਨਵੀਨ ਜਿੰਦਲ ਦੀ ਰਹਿਨੁਮਾਈ ਹੇਠ ਚੱਲ ਰਹੀ ਨਵੀਨ ਜਿੰਦਲ ਯਸ਼ਸਵੀ ਸਕਾਲਰਸ਼ਿਪ ਯੋਜਨਾ ਲੋੜਵੰਦ ਪਰਿਵਾਰਾਂ ਲਈ ਉਮੀਦ ਦੀ ਕਿਰਨ ਬਣ ਰਹੀ ਹੈ। ਇਸ ਯੋਜਨਾ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਨੌਜਵਾਨਾਂ ਤੱਕ ਪਹੁੰਚਾਉਣ ਲਈ ਅੱਜ ਜਿੰਦਲ ਹਾਊਸ ਕੁਰੂਕਸ਼ੇਤਰ ਵਿੱਚ ਅਹਿਮ ਮੀਟਿੰਗ ਕੀਤੀ ਗਈ ਜਿਸ ਵਿੱਚ ਯੋਜਨਾ ਦੇ ਪ੍ਰਚਾਰ ਅਤੇ ਵੱਧ ਤੋਂ ਵੱਧ ਯੋਗ ਵਿਦਿਆਰਥੀਆਂ ਨੂੰ ਇਸ ਦਾ ਲਾਭ ਪਹੁੰਚਾਉਣ ਦੀ ਰਣਨੀਤੀ ’ਤੇ ਚਰਚਾ ਕੀਤੀ ਗਈ। ਬੈਠਕ ਦੌਰਾਨ ਸੰਸਦ ਮੈਂਬਰ ਨਵੀਨ ਜਿੰਦਲ ਦੇ ਸੰਸਦੀ ਦਫ਼ਤਰ ਦੇ ਇੰਚਾਰਜ ਧਰਮਵੀਰ ਸਿੰਘ ਨੇ ਦੱਸਿਆ ਕਿ ਹੁਣ ਤੱਕ ਕੁਰੂਕਸ਼ੇਤਰ ਸੰਸਦੀ ਖੇਤਰ ਦੇ 915 ਹੋਣਹਾਰ ਅਤੇ ਆਰਥਿਕ ਤੌਰ ’ਤੇ ਕਮਜ਼ੋਰ ਵਿਦਿਆਰਥੀਆਂ ਨੂੰ ਇਸ ਯੋਜਨਾ ਰਾਹੀਂ 2 ਕਰੋੜ 25 ਲੱਖ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਸੰਸਦ ਮੈਂਬਰ ਨਵੀਨ ਜਿੰਦਲ ਦਾ ਸਪਸ਼ਟ ਉਦੇਸ਼ ਹੈ ਕਿ ਕੋਈ ਵੀ ਹੋਣਹਾਰ ਵਿਦਿਆਰਥੀ ਸਿਰਫ਼ ਆਰਥਿਕ ਤੰਗੀ ਕਾਰਨ ਆਪਣੀ ਪੜ੍ਹਾਈ ਤੋਂ ਵਾਂਝਾ ਨਾ ਰਹੇ।

# ਡੀ ਸੀ ਨੇ ਸਿਹਤ ਸਹੂਲਤਾਂ ਦਾ ਜਾਇਜ਼ਾ ਲਿਆ



**ਰਤੀਆ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹੇ ਦੇ ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਪ੍ਰਸ਼ਾਸਨ ਵੱਲੋਂ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਇਸੇ ਤਹਿਤ ਡਿਪਟੀ ਕਮਿਸ਼ਨਰ ਡਾ. ਵਿਵੇਕ ਭਾਰਤੀ ਨੇ ਸਿਵਲ ਹਸਪਤਾਲ ਫਤਿਹਾਬਾਦ ਦਾ ਦੌਰਾ ਕੀਤਾ। ਇਸ ਦੌਰਾਨ ਉਨ੍ਹਾਂ ਹਸਪਤਾਲ ਵਿੱਚ ਚੱਲ ਰਹੇ ਨਵੀਨੀਕਰਨ ਦੇ ਕਾਰਜਾਂ, ਸਿਹਤ ਸਹੂਲਤਾਂ ਅਤੇ ਵੱਖ-ਵੱਖ ਵਿਭਾਗਾਂ ਦੀ ਕਾਰਗੁਜ਼ਾਰੀ ਦਾ ਜਾਇਜ਼ਾ ਲਿਆ ਅਤੇ ਸਬੰਧਤ ਅਧਿਕਾਰੀਆਂ ਨੂੰ ਜ਼ਰੂਰੀ ਦਿਸ਼ਾ-ਨਿਰਦੇਸ਼ ਜਾਰੀ ਕੀਤੇ। ਡੀ ਸੀ ਡਾ. ਵਿਵੇਕ ਭਾਰਤੀ ਨੇ ਕਿਹਾ ਕਿ ਸਰਕਾਰ ਦੀ ਮੁੱਖ ਤਰਜੀਹ ਹਰ ਨਾਗਰਿਕ ਨੂੰ ਸਮੇਂ ਸਿਰ ਚੰਗਾ ਇਲਾਜ, ਸਾਫ਼-ਸੁਥਰਾ ਵਾਤਾਵਰਨ ਅਤੇ ਲੋੜੀਂਦੀਆਂ ਸਿਹਤ ਸਹੂਲਤਾਂ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਸਿਹਤ ਸੇਵਾਵਾਂ ਵਿੱਚ ਸੁਧਾਰ ਸਿਰਫ਼ ਇਮਾਰਤਾਂ ਦੇ ਨਿਰਮਾਣ ਤੱਕ ਸੀਮਤ ਨਹੀਂ ਹੋਣਾ ਚਾਹੀਦਾ, ਸਗੋਂ ਮਰੀਜ਼ਾਂ ਨੂੰ ਸਹੂਲਤਾਂ ਵੀ ਮਿਲਣੀਆਂ ਚਾਹੀਦੀਆਂ ਹਨ। ਡੀ ਸੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਹਸਪਤਾਲ ਵਿੱਚ ਚੱਲ ਰਹੇ ਸਾਰੇ ਵਿਕਾਸ ਅਤੇ ਨਵੀਨੀਕਰਨ ਦੇ ਕੰਮਾਂ ਲਈ ਇੱਕ ਸਪੱਸ਼ਟ ਸਮਾਂ-ਸੀਮਾ ਤੈਅ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਮਰੀਜ਼ਾਂ ਨੂੰ ਆਧੁਨਿਕ ਅਤੇ ਸੁਵਿਧਾਜਨਕ ਸਿਹਤ ਸੇਵਾਵਾਂ ਦੇਣ ਲਈ ਬੁਨਿਆਦੀ ਢਾਂਚੇ ਦਾ ਮਜ਼ਬੂਤ ਹੋਣਾ ਬਹੁਤ ਜ਼ਰੂਰੀ ਹੈ। ਡੀ ਸੀ ਡਾ. ਵਿਵੇਕ ਭਾਰਤੀ ਨੇ ਹਸਪਤਾਲ ਦੀ ਓਪੀਡੀ, ਜ਼ੱਚਾ-ਬੱਚਾ ਵਾਰਡ, ਐਮਰਜੈਂਸੀ ਵਾਰਡ, ਓ ਪੀ ਡੀ, ਆਯੂਸ਼ ਅਤੇ ਹੋਮਿਓਪੈਥਿਕ ਕੇਂਦਰ ਸਮੇਤ ਕਈ ਵਿਭਾਗਾਂ ਦਾ ਦੌਰਾ ਕੀਤਾ। ਉਨ੍ਹਾਂ ਨੇ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਲਈ ਬੈਠਣ, ਪਾਣੀ ਤੇ ਸਫ਼ਾਈ ਪ੍ਰਬੰਧਾਂ, ਦਵਾਈਆਂ ਦੀ ਵੰਡ ਅਤੇ ਡਾਕਟਰੀ ਸੇਵਾਵਾਂ ਦਾ ਜਾਇਜ਼ਾ ਲਿਆ। ਉਨ੍ਹਾਂ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਦਿੰਦਿਆਂ ਕਿਹਾ ਕਿ ਹਸਪਤਾਲ ਵਿੱਚ ਆਉਣ ਵਾਲੇ ਹਰ ਮਰੀਜ਼ ਨਾਲ ਚੰਗਾ ਵਿਹਾਰ ਕੀਤਾ ਜਾਵੇ।

ਡੀ ਸੀ ਡਾ. ਵਿਵੇਕ ਭਾਰਤੀ ਨੇ ਲੋਕ ਨਿਰਮਾਣ ਵਿਭਾਗ (ਇਲੈਕਟ੍ਰੀਕਲ ਵਿੰਗ) ਦੇ ਅਧਿਕਾਰੀਆਂ ਨੂੰ ਹਸਪਤਾਲ ਵਿੱਚ ਲੋੜੀਂਦੇ ਬਿਜਲੀ ਉਪਕਰਨ ਉਪਲਬਧ ਕਰਵਾਉਣ, ਖ਼ਰਾਬ ਉਪਕਰਾਂ ਨੂੰ ਤੁਰੰਤ ਬਦਲਣ ਅਤੇ ਬਿਜਲੀ ਪ੍ਰਬੰਧ ਸੁਚਾਰੂ ਬਣਾਈ ਰੱਖਣ ਦੇ ਨਿਰਦੇਸ਼ ਦਿੱਤੇ। ਡੀ ਸੀ ਨੇ ਇਸ ਮੌਕੇ ਹਸਪਤਾਲ ਦੇ ਵਿਹੜੇ ਵਿੱਚ ਸਥਿਤ ਨਸ਼ਾ ਮੁਕਤੀ ਕੇਂਦਰ ਦਾ ਵੀ ਦੌਰਾ ਕੀਤਾ ਅਤੇ ਉੱਥੇ ਉਪਲਬਧ ਇਲਾਜ ਅਤੇ ਪੁਨਰਵਾਸ ਸਹੂਲਤਾਂ ਦੀ ਸਮੀਖਿਆ ਕੀਤੀ। ਉਨ੍ਹਾਂ ਡਾਕਟਰਾਂ ਅਤੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਨਸ਼ਾ ਮੁਕਤੀ ਕੇਂਦਰ ਵਿੱਚ ਆਉਣ ਵਾਲੇ ਮਰੀਜ਼ਾਂ ਦੀ ਲਗਾਤਾਰ ਕਾਊਂਸਲਿੰਗ ਕੀਤੀ ਜਾਵੇ ਤਾਂ ਜੋ ਉਹ ਮਾਨਸਿਕ ਤੌਰ ’ਤੇ ਮਜ਼ਬੂਤ ਹੋ ਸਕਣ।

# ਮੁਨਸ਼ੀ ਯਾਦਵ ਨੇ ਆਯੂਸ਼ ’ਵਰਸਿਟੀ ਦਾ ਦੌਰਾ ਕੀਤਾ



**ਸ਼ਾਹਬਾਦ ਮਾਰਕੰਡਾ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਆਲ ਇੰਡੀਆ ਕੌਂਸਲ ਫਾਰ ਟੈਕਨੀਕਲ ਐਜੂਕੇਸ਼ਨ (ਏ ਆਈ ਸੀ ਟੀ ਈ) ਦੀ ਯੂਨੀਵਰਸਲ ਹਿਊਮਨ ਵੈਲਯੂਜ਼ (ਯੂ ਐੱਚ ਵੀ) ਪਹਿਲਕਦਮੀ ਦੇ ਹਿੱਸੇ ਵਜੋਂ ਉੱਤਰੀ ਤੇ ਪੱਛਮੀ ਜ਼ੋਨ ਦੇ ਖੇਤਰੀ ਨਿਰਦੇਸ਼ਕ ਪ੍ਰੋ. ਮੁਨਸ਼ੀ ਯਾਦਵ ਨੇ ਸ੍ਰੀ ਕ੍ਰਿਸ਼ਨਾ ਆਯੂਸ਼ ਯੂਨੀਵਰਸਿਟੀ ਦਾ ਦੌਰਾ ਕੀਤਾ। ਉਨ੍ਹਾਂ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਵੈਦਿਆ ਕਰਤਾਰ ਸਿੰਘ ਧੀਮਾਨ ਅਤੇ ਰਜਿਸਟਰਾਰ ਡਾ. ਕ੍ਰਿਸ਼ਨ ਕਾਂਤ ਗੁਪਤਾ ਨਾਲ ਮੁਲਾਕਾਤ ਵੀ ਕੀਤੀ। ਇਸ ਦੌਰਾਨ ਉਨ੍ਹਾਂ ਸਿੱਖਿਆ ਵਿੱਚ ਮਨੁੱਖੀ ਕਦਰਾਂ-ਕੀਮਤਾਂ ਨੂੰ ਸ਼ਾਮਲ ਕਰਨ ਤੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਬਾਰੇ ਚਰਚਾ ਕੀਤੀ। ਪ੍ਰੋ. ਯਾਦਵ ਨੇ ਕਿਹਾ ਕਿ ਸਿੱਖਿਆ ਦਾ ਉਦੇਸ਼ ਸਿਰਫ਼ ਰੁਜ਼ਗਾਰ ਹੀ ਨਹੀਂ ਹੈ, ਸਗੋਂ ਜ਼ਿੰਮੇਵਾਰ ਨਾਗਰਿਕ ਤਿਆਰ ਕਰਨਾ ਵੀ ਹੈ।

ਨੈਤਿਕ ਤੇ ਮਨੁੱਖੀ ਕਦਰਾਂ-ਕੀਮਤਾਂ ਨੂੰ ਸਿੱਖਿਆ ਵਿੱਚ ਸ਼ਾਮਲ ਕਰਨਾ ਵਿਦਿਆਰਥੀਆਂ ਨੂੰ ਬਿਹਤਰ ਨਾਗਰਿਕ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਹੈ। ਇਸ ਮੌਕੇ ਵਾਈਸ ਚਾਂਸਲਰ ਪ੍ਰੋ. ਧੀਮਾਨ ਨੇ ਕਿਹਾ ਕਿ ਮੁੱਲ-ਆਧਾਰਿਤ ਸਿੱਖਿਆ ਵਿਦਿਆਰਥੀਆਂ ਦੀ ਸ਼ਖ਼ਸੀਅਤ ਦੇ ਨਿਰਮਾਣ ਲਈ ਮਜ਼ਬੂਤ ਨੀਂਹ ਹੈ। ਅਧਿਆਪਕਾਂ ਰਾਹੀਂ ਵਿਦਿਆਰਥੀਆਂ ਨੂੰ ਸੱਚਾਈ, ਪਿਆਰ ਤੇ ਦਇਆ ਵਰਗੇ ਮਨੁੱਖੀ ਮੁੱਲਾਂ ਨਾਲ ਭਰਪੂਰ ਉੱਚ ਸਿੱਖਿਆ ਦੇਣਾ ਸਮੇਂ ਦੀ ਲੋੜ ਹੈ। ਰਜਿਸਟਰਾਰ ਡਾ. ਕ੍ਰਿਸ਼ਨ ਕਾਂਤ ਗੁਪਤਾ ਨੇ ਕਿਹਾ ਕਿ ਵਿਦਿਆਰਥੀਆਂ ਅਤੇ ਫੈਕਲਟੀ ਲਈ ਯੂ ਐੱਚ ਵੀ ਨਾਲ ਸਬੰਧਤ ਸਿਖਲਾਈ ਤੇ ਜਾਗਰੂਕਤਾ ਪ੍ਰੋਗਰਾਮਾਂ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ।

# ਚੰਡੀਗੜ੍ਹ ਵਿੱਚ ਹੈਲਥਕੇਅਰ ਅਤੇ ਸਿੱਖਿਆ ਸੁਵਿਧਾਵਾਂ ਨੂੰ ਮਜ਼ਬੂਤ ਕਰਨ ਲਈ ਪ੍ਰਮੁੱਖ ਬੁਨਿਆਦੀ ਢਾਂਚਾ ਪ੍ਰੋਜੈਕਟਾਂ ਨੂੰ ਮਨਜ਼ੂਰੀ



**ਚੰਡੀਗੜ੍ਹ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪਬਲਿਕ ਹੈਲਥਕੇਅਰ ਅਤੇ ਸਿੱਖਿਆ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਉਠਾਉਂਦੇ ਹੋਏ, ਯੂਟੀ ਚੰਡੀਗੜ੍ਹ ਦੇ ਮੁੱਖ ਸਕੱਤਰ ਸ਼੍ਰੀ ਐੱਚ. ਰਾਜੇਸ਼ ਪ੍ਰਸਾਦ ਦੀ ਪ੍ਰਧਾਨਗੀ ਵਾਲੀ ਪ੍ਰੋਜੈਕਟ ਦੀ ਮੁੱਲਾਂਕਣ ਅਤੇ ਪ੍ਰਵਾਨਗੀ ਕਮੇਟੀ ਨੇ ਚੰਡੀਗੜ੍ਹ ਵਿੱਚ ਤਿੰਨ ਪ੍ਰਮੁੱਖ ਵਿਕਾਸ ਪ੍ਰੋਜੈਕਟਾਂ ਨੂੰ ਪ੍ਰਵਾਨਗੀ ਦਿੱਤੀ ਹੈ। ਇਨ੍ਹਾਂ ਵਿੱਚ ਸਬ-ਡਿਸਟ੍ਰਿਕਟ ਹਸਪਤਾਲ, ਮਨੀਮਾਜਰਾ ਵਿਖੇ 50 ਬਿਸਤਰਿਆਂ ਦੇ ਕ੍ਰਿਟੀਕਲ ਕੇਅਰ ਹਸਪਤਾਲ ਦਾ ਨਿਰਮਾਣ, ਸੈਕਟਰ 28 ਵਿੱਚ ਆਯੁਸ਼ ਸਿਹਤ ਅਤੇ ਕਲਿਆਣ ਕੇਂਦਰ ਅਤੇ ਪ੍ਰਸ਼ਾਸਨਿਕ ਬਲਾਕ ਦਾ ਨਿਰਮਾਣ, ਅਤੇ ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਸੈਕਟਰ 27-ਸੀ ਵਿਖੇ ਅਤਿਰਿਕਤ ਅਕਾਦਮਿਕ ਬਲਾਕ ਦਾ ਨਿਰਮਾਣ ਸ਼ਾਮਲ ਹੈ।

ਪੰਜਾਹ (50) ਬਿਸਤਰਿਆਂ ਵਾਲੇ ਕ੍ਰਿਟੀਕਲ ਕੇਅਰ ਹਸਪਤਾਲ ਦਾ ਨਿਰਮਾਣ ਪ੍ਰਧਾਨ ਮੰਤਰੀ-ਆਯੁਸ਼ਮਾਨ ਭਾਰਤ ਹੈਲਥ ਇਨਫ੍ਰਾਸਟ੍ਰਕਚਰ ਮਿਸ਼ਨ (ਪੀਐੱਮ-ਏਬੀਐੱਚਆਈਐੱਮ) ਦੇ ਤਹਿਤ ਕੀਤਾ ਜਾਵੇਗਾ। ਇਸ ਪ੍ਰੋਜੈਕਟ ਲਈ ਪ੍ਰਧਾਨ ਮੰਤਰੀ- ਆਯੁਸ਼ਮਾਨ ਭਾਰਤ ਹੈਲਥ ਇਨਫ੍ਰਾਸਟ੍ਰਕਚਰ ਮਿਸ਼ਨ (ਪੀਐੱਮ-ਏਬੀਐੱਚਆਈਐੱਮ) ਦੇ ਤਹਿਤ ?16.63 ਕਰੋੜ ਦੀ ਵਿੱਤੀ ਸਹਾਇਤਾ ਮਨਜ਼ੂਰ ਕੀਤੀ ਗਈ ਹੈ।

ਇਸ ਦਾ ਉਦੇਸ਼ ਗੰਭੀਰ ਸਿਹਤ ਸੇਵਾਵਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ ਅਤੇ ਮਨੀਮਾਜਰਾ, ਮੌਲੀ ਜੱਗਰਾਂ ਅਤੇ ਆਈਟੀ ਪਾਰਕ ਖੇਤਰ ਦੇ ਨਿਵਾਸੀਆਂ ਲਈ ਸੈਕੰਡਰੀ ਅਤੇ ਤੀਜੇ ਦਰਜੇ ਦੀਆਂ ਸਿਹਤ ਸੰਭਾਲ਼ ਸੇਵਾਵਾਂ ਨੂੰ ਬਿਹਤਰ ਬਣਾਉਣਾ ਹੈ। ਪ੍ਰਸਤਾਵਿਤ ਹਸਪਤਾਲ ਸਬ-ਡਿਸਟ੍ਰਿਕਟ ਹਸਪਤਾਲ , ਮਨੀਮਾਜਰਾ ਦੇ 2.88 ਏਕੜ ਪਰਿਸਰ ’ਤੇ ਸਥਾਪਿਤ ਕੀਤਾ ਜਾਵੇਗਾ। ਇਸ ਪ੍ਰੋਜੈਕਟ ਦੀ ਕੁੱਲ ਅਨੁਮਾਨਿਤ ਲਾਗਤ ਕਰੋੜ ਹੈ।

ਆਯੁਸ਼ ਸਿਹਤ ਸੰਭਾਲ਼ ਸੇਵਾਵਾਂ ਨੂੰ ਮਜ਼ਬੂਤ ਕਰਨ ਲਈ ਸੈਕਟਰ 28 ਵਿੱਚ ?20.88 ਕਰੋੜ ਦੀ ਅਨੁਮਾਨਿਤ ਲਾਗਤ ਨਾਲ ਇੱਕ ਆਯੁਸ਼ ਸਿਹਤ ਅਤੇ ਕਲਿਆਣ ਕੇਂਦਰ ਅਤੇ ਪ੍ਰਸ਼ਾਸਨਿਕ ਬਲਾਕ ਦਾ ਨਿਰਮਾਣ ਕੀਤਾ ਜਾਵੇਗਾ। ਇਸ ਪ੍ਰੋਜੈਕਟ ਨਾਲ ਸੈਕਟਰ 26, 28, 29 ਅਤੇ 30, ਬਾਪੂ ਧਾਮ ਕਲੋਨੀ ਅਤੇ ਆਸਪਾਸ ਦੇ ਖੇਤਰਾਂ ਦੇ ਨਿਵਾਸੀਆਂ ਨੂੰ ਆਯੁਸ਼ ਸਿਹਤ ਸੰਭਾਲ਼ ਸੇਵਾਵਾਂ ਤੱਕ ਬਿਹਤਰ ਪਹੁੰਚ ਉਪਲਬਧ ਹੋਵੇਗੀ।

ਇਸ ਤੋਂ ਇਲਾਵਾ, ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ, ਸੈਕਟਰ 27-ਸੀ ਵਿਖੇ ?8.4 ਕਰੋੜ ਦੀ ਲਾਗਤ ਨਾਲ ਇੱਕ ਅਤਿਰਿਕਤ ਬਲਾਕ ਦੇ ਨਿਰਮਾਣ ਨੂੰ ਵੀ ਪ੍ਰਸ਼ਾਸਨਿਕ ਪ੍ਰਵਾਨਗੀ ਦਿੱਤੀ ਗਈ ਹੈ। ਗਰਾਊਂਡ+2 ਮੰਜ਼ਿਲਾ ਇਸ ਭਵਨ ਵਿੱਚ 15 ਕਲਾਸਰੂਮ ਸ਼ਾਮਲ ਹੋਣਗੇ, ਜਿਨ੍ਹਾਂ ਵਿੱਚ ਲਗਭਗ 400 ਵਿਦਿਆਰਥੀਆਂ ਨੂੰ ਸਮਾਯੋਜਿਤ ਕੀਤਾ ਜਾ ਸਕੇਗਾ। ਇਹ ਪ੍ਰੋਜੈਕਟ ਵਿੱਦਿਅਕ ਬੁਨਿਆਦੀ ਢਾਂਚੇ ਦੀ ਵਧਦੀ ਮੰਗ ਨੂੰ ਪੂਰਾ ਕਰਨ ਅਤੇ ਵਿਦਿਆਰਥੀਆਂ ਲਈ ਬਿਹਤਰ ਸਿੱਖਣ ਦਾ ਵਾਤਾਵਰਣ ਉਪਲਬਧ ਕਰਵਾਉਣ ਦੇ ਉਦੇਸ਼ ਨਾਲ ਤਿਆਰ ਕੀਤਾ ਗਿਆ ਹੈ।

ਇਨ੍ਹਾਂ ਪ੍ਰੋਜੈਕਟਾਂ ਦੀ ਯੋਜਨਾ ਹੈਲਥਕੇਅਰ ਅਤੇ ਸਿੱਖਿਆ ਬੁਨਿਆਦੀ ਢਾਂਚੇ ਵਿੱਚ ਮੌਜੂਦ ਕਮੀਆਂ ਨੂੰ ਦੂਰ ਕਰਨ, ਜਨਤਕ ਸੇਵਾਵਾਂ ਦੀ ਪਹੁੰਚ ਨੂੰ ਬਿਹਤਰ ਬਣਾਉਣ ਅਤੇ ਚੰਡੀਗੜ੍ਹ ਦੇ ਨਿਵਾਸੀਆਂ ਦੀਆਂ ਵਧਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਬਣਾਈ ਗਈ ਹੈ। ਕਮੇਟੀ ਦੀ ਮੀਟਿੰਗ ਵਿੱਚ ਗ੍ਰਹਿ ਸਕੱਤਰ, ਮਨਦੀਪ ਸਿੰਘ ਬਰਾੜ, ਵਿੱਤ ਸਕੱਤਰ, ਦੀਪਰਵਾ ਲਾਕੜਾ, ਸਕੱਤਰ ਇੰਜੀਨੀਅਰਿੰਗ, ਪ੍ਰੇਰਣਾ ਪੁਰੀ, ਮੁੱਖ ਇੰਜੀਨੀਅਰ ਸੀਬੀ ਓਝਾ, ਅਤੇ ਮੁੱਖ ਆਰਕੀਟੈਕਟ ਰਾਜੀਵ ਮਹਿਤਾ ਵੀ ਉਪਸਥਿਤ ਰਹੇ।

# ਇਕ ਵਾਰ ਫਿਰ ਬਦਲਣੇ ਪੈਣਗੇ ਨੋਟ ! ਭਾਰਤੀ ਰਿਜ਼ਰਵ ਬੈਂਕ ਗਵਰਨਰ ਨੇ ਦਿੱਤਾ ਵੱਡਾ ਬਿਆਨ

**ਕੌਮੀ ਪਤ੍ਰਿਕਾ**

ਬਿਜ਼ਨੈੱਸ ਡੈਸਕ 12 ਜੂਨ। ਭਾਰਤੀ ਰਿਜ਼ਰਵ ਬੈਂਕ ਆਪਣੇ ਮੁਦਰਾ ਢਾਂਚੇ ਵਿਚ ਵੱਡਾ ਬਦਲਾਅ ਕਰਨ ਦੀ ਯੋਜਨਾ ਬਣਾ ਰਿਹਾ ਹੈ। ਰਿਜ਼ਰਵ ਬੈਂਕ ਗਵਰਨਰ ਸੰਜੇ




ਮਲਹੋਤਰਾ ਨੇ ਸੰਕੇਤ ਦਿੱਤਾ ਹੈ ਕਿ ਕਾਗਜ਼ੀ ਨੋਟਾਂ ਦੀ ਥਾਂ ਪਾਲੀਮਰ (ਪਲਾਸਟਿਕ) ਕਰੰਸੀ ਨੋਟ ਬਾਜ਼ਾਰ ਵਿਚ ਪੇਸ਼ ਕਰਨ ਦੇ ਪ੍ਰਸਤਾਵ ’ਤੇ ਗੰਭੀਰਤਾ ਨਾਲ ਵਿਚਾਰ ਹੋ ਰਿਹਾ ਹੈ। ਹਾਲਾਂਕਿ, ਉਨ੍ਹਾਂ ਨੇ ਇਹ ਵੀ ਸਪੱਸ਼ਟ ਕੀਤਾ ਕਿ ਇਹ ਯੋਜਨਾ ਅਜੇ ਆਪਣੇ ਸ਼ੁਰੂਆਤੀ ਪੜਾਅ ਵਿੱਚ ਹੈ। ਜੇਕਰ ਇਹ ਅਹਿਮ ਬਦਲਾਅ ਦੇਸ਼ ਵਿਚ ਹੁੰਦਾ ਹੈ ਤਾਂ ਇਕ ਵਾਰ ਫਿਰ ਕਰੰਸੀ ਬਦਲਾਅ ਦਾ ਦੌਰ ਦੇਖਣ ਨੂੰ ਮਿਲ ਸਕਦਾ ਹੈ। ਜ਼ਿਕਰਯੋਗ ਹੈ ਕਿ ਸਾਲ 2012 ਵਿੱਚ ਵੀ ਜੈਪੁਰ, ਕੋਚੀ, ਸ਼ਿਮਲਾ, ਮੈਸੂਰ ਅਤੇ ਭੁਵਨੇਸ਼ਵਰ ਵਰਗੇ 5 ਸ਼ਹਿਰਾਂ ਵਿੱਚ 10 ਰੁਪਏ ਦੇ ਪਲਾਸਟਿਕ ਨੋਟਾਂ ਦਾ ਪਾਇਲਟ ਪ੍ਰੋਜੈਕਟ ਸ਼ੁਰੂ ਕੀਤਾ ਗਿਆ ਸੀ। ਪਰ ਉਸ ਸਮੇਂ ਏ.ਟੀ.ਐੱਮ. ਅਤੇ ਨੋਟ ਗਿਣਨ ਵਾਲੀਆਂ ਮਸ਼ੀਨਾਂ ਵਿੱਚ ਆਈਆਂ ਤਕਨੀਕੀ ਖਾਮੀਆਂ ਕਾਰਨ ਇਸ ਯੋਜਨਾ ਨੂੰ ਅੱਗੇ ਨਹੀਂ ਵਧਾਇਆ ਜਾ ਸਕਿਆ ਸੀ। ਆਮ ਤੌਰ ’ਤੇ ਵਰਤੇ ਜਾਣ ਵਾਲੇ ਕਾਗਜ਼ੀ ਨੋਟ ਕਪਾਹ ਤੋਂ ਤਿਆਰ ਕੀਤੇ ਜਾਂਦੇ ਹਨ, ਪਰ ਪਾਲੀਮਰ ਨੋਟ ਇੱਕ ਪਤਲੇ ਅਤੇ ਲਚਕਦਾਰ ਪਲਾਸਟਿਕ ਤੋਂ ਬਣਦੇ ਹਨ, ਜਿਸ ਨੂੰ BOPP ਕਿਹਾ ਜਾਂਦਾ ਹੈ। ਇਹ ਨੋਟ ਕਾਗਜ਼ੀ ਨੋਟਾਂ ਵਾਂਗ ਹੀ ਆਸਾਨੀ ਨਾਲ ਵਰਤੋਂ ਕੀਤੇ ਜਾ ਸਕਦੇ ਹਨ ਭਾਵ ਇਨ੍ਹਾਂ ਨੂੰ ਆਸਾਨੀ ਨਾਲ ਜੇਬ ਵਿਚ ਰੱਖਿਆ ਜਾ ਸਕਦਾ ਹੈ। ਇਹਨਾਂ ਨੋਟਾਂ ’ਤੇ ਪਾਣੀ, ਨਮੀ ਜਾਂ ਗੰਦਗੀ ਦਾ ਕੋਈ ਅਸਰ ਨਹੀਂ ਹੁੰਦਾ, ਜਿਸ ਕਾਰਨ ਇਹ ਹਮੇਸ਼ਾ ਸਾਫ਼ ਰਹਿੰਦੇ ਹਨ। ਟਿਕਾਊ ਹੋਣ ਕਾਰਨ ਇਹਨਾਂ ਨੂੰ ਵਾਰ-ਵਾਰ ਛਾਪਣ ਦੀ ਲੋੜ ਨਹੀਂ ਪੈਂਦੀ, ਜਿਸ ਨਾਲ ਸਰਕਾਰ ਅਤੇ ਆਰ.ਬੀ.ਆਈ. ਦੇ ਛਪਾਈ ਖਰਚੇ ਵਿੱਚ ਵੱਡੀ ਬਚਤ ਹੁੰਦੀ ਹੈ। ਭਾਰਤ ਤੋਂ ਪਹਿਲਾਂ ਦੁਨੀਆ ਦੇ ਕਈ ਵਿਕਸਿਤ ਦੇਸ਼ ਸਫਲਤਾਪੂਰਵਕ ਪਲਾਸਟਿਕ ਮੁਦਰਾ ਦੀ ਵਰਤੋਂ ਕਰ ਰਹੇ ਹਨ। ਇਹਨਾਂ ਵਿੱਚ ਆਸਟ?ਰੇਲੀਆ, ਬ੍ਰਿਟੇਨ, ਕੈਨੇਡਾ, ਸਿੰਗਾਪੁਰ, ਥਾਈਲੈਂਡ, ਮਲੇਸ਼ੀਆ, ਇੰਡੋਨੇਸ਼ੀਆ ਅਤੇ ਰੋਮਾਨੀਆ ਵਰਗੇ ਦੇਸ਼ ਸ਼ਾਮਲ ਹਨ। ਹੁਣ ਦੇਖਣਾ ਇਹ ਹੋਵੇਗਾ ਕਿ ਭਾਰਤ ਵਿੱਚ ਇਹ ਨਵੀਂ ਕਰੰਸੀ ਕਦੋਂ ਤੱਕ ਆਮ ਲੋਕਾਂ ਦੇ ਹੱਥਾਂ ਵਿੱਚ ਪਹੁੰਚਦੀ ਹੈ।

## ਪੰਜਾਬ ਦੇ 82 ਅਧਿਆਪਕਾਂ ’ਤੇ ਡਿੱਗੀ ਗਾਜ਼ ! ਰੋਕ ’ਤੀਆਂ ਤਨਖ਼ਾਹਾਂ ਤੇ ਲਿਆ ਗਿਆ ਵੱਡਾ ਐਕਸ਼ਨ

ਜਲੰਧਰ 12 ਜੂਨ। ਜਨਗਣਨਾ ਡਿਊਟੀ ਤੋਂ ਗੈਰ-ਹਾਜ਼ਰ ਰਹਿਣ ਲਈ ਜਲੰਧਰ ਵਿਚ 82 ਸਰਕਾਰੀ ਸਕੂਲ ਅਧਿਆਪਕਾਂ ਵਿਰੁੱਧ ਅਨੁਸ਼ਾਸਨੀ ਅਤੇ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ। ਸਥਾਨਕ ਪ੍ਰਸ਼ਾਸਨ ਨੇ ਜ਼ਿਲ੍ਹਾ ਸਿੱਖਿਆ ਵਿਭਾਗ ਨੂੰ ਉਨ੍ਹਾਂ ਦੀਆਂ ਤਨਖ਼ਾਹਾਂ ਰੋਕਣ ਅਤੇ ਬਿਨਾਂ ਪਹਿਲਾਂ ਇਜਾਜ਼ਤ ਦੇ ਸਕੂਲਾਂ ਵਿਚ ਉਨ੍ਹਾਂ ਦੀ ਹਾਜ਼ਰੀ ਦਰਜ ਨਾ ਕਰਨ ਦੇ ਨਿਰਦੇਸ਼ ਦਿੱਤੇ ਹਨ। ਅਧਿਆਪਕਾਂ ਨੂੰ ਜਾਰੀ ਕੀਤੇ ਗਏ ਕਾਰਨ ਦੱਸੋ ਨੋਟਿਸਾਂ ਵਿੱਚ ਪ੍ਰਸ਼ਾਸਨ ਨੇ ਚਿਤਾਵਨੀ ਦਿੱਤੀ ਹੈ ਕਿ ਜਨਗਣਨਾ ਦਾ ਕੰਮ ਪੂਰਾ ਕਰਨ ਵਿੱਚ ਅਸਫ਼ਲ ਰਹਿਣ ’ਤੇ ਜਨਗਣਨਾ ਐਕਟ 1948 ਦੇ ਤਹਿਤ ਕਾਰਵਾਈ ਕੀਤੀ ਜਾ ਸਕਦੀ ਹੈ, ਜਿਸ ’ਚ ਤਿੰਨ ਸਾਲ ਤੱਕ ਦੀ ਕੈਦ ਅਤੇ 1,000 ਰੁਪਏ ਦਾ ਜੁਰਮਾਨਾ ਸ਼ਾਮਲ ਹੈ। ਇਹ ਕਾਰਵਾਈ ਇਸ ਲਈ ਕੀਤੀ ਗਈ ਕਿਉਂਕਿ ਇਹ ਅਧਿਆਪਕ ਸਿਖਲਾਈ ਸੈਸ਼ਨਾਂ ਵਿੱਚ ਸ਼ਾਮਲ ਹੋਣ ਅਤੇ ਸਰਵੇਖਣ ਕਿੱਟਾਂ, ਪਛਾਣ ਪੱਤਰ ਅਤੇ ਨਿਯੁਕਤੀ ਪੱਤਰ ਪ੍ਰਾਪਤ ਕਰਨ ਦੇ ਬਾਵਜੂਦ ਨਿਰਧਾਰਤ ਹਾਊਸ ਲਿਸਟਿੰਗ ਸਰਵੇਖਣ ਨੂੰ ਪੂਰਾ ਕਰਨ ਵਿੱਚ ਅਸਫ਼ਲ ਰਹੇ। ਨੋਟਿਸ ਵਿੱਚ ਕਿਹਾ ਗਿਆ ਹੈ ਕਿ ਸਬੰਧਤ ਅਧਿਆਪਕ ਬਿਨਾਂ ਪਹਿਲਾਂ ਇਜਾਜ਼ਤ ਦੇ ਆਪਣੇ ਸਕੂਲਾਂ ’ਚ ਮੌਜੂਦ ਨਹੀਂ ਹੋਣਗੇ। ਇਸ ਤੋਂ ਇਲਾਵਾ ਉਨ੍ਹਾਂ ਨੂੰ ਚਿਤਾਵਨੀ ਦਿੱਤੀ ਗਈ ਹੈ ਕਿ ਜਨਗਣਨਾ ਡਿਊਟੀਆਂ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਦੇ ਨਤੀਜੇ ਵਜੋਂ ਜਨਗਣਨਾ ਐਕਟ 1948 ਤਹਿਤ ਕਾਰਵਾਈ ਕੀਤੀ ਜਾਵੇਗੀ

# ਸਿਵਲ ਹਸਪਤਾਲ ਵਿਚ ਗੁੰਡਾਗਰਦੀ: ਮੁੰਡੇ ਨੇ ਡਾਕਟਰ ਨੂੰ ਮਾਰੇ ਥੱਪੜ

**ਕੌਮੀ ਪਤ੍ਰਿਕਾ**

ਲੁਧਿਆਣਾ 12 ਜੂਨ। ਸਿਵਲ ਹਸਪਤਾਲ ਤੋਂ ਇਕ ਬਹੁਤ ਹੀ ਹੈਰਾਨ ਕਰਨ ਵਾਲਾ ਅਤੇ ਸ਼ਰਮਨਾਕ ਮਾਮਲਾ ਸਾਹਮਣੇ ਆਇਆ ਹੈ, ਜਿੱਥੇ ਬੁੱਧਵਾਰ ਦੇਰ ਰਾਤ ਡਿਊਟੀ ’ਤੇ ਤਾਇਨਾਤ ਇਕ ਡਾਕਟਰ ਨਾਲ ਇਕ ਸਿਰਫਿਰੇ ਨੌਜਵਾਨ ਨੇ ਸ਼ਰੇਆਮ ਕੁੱਟਮਾਰ ਕੀਤੀ। ਘਟਨਾ ਤੋਂ ਬਾਅਦ ਪੂਰੇ ਹਸਪਤਾਲ ਕੰਪਲੈਕਸ ਵਿਚ ਹੜਕੰਪ ਮਚ ਗਿਆ ਅਤੇ ਵੱਡੀ ਗਿਣਤੀ ਵਿਚ ਡਾਕਟਰ ਅਤੇ ਸਿਹਤ ਕਰਮਚਾਰੀ ਕੰਮ ਛੱਡ ਕੇ ਮੌਕੇ ’ਤੇ ਇਕੱਠੇ ਹੋ ਗਏ। ਮਾਹੌਲ ਇੰਨਾ ਤਣਾਅਪੂਰਨ ਹੋ ਗਿਆ ਕਿ ਸੂਚਨਾ ਮਿਲਦੇ ਹੀ ਥਾਣਾ ਡਵੀਜ਼ਨ ਨੰਬਰ-2 ਦੀ ਪੁਲਸ ਮੌਕੇ ’ਤੇ ਪਹੁੰਚ ਗਈ। ਮਿਲੀ ਜਾਣਕਾਰੀ ਮੁਤਾਬਕ ਇਹ ਪੂਰੀ ਘਟਨਾ ਰਾਤ ਕਰੀਬ ਸਵਾ 11 ਵਜੇ ਦੇ ਆਸ-ਪਾਸ ਦੀ ਹੈ। ਜੱਚਾ-ਬੱਚਾ ਵਿਭਾਗ ਵਿਚ ਤਾਇਨਾਤ ਡਾਕਟਰ ਰੋਜ਼ਾਨਾ ਦੀ ਤਰ੍ਹਾਂ ਰੂਟੀਨ ਚੈਕਿੰਗ ਲਈ ਵਾਰਡ ਦੇ ਅੰਦਰ ਗਏ ਸਨ। ਇਸ ਦੌਰਾਨ ਉਨ੍ਹਾਂ ਦੀ ਨਜ਼ਰ ਇਕ ਅਣਪਛਾਤੇ ਨੌਜਵਾਨ ’ਤੇ ਪਈ, ਜੋ ਚੋਰੀ-ਛਿਪੇ ਉੱਥੇ ਮੌਜੂਦ ਇਕ ਬੱਚੇ ਦੀ ਵੀਡੀਓ ਬਣਾ ਰਿਹਾ ਸੀ। ਡਾਕਟਰ ਨੇ ਸੰਵੇਦਨਸ਼ੀਲਤਾ ਨੂੰ ਦੇਖਦੇ ਹੋਏ ਤੁਰੰਤ ਨੌਜਵਾਨ ਨੂੰ ਟੋਕਿਆ ਅਤੇ ਵੀਡੀਓ ਬਣਾਉਣ ਦਾ ਕਾਰਨ ਪੁੱਛਦੇ ਹੋਏ ਅਜਿਹਾ ਕਰਨ ਤੋਂ ਸਾਫ਼ ਮਨ੍ਹਾ ਕਰ ਦਿੱਤਾ। ਇੰਨੀ ਜਿਹੀ ਗੱਲ ’ਤੇ ਨੌਜਵਾਨ




ਭੜਕ ਗਿਆ ਅਤੇ ਦੋਵਾਂ ਵਿਚਾਲੇ ਤਿੱਖੀ ਬਹਿਸ ਸ਼ੁਰੂ ਹੋ ਗਈ। ਵਿਵਾਦ ਇੰਨਾ ਵਧ ਗਿਆ ਕਿ ਨੌਜਵਾਨ ਨੇ ਆਪਣਾ ਆਪਾ ਖੋ ਦਿੱਤਾ ਅਤੇ ਡਾਕਟਰ ਨਾਲ ਬਦਸਲੂਕੀ ਤੇ ਧੱਕਾ-ਮੁੱਕੀ ਕਰਨ ਤੋਂ ਇਲਾਵਾ ਉਸ ਨੂੰ ਦੋ ਥੱਪੜ ਵੀ ਜੜ ਦਿੱਤੇ। ਜਿਵੇਂ ਹੀ ਇਹ ਖ਼ਬਰ ਫੈਲੀ, ਐਮਰਜੈਂਸੀ ਸਮੇਤ ਸਾਰੇ ਵਿਭਾਗਾਂ ਦੇ ਡਾਕਟਰਾਂ ਅਤੇ ਪੈਰਾ-ਮੈਡੀਕਲ ਸਟਾਫ ਵਿਚ ਭਾਰੀ ਗੁੱਸਾ ਫੈਲ ਗਿਆ ਅਤੇ ਸਾਰਿਆਂ ਨੇ ਇਕੱਠੇ ਹੋ ਕੇ ਘਟਨਾ ਖ਼?ਲਾਫ਼ ਜੰਮ ਕੇ ਰੋਸ ਜਤਾਇਆ। ਘਟਨਾ ਦੀ ਸੂਚਨਾ ਮਿਲਦੇ ਹੀ ਥਾਣਾ ਡਵੀਜ਼ਨ ਨੰਬਰ-2 ਦੀ ਪੁਲਸ ਟੀਮ ਤੁਰੰਤ ਸਿਵਲ ਹਸਪਤਾਲ ਪਹੁੰਚੀ ਅਤੇ ਡਾਕਟਰ ਦੀ ਸ਼ਿਕਾਇਤ ’ਤੇ ਜਾਂਚ ਸ਼ੁਰੂ ਕਰ ਦਿੱਤੀ ਹੈ।

## ਨੀਲਕੰਠ ਮਿਸ਼ਰਾ ਬਣੇ ਵਿਸ਼ਵ ਬੈਂਕ ਦੇ ਨਵੇਂ ਕਾਰਜਕਾਰੀ ਨਿਰਦੇਸ਼ਕ, ਕੈਬਨਿਟ ਕਮੇਟੀ ਨੇ ਦਿੱਤੀ ਮਨਜ਼ੂਰੀ

ਨਵੀਂ ਦਿੱਲੀ/ਵਾਸ਼ਿੰਗਟਨ 12 ਜੂਨ। ਭਾਰਤ ਸਰਕਾਰ ਨੇ ਇੱਕ ਅਹਿਮ ਫੈਸਲਾ ਲੈਂਦਿਆਂ ਪ੍ਰਸਿੱਧ ਅਰਥਸ਼ਾਸਤਰੀ ਨੀਲਕੰਠ ਮਿਸ਼ਰਾ ਨੂੰ ਵਾਸ਼ਿੰਗਟਨ ਡੀ.ਸੀ. ਸਥਿਤ ਵਿਸ਼ਵ ਬੈਂਕ ਦੇ ਮੁੱਖ ਦਫ਼ਤਰ ਵਿੱਚ ਕਾਰਜਕਾਰੀ ਨਿਰਦੇਸ਼ਕ ਵਜੋਂ ਨਿਯੁਕਤ ਕੀਤਾ ਹੈ। ਕੈਬਨਿਟ ਦੀ ਨਿਯੁਕਤੀ ਕਮੇਟੀ (133) ਨੇ 4 ਜੂਨ ਨੂੰ ਇਸ ਨਿਯੁਕਤੀ ਨੂੰ ਹਰੀ ਝੰਡੀ ਦੇ ਦਿੱਤੀ ਹੈ। ਨੀਲਕੰਠ ਮਿਸ਼ਰਾ, ਜੋ ਕਿ ਵਰਤਮਾਨ ਵਿੱਚ ਐਕਸਿਸ ਬੈਂਕ ਦੇ ਮੁੱਖ ਅਰਥਸ਼ਾਸਤਰੀ ਅਤੇ ਪ੍ਰਮੁੱਖ ਨੀਤੀ ਸਲਾਹਕਾਰ ਹਨ, ਇਸ ਅਹੁਦੇ ’ਤੇ ਤਿੰਨ ਸਾਲਾਂ ਲਈ ਸੇਵਾ ਨਿਭਾਉਣਗੇ। ਉਹ ਸਾਬਕਾ ਆਈ.ਏ.ਐਸ. ਅਧਿਕਾਰੀ ਪਰਮੇਸ਼ਵਰਨ



ਅਈਅਰ ਦੀ ਜਗ?ਹਾ ਲੈਣਗੇ, ਜੋ ਇਸ ਸਮੇਂ ਵਿਸ਼ਵ ਬੈਂਕ ਵਿੱਚ ਭਾਰਤ ਦੀ ਨੁਮਾਇੰਦਗੀ ਕਰ ਰਹੇ ਹਨ। ਸਰਕਾਰੀ ਹੁਕਮਾਂ ਅਨੁਸਾਰ, ਜਦੋਂ ਤੱਕ ਨੀਲਕੰਠ ਮਿਸ਼ਰਾ ਰਸਮੀ ਤੌਰ ’ਤੇ ਆਪਣਾ ਅਹੁਦਾ ਨਹੀਂ ਸੰਭਾਲ ਲੈਂਦੇ, ਉਦੋਂ ਤੱਕ ਕੰਮ ਦੀ ਨਿਰੰਤਰਤਾ ਨੂੰ ਬਣਾਈ ਰੱਖਣ ਲਈ ਪਰਮੇਸ਼ਵਰਨ ਅਈਅਰ ਦਾ ਕਾਰਜਕਾਲ 19 ਜੂਨ 2026 ਤੋਂ ਅੱਗੇ ਵਧਾ ਦਿੱਤਾ ਗਿਆ ਹੈ। ਵਿਸ਼ਵ ਬੈਂਕ ਦੇ ਕਾਰਜਕਾਰੀ ਨਿਰਦੇਸ਼ਕ ਵਜੋਂ ਨੀਲਕੰਠ ਮਿਸ਼ਰਾ ਸੰਸਥਾ ਦੇ ਬੋਰਡ ਵਿੱਚ ਸ਼ਾਮਲ ਹੋਣਗੇ। ਇਹ ਬੋਰਡ ਵਿਸ਼ਵ ਬੈਂਕ ਦੇ ਸੰਚਾਲਨ, ਕਰਜ਼ਾ ਪ੍ਰੋਗਰਾਮਾਂ ਅਤੇ ਮੁੱਖ ਨੀਤੀਗਤ ਫੈਸਲਿਆਂ ਦੀ ਨਿਗਰਾਨੀ ਕਰਨ ਲਈ ਜ਼ਿੰਮੇਵਾਰ ਹੁੰਦਾ ਹੈ। ਮਿਸ਼ਰਾ ਨੂੰ ਭਾਰਤ ਦੇ ਸਭ ਤੋਂ ਨਾਮਵਰ ਅਰਥਸ਼ਾਸਤਰੀਆਂ ਵਿੱਚੋਂ ਇੱਕ ਮੰਨਿਆ ਜਾਂਦਾ ਹੈ ਅਤੇ ਉਨ੍ਹਾਂ ਦੀ ਇਹ ਨਿਯੁਕਤੀ ਕੌਮਾਂਤਰੀ ਪੱਧਰ ’ਤੇ ਭਾਰਤ ਦੀ ਆਰਥਿਕ ਨੀਤੀ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇੱਕ ਵੱਡਾ ਕਦਮ ਹੈ।

## ਹਰਚੋਵਾਲ ਵਿੱਚ ਦੋ ਦਿਨਾਂ ਅੰਦਰ ਦੂਜੀ ਚੋਰੀ ਦੀ ਵਾਰਦਾਤ, ਸੋਨੇ-ਚਾਂਦੀ ਦੇ ਗਹਿਣੇ ਲੈ ਕੇ ਫ਼ਰਾਰ ਹੋਏ ਚੋਰ

ਕਾਦੀਆਂ 12 ਜੂਨ। ਕਸਬਾ ਹਰਚੋਵਾਲ ਵਿੱਚ ਚੋਰਾਂ ਦੇ ਹੌਸਲੇ ਲਗਾਤਾਰ ਬੁਲੰਦ ਹੁੰਦੇ ਨਜ਼ਰ ਆ ਰਹੇ ਹਨ। ਦੋ ਦਿਨਾਂ ਦੇ ਅੰਦਰ ਦੂਜੀ ਵੱਡੀ ਚੋਰੀ ਦੀ ਵਾਰਦਾਤ ਸਾਹਮਣੇ ਆਈ ਹੈ, ਜਿਸ ਵਿੱਚ ਚੋਰ ਦਿਨ-ਦਿਹਾੜੇ ਇੱਕ ਘਰ ਨੂੰ ਨਿਸ਼ਾਨਾ ਬਣਾ ਕੇ ਸੋਨੇ ਅਤੇ ਚਾਂਦੀ ਦੇ ਗਹਿਣੇ ਚੋਰੀ ਕਰਕੇ ਫ਼ਰਾਰ ਹੋ ਗਏ। ਘਟਨਾ ਤੋਂ ਬਾਅਦ ਇਲਾਕੇ ਵਿੱਚ ਸਹਿਮ ਅਤੇ ਦਹਿਸ਼ਤ ਦਾ ਮਾਹੌਲ ਬਣ ਗਿਆ ਹੈ। ਲੀਲੂ ਰਾਮ ਰਾਜਸਥਾਨੀ ਨੇ ਦੱਸਿਆ ਕਿ ਉਹ ਆਪਣੇ ਪਰਿਵਾਰ ਸਮੇਤ ਜਲੰਧਰ ਵਿਖੇ ਰਿਸ਼ਤੇਦਾਰਾਂ ਕੋਲ ਗਏ ਹੋਏ ਸਨ। ਜਦੋਂ ਉਹ ਦੁਪਹਿਰ ਬਾਅਦ ਘਰ ਵਾਪਸ ਆਏ ਤਾਂ ਘਰ ਦੇ ਤਾਲੇ ਟੁੱਟੇ ਹੋਏ ਸਨ। ਅੰਦਰ ਜਾ ਕੇ ਦੇਖਿਆ ਤਾਂ ਪੇਟੀ ਵਿੱਚ ਰੱਖੇ ਸੋਨੇ ਅਤੇ ਚਾਂਦੀ ਦੇ ਗਹਿਣੇ ਗਾਇਬ ਸਨ। ਉਨ੍ਹਾਂ ਦੱਸਿਆ ਕਿ ਕੁਝ ਦਿਨਾਂ ਬਾਅਦ ਉਨ੍ਹਾਂ ਦੀ ਦੋਹਤੀ ਦਾ ਵਿਆਹ ਹੋਣਾ ਸੀ, ਜਿਸ ਲਈ ਉਨ੍ਹਾਂ ਨੇ ਗਹਿਣੇ ਬਣਵਾਏ ਹੋਏ ਸਨ। ਚੋਰ ਕਰੀਬ ਪੰਜ ਤੋਲੇ ਸੋਨਾ, ਜਿਸ ਵਿੱਚ ਇੱਕ ਸੈੱਟ ਅਤੇ ਦੋ ਮੁੰਦਰੀਆਂ ਸ਼ਾਮਲ ਹਨ, ਅਤੇ ਪੰਜ ਤੋਲੇ ਦੇ ਕਰੀਬ ਚਾਂਦੀ ਦੀਆਂ ਪੰਜੇਬਾਂ ਚੋਰੀ ਕਰਕੇ ਲੈ ਗਏ।ਪੀੜਤ ਪਰਿਵਾਰ ਨੇ ਮਾਮਲੇ ਦੀ ਸੂਚਨਾ ਸਥਾਨਕ ਪੁਲਿਸ ਨੂੰ ਦੇ ਦਿੱਤੀ ਹੈ ਅਤੇ ਚੋਰਾਂ ਨੂੰ ਜਲਦੀ ਗ੍ਰਿਫ਼ਤਾਰ ਕਰਕੇ ਚੋਰੀ ਹੋਇਆ ਸਮਾਨ ਬਰਾਮਦ ਕਰਨ ਦੀ ਮੰਗ ਕੀਤੀ ਹੈ। ਜ਼ਿਕਰਯੋਗ ਹੈ ਕਿ ਦੋ ਦਿਨ ਪਹਿਲਾਂ ਵੀ ਹਰਚੋਵਾਲ ਵਿੱਚ ਦਿਨ-ਦਿਹਾੜੇ ਦੋ ਘਰਾਂ ਵਿੱਚ ਚੋਰੀ ਦੀ ਵਾਰਦਾਤ ਹੋਈ ਸੀ। ਲਗਾਤਾਰ ਵਾਪਰ ਰਹੀਆਂ ਘਟਨਾਵਾਂ ਕਾਰਨ ਇਲਾਕੇ ਦੇ ਲੋਕਾਂ ਵਿੱਚ ਡਰ ਦਾ ਮਾਹੌਲ ਬਣਿਆ ਹੋਇਆ ਹੈ। ਸਥਾਨਕ ਵਸਨੀਕਾਂ ਨੇ ਐੱਸ.ਐੱਸ.ਪੀ. ਬਟਾਲਾ ਅਤੇ ਹੋਰ ਉੱਚ ਪੁਲਿਸ ਅਧਿਕਾਰੀਆਂ ਕੋਲੋਂ ਹਰਚੋਵਾਲ ਵਿੱਚ ਦਿਨ ਅਤੇ ਰਾਤ ਸਮੇਂ ਪੁਲਸ ਗਸ਼ਤ ਵਧਾਉਣ ਦੀ ਮੰਗ ਕੀਤੀ ਹੈ।

# ਜੇ ਤੁਸੀਂ ਵੀ ਹੋ ਪਾਸਪੋਰਟ ਡਿਲੀਵਰੀ ਦੀ ਉਡੀਕ ’ਚ ਤਾਂ ਸਾਵਧਾਨ, ਹੋਸ਼ ਉਡਾ ਦੇਵੇਗੀ ਇਹ ਘਟਨਾ

**ਕੌਮੀ ਪਤ੍ਰਿਕਾ**

ਚੰਡੀਗੜ੍ਹ 12 ਜੂਨ। ਪਾਸਪੋਰਟ ਡਿਲੀਵਰੀ ਦੇ ਨਾਮ ’ਤੇ ਮਹਿਲਾ ਨੂੰ ਝਾਂਸੇ ’ਚ ਲੈ ਕੇ ਸਾਈਬਰ ਠੱਗਾਂ ਨੇ 98 ਹਜ਼ਾਰ 900 ਰੁਪਏ ਦੀ ਠੱਗੀ ਮਾਰ ਲਈ। ਠੱਗ ਨੇ ਖ਼ੁਦ ਨੂੰ ਡਿਲੀਵਰੀ ਏਜੰਟ ਦੱਸਦਿਆਂ ਪਹਿਲਾਂ ਸਿਰਫ਼ 5 ਰੁਪਏ ਦਾ ਭੁਗਤਾਨ ਕਰਵਾਇਆ ਤੇ ਫਿਰ ਲਿੰਕ ਰਾਹੀਂ ਮਹਿਲਾ ਦਾ ਮੋਬਾਈਲ ਹੈਕ ਕਰਕੇ ਉਸ ਦੇ ਖਾਤੇ ’ਚੋਂ ਰਕਮ ਟਰਾਂਸਫਰ ਕਰ ਲਈ। ਮਾਮਲੇ ਦੀ ਸ਼ਿਕਾਇਤ ਤੋਂ ਬਾਅਦ ਸਾਈਬਰ ਸੈੱਲ ਨੇ ਜਾਂਚ ਕਰਕੇ ਅਣਪਛਾਤੇ ਮੁਲਜ਼ਮਾਂ ਖ਼?ਲਾਫ਼ ਪਰਚਾ ਦਰਜ ਕਰ ਲਿਆ। ਸੈਕਟਰ-22 ਦੀ ਗਗਨਦੀਪ ਕੌਰ ਨੇ ਪੁਲਸ ਸ਼ਿਕਾਇਤ ’ਚ ਦੱਸਿਆ ਕਿ 28 ਮਾਰਚ ਸ਼ਾਮ ਕਰੀਬ 7.30 ਵਜੇ ਉਸ ਨੂੰ ਅਣਜਾਣ ਨੰਬਰ ਤੋਂ ਫੋਨ ਆਇਆ। ਕਾਲ ਕਰਨ ਵਾਲੇ ਵਿਅਕਤੀ ਨੇ ਆਪਣੇ ਆਪ ਨੂੰ ਡਿਲੀਵਰੀ ਐਪ ਦਾ ਮੁਲਾਜ਼ਮ ਦੱਸਦਿਆਂ ਕਿਹਾ ਕਿ ਉਸ ਦਾ ਪਾਸਪੋਰਟ ਡਿਲੀਵਰ ਕਰਨਾ ਹੈ ਪਰ ਲੋਕੇਸ਼ਨ ਨਹੀਂ ਮਿਲ ਰਹੀ। ਗਗਨਦੀਪ ਕੌਰ ਅਨੁਸਾਰ ਜਦੋਂ




ਉਨ੍ਹਾਂ ਨੇ ਪਾਸਪੋਰਟ ਸਬੰਧੀ ਜਾਣਕਾਰੀ ਦਿੱਤੀ ਤਾਂ ਕਾਲ ਕਰਨ ਵਾਲੇ ਨੇ ਕਿਹਾ ਕਿ ਪਤਾ ਅਪਡੇਟ ਕਰਨ ਲਈ ਇਕ ਲਿੰਕ ਭੇਜਿਆ ਜਾ ਰਿਹਾ ਹੈ। ਉਸ ਨੇ ਭਰੋਸਾ ਦਿਵਾਇਆ ਕਿ ਲਿੰਕ ਖੋਲ੍ਹ ਕੇ ਸਿਰਫ਼ 5 ਰੁਪਏ ਦਾ ਭੁਗਤਾਨ ਕਰਨ ਤੋਂ ਬਾਅਦ ਪਾਸਪੋਰਟ 20 ਮਿੰਟਾਂ ਅੰਦਰ ਘਰ ਪਹੁੰਚਾ ਦਿੱਤਾ ਜਾਵੇਗਾ। ਸ਼ਿਕਾਇਤਕਰਤਾ ਨੇ ਦੱਸਿਆ ਕਿ ਮੁਲਜ਼ਮ ਨੇ ਵ?ਹਟਸਐਪ ’ਤੇ ਲਿੰਕ ਭੇਜਿਆ ਤੇ ਉਸ ਵੱਲੋਂ ਦੱਸੇ ਅਨੁਸਾਰ ਪ੍ਰਕਿਰਿਆ ਪੂਰੀ ਕਰਨ ਤੋਂ ਕੁਝ ਹੀ ਸਮੇਂ ਬਾਅਦ ਮੋਬਾਈਲ ਹੈਕ ਹੋ ਗਿਆ। ਇਸ ਦੌਰਾਨ ਉਨ੍ਹਾਂ ਨੂੰ ਗੂਗਲ-ਪੇ ਰਾਹੀਂ 95 ਹਜ਼ਾਰ ਰੁਪਏ ਟਰਾਂਸਫਰ ਹੋਣ ਦਾ ਸੁਨੇਹਾ ਮਿਲਿਆ। ਸਿਰਫ਼ ਇਕ ਮਿੰਟ ਬਾਅਦ 3900 ਰੁਪਏ ਦੀ ਹੋਰ ਟਰਾਂਜ਼ੈਕਸ਼ਨ ਦਾ ਮੈਸੇਜ ਵੀ ਆ ਗਿਆ। ਇਸ ਦੌਰਾਨ ਜਦੋਂ ਗਗਨਦੀਪ ਕੌਰ ਨੇ ਕਾਲ ਕਰਨ ਵਾਲੇ ਵਿਅਕਤੀ ਨਾਲ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਤਾਂ ਉਸ ਦਾ ਮੋਬਾਈਲ ਨੰਬਰ ਬੰਦ ਆ ਰਿਹਾ ਸੀ। ਇਸ ਤੋਂ ਬਾਅਦ ਉਨ੍ਹਾਂ ਨੂੰ ਠੱਗੀ ਦਾ ਅਹਿਸਾਸ ਹੋਇਆ। ਪੀੜਤ ਮਹਿਲਾ ਨੇ ਤੁਰੰਤ ਮਾਮਲੇ ਦੀ ਸ਼ਿਕਾਇਤ ਪੁਲਸ ਨੂੰ ਦਿੱਤੀ। ਸਾਈਬਰ ਸੈੱਲ ਵੱਲੋਂ ਮਾਮਲੇ ਦੀ ਜਾਂਚ ਕਰਨ ਉਪਰੰਤ ਅਣਪਛਾਤੇ ਠੱਗਾਂ ਖ਼?ਲਾਫ਼ ਕੇਸ ਦਰਜ ਕਰ ਲਿਆ ਗਿਆ ਹੈ। ਪੁਲਸ ਵੱਲੋਂ ਬੈਂਕ ਟਰਾਂਜ਼ੈਕਸ਼ਨਾਂ ਅਤੇ ਵਰਤੇ ਗਏ ਮੋਬਾਈਲ ਨੰਬਰਾਂ ਦੀ ਜਾਂਚ ਕੀਤੀ ਜਾ ਰਹੀ ਹੈ ਤਾਂ ਜੋ ਮੁਲਜ਼ਮਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਕਾਬੂ ਕੀਤਾ ਜਾ ਸਕੇ।

## ਸਿੱਖ ਕਕਾਰ ਕਿਰਪਾਨ ’ਤੇ ਪਾਬੰਦੀ ਦੀ ਮੰਗ ਕਰਨਾ ਤੇ ਨ.ਫਰਤ ਦੀ ਸਿਆਸਤ ਕਰਨਾ ਗਹਿਰੀ ਸਾਜ਼ਿਸ਼: ਜਥੇਦਾਰ ਗੜਗੱਜ

ਅੰਮ੍ਰਿਤਸਰ 12 ਜੂਨ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਯੂ. ਕੇ. ਦੇ ਨੌਜਵਾਨ ਹੈਨਰੀ ਨੋਵਾਕ ਦੇ ਕਤਲ ਮਾਮਲੇ ’ਚ ਪਰਿਵਾਰ ਨਾਲ ਹਮਦਰਦੀ ਪ੍ਰਗਟਾਈ ਹੈ। ਉਨ੍ਹਾਂ ਕਿਹਾ ਕਿ ਅਦਾਲਤ ਵੱਲੋਂ ਦੋਸ਼ੀ ਵਿਕਰਮ ਸਿੰਘ ਦਿਗਵਾ ਨੂੰ



ਦਿੱਤੀ ਗਈ ਉਮਰ ਕੈਦ ਦੀ ਸਜ਼ਾ ਕਾਨੂੰਨ ਮੁਤਾਬਕ ਬਿਲਕੁਲ ਸਹੀ ਹੈ ਅਤੇ ਸਿੱਖ ਭਾਈਚਾਰਾ ਇਸ ਦਾ ਸਮਰਥਨ ਕਰਦਾ ਹੈ। ਜਥੇਦਾਰ ਗੜਗੱਜ ਨੇ ਚਿੰਤਾ ਪ੍ਰਗਟਾਉਂਦਿਆਂ ਕਿਹਾ ਕਿ ਇਸ ਮਾਮਲੇ ਨੂੰ ਆੜ ਬਣਾ ਕੇ ਕੁਝ ਤਾਕਤਾਂ ਵੱਲੋਂ ਸਮੁੱਚੀ ਸਿੱਖ ਕੌਮ ਨੂੰ ਨਿਸ਼ਾਨਾ ਬਣਾਉਣਾ ਅਤੇ ਸਿੱਖ ਕਕਾਰ ‘ਕਿਰਪਾਨ’ ’ਤੇ ਪਾਬੰਦੀ ਦੀ ਮੰਗ ਕਰਨਾ ਇਕ ਡੂੰਘੀ ਸਾਜ਼ਿਸ਼ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਯੂ. ਕੇ. ਦੇ ਪ੍ਰਮੁੱਖ ਸਿੱਖਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਵਾਰਦਾਤ ’ਚ ਵਰਤਿਆ ਗਿਆ ਹਥਿਆਰ ‘ਪੇਸ਼ ਕਬਜ਼’ (ਖੰਜਰ) ਸੀ, ਨਾ ਕਿ ਸਿੱਖ ਕਕਾਰ ਕਿਰਪਾਨ। ਸਿੱਖੀ ਸਿਧਾਂਤ ਅਨੁਸਾਰ ਕਿਰਪਾਨ ਮਜ਼ਲੂਮ ਦੀ ਰਾਖੀ ਲਈ ਹੈ, ਅਨਿਆਂ ਲਈ ਨਹੀਂ। ਉਨ੍ਹਾਂ ਕਿਹਾ ਕਿ ਸਿੱਖਾਂ ਦੇ ਬਰਤਾਨੀਆ ਨਾਲ ਸਬੰਧ ਲੱਗਭਗ 200 ਵਰ੍ਹੇ ਪੁਰਾਣੇ ਹਨ। ਵਿਸ਼ਵ ਯੁੱਧਾਂ ਤੋਂ ਲੈ ਕੇ ਉਥੋਂ ਦੀ ਤਰੱਕੀ ਤੱਕ ਸਿੱਖਾਂ ਨੇ ਵਡਮੁੱਲਾ ਯੋਗਦਾਨ ਪਾਇਆ ਹੈ। ਉਨ੍ਹਾਂ ਯੂ. ਕੇ. ਦੀਆਂ ਸਿੱਖ ਜਥੇਬੰਦੀਆਂ ਨੂੰ ਪੀੜਤ ਪਰਿਵਾਰ ਦਾ ਸਾਥ ਦੇਣ ਦੀ ਤਾਕੀਦ ਕੀਤੀ ਅਤੇ ਉਥੋਂ ਦੀ ਸਰਕਾਰ ਨੂੰ ਅਪੀਲ ਕੀਤੀ ਕਿ ਭਾਈਚਾਰਕ ਸਾਂਝ ਨੂੰ ਸੱਟ ਮਾਰਨ ਵਾਲੇ ਅਨਸਰਾਂ ’ਤੇ ਨਿਗ?ਹਾ ਰੱਖੀ ਜਾਵੇ। ਅਖ਼ੀਰ ’ਚ ਉਨ੍ਹਾਂ ਮੀਡੀਆ ਨੂੰ ਵੀ ਨ.ਫਰਤ ਫੈਲਾਉਣ ਦੀ ਬਜਾਏ ਤੱਥਾਂ ਦੇ ਆਧਾਰ ’ਤੇ ਖ਼ਬਰਾਂ ਪ੍ਰਕਾਸ਼ਿਤ ਕਰਨ ਦੀ ਅਪੀਲ ਕੀਤੀ।

## ਪੰਜਾਬ ਨੈਸ਼ਨਲ ਬੈਂਕ ’ਚ ਹੋ ਗਈ ਵੱਡੀ ਵਾਰਦਾਤ, ਸੀ. ਸੀ. ਟੀ. ਵੀ. ਦੇਖ ਉਡੇ ਹੋਸ਼

ਦਸੂਹਾ 12 ਜੂਨ। ਦਸੂਹਾ ਦੇ ਨਜ਼ਦੀਕ ਪੈਂਦੇ ਕਸਬਾ ਉੱਚੀ ਬਸੀ ਵਿਖੇ ਬੀਤੀ ਰਾਤ ਪੰਜਾਬ ਨੈਸ਼ਨਲ ਬੈਂਕ ਦੀ ਬ੍ਰਾਂਚ ਉੱਚੀ ਬਸੀ ਵਿਖੇ ਚੋਰ ਗਰਿੱਲ ਤੋੜ ਕੇ ਅੰਦਰ ਦਾਖਲ ਹੋਏ। ਚੋਰ ਨੇ ਅੰਦਰ ਸੇਫ ਤੱਕ ਪਹੁੰਚਣ ਦੀ ਕੋਸ਼ਿਸ਼ ਕੀਤੀ ਪ੍ਰੰਤੂ ਅਸਫਲ ਰਿਹਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਬੈਂਕ ਦੇ ਮੈਨੇਜਰ ਨਿਖਿਲ ਭਗਤ ਅਤੇ ਥਾਣਾ ਦਸੂਹਾ ਦੇ ਮੁਖੀ ਹਰ ਪ੍ਰੇਮ ਸਿੰਘ ਜਾਂਚ ਅਧਿਕਾਰੀ ਐੱਸ. ਆਈ. ਮਨਜੀਤ ਕੌਰ ਨੇ ਦੱਸਿਆ ਕਿ ਚੋਰ ਨੇ ਅੰਦਰ ਦਾਖਲ ਹੋ ਕੇ ਨੁਕਸਾਨ ਕੀਤਾ ਇਕ ਟੈਬਲੇਟ ਲੈ ਗਿਆ ਤੇ ਬਾਕੀ ਸਮਾਨ ਬਚ ਗਿਆ। ਉਨ੍ਹਾਂ ਦੱਸਿਆ ਕਿ ਸੀਸੀਟੀਵੀ ਕੈਮਰੇ ਖੰਘਾਲੇ ਜਾ ਰਹੇ ਹਨ ਅਤੇ ਚੋਰ ਦਾ ਜਲਦੀ ਪਤਾ ਲਗਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਅੱਜ ਇਕ ਚੋਰ ਹੀ ਸੀਸੀਟੀਵੀ ਕੈਮਰੇ ਵਿਚ ਨਜ਼ਰ ਆ ਰਿਹਾ ਹੈ। ਥਾਣਾ ਮੁਖੀ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਇਸ ਸੰਬੰਧੀ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਅਤੇ ਜਲਦੀ ਹੀ ਚੋਰ ਨੂੰ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

# ਤ੍ਰਿਣਮੂਲ ਕਾਂਗਰਸ ’ਚ ਬਗਾਵਤ ਦੇ ਬਾਵਜੂਦ ਮਮਤਾ ਬੈਨਰਜੀ ਦੇ ਤੇਵਰ ਸ.ਖ਼ਤ

**ਕੌਮੀ ਪਤ੍ਰਿਕਾ**

ਨੈਸ਼ਨਲ ਡੈਸਕ 12 ਜੂਨ। ਵਿਧਾਨ ਸਭਾ ਚੋਣਾਂ ’ਚ ਮਮਤਾ ਬੈਨਰਜੀ ਦੀ ਹਾਰ ਤੋਂ ਬਾਅਦ, ਤ੍ਰਿਣਮੂਲ ਕਾਂਗਰਸ ਢਹਿਣ ਦੇ ਕੰਢੇ ’ਤੇ ਹੈ। ਮਮਤਾ ਬੈਨਰਜੀ ਨੇ ਪਾਰਟੀ ਦੇ ਅੰਦਰ ਬਗਾਵਤ ਦੇ ਵਿਚਕਾਰ ਵਿਧਾਇਕਾਂ, ਸੰਸਦ ਮੈਂਬਰਾਂ ਅਤੇ ਪਾਰਟੀ ਨੇਤਾਵਾਂ ਦੀ ਇੱਕ ਮੀਟਿੰਗ ਬੁਲਾਈ ਪਰ ਤ੍ਰਿਣਮੂਲ ਕਾਂਗਰਸ ਦੇ 80 ਵਿਧਾਇਕਾਂ ਵਿੱਚੋਂ ਸਿਰਫ਼ ਅੱਠ ਤੇ ਚਾਰ ਸੰਸਦ ਮੈਂਬਰ ਹੀ ਸ਼ਾਮਲ ਹੋਏ। ਮਮਤਾ ਬੈਨਰਜੀ ਦੇ ਭਤੀਜੇ ਅਭਿਸ਼ੇਕ ਬੈਨਰਜੀ ਵਿਰੁੱਧ ਪਾਰਟੀ ਨੇਤਾਵਾਂ ਵਿੱਚ ਅਸੰਤੁਸ਼ਟੀ ਦੇ ਬਾਵਜੂਦ ਪਾਰਟੀ ਨੇ ਉਨ੍ਹਾਂ ਵਿੱਚ ਵਿਸ਼ਵਾਸ ਪ੍ਰਗਟ ਕੀਤਾ। ਮੀਟਿੰਗ ਦੌਰਾਨ ਅਭਿਸ਼ੇਕ ਬੈਨਰਜੀ ਨੂੰ ਰਾਸ਼ਟਰੀ ਜਨਰਲ ਸਕੱਤਰ ਵਜੋਂ ਦੁਬਾਰਾ ਨਿਯੁਕਤ ਕੀਤਾ ਗਿਆ, ਹਾਲਾਂਕਿ ਡੋਲਾ ਸੇਨ ਅਤੇ ਡੇਰੇਕ ਓ’ਬ੍ਰਾਇਨ ਉਨ੍ਹਾਂ ਦੀ ਸਹਾਇਤਾ ਕਰਨਗੇ, ਅਤੇ ਮਮਤਾ ਪਾਰਟੀ ਚੇਅਰਪਰਸਨ ਬਣੇ ਰਹਿਣਗੇ। ਚੰਦਰਿਮਾ ਭੱਟਾਚਾਰੀਆ ਨੂੰ ਤ੍ਰਿਣਮੂਲ ਪੱਛਮੀ ਬੰਗਾਲ ਪਾਰਟੀ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ। ਮਾਲਾ ਰਾਏ ਨੂੰ ਤ੍ਰਿਣਮੂਲ ਮਹਿਲਾ ਕਾਂਗਰਸ ਦਾ ਪ੍ਰਧਾਨ ਚੁਣਿਆ ਗਿਆ। ਸਯਾਨੀ ਘੋਸ਼ ਨੂੰ ਤ੍ਰਿਣਮੂਲ ਯੂਥ ਕਾਂਗਰਸ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ। ਪ੍ਰਿਯੰਕਾ ਚੌਧਰੀ ਨੂੰ ਵਿਦਿਆਰਥੀ ਪ੍ਰੀਸ਼ਦ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਅਤੇ ਮਾਲੇ ਘਟਕ ਨੂੰ ਤ੍ਰਿਣਮੂਲ ਟ?ਰੇਡ ਯੂਨੀਅਨ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ। ਕੁਨਾਲ ਘੋਸ਼ ਨੂੰ ਪਾਰਟੀ ਦਾ ਸੂਬਾ ਬੁਲਾਰਾ ਨਿਯੁਕਤ ਕੀਤਾ ਗਿਆ ਅਤੇ ਸੰਸਦ ਮੈਂਬਰ ਕਲਿਆਣ ਬੈਨਰਜੀ ਅਤੇ ਡੇਰੇਕ ਓ’ਬ੍ਰਾਇਨ ਨੂੰ ਰਾਸ਼ਟਰੀ ਬੁਲਾਰਾ ਨਿਯੁਕਤ ਕੀਤਾ ਗਿਆ। ਮਮਤਾ ਬੈਨਰਜੀ ਦੇ ਘਰ ਹੋਈ ਪਾਰਟੀ ਮੀਟਿੰਗ ਵਿੱਚ ਅੱਠ ਵਿਧਾਇਕ ਤੇ 6 ਸੰਸਦ ਮੈਂਬਰ ਸ਼ਾਮਲ ਹੋਏ। ਵਿਧਾਇਕਾਂ ਵਿੱਚ ਬੀਨਾ ਮੰਡਲ, ਆਸ਼ੀਮਾ ਪਾਤਰਾ, ਮਦਨ ਮਿੱਤਰਾ, ਕੁਨਾਲ ਘੋਸ਼, ਫਿਰਹਾਦ ਹਕੀਮ, ਸੋਭੰਦੇਬ ਚਟੋਪਾਧਿਆਏ, ਬਿਮਨ ਬੈਨਰਜੀ ਅਤੇ ਅਸ਼ੋਕ ਕੁਮਾਰ ਦੇਬ ਸ਼ਾਮਲ ਸਨ, ਜਦੋਂ ਕਿ ਸੰਸਦ ਮੈਂਬਰਾਂ ਵਿੱਚ ਡੋਲਾ ਸੇਨ, ਮਾਲਾ ਰਾਏ, ਕਲਿਆਣ ਬੈਨਰਜੀ, ਅਭਿਸ਼ੇਕ ਬੈਨਰਜੀ, ਡੇਰੇਕ ਓ’ਬ੍ਰਾਇਨ ਅਤੇ ਸੁਦੀਪ ਬੰਦੋਪਾਧਿਆਏ ਸ਼ਾਮਲ ਸਨ। ਮੀਟਿੰਗ ਤੋਂ ਬਾਅਦ, ਸੰਸਦ ਮੈਂਬਰ ਕਲਿਆਣ ਬੈਨਰਜੀ ਨੇ ਕਿਹਾ, ...ਅਸੀਂ ਫੈਸਲਾ ਕੀਤਾ ਹੈ ਕਿ ਸਪੀਕਰ ਦੁਆਰਾ ਨਿਯੁਕਤ ਵਿਰੋਧੀ ਧਿਰ ਦੇ ਨੇਤਾ ਦਾ ਅਹੁਦਾ ਗੈਰ-ਕਾਨੂੰਨੀ ਹੈ। ਅਸੀਂ ਸੋਮਵਾਰ ਨੂੰ ਅਦਾਲਤ ਜਾਵਾਂਗੇ। ਅਸੀਂ ਹਾਈ ਕੋਰਟ ਵਿੱਚ ਪਟੀਸ਼ਨ ਦਾਇਰ ਕਰਾਂਗੇ...।

## ਚਿੱਟੇ ਦੀ ਓਵਰਡੋਜ਼ ਨਾਲ ਨੌਜਵਾਨ ਦੀ ਮੌਤ, ਦੋਸਤਾਂ ਨੇ ਡਰੇਨ ’ਚ ਸੁੱਟੀ ਲਾਸ਼

ਬਠਿੰਡਾ 12 ਜੂਨ। ਬਠਿੰਡਾ ਦੇ ਪਿੰਡ ਕੋਟਸ਼ਮੀਰ ਦੇ ਇਕ 18 ਸਾਲਾ ਨੌਜਵਾਨ ਦੀ ਮੌਤ ਦੇ ਮਾਮਲੇ ਵਿਚ ਪੁਲਸ ਨੇ ਸਨਸਨੀਖੇਜ਼ ਖ਼ੁਲਾਸਾ ਕਰਦਿਆਂ ਉਸ ਦੇ ਦੋ ਦੋਸਤਾਂ ਨੂੰ ਕਤਲ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਹੈ। ਮੁੱਢਲੀ ਜਾਂਚ ਵਿਚ ਸਾਹਮਣੇ ਆਇਆ ਹੈ ਕਿ ਚਿੱਟੇ ਦੇ ਆਦੀ ਦੋਵਾਂ ਮੁਲਜ਼ਮਾਂ ਨੇ ਨੌਜਵਾਨ ਨੂੰ ਚਿੱਟੇ ਦਾ ਟੀਕਾ ਲਗਾਇਆ, ਜਿਸ ਕਾਰਨ ਉਸ ਦੀ ਮੌਤ ਹੋ ਗਈ। ਬਾਅਦ ਵਿਚ ਘਟਨਾ ਨੂੰ ਹਾਦਸਾ ਜਾਂ ਲਾਪਤਾ ਹੋਣ ਦਾ ਰੂਪ ਦੇਣ ਲਈ ਲਾਸ਼ ਅਤੇ ਮੋਟਰਸਾਈਕਲ ਡਰੇਨ ਵਿਚ ਸੁੱਟ ਦਿੱਤੇ ਗਏ। ਮ੍ਰਿਤਕ ਦੀ ਪਛਾਣ ਅਮਰੀਕ ਸਿੰਘ (18) ਪੁੱਤਰ ਗੁਰਜੀਤ ਸਿੰਘ ਵਾਸੀ ਕੋਟਸ਼ਮੀਰ ਵਜੋਂ ਹੋਈ ਹੈ। ਪਰਿਵਾਰ ਮੁਤਾਬਕ ਅਮਰੀਕ 23 ਮਈ ਨੂੰ ਸੰਦੀਪ ਸਿੰਘ ਅਤੇ ਵੀਰਕੰਵਰ ਸਿੰਘ ਨਾਲ ਘਰ ਤੋਂ ਗਿਆ ਸੀ। ਇਸ ਤੋਂ ਬਾਅਦ ਉਹ ਵਾਪਸ ਨਹੀਂ ਆਇਆ ਅਤੇ ਪਰਿਵਾਰ ਨੇ ਉਸ ਦੀ ਗੁੰਮਸ਼ੁਦਗੀ ਦੀ ਸੂਚਨਾ ਪੁਲਸ ਨੂੰ ਦਿੱਤੀ ਸੀ। ਐਤਵਾਰ ਨੂੰ ਕੋਟਫੱਤਾ ਨੇੜੇ ਲੰਘਦੀ ਡਰੇਨ ਵਿਚੋਂ ਅਮਰੀਕ ਸਿੰਘ ਦੀ ਲਾਸ਼ ਬਰਾਮਦ ਹੋਈ। ਕੁਝ ਹੀ ਦੂਰੀ ’ਤੇ ਉਸ ਦਾ ਮੋਟਰਸਾਈਕਲ ਵੀ ਡਰੇਨ ਵਿਚੋਂ ਮਿਲਿਆ। ਨੌਜਵਾਨ ਵੈੱਲਫੇਅਰ ਸੋਸਾਇਟੀ ਦੀ ਟੀਮ ਨੇ ਪੁਲਸ ਦੀ ਮਦਦ ਨਾਲ ਲਾਸ਼ ਨੂੰ ਬਾਹਰ ਕੱਢ ਕੇ ਸਿਵਲ ਹਸਪਤਾਲ ਬਠਿੰਡਾ ਪਹੁੰਚਾਇਆ। ਜਾਂਚ ਦੌਰਾਨ ਪੁਲਸ ਨੇ ਇਲਾਕੇ ਦੇ ਸੀ.ਸੀ.ਟੀ.ਵੀ. ਕੈਮਰਿਆਂ ਦੀ ਫੁਟੇਜ ਖੰਗਾਲੀ। ਇਸ ਵਿਚ ਅਮਰੀਕ ਸਿੰਘ ਨੂੰ ਸੰਦੀਪ ਸਿੰਘ ਅਤੇ ਵੀਰਕੰਵਰ ਸਿੰਘ ਨਾਲ ਜਾਂਦੇ ਹੋਏ ਦੇਖਿਆ ਗਿਆ, ਪਰ ਵਾਪਸੀ ਸਮੇਂ ਉਹ ਉਨ੍ਹਾਂ ਨਾਲ ਨਹੀਂ ਸੀ। ਇਸ ਸੁਰਾਗ ਦੇ ਆਧਾਰ ’ਤੇ ਪੁਲਸ ਨੇ ਦੋਵਾਂ ਨੂੰ ਹਿਰਾਸਤ ਵਿਚ ਲੈ ਕੇ ਪੁੱਛਗਿੱਛ ਕੀਤੀ। ਪੁੱਛਗਿੱਛ ਦੌਰਾਨ ਦੋਵਾਂ ਮੁਲਜ਼ਮਾਂ ਨੇ ਮੰਨਿਆ ਕਿ ਉਨ੍ਹਾਂ ਨੇ ਅਮਰੀਕ ਸਿੰਘ ਨੂੰ ਚਿੱਟੇ ਦਾ ਟੀਕਾ ਲਗਾਇਆ ਸੀ, ਜਿਸ ਦੀ ਓਵਰਡੋਜ਼ ਕਾਰਨ ਉਸ ਦੀ ਮੌਤ ਹੋ ਗਈ। ਮੌਤ ਤੋਂ ਬਾਅਦ ਫੜੇ ਜਾਣ ਦੇ ਡਰ ਕਾਰਨ ਉਨ੍ਹਾਂ ਨੇ ਲਾਸ਼ ਅਤੇ ਮੋਟਰਸਾਈਕਲ ਡਰੇਨ ਵਿਚ ਸੁੱਟ ਕੇ ਸਬੂਤ ਮਿਟਾਉਣ ਦੀ ਕੋਸ਼ਿਸ਼ ਕੀਤੀ। ਥਾਣਾ ਕੋਟਫੱਤਾ ਪੁਲਸ ਨੇ ਸੰਦੀਪ ਸਿੰਘ ਅਤੇ ਵੀਰਕੰਵਰ ਸਿੰਘ ਖ਼?ਲਾਫ਼ ਕਤਲ ਅਤੇ ਸਬੂਤ ਨਸ਼ਟ ਕਰਨ ਸਬੰਧੀ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਹੈ। ਪੁਲਸ ਵੱਲੋਂ ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ।

# ਲੁਧਿਆਣਾ ’ਚ ਜਾਰੀ ਹੋ ਗਏ ਸ.ਖ਼ਤ ਹੁਕਮ ! ਲੋਕਾਂ ਵੱਲੋਂ ਉਲੰਘਣਾ ਕਰਨ ’ਤੇ ਅ.ਫ਼ਸਰਾਂ ’ਤੇ ਵੀ ਹੋਵੇਗੀ ਕਾਰਵਾਈ

**ਕੌਮੀ ਪਤ੍ਰਿਕਾ**

ਲੁਧਿਆਣਾ 12 ਜੂਨ। ਸਤਲੁਜ ਨਦੀ ਦੇ ਕੈਚਮੈਂਟ ਏਰੀਆ ਅਤੇ ਆਸ-ਪਾਸ ਦੇ ਪੇਂਡੂ ਇਲਾਕਿਆਂ ਨੂੰ ਨਾਜਾਇਜ਼ ਮਾਈਨਿੰਗ ਨਾਲ ਖੋਖਲਾ ਕਰਨ ਵਾਲੇ ਰੇਤ ਮਾਫੀਆ ਦੇ ਖਿਲਾਫ ਲੁਧਿਆਣਾ ਪ੍ਰਸ਼ਾਸਨ ਨੇ ਹੁਣ ਤੱਕ ਦੀ ਸਭ ਤੋਂ ਵੱਡੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਸਖ਼ਤ ਰੁਖ ਤੋਂ ਬਾਅਦ ਐਕਸ਼ਨ ਮੋਡ ਵਿਚ ਆਏ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਇਕ ਅਜਿਹਾ ਸਖ਼ਤ ਫਰਮਾਨ ਜਾਰੀ ਕੀਤਾ ਹੈ, ਜਿਸ ਨਾਲ ਮਾਈਨਿੰਗ ਮਾਫੀਆ ਅਤੇ ਉਨ੍ਹਾਂ ਦੇ ਸਰਪ੍ਰਸਤਾਂ ਵਿਚ ਹੜਕੰਪ ਮਚ ਗਿਆ ਹੈ। ਡੀ.ਸੀ. ਨੇ ਇਸ ਪੂਰੇ ਖੇਡ ਨੂੰ ਰੋਕਣ ਲਈ ਸਿੱਧੇ ਤੌਰ ’ਤੇ ਇਲਾਕੇ ਦੇ ਪੁਲਸ ਕਪਤਾਨਾਂ, ਥਾਣਾ ਇੰਚਾਰਜਾਂ ਅਤੇ ਮਾਈਨਿੰਗ ਵਿਭਾਗ ਦੇ ਵੱਡੇ ਅਫਸਰਾਂ ਦੀ ਜਵਾਬਦੇਹੀ ਤੈਅ ਕਰ ਦਿੱਤੀ ਹੈ ਅਤੇ ਸਾਫ ਚਿਤਾਵਨੀ ਦਿੱਤੀ ਹੈ ਕਿ ਜੇਕਰ ਹੁਣ ਕਿਤੇ ਵੀ ਨਾਜਾਇਜ਼ ਖ਼ੁਦਾਈ ਜਾਂ ਰੇਤ ਨਾਲ ਭਰੇ ਓਵਰਲੋਡਿਡ ਟਿੱਪਰ ਦਿਖੇ, ਤਾਂ ਗਾਜ ਸਿੱਧੀ ਸਬੰਧਤ ਅਧਿਕਾਰੀਆਂ ’ਤੇ ਡਿੱਗੇਗੀ। ਪ੍ਰਸ਼ਾਸਨ ਦਾ ਇਹ ਜ਼ਬਰਦਸਤ ਚਾਬੁਕ ਬੂਥਗੜ੍ਹ, ਗਡਾਪੁਰ, ਗੌਂਸਗੜ੍ਹ ਅਤੇ ਗੜ੍ਹੀ ਟੋਗਰ ਸਮੇਤ ਦਰਜਨਾਂ ਪਿੰਡਾਂ ਦੇ ਨਿਵਾਸੀਆਂ ਅਤੇ ਗ੍ਰਾਮ ਪੰਚਾਇਤਾਂ ਦੀਆਂ ਉਨ੍ਹਾਂ ਗੰਭੀਰ ਸ਼ਿਕਾਇਤਾਂ ਤੋਂ ਬਾਅਦ ਚੱਲਿਆ ਹੈ, ਜਿਸ ਵਿਚ ਪਿੰਡ ਵਾਸੀਆਂ ਨੇ ਦੋਸ਼ ਲਗਾਇਆ ਸੀ ਕਿ ਰਾਤ-ਦਿਨ ਦੌੜਨ ਵਾਲੇ ਭਾਰੀ-ਭਰਕਮ ਟਿੱਪਰਾਂ ਨੇ ਪਿੰਡਾਂ ਦੀ ਸ਼ਾਂਤ ਜ਼ਿੰਦਗੀ ਨੂੰ ਨਰਕ ਬਣਾ ਦਿੱਤਾ ਹੈ। ਇਨ੍ਹਾਂ ਓਵਰਲੋਡਿਡ ਵਾਹਨਾਂ ਕਾਰਨ ਕਰੋੜਾਂ ਦੀ ਲਾਗਤ ਨਾਲ ਬਣੀਆਂ ਪਿੰਡਾਂ ਦੀਆਂ ਲਿੰਕ ਸੜਕਾਂ ਅਤੇ ਸਰਕਾਰੀ ਬੁਨਿਆਦੀ ਢਾਂਚਾ ਪੂਰੀ ਤਰ੍ਹਾਂ ਟੁੱਟ ਕੇ ਮਲਬੇ ਵਿਚ ਤਬਦੀਲ ਹੋ ਚੁੱਕਾ ਹੈ। ਇਸ ਮਾਮਲੇ ਵਿਚ ਹਾਈ ਕੋਰਟ ਪਹਿਲਾਂ ਹੀ ਗਹਿਰੀ ਨਾਰਾਜ਼ਗੀ ਜ਼ਾਹਰ ਕਰਦਿਆਂ ਸਾਫ਼ ਕਹਿ ਚੁੱਕੀ ਸੀ ਕਿ ਨਦੀਆਂ ਵਿਚ ਜਿਸ ਵੱਡੇ ਪੱਧਰ ’ਤੇ




ਖ਼ੁਦਾਈ ਦਾ ਖੇਡ ਚੱਲ ਰਿਹਾ ਹੈ, ਉਹ ਸਿਰਫ਼ ਡੀ-ਸਿਲਟਿੰਗ (ਸਫਾਈ) ਨਹੀਂ ਬਲਕਿ ਸ਼ਰੇਆਮ ਨਾਜਾਇਜ਼ ਮਾਈਨਿੰਗ ਹੈ। ਅਦਾਲਤ ਨੇ ਸਪੱਸ਼ਟ ਹੁਕਮ ਦਿੱਤੇ ਸਨ ਕਿ ਭਵਿੱਖ ਵਿਚ ਕੋਈ ਵੀ ਲਾਪਰਵਾਹੀ ਸਾਹਮਣੇ ਆਉਣ ’ਤੇ ਸਿੱਧੇ ਡਿਪਟੀ ਕਮਿਸ਼ਨਰ ਅਤੇ ਜ਼ਿਲ੍ਹਾ ਮਾਈਨਿੰਗ ਅਫ਼ਸਰ ਨੂੰ ਅਦਾਲਤ ਦੇ ਕਟਹਿਰੇ ਵਿਚ ਖੜ੍ਹਾ ਕੀਤਾ ਜਾਵੇਗਾ। ਇਸੇ ਕੜੇ ਰੁਖ ਨੂੰ ਦੇਖਦੇ ਹੋਏ ਡੀ.ਸੀ. ਨੇ 2 ਜੂਨ ਨੂੰ ਇਕ ਵਿਸ਼ੇਸ਼ ਹੁਕਮ ਜਾਰੀ ਕਰਕੇ ਸਭ ਤੋਂ ਵਿਵਾਦਤ ਬੁਰਜ ਟਹਿਲ ਦਾਸ ਡੀ-ਸਿਲਟਿੰਗ ਸਾਈਟ ਤੋਂ ਰੇਤ, ਮਿੱਟੀ ਜਾਂ ਕਿਸੇ ਵੀ ਹੋਰ ਖਣਿਜ ਦੀ ਢੋਆ-ਢੁਆਈ, ਸਟੋਰੇਜ ਅਤੇ ਆਵਾਜਾਈ ’ਤੇ ਅਗਲੇ ਹੁਕਮਾਂ ਤੱਕ ਪੂਰੀ ਤਰ੍ਹਾਂ ਤਾਲਾ ਲਗਾ ਦਿੱਤਾ ਹੈ। ਹੁਣ ਇਸ ਪਾਬੰਦੀਸ਼ੁਦਾ ਸਾਈਟ ਨਾਲ ਜੁੜੇ ਕਿਸੇ ਵੀ ਟਰੱਕ, ਟਿੱਪਰ, ਡੰਪਰ, ਟਰੈਕਟਰ-ਟਰਾਲੀ ਜਾਂ ਜੇ.ਸੀ.ਬੀ. ਵਰਗੀ ਅਰਥਮੂਵਿੰਗ ਮਸ਼ੀਨ ਨੂੰ ਸਤਲੁਜ ਦੇ 3ਐਲ ਬੰਨ੍ਹ, ਗੜ੍ਹੀ ਟੋਗਰ, ਰਾਹੋਂ-ਮੱਤੇਵਾੜਾ-ਲੁਧਿਆਣਾ ਰੋਡ ਸਮੇਤ ਆਸ-ਪਾਸ ਦੇ ਕਿਸੇ ਵੀ ਪਿੰਡ ਦੇ ਰਸਤਿਆਂ ਦਾ ਇਸਤੇਮਾਲ ਕਰਨ ਦੀ ਇਜਾਜ਼ਤ ਨਹੀਂ ਹੋਵੇਗੀ। ਜੇਕਰ ਕੋਈ ਵੀ ਕਾਨੂੰਨ ਨੂੰ ਟਿੱਚ ਜਾਣ ਕੇ ਵਾਹਨ ਦੌੜਾਉਣ ਦੀ ਹਿਮਾਕਤ ਕਰੇਗਾ, ਤਾਂ ਉਸ ’ਤੇ ਸਿੱਧੀ ਐੱਫ.ਆਈ.ਆਰ. ਦਰਜ ਕਰਕੇ ਗੱਡੀ ਜ਼ਬਤ ਕਰ ਲਈ ਜਾਵੇਗੀ। ਇੰਨਾ ਹੀ ਨਹੀਂ, ਲੁਧਿਆਣਾ-ਰੋਪੜ ਨੈਸ਼ਨਲ ਹਾਈਵੇਅ ਪ੍ਰਾਜੈਕਟ ਲਈ ਐੱਨ.ਐੱਚ.ਏ.ਆਈ. ਨੂੰ ਅਲਾਟ ਕੀਤੀਆਂ ਗਈਆਂ ਡੀ-ਸਿਲਟਿੰਗ ਸਾਈਟਾਂ ਦੇ ਵਾਹਨਾਂ ’ਤੇ ਵੀ ਕੜਾ ਪਹਿਰਾ ਬਿਠਾ ਦਿੱਤਾ ਗਿਆ ਹੈ। ਇਨ੍ਹਾਂ ਵਾਹਨਾਂ ਨੂੰ ਕੇਵਲ ਨਿਰਧਾਰਤ ਹਾਈਵੇਅ ਕੋਰੀਡੋਰ ’ਤੇ ਹੀ ਚੱਲਣਾ ਹੋਵੇਗਾ। ਜੇਕਰ ਇਹ ਵਾਹਨ ਸ਼ਾਰਟਕੱਟ ਮਾਰਨ ਦੇ ਚੱਕਰ ਵਿਚ ਪਿੰਡਾਂ ਦੀਆਂ ਅੰਦਰੂਨੀ ਸੜਕਾਂ ਵਿਚ ਘੁਸੇ, ਤਾਂ ਇਨ੍ਹਾਂ ਨੂੰ ਸਿੱਧਾ ਨਾਜਾਇਜ਼ ਮਾਈਨਿੰਗ ਦਾ ਹਿੱਸਾ ਮੰਨ ਕੇ ਸੀਜ਼ ਕਰ ਦਿੱਤਾ ਜਾਵੇਗਾ। ਮਾਈਨਿੰਗ ਮਾਫੀਆ ਦੇ ਇਸ ਨੈੱਟਵਰਕ ਨੂੰ ਪੂਰੀ ਤਰ੍ਹਾਂ ਤਬਾਹ ਕਰਨ ਲਈ ਰਾਹੋਂ ਰੋਡ ਸਥਿਤ ਥਾਣਾ ਮੇਹਰਬਾਨ ਦੇ ਬਿਲਕੁਲ ਬਾਹਰ 24 ਘੰਟੇ ਐਕਟਿਵ ਰਹਿਣ ਵਾਲੀ ਇਕ ਹਾਈ-ਟੈਕ ਪੱਕੀ ਚੈੱਕਪੋਸਟ ਸਥਾਪਿਤ ਕਰ ਦਿੱਤੀ ਗਈ ਹੈ। ਇਸ ਨਾਕੇ ਤੋਂ ਗੁਜ਼ਰਨ ਵਾਲੇ ਹਰ ਇਕ ਰੇਤ ਵਾਲੇ ਵਾਹਨ ਦੀ ਕੁੰਡਲੀ ਖੰਗਾਲੀ ਜਾਵੇਗੀ ਅਤੇ ਮਾਈਨਿੰਗ ਵਿਭਾਗ ਦੇ ਅਧਿਕਾਰੀ ਮੌਕੇ ’ਤੇ ਹੀ ਮਾਲ ਦੀ ਵੈਧਤਾ ਦਾ ਸਰਟੀਫਿਕੇਟ ਚੈੱਕ ਕਰਨਗੇ। ਇਸ ਚੈੱਕਪੋਸਟ ’ਤੇ ਪਲ-ਪਲ ਦੀ ਵੀਡੀਓ ਰਿਕਾਰਡਿੰਗ ਹੋਵੇਗੀ ਅਤੇ ਬਿਨਾਂ ਕਿਸੇ ਛੇੜਛਾੜ ਦੇ ਟਾਈਮ-ਸਟੈਂਪ ਵਾਲੀ ਸੀ.ਸੀ.ਟੀ.ਵੀ. ਫੁਟੇਜ ਹਰ ਹਫ਼ਤੇ ਸਿੱਧੇ ਡੀ.ਸੀ. ਦਫ਼ਤਰ ਨੂੰ ਜਮ?ਹਾਂ ਕਰਵਾਈ ਜਾਵੇਗੀ। ਡੀ.ਸੀ. ਨੇ ਹੁਕਮਾਂ ਵਿਚ ਮੇਹਰਬਾਨ ਅਤੇ ਲਾਡੋਵਾਲ ਵਰਗੇ ਸੰਵੇਦਨਸ਼ੀਲ ਨਦੀ ਖੇਤਰਾਂ ਵਿਚ ਤਾਇਨਾਤ ਥਾਣਾ ਇੰਚਾਰਜਾਂ ਅਤੇ ਡਰੇਨੇਜ ਵਿਭਾਗ ਦੇ ਕਾਰਜਕਾਰੀ ਇੰਜੀਨੀਅਰਾਂ ਨੂੰ ਸਖ਼ਤ ਲਹਿਜੇ ਵਿਚ ਕਿਹਾ ਹੈ ਕਿ ਜੇਕਰ ਉਨ੍ਹਾਂ ਦੇ ਇਲਾਕੇ ਵਿਚ ਮਾਈਨਿੰਗ ਦੀ ਇਕ ਵੀ ਸ਼ਿਕਾਇਤ ਆਈ, ਤਾਂ ਉਨ੍ਹਾਂ ਵਿਰੁੱਧ ਤੁਰੰਤ ਚਾਰਜਸ਼ੀਟ ਅਤੇ ਵਿਭਾਗੀ ਕਾਰਵਾਈ ਸ਼ੁਰੂ ਕਰ ਦਿੱਤੀ ਜਾਵੇਗੀ। ਦੂਜੇ ਪਾਸੇ, ਪਿੰਡ ਵਾਸੀਆਂ ਦੇ ਜ਼ਖਮਾਂ ’ਤੇ ਮੱਲ੍ਹਮ ਲਗਾਉਂਦੇ ਹੋਏ ਪ੍ਰਸ਼ਾਸਨ ਨੇ ਪੀ.ਡਬਲਯੂ.ਡੀ. ਨੂੰ ਹੁਕਮ ਜਾਰੀ ਕੀਤੇ ਹਨ ਕਿ ਭਾਰੀ ਵਾਹਨਾਂ ਕਾਰਨ ਬਰਬਾਦ ਹੋਈਆਂ ਸੜਕਾਂ ਦਾ ਚੱਪਾ-ਚੱਪਾ ਮਾਪ ਕੇ 10 ਜੂਨ ਤੱਕ ਇਸ ਦੀ ਪੂਰੀ ਰਿਪੋਰਟ ਟੇਬਲ ’ਤੇ ਰੱਖੀ ਜਾਵੇ। ਉੱਥੇ ਹੀ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨੂੰ ਸੀਵਰੇਜ, ਪੀਣ ਵਾਲੇ ਪਾਣੀ ਦੀਆਂ ਲਾਈਨਾਂ ਅਤੇ ਹੋਰ ਸਰਕਾਰੀ ਜਾਇਦਾਦ ਨੂੰ ਪਹੁੰਚੇ ਨੁਕਸਾਨ ਦਾ ਪੂਰਾ ਐਸਟੀਮੇਟ ਤਿਆਰ ਕਰਨ ਦੀ ਜ਼ਿੰਮੇਵਾਰੀ ਦਿੱਤੀ ਗਈ ਹੈ। ਇਸ ਫਾਈਨਲ ਰਿਪੋਰਟ ਦੇ ਆਧਾਰ ’ਤੇ ਕਾਨੂੰਨੀ ਤੌਰ ’ਤੇ ਸਾਰਾ ਹਰਜਾਨਾ ਅਤੇ ਮੁਰੰਮਤ ਦਾ ਮੋਟਾ ਖਰਚਾ ਇਨ੍ਹਾਂ ਮਾਈਨਿੰਗ ਸੰਚਾਲਕਾਂ ਅਤੇ ਲੀਜ਼ ਧਾਰਕਾਂ ਦੀ ਜੇਬ ਵਿਚੋਂ ਹੀ ਵਸੂਲਿਆ ਜਾਵੇਗਾ। ਇਸ ਪੂਰੀ ਮੋਰਚੇਬੰਦੀ ਵਿਚ ਪਹਿਲੀ ਵਾਰ ਪਿੰਡਾਂ ਦੇ ਸਰਪੰਚਾਂ ਨੂੰ ਵੀ ਪਾਵਰਫੁੱਲ ਬਣਾਇਆ ਗਿਆ ਹੈ। ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਅਗਲੇ ਹੁਕਮਾਂ ਤੱਕ ਲੁਧਿਆਣਾ ਵਿਚ ਇਹ ਸਖ਼ਤ ਪ੍ਰਸ਼ਾਸਨਿਕ ਘੇਰਾਬੰਦੀ ਇਸੇ ਤਰ੍ਹਾਂ 24 ਘੰਟੇ ਲਾਗੂ ਰਹੇਗੀ।